Watch
PUNJAB MAIL USA
TV Channel
On IP box, App, Website
For Advertisment
916-320-9444

A Voice of NRI's
ਸੈਕਰਾਮੈਂਟੋ ਤੋਂ ਪ੍ਰਕਾਸ਼ਤ ਹੋਣ ਵਾਲਾ ਪਹਿਲਾ ਪੰਜਾਬੀ ਅਖ਼ਬਾਰ
ਯੂ. ਐੱਸ. ਏ.
# ਪੰਜਾਬ ਮੇਲ
Chief Editor: Gurjatinder Singh Randhawa
Punjab Mail USA


REALTYONEGROUP
FOR SALE & PURCHASE OF ANY KIND OF PROPERTY
ਕੈਲੀਫੋਰਨੀਆ ਵਿਚ ਘਰ ਖਰੀਦਣ ਲਈ ਸੰਪਰਕ ਕਰੋ।
Gurjatinder S. Randhawa
REALTOR CA DRE licence # 01490567
916-320-9444

Vol. 18, Issue- 788, 08 to 14 Feb., 2024, Ph: 916-320-9444, E-mail: punjabmailusa@yahoo.com, Web: punjabmailusa.com

## ਡੋਨਾਲਡ ਟਰੰਪ ’ਤੇ 2020 ਦੇ ਚੋਣ ਨਤੀਜਿਆਂ ਨੂੰ ਬਦਲਣ ਦੀ ਕੋਸ਼ਿਸ਼ ਤਹਿਤ ਚੱਲ ਸਕਦੈ ਮੁਕੱਦਮਾ : ਫੈਡਰਲ ਅਪੀਲ ਕੋਰਟ

■ ਇਕ ਪਾਸੇ ਸਾਬਕਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ 2024 ਦੀਆਂ ਚੋਣਾਂ ਲੜਨ ਦੀ ਤਿਆਰੀ ਕਰ ਰਹੇ ਹਨ, ਦੂਜੇ ਪਾਸੇ ਉਨ੍ਹਾਂ ਦੀਆਂ ਕਾਨੂੰਨੀ ਅੜਚਣਾਂ ਅਤੇ ਮੁਸ਼ਕਿਲਾਂ ਹੁਣ ਲਗਾਤਾਰ ਵਧਦੀਆਂ ਜਾ ਰਹੀਆਂ



**ਵਾਸ਼ਿੰਗਟਨ, (ਰਾਜ ਗੋਗਨਾ/ ਪੰਜਾਬ ਮੇਲ)**- 2024 ਦੀ ਚੋਣ ਲੜਨ ਦੀ ਤਿਆਰੀ ਕਰ ਰਹੇ ਟਰੰਪ ਨੂੰ ਇਕ ਵੱਡਾ ਝਟਕਾ ਲੱਗਾ ਹੈ। ਇਕ ਪਾਸੇ ਸਾਬਕਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ 2024 ਦੀਆਂ ਚੋਣਾਂ ਲੜਨ ਦੀ ਤਿਆਰੀ ਕਰ ਰਹੇ ਹਨ, ਦੂਜੇ ਪਾਸੇ ਉਨ੍ਹਾਂ ਦੀਆਂ ਕਾਨੂੰਨੀ ਅੜਚਣਾਂ ਅਤੇ ਮੁਸ਼ਕਿਲਾਂ ਹੁਣ ਲਗਾਤਾਰ ਵਧਦੀਆਂ ਜਾ ਰਹੀਆਂ ਹਨ। ਇੱਕ ਅਪੀਲ ਅਦਾਲਤ ਨੇ ਫੈਸਲਾ ਸੁਣਾਇਆ ਹੈ ਕਿ ਡੋਨਾਲਡ ਟਰੰਪ ਸਾਬਕਾ ਰਾਸ਼ਟਰਪਤੀ ਵਜੋਂ ਕਾਨੂੰਨੀ ਕਾਰਵਾਈ ਤੋਂ ਮੁਕਤ ਨਹੀਂ ਹੋ ਸਕਦੇ। ਅਦਾਲਤ ਨੇ ਕਿਹਾ ਹੈ ਕਿ 2020 ਦੀਆਂ ਚੋਣਾਂ ਦੇ ਨਤੀਜੇ ਬਦਲਣ ਦੀ ਕੋਸ਼ਿਸ਼ ਕਰਨ ਦੇ ਦੋਸ਼ ’ਚ ਉਸ ਦੇ ਖਿਲਾਫ ਮਾਮਲਾ ਦਰਜ ਕੀਤਾ ਜਾ ਸਕਦਾ ਹੈ। ਅਦਾਲਤ ਦਾ ਇਹ ਫੈਸਲਾ ਡੋਨਾਲਡ ਟਰੰਪ ਦੇ ਬਚਾਅ ਲਈ ਵੱਡਾ ਝਟਕਾ ਹੈ। ਅਦਾਲਤ ਨੇ ਕਿਹਾ ਹੈ ਕਿ ਜੇਕਰ ਕਿਸੇ ਰਾਸ਼ਟਰਪਤੀ ਨੂੰ ਕਾਨੂੰਨ ਤੋੜਨ ਦੀ ਇਜਾਜ਼ਤ ਦਿੱਤੀ ਜਾਂਦੀ ਹੈ, ਤਾਂ ਇਹ ਸੁਰੱਖਿਅਤ ਵਿਰੋਧਾਭਾਸ ਹੋਵੇਗਾ। ਫੈਸਲਾ ਸੁਣਾਉਣ ਵਾਲੇ ਤਿੰਨ ਜੱਜਾਂ ਦੇ ਬੈਂਚ ਵਿਚ ਜੋਅ ਬਾਇਡਨ ਦੁਆਰਾ ਨਿਯੁਕਤ ਦੋ ਜਸਟਿਸ ਜੇ. ਮਿਸ਼ੇਲ ਚਾਈਲਡਜ਼ ਅਤੇ ਫਲੋਰੈਂਸ ਪੇਂਸ ਸ਼ਾਮਲ ਹੋਏ ਸਨ, ਜਦੋਂ ਕਿ ਤੀਜੇ ਜੱਜ, ਕੈਰਨ ਲੇਕ੍ਰਾਫਟ ਹੈਂਡਰਸਨ ਨੂੰ ਜਾਰਜ ਡਬਲਯੂ ਬੁਸ਼ ਦੁਆਰਾ ਨਿਯੁਕਤ ਕੀਤਾ ਗਿਆ ਸੀ। ਇਸ ਤੋਂ ਪਹਿਲਾਂ ਸਾਬਕਾ ਰਾਸ਼ਟਰਪਤੀ ਦੇ ਵਕੀਲ ਨੇ ਦਲੀਲ ਦਿੱਤੀ ਸੀ ਕਿ ਸੰਨ 2020 ਦੇ ਚੋਣ ਨਤੀਜਿਆਂ ਨੂੰ

■ ਬਾਕੀ ਖਬਰ ਸਫਾ 16 ’ਤੇ

## ਐੱਚ-1ਬੀ ਵੀਜ਼ਾ ਧਾਰਕਾਂ ਦੇ ਜੀਵਨ ਸਾਥੀ-ਬੱਚਿਆਂ ਨੂੰ ਅਮਰੀਕਾ ’ਚ ਕੰਮ ਕਰਨ ਦੀ ਮਿਲੇਗੀ ਇਜਾਜ਼ਤ

■ ਸਕਿਓਰਿਟੀ ਐਗਰੀਮੈਂਟ ਨਾਂ ਦੇ ਇਸ ਪ੍ਰਸਤਾਵ ਨੂੰ 1 ਲੱਖ ਲੋਕਾਂ ਨੂੰ ਮਿਲੇਗਾ ਲਾਭ




**ਨਿਊਯਾਰਕ, (ਰਾਜ ਗੋਗਨਾ/ ਪੰਜਾਬ ਮੇਲ)**- ਐੱਚ-1ਬੀ ਵੀਜ਼ਾ ਲਈ ਅਮਰੀਕੀ ਸੈਨੇਟ ਦੀ ਯੋਜਨਾ ਦੇ ਅਨੁਸਾਰ ਅਮਰੀਕਾ ’ਚ ਰਹਿਣ ਵਾਲੇ ਭਾਰਤੀਆਂ ਲਈ ਇਕ ਖੁਸ਼ਖਬਰੀ ਹੈ। ਹਾਲੀਆ ਰਿਪੋਰਟਾਂ ਮੁਤਾਬਕ ਅਮਰੀਕਾ ਵਿਚ ਰਹਿ ਰਹੇ ਭਾਰਤੀ ਆਪਣੇ ਬੱਚਿਆਂ ਅਤੇ ਜੀਵਨ ਸਾਥੀ ਨਾਲ ਅਮਰੀਕਾ ’ਚ ਕੰਮ ਕਰ ਸਕਣਗੇ। ਜਿਸ ਲਈ ਰਾਸ਼ਟਰਪਤੀ ਜੋਅ ਬਾਇਡਨ ਸਰਕਾਰ ਨੇ ਇਹ ਵੱਡਾ ਫੈਸਲਾ ਲਿਆ ਹੈ। ਲੰਬੀ ਚਰਚਾ ਤੋਂ ਬਾਅਦ ਇਹ ਪ੍ਰਸਤਾਵ ਪੇਸ਼ ਕੀਤਾ ਗਿਆ ਹੈ। ਜਾਣਕਾਰੀ ਮੁਤਾਬਕ ਅਮਰੀਕੀ ਸੈਨੇਟ ’ਚ ਰਿਪਬਲਿਕਨ ਅਤੇ ਡੈਮੋਕਰੇਟਸ ਵਿਚਾਲੇ ਲੰਬੀ ਚਰਚਾ ਤੋਂ ਬਾਅਦ ਰਾਸ਼ਟਰੀ ਸੁਰੱਖਿਆ ਸਮਝੌਤਾ ਨਾਂ ਦਾ ਪ੍ਰਸਤਾਵ ਪੇਸ਼ ਕੀਤਾ ਗਿਆ, ਜਿਸ ਦੇ ਮੁਤਾਬਕ ਐੱਚ-1ਬੀ ਵੀਜ਼ਾ ਧਾਰਕਾਂ ਦੇ ਜੀਵਨ ਸਾਥੀ ਦੇ ਰੁਜ਼ਗਾਰ ਅਧਿਕਾਰਾਂ ਅਤੇ ਅਮਰੀਕਾ ’ਚ ਉਨ੍ਹਾਂ ਦੇ ਬੱਚਿਆਂ ਦੇ ਅਧਿਕਾਰਾਂ ਦੀ ਰੱਖਿਆ ਲਈ ਵਿਵਸਥਾ ਕੀਤੀ ਗਈ ਹੈ। ਜੇਕਰ ਪ੍ਰਸਤਾਵ ਨੂੰ ਮਨਜ਼ੂਰੀ ਮਿਲ ਜਾਂਦੀ ਹੈ, ਤਾਂ ਇਸ ਨਾਲ ਲਗਭਗ 1 ਲੱਖ ਐੱਚ-4 ਵੀਜ਼ਾ ਧਾਰਕਾਂ ਨੂੰ ਫਾਇਦਾ ਹੋਵੇਗਾ, ਜੋ ਅਮਰੀਕਾ ’ਚ ਕੰਮ ਕਰਨ ਦੇ ਯੋਗ ਹੋਣਗੇ।

ਜ਼ਿਕਰਯੋਗ ਹੈ ਕਿ ਐੱਚ-4 ਵੀਜ਼ਾ ਸਿਰਫ ਐੱਚ-1ਬੀ ਵੀਜ਼ਾ ਧਾਰਕਾਂ ਦੇ ਜੀਵਨ ਸਾਥੀ ਜਾਂ ਬੱਚਿਆਂ ਨੂੰ ਦਿੱਤਾ ਜਾਂਦਾ ਹੈ। ਇਸ ਤਰ੍ਹਾਂ ਭਾਰਤੀਆਂ ਨੂੰ ਵੀ ਕਾਫੀ ਫਾਇਦਾ ਹੋਵੇਗਾ। ਰਾਸ਼ਟਰੀ ਸੁਰੱਖਿਆ ਸਮਝੌਤੇ ਤਹਿਤ 118.28 ਅਰਬ ਡਾਲਰ ਦੇ ਪੈਕੇਜ ਦਾ ਐਲਾਨ ਕੀਤਾ ਗਿਆ ਹੈ। ਬਿੱਲ ਐਚ-1ਬੀ ਵੀਜ਼ਾ ਧਾਰਕਾਂ ਦੇ ਬੱਚਿਆਂ ਦੇ ਅਧਿਕਾਰਾਂ ਦੀ ਰੱਖਿਆ, ਇਸ ਵਰਗ ਦੇ ਲੋਕਾਂ ਨੂੰ ਰੁਜ਼ਗਾਰ ਦੇ ਅਧਿਕਾਰ ਪ੍ਰਦਾਨ ਕਰਨ ਅਤੇ ਗ੍ਰੀਨ ਕਾਰਡ ਕੋਟਾ

■ ਬਾਕੀ ਖਬਰ ਸਫਾ 16 ’ਤੇ

## ’84 ਸਿੱਖ ਵਿਰੋਧੀ ਦੰਗੇ: ਕਮਲ ਨਾਥ ਨਾਲ ਜੁੜੇ ਕੇਸ ’ਚ ‘ਸਿਟ’ ਨੂੰ ਮਿਲਿਆ ਸਮਾਂ



■ ਮਾਮਲੇ ’ਤੇ ਸੁਣਵਾਈ 23 ਅਪ੍ਰੈਲ ਨੂੰ

**ਨਵੀਂ ਦਿੱਲੀ, (ਪੰਜਾਬ ਮੇਲ)**- 1984 ਦੇ ਸਿੱਖ ਵਿਰੋਧੀ ਦੰਗਿਆਂ ਨਾਲ ਸਬੰਧਤ ਕੇਸ ’ਚ ਕਾਂਗਰਸ ਨੇਤਾ ਕਮਲ ਨਾਥ ਵਿਰੁੱਧ ਕਾਰਵਾਈ ਦੀ ਮੰਗ ਵਾਲੀ ਇਕ ਅਰਜ਼ੀ ’ਤੇ ਸਟੇਟਸ ਰਿਪੋਰਟ ਦਾਇਰ ਕਰਨ ਲਈ ਦਿੱਲੀ ਹਾਈ ਕੋਰਟ ਨੇ ਵਿਸ਼ੇਸ਼ ਜਾਂਚ ਟੀਮ ਨੂੰ ਹੋਰ ਸਮਾਂ ਦੇ ਦਿੱਤਾ ਹੈ। ਇਸ ਮਾਮਲੇ ’ਤੇ ਸੁਣਵਾਈ ਹੁਣ 23 ਅਪ੍ਰੈਲ ਨੂੰ ਹੋਵੇਗੀ। ਅਦਾਲਤ ਨੂੰ ਜਾਣੂ ਕਰਾਇਆ ਗਿਆ ਕਿ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਗਠਿਤ ‘ਸਿਟ’ ਨੇ ਹਾਲੇ ਰਿਪੋਰਟ ਦਾਖਲ ਨਹੀਂ ਕੀਤੀ ਹੈ। ਇਹ ਰਿਪੋਰਟ ਭਾਜਪਾ ਆਗੂ ਮਨਜਿੰਦਰ ਸਿੰਘ ਸਿਰਸਾ ਵੱਲੋਂ ਦਾਇਰ ਪਟੀਸ਼ਨ ’ਤੇ ਦਾਖਲ ਕੀਤੀ ਜਾਣੀ ਸੀ। ਹਾਈ ਕੋਰਟ ਨੇ 27 ਜਨਵਰੀ, 2022 ਨੂੰ ਜਾਂਚ ਟੀਮ ਨੂੰ ਅਰਜ਼ੀ ’ਤੇ ਰਿਪੋਰਟ ਦਾਖਲ ਕਰਨ ਲਈ ਕਿਹਾ ਸੀ।

■ ਬਾਕੀ ਖਬਰ ਸਫਾ 16 ’ਤੇ

## ਮੁੱਖ ਮੰਤਰੀ ਵੱਲੋਂ ਜ਼ਮੀਨ-ਜਾਇਦਾਦ ਦੀ ਰਜਿਸਟ੍ਰੇਸ਼ਨ ਲਈ ਐੱਨ.ਓ.ਸੀ. ਦੀ ਸ਼ਰਤ ਖਤਮ ਕਰਨ ਦਾ ਐਲਾਨ

■ ਵਡੇਰੇ ਜਨਤਕ ਹਿੱਤ ਵਿਚ ਲਿਆ ਫੈਸਲਾ

**ਚੰਡੀਗੜ੍ਹ, (ਪੰਜਾਬ ਮੇਲ)**- ਸੂਬੇ ਦੇ ਲੋਕਾਂ ਨੂੰ ਵੱਡੀ ਰਾਹਤ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਕਿਸੇ ਵੀ ਕਿਸਮ ਦੀ ਜ਼ਮੀਨ-ਜਾਇਦਾਦ ਦੀ ਰਜਿਸਟ੍ਰੇਸ਼ਨ ਲਈ ਕੋਈ ਇਤਰਾਜ਼ ਨਹੀਂ ਦੇ ਸਰਟੀਫਿਕੇਟ (ਐੱਨ.ਓ.ਸੀ.) ਦੀ ਸ਼ਰਤ ਖਤਮ ਕਰਨ ਦਾ ਫੈਸਲਾ ਕੀਤਾ ਹੈ।

ਇਸ ਬਾਰੇ ਜਾਣਕਾਰੀ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਇਹ ਫੈਸਲਾ ਵਡੇਰੇ ਜਨਤਕ ਹਿੱਤ ਵਿਚ ਲਿਆ ਗਿਆ ਹੈ, ਤਾਂ ਕਿ ਇਹ ਯਕੀਨੀ ਬਣਾਇਆ ਜਾ ਸਕੇ ਕਿ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਨਾ ਹੋਵੇ। ਉਨ੍ਹਾਂ ਕਿਹਾ ਕਿ ਇਸ ਫੈਸਲੇ ਲਈ ਕਾਨੂੰਨੀ ਪ੍ਰਕਿਰਿਆ ਨੂੰ ਪਹਿਲਾਂ ਹੀ ਘੋਖ ਲਿਆ ਗਿਆ ਹੈ ਅਤੇ ਇਸ ਬਾਰੇ ਹੋਰ ਵੇਰਵੇ ਛੇਤੀ ਸਾਂਝੇ ਕੀਤੇ ਜਾਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਫੈਸਲਾ ਆਮ ਲੋਕਾਂ ਨਾਲ ਸਲਾਹ-ਮਸ਼ਵਰੇ ਤੋਂ ਬਾਅਦ ਲਿਆ ਗਿਆ ਅਤੇ ਇਨ੍ਹਾਂ ਲੋਕਾਂ ਨੂੰ ਇਸ ਦਾ ਵੱਡਾ ਫਾਇਦਾ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਮੌਜੂਦਾ ਸਮੇਂ ਐੱਨ.ਓ.ਸੀ. ਦੀ ਉਪਬਲਧਤਾ ਨਾ ਹੋਣ ਦੀ ਸੂਰਤ ਵਿਚ ਸ਼ਹਿਰੀ ਤੇ ਪੇਂਡੂ ਖੇਤਰਾਂ ਦੇ ਲੋਕਾਂ ਨੂੰ ਬਹੁਤ ਸਾਰੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਕਾਰਨ ਜ਼ਮੀਨ-ਜਾਇਦਾਦ ਦੀ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਵਿਚ ਰੁਕਾਵਟ ਪੈਦਾ ਹੁੰਦੀ ਹੈ, ਜਿਸ ਨਾਲ ਆਮ ਵਿਅਕਤੀ ਨੂੰ ਮੁਸ਼ਕਲਾਂ ਪੇਸ਼ ਆਉਂਦੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਜ਼ਮੀਨ ਦੀ ਰਜਿਸਟ੍ਰੇਸ਼ਨ ਲਈ ਐੱਨ.ਓ.ਸੀ. ਦੀ ਸ਼ਰਤ ਖਤਮ ਹੋਣ ਦੇ ਫੈਸਲੇ ਦੇ ਲਾਗੂ ਹੋਣ ਨਾਲ ਲੋਕਾਂ ਨੂੰ ਇਸ ਸਮੱਸਿਆ ਤੋਂ ਨਿਜਾਤ ਮਿਲ ਜਾਵੇਗੀ।

## ਪਾਕਿ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਨੂੰ ਹੋ ਸਕਦੀ ਹੈ ਫਾਂਸੀ!



**ਇਸਲਾਮਾਬਾਦ, (ਪੰਜਾਬ ਮੇਲ)**- ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਨੂੰ ਕਈ ਮਾਮਲਿਆਂ ਵਿਚ ਦੋਸ਼ੀ ਕਰਾਰ ਦਿੱਤਾ ਗਿਆ ਹੈ ਪਰ ਹੁਣ ਉਨ੍ਹਾਂ ਦੇ ਸਾਹਮਣੇ ਵੱਡੀ ਮੁਸ਼ਕਿਲ ਆ ਗਈ ਹੈ। ਪਾਕਿਸਤਾਨੀ ਫੌਜੀ ਸੰਸਥਾਨ ਦੇ ਨੇੜਲੇ ਸੂਤਰਾਂ ਦੇ ਹਵਾਲੇ ਨਾਲ ਮੀਡੀਆ ਰਿਪੋਰਟਾਂ ਵਿਚ ਦੱਸਿਆ ਗਿਆ ਹੈ ਕਿ ਚਸ਼ਮਦੀਦ ਗਵਾਹਾਂ ਨੇ 71 ਸਾਲਾ ਇਮਰਾਨ ਖਾਨ ਨੂੰ ਪਿਛਲੇ ਸਾਲ 9 ਮਈ ਨੂੰ ਫੌਜੀ ਟਿਕਾਣਿਆਂ ’ਤੇ ਹੋਏ ਹਮਲਿਆਂ ਦਾ ਮਾਸਟਰਮਾਈਂਡ ਦੱਸਿਆ ਹੈ।

■ ਬਾਕੀ ਖਬਰ ਸਫਾ 16 ’ਤੇ

## ਜਰਖੜ ਖੇਡਾਂ ’ਤੇ ਹੋਵੇਗਾ 6 ਸਖਸ਼ੀਅਤਾਂ ਦਾ ਵਿਸ਼ੇਸ਼ ਸਨਮਾਨ



■ ਗੁਰਜਤਿੰਦਰ ਰੰਧਾਵਾ, ਹਰਜੀਤ ਹਰਮਨ ਪੁਰੇਵਾਲ, ਸੁਰਿੰਦਰ ਕੌਰ, ਐੱਸ.ਐੱਸ. ਸੈਣੀ ਦਾ ਹੋਵੇਗਾ ਵਿਸ਼ੇਸ਼ ਐਵਾਰਡਾਂ ਨਾਲ ਸਨਮਾਨ

■ ਕੋਚ ਦੇਵੀ ਦਿਆਲ ਐਵਾਰਡ ਮਿਲੇਗਾ ਸਾਬਕਾ ਕਬੱਡੀ ਸਟਾਰ ਮਨਜੀਤ ਸਿੰਘ ਮੋਹਲਾ ਖੜੂਰ ਨੂੰ

**ਲੁਧਿਆਣਾ, (ਪੰਜਾਬ ਮੇਲ)**- 36ਵੀਆਂ ਮਾਡਰਨ ਪੇਂਡੂ ਮਿੰਨੀ ਓਲੰਪਿਕ ਜਰਖੜ ਖੇਡਾਂ ਜੋ 10 ਅਤੇ 11 ਫਰਵਰੀ ਨੂੰ 6 ਕਰੋੜ ਦੀ ਲਾਗਤ ਨਾਲ ਬਣੇ ਮਾਤਾ ਸਾਹਿਬ ਕੌਰ ਖੇਡ ਸਟੇਡੀਅਮ ਜਰਖੜ ਵਿਖੇ ਹੋ ਰਹੀਆਂ ਹਨ। ਜਰਖੜ ਖੇਡਾਂ ਦੇ ਫਾਈਨਲ ਸਮਾਰੋਹ ’ਤੇ ਖੇਡਾਂ ਅਤੇ ਸਿੱਖਿਆ ਜਗਤ ਦੀਆਂ ਪੰਜ ਸ਼ਖਸੀਅਤਾਂ ਦਾ ਵਿਸ਼ੇਸ਼ ਸਨਮਾਨ ਹੋਵੇਗਾ।

ਜਰਖੜ ਖੇਡਾਂ ਦੇ ਚੇਅਰਮੈਨ ਨਰਿੰਦਰਪਾਲ ਸਿੰਘ ਸਿੱਧੂ ਮੁੱਖ ਪ੍ਰਬੰਧਕ ਜਗਰੂਪ ਸਿੰਘ ਜਰਖੜ, ਮਨਮੋਹਨ ਗਰੇਵਾਲ ਮੋਹਣਾ ਜੋਧਾ ਸਿਆਟਲ, ਪ੍ਰਧਾਨ ਐਡਵੋਕੇਟ ਹਰਕਮਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੇਡਾਂ ਦਾ ਉਦਘਾਟਨੀ ਸਮਾਰੋਹ ਬੇਹੱਦ ਲਾਜਵਾਬ ਹੋਵੇਗਾ। ਖੇਡਾਂ ਦੇ ਫਾਈਨਲ ਸਮਾਰੋਹ ’ਤੇ 11 ਫਰਵਰੀ ਨੂੰ ਜਿੱਥੇ ਵੱਖ-ਵੱਖ ਖੇਡਾਂ ਦੇ ਫਾਈਨਲ ਮੁਕਾਬਲੇ ਮੁੱਖ ਕੇਂਦਰ ਹੋਣਗੇ, ਉੱਥੇ ਉੱਘੇ ਲੋਕ ਗਾਇਕ ਹਰਜੀਤ ਹਰਮਨ ਦਾ ਖੁੱਲ੍ਹਾ ਅਖਾੜਾ ਵੀ ਦਰਸ਼ਕਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਹੋਵੇਗਾ। ਇਸ ਮੌਕੇ ’ਤੇ ਉੱਘੀਆਂ 6 ਸ਼ਖਸੀਅਤਾਂ ਦਾ ਵਿਸ਼ੇਸ਼ ਸਨਮਾਨ ਹੋਵੇਗਾ। ਜਿਸ ਵਿਚ ਮਰਹੂਮ ਕਬੱਡੀ ਦੇ ਸਾਬਕਾ ਅੰਤਰਰਾਸ਼ਟਰੀ ਖਿਡਾਰੀ ਕੋਚ ਦੇਵੀ ਦਿਆਲ ਦੀ ਯਾਦ ਵਿਚ ਰੱਖਿਆ ਅਵਾਰਡ ਕਬੱਡੀ ਦੇ ਸਾਬਕਾ ਸਟਾਰ ਖਿਡਾਰੀ ਮਨਜੀਤ ਸਿੰਘ ਮੋਹਲਾ ਖੜੂਰ ਨੂੰ ਦਿੱਤਾ ਜਾਵੇਗਾ। ਜਿਸ ਵਿਚ 50 ਹਜ਼ਾਰ ਰੁਪਏ ਦੀ ਇਨਾਮੀ ਰਾਸ਼ੀ ਅਤੇ ਦੇਵੀ ਦਿਆਲ ਐਵਾਰਡ ਹੋਵੇਗਾ, ਜਦਕਿ ਸਿੱਖਿਆ ਦੇ ਖੇਤਰ ਦਾ ਐਵਾਰਡ ‘ਪੰਜਾਬ ਦੀਆਂ ਧੀਆਂ ਦਾ ਮਾਣ’ ਐਵਾਰਡ ਜਰਖੜ ਸਕੂਲ ਦੀ ਹੈੱਡ ਮਾਸਟਰ ਬੀਬੀ ਸੁਰਿੰਦਰ ਕੌਰ ਨੂੰ ਦਿੱਤਾ ਜਾਵੇਗਾ। ਖੇਡ ਪ੍ਰਮੋਟਰ ਅਮਰਜੀਤ ਗਰੇਵਾਲ ਐਵਾਰਡ ਖੇਡਾਂ ਦੇ ਵਿਚ ਵਿਸ਼ੇਸ਼ ਯੋਗਦਾਨ ਪਾਉਣ ਵਾਲੇ ਉੱਘੇ ਖੇਡ ਪ੍ਰਮੋਟਰ ਗੁਰਜੀਤ ਸਿੰਘ ਹਕੀਮਪੁਰ ਨੂੰ ਦਿੱਤਾ ਜਾਵੇਗਾ। ਓਲੰਪੀਅਨ ਸੁਰਜੀਤ ਸਿੰਘ ਰੰਧਾਵਾ ਐਵਾਰਡ ਰੋਪੜ ਹਾਕਸ ਹਾਕੀ ਦੇ ਪਿਤਾਮਾ ਐੱਸ.ਐੱਸ. ਸੈਣੀ ਸਾਹਿਬ ਨੂੰ ਦਿੱਤਾ ਜਾਵੇਗਾ। ਜਦਕਿ ‘ਪੱਤਰਕਾਰੀ ਦਾ ਮਾਣ ਐਵਾਰਡ’ ਪੰਜਾਬ ਮੇਲ ਯੂ.ਐੱਸ.ਏ. ਦੇ ਮੁੱਖ ਸੰਪਾਦਕ ਗੁਰਜਤਿੰਦਰ ਸਿੰਘ ਰੰਧਾਵਾ ਨੂੰ ਦਿੱਤਾ ਜਾਵੇਗਾ। ਪੰਜਾਬੀ ਸੱਭਿਆਚਾਰ ਦਾ ਮਾਣ ਅਵਾਰਡ ਉੱਘੇ ਲੋਕ ਗਾਇਕ ਹਰਜੀਤ ਹਰਮਨ ਨੂੰ ਦਿੱਤਾ ਜਾਵੇਗਾ।

ਮਾਡਰਨ ਪੇਂਡੂ ਮਿੰਨੀ ਓਲੰਪਿਕ ਜਰਖੜ ਖੇਡਾਂ ਵਿਚ ਹਾਕੀ ਮੁੰਡੇ-ਕੁੜੀਆਂ ਹਾਕੀ ਅੰਡਰ 15 ਸਾਲ ਮੁੰਡੇ, ਪ੍ਰਾਇਮਰੀ ਸਕੂਲਾਂ ਦੇ ਕਬੱਡੀ ਮੁਕਾਬਲੇ, ਹਾਈ ਸਕੂਲਾਂ ਦੇ ਰੱਸਾਕਸੀ ਅਤੇ ਪਬਲਿਕ ਸਕੂਲਾਂ ਦੀਆਂ ਖੇਡਾਂ ਤੋਂ ਇਲਾਵਾ ਕਬੱਡੀ ਓਪਨ ਕੱਪ ਨਾਇਬ ਸਿੰਘ ਗਰੇਵਾਲ ਜੋਧਾ ਦੀ ਯਾਦ ਨੂੰ ਸਮਰਪਿਤ ਹੋਵੇਗਾ, ਜਦਕਿ ਕੁਸ਼ਤੀ ਮੁਕਾਬਲੇ ਬਚਨ ਸਿੰਘ ਮੰਡੌਰ ਅਤੇ ਵਾਲੀਬਾਲ ਮੁਕਾਬਲੇ ਅਮਰਜੀਤ ਸਿੰਘ ਗਰੇਵਾਲ ਦੀ ਯਾਦ ਵਿਚ ਕਰਵਾਏ ਜਾਣਗੇ।

# ਜਰਖੜ ਖੇਡਾਂ ਦਾ ਪੋਸਟਰ ਹੋਇਆ ਜਾਰੀ

- 10 ਫਰਵਰੀ ਨੂੰ ਉਦਘਾਟਨੀ ਸਮਾਰੋਹ ਹੋਵੇਗਾ ਲਾਜਵਾਬ,
- 11 ਫਰਵਰੀ ਨੂੰ ਹਰਜੀਤ ਹਰਮਨ ਦਾ ਲੱਗੇਗਾ ਖੁੱਲਾ ਅਖਾੜਾ



**ਲੁਧਿਆਣਾ, (ਪੰਜਾਬ ਮੇਲ)-** ਪੰਜਾਬ ਦੀਆਂ 36ਵੀਆਂ ਮਾਡਰਨ ਪੇਂਡੂ ਮਿੰਨੀ ਓਲੰਪਿਕ ਜਰਖੜ ਖੇਡਾਂ 10 ਅਤੇ 11 ਫਰਵਰੀ ਨੂੰ ਹੋ ਰਹੀਆਂ ਹਨ। ਉਨ੍ਹਾਂ ਦਾ ਜਰਖੜ ਖੇਡ ਸਟੇਡੀਅਮ ਵਿਖੇ ਪੋਸਟਰ ਜਾਰੀ ਕੀਤਾ ਅਤੇ ਖੇਡਾਂ ਦੀਆਂ ਤਿਆਰੀਆਂ ਮੁਕੰਮਲ ਕੀਤੀਆ ਗਈਆਂ।

ਜਰਖੜ ਖੇਡਾਂ ਸਬੰਧੀ ਮਾਤਾ ਸਾਹਿਬ ਕੌਰ ਸਪੋਰਟਸ ਚੈਰੀਟੇਬਲ ਟਰੱਸਟ ਜਰਖੜ ਦੀ ਜ਼ਰੂਰੀ ਮੀਟਿੰਗ ਚੇਅਰਮੈਨ ਨਰਿੰਦਰ ਪਾਲ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਬਾਰੇ ਮੁੱਖ ਪ੍ਰਬੰਧਕ ਜਗਰੂਪ ਸਿੰਘ ਜਰਖੜ ਅਤੇ ਪ੍ਰਧਾਨ ਐਡਵੋਕੇਟ ਹਰਕਮਲ ਸਿੰਘ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਟੂਰਨਾਮੈਂਟ ਹਲਕਾ ਗਿੱਲ ਦੇ ਵਿਧਾਇਕ ਜੀਵਨ ਸਿੰਘ ਸੰਗੋਵਾਲ ਦੀ ਸਰਪ੍ਰਸਤੀ ਹੇਠ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 10 ਫਰਵਰੀ ਨੂੰ ਖੇਡਾਂ ਦਾ ਉਦਘਾਟਨੀ ਸਮਾਰੋਹ ਬੇਹੱਦ ਲਾਜਵਾਬ ਹੋਵੇਗਾ, ਜਿਸ ਵਿਚ ਇਲਾਕੇ ਦੇ ਸਕੂਲੀ ਬੱਚਿਆਂ ਦਾ ਮਾਰਚ ਪਾਸਟ ਤੇ ਸੱਭਿਆਚਾਰਕ ਪ੍ਰੋਗਰਾਮ ਮੁੱਖ ਖਿੱਚ ਦਾ ਕੇਂਦਰ ਹੋਣਗੇ। ਇਸ ਤੋਂ ਇਲਾਵਾ ਸਕੂਲੀ ਬੱਚਿਆਂ ਦੇ ਖੇਡ ਮੁਕਾਬਲੇ ਕਬੱਡੀ, ਰੱਸਾਕਸ਼ੀ, ਸਰਕਾਰੀ ਸਕੂਲਾਂ ਦੇ ਰੱਸਾਕਸੀ ਦੇ ਮੁਕਾਬਲੇ, ਹਾਕੀ ਮੁੰਡੇ ਕੁੜੀਆਂ, ਹਾਕੀ ਅੰਡਰ 15 ਸਾਲ, ਕੁਸ਼ਤੀਆਂ, ਵਾਲੀਬਾਲ ਆਦਿ ਖੇਡਾਂ ਦੇ ਮੁਕਾਬਲੇ ਖਿੱਚ ਦਾ ਕੇਂਦਰ ਹੋਣਗੇ। ਜਦਕਿ 11 ਫਰਵਰੀ ਨੂੰ ਕਬੱਡੀ ਓਪਨ ਨਾਇਬ ਸਿੰਘ ਗਰੇਵਾਲ ਜੋਧਾ ਕਬੱਡੀ ਕੱਪ ਹੋਵੇਗਾ। ਏਵਨ ਸਾਈਕਲ ਕੰਪਨੀ ਵੱਲੋਂ ਜਰਖੜ ਖੇਡ ਸਟੇਡੀਅਮ ਨੂੰ ਪੂਰੀ ਰੰਗ-ਰੋਗਨ ਕਰਕੇ ਸਜਾਇਆ ਗਿਆ। ਉਨ੍ਹਾਂ ਦੱਸਿਆ ਕਿ ਹਾਕੀ ਦੇ ਮੁਕਾਬਲੇ 9 ਫਰਵਰੀ ਨੂੰ ਵੀ ਹੋਣਗੇ, ਜਦਕਿ ਟੂਰਨਾਮੈਂਟ ਦਾ ਉਦਘਾਟਨ 10 ਫਰਵਰੀ ਨੂੰ ਹੋਵੇਗਾ ਅਤੇ ਫਾਈਨਲ ਮੁਕਾਬਲੇ 11 ਫਰਵਰੀ ਨੂੰ ਹੋਣਗੇ। ਇਸ ਮੌਕੇ ਦੁਪਹਿਰੇ 2 ਵਜੇ ਲੋਕ ਗਾਇਕ ਹਰਜੀਤ ਹਰਮਨ, ਉਭਰਦੀ ਗਾਇਕ ਜੋੜੀ ਗੁਰਜਾਨ ਅਤੇ ਰੂਪ ਦਾ ਖੁੱਲ੍ਹਾ ਅਖਾੜਾ ਲੱਗੇਗਾ। ਕਬੱਡੀ ਦੇ ਮੈਚ ਸ਼ਾਮ 5 ਵਜੇ ਤੋਂ ਪਹਿਲਾਂ ਹੀ ਸਮਾਪਤ ਕਰ ਦਿੱਤੇ ਜਾਣਗੇ। ਜੇਤੂ ਖਿਡਾਰੀਆਂ ਨੂੰ ਏਵਨ ਸਾਈਕਲ ਕੰਪਨੀ ਵੱਲੋਂ 60 ਸਾਈਕਲ ਦਿੱਤੇ ਜਾਣਗੇ। ਫਾਈਨਲ ਸਮਾਰੋਹ ’ਤੇ 6 ਸ਼ਖਸੀਅਤਾਂ ਦਾ ਵਿਸ਼ੇਸ਼ ਐਵਾਰਡਾਂ ਨਾਲ ਸਨਮਾਨ ਹੋਵੇਗਾ। ਉਦਘਾਟਨੀ ਸਮਾਰੋਹ ਦੇ ਮੁੱਖ ਮਹਿਮਾਨ ਕੁਲਦੀਪ ਸਿੰਘ ਚਾਹਲ ਪੁਲਿਸ ਕਮਿਸ਼ਨਰ ਲੁਧਿਆਣਾ ਹੋਣਗੇ, ਜਦਕਿ ਫਾਈਨਲ ਸਮਾਰੋਹ ’ਤੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਮੁੱਖ ਮਹਿਮਾਨ ਵਜੋਂ ਜੇਤੂਆਂ ਨੂੰ ਇਨਾਮਾਂ ਦੀ ਵੰਡ ਕਰਨਗੇ।

ਮੀਟਿੰਗ ਵਿਚ ਸਰਪੰਚ ਬਲਵਿੰਦਰ ਸਿੰਘ ਮਹਿਮੂਦਪੁਰਾ, ਦਲਜੀਤ ਸਿੰਘ ਜਰਖੜ ਕੈਨੇਡਾ, ਐਡਵੋਕੇਟ ਸੁਮਿਤ ਸਿੰਘ, ਸ਼ਿੰਗਾਰਾ ਸਿੰਘ ਜਰਖੜ, ਪਰਮਜੀਤ ਸਿੰਘ ਨੀਟੂ, ਦੁਪਿੰਦਰ ਸਿੰਘ ਡਿੰਪੀ, ਸਾਹਿਬਜੀਤ ਸਿੰਘ ਜਰਖੜ, ਸੁਖਬੀਰ ਸਿੰਘ ਜਰਖੜ ਕੈਨੇਡਾ, ਗੁਰਸਤਿੰਦਰ ਸਿੰਘ ਪਰਗਟ, ਅਜੀਤ ਸਿੰਘ ਲਾਦੀਆ, ਪਰਮਜੀਤ ਸਿੰਘ ਪੰਮਾ ਗਰੇਵਾਲ, ਗੁਰਤੇਜ ਸਿੰਘ ਬਾਕਸਿੰਗ ਕੋਚ, ਜਸਮੇਲ ਸਿੰਘ ਨੋਕਵਾਲ, ਤੇਜਿੰਦਰ ਸਿੰਘ ਜਰਖੜ, ਸੰਦੀਪ ਸਿੰਘ ਜਰਖੜ, ਮਨਦੀਪ ਸਿੰਘ ਜਰਖੜ, ਕੁਲਦੀਪ ਸਿੰਘ ਘਵੱਦੀ, ਅਮਰਜੀਤ ਸਿੰਘ ਜੱਗੀ, ਰਾਜਿੰਦਰ ਸਿੰਘ ਜਰਖੜ ਆਦਿ ਹੋਰ ਪ੍ਰਬੰਧਕ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ।

## ਭਾਰਤੀ-ਅਮਰੀਕੀ ਵਿਅਕਤੀ ’ਤੇ ਗੈਰ ਕਾਨੂੰਨੀ ਢੰਗ ਨਾਲ ਨਾਗਰਿਕਤਾ ਹਾਸਲ ਕਰਨ ਦੇ ਲੱਗੇ ਦੋਸ਼

**ਵਾਸ਼ਿੰਗਟਨ, (ਪੰਜਾਬ ਮੇਲ)-** ਫਲੋਰੀਡਾ ’ਚ ਇੱਕ ਭਾਰਤੀ-ਅਮਰੀਕੀ ਵਿਅਕਤੀ ਨੇ ਗੈਰ-ਕਾਨੂੰਨੀ ਢੰਗ ਨਾਲ ਨਾਗਰਿਕਤਾ ਹਾਸਲ ਕਰਨ, ਨੈਚੁਰਲਾਈਜ਼ੇਸ਼ਨ ਦੇ ਸਬੂਤਾਂ ਦੀ ਦੁਰਵਰਤੋਂ ਕਰਨ ਅਤੇ ਪਾਸਪੋਰਟ ਅਰਜ਼ੀ ਵਿਚ ਗਲਤ ਬਿਆਨ ਦੇਣ ਦਾ ਦੋਸ਼ ਮੰਨ ਲਿਆ ਹੈ। ਫਲੋਰੀਡਾ ਦੇ ਮੱਧ ਜ਼ਿਲ੍ਹੇ ਦੇ ਯੂ.ਐੱਸ. ਅਟਾਰਨੀ ਦੇ ਦਫ਼ਤਰ ਵੱਲੋਂ ਪਿਛਲੇ ਹਫ਼ਤੇ ਜਾਰੀ ਕੀਤੇ ਗਏ ਇਕ ਬਿਆਨ ਅਨੁਸਾਰ 51 ਸਾਲਾ ਜੈਪ੍ਰਕਾਸ਼ ਨੂੰ 10 ਸਾਲ ਤੱਕ ਦੀ ਜੇਲ੍ਹ ਦਾ ਸਾਹਮਣਾ ਕਰਨਾ ਪੈ ਸਕਦਾ ਹੈ। (ਨੈਚੁਰਲਾਈਜ਼ੇਸ਼ਨ ਸਰਟੀਫਿਕੇਟ ਯੂ.ਐੱਸ. ਸਿਟੀਜ਼ਨਸ਼ਿਪ ਐਂਡ ਇਮੀਗ੍ਰੇਸ਼ਨ ਸਰਵਿਸਿਜ਼ ਵੱਲੋਂ ਉਨ੍ਹਾਂ ਵਿਦੇਸ਼ੀ ਨਾਗਰਿਕਾਂ ਨੂੰ ਜਾਰੀ ਕੀਤਾ ਗਿਆ ਇੱਕ ਦਸਤਾਵੇਜ਼ ਹੈ, ਜਿਨ੍ਹਾਂ ਨੇ ਅਮਰੀਕੀ ਨਾਗਰਿਕ ਬਣਨ ਦੀ ਪ੍ਰਕਿਰਿਆ ਨੂੰ ਸਫ਼ਲਤਾਪੂਰਵਕ ਪੂਰਾ ਕਰ ਲਿਆ ਹੈ।)

ਅਦਾਲਤੀ ਰਿਕਾਰਡ ਮੁਤਾਬਕ ਭਾਰਤੀ ਨਾਗਰਿਕ ਗੁਲਵਾੜੀ 2001 ’ਚ ਅਸਥਾਈ ਬਿਜ਼ਨੈੱਸ ਵੀਜ਼ੇ ’ਤੇ ਅਮਰੀਕਾ ਆਇਆ ਸੀ। ਅਗਸਤ 2008 ਵਿਚ ਆਪਣੀ ਅਮਰੀਕੀ ਨਾਗਰਿਕ ਪਤਨੀ, ਜਿਸ ਨਾਲ ਉਸਨੇ ਇੱਕ ਸਾਲ ਪਹਿਲਾਂ ਵਿਆਹ ਕੀਤਾ ਸੀ, ਨੂੰ ਤਲਾਕ ਦੇਣ ਤੋਂ 2 ਹਫ਼ਤਿਆਂ ਤੋਂ ਵੀ ਘੱਟ ਸਮੇਂ ਬਾਅਦ ਗੁਲਵਾੜੀ ਨੇ ਇੱਕ ਹੋਰ ਅਮਰੀਕੀ ਨਾਗਰਿਕ ਔਰਤ ਨਾਲ ਵਿਆਹ ਕਰਵਾ ਲਿਆ। ਉਸ ਵਿਆਹ ਦੇ ਆਧਾਰ ’ਤੇ, ਗੁਲਵਾੜੀ ਜੂਨ 2009 ਵਿਚ ਅਮਰੀਕਾ ਦਾ ਇੱਕ ਕਾਨੂੰਨੀ ਸਥਾਈ ਨਿਵਾਸੀ ਬਣ ਗਿਆ।

## ਜੋਅ ਬਾਇਡਨ ਨੇ ਦੱਖਣੀ ਕੈਰੋਲੀਨਾ ਰਾਜ ’ਚ ਡੈਮੋਕਰੇਟਿਕ ਪ੍ਰਾਇਮਰੀ ਦੀਆਂ ਚੋਣਾਂ ਜਿੱਤੀਆਂ



**ਵਾਸ਼ਿੰਗਟਨ, (ਰਾਜ ਗੋਗਨਾ/ਪੰਜਾਬ ਮੇਲ)-** ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਨੇ ਦੱਖਣੀ ਕੈਰੋਲੀਨਾ ਸੂਬੇ ਵਿਚ ਹੋਈ ਡੈਮੋਕ੍ਰੇਟਿਕ ਪ੍ਰਾਇਮਰੀ ਚੋਣ ਜਿੱਤ ਲਈ ਹੈ, ਜੋ ਕਿ ਅਮਰੀਕਾ ਵਿਚ ਇਸ ਸਾਲ ਹੋਣ ਵਾਲੀਆਂ ਰਾਸ਼ਟਰਪਤੀ ਚੋਣਾਂ ਲਈ ਡੈਮੋਕ੍ਰੇਟਿਕ ਪਾਰਟੀ ਦੇ ਉਮੀਦਵਾਰ ਦੀ ਚੋਣ ਕਰਨ ਦੀ ਪ੍ਰਕਿਰਿਆ ਦੇ ਹਿੱਸੇ ਵਜੋਂ ਕਰਵਾਈ ਗਈ ਸੀ। ਇਸ ਨਾਲ ਉਨ੍ਹਾਂ ਨੇ 5 ਨਵੰਬਰ ਨੂੰ ਹੋਣ ਵਾਲੀਆਂ ਚੋਣਾਂ ’ਚ ਡੈਮੋਕ੍ਰੇਟਿਕ ਉਮੀਦਵਾਰ ਬਣਨ ਦੇ ਰਸਤੇ ’ਚ ਸ਼ਨੀਵਾਰ ਨੂੰ ਪਹਿਲੀ ਅਧਿਕਾਰਤ ਜਿੱਤ ਹਾਸਲ ਕੀਤੀ।

ਰਾਸ਼ਟਰਪਤੀ ਬਾਇਡਨ ਨੇ ਸ਼ਨੀਵਾਰ ਨੂੰ ਦੱਖਣੀ ਕੈਰੋਲੀਨਾ ਵਿਚ ਹੋਰ ਲੰਬੇ ਸਮੇਂ ਤੋਂ ਡੈਮੋਕਰੇਟਸ ਨੂੰ ਹਰਾਇਆ, ਜਿਸ ਵਿਚ ਮਿਨੇਸੋਟਾ ਦੇ ਪ੍ਰਤੀਨਿਧੀ ਡੀਨ ਫਿਲਿਪਸ ਅਤੇ ਲੇਖਕ ਮਾਰੀਅਨ ਵਿਲੀਅਮਸਨ ਦੇ ਨਾਂ ਸ਼ਾਮਲ ਹਨ। ਇਸ ਦੇ ਨਾਲ ਹੀ ਬਾਇਡਨ ਪਾਰਟੀ ਵੱਲੋਂ ਚੋਟੀ ਦੇ ਉਮੀਦਵਾਰ ਹਨ। ਪਿਛਲੀਆਂ ਰਾਸ਼ਟਰਪਤੀ ਚੋਣਾਂ ਵਿਚ ਵੀ ਸਾਊਥ ਕੈਰੋਲੀਨਾ ਪ੍ਰਾਇਮਰੀ ਚੋਣਾਂ ਨੇ ਬਾਇਡਨ ਨੂੰ ਪਾਰਟੀ ਉਮੀਦਵਾਰ ਬਣਾਉਣ ਵਿਚ ਅਹਿਮ ਭੂਮਿਕਾ ਨਿਭਾਈ ਸੀ। ਇਸ ਪ੍ਰਾਇਮਰੀ ਚੋਣ ’ਚ ਬਾਇਡਨ ਨੂੰ 96.2 ਫੀਸਦੀ ਵੋਟਾਂ ਮਿਲੀਆਂ, ਜਦਕਿ ਵਿਲੀਅਮਸਨ ਨੂੰ ਸਿਰਫ 21 ਫੀਸਦੀ ਵੋਟਾਂ ਮਿਲੀਆਂ। ਫਿਲਿਪਸ ਤੀਜੇ ਸਥਾਨ ’ਤੇ ਰਿਹਾ। ਸੂਬੇ ਵਿਚ ਰਿਪਬਲਿਕਨ ਪਾਰਟੀ ਦੀਆਂ ਪ੍ਰਾਇਮਰੀ ਚੋਣਾਂ 24 ਫਰਵਰੀ ਨੂੰ ਹੋਣੀਆਂ ਹਨ।

ਰਾਸ਼ਟਰਪਤੀ ਬਾਇਡਨ ਨੇ ਦੱਖਣੀ ਕੈਰੋਲੀਨਾ ’ਚ ਹਾਸਲ ਜਿੱਤ ’ਤੇ ਖੁਸ਼ੀ ਜ਼ਾਹਰ ਕਰਦੇ ਹੋਏ ਕਿਹਾ ਕਿ ਇਹ ਜਿੱਤ ਉਨ੍ਹਾਂ ਦੀ ਮੁਹਿੰਮ ਨੂੰ ਸਫਲਤਾ ਦੇ ਰਾਹ ’ਤੇ ਲੈ ਜਾਵੇਗੀ। ਦੱਖਣੀ ਕੈਰੋਲੀਨਾ ਵਿਚ ਡੈਮੋਕਰੇਟਿਕ ਪ੍ਰਾਇਮਰੀ ਚੋਣ ਜਿੱਤਣ ’ਤੇ ਬਾਇਡਨ ਨੂੰ ਇਸ ਚੋਣ ਵਿਚ ਠੋਸ ਜਿੱਤ ਮਿਲੀ ਹੈ, ਜੋ ਪ੍ਰਾਇਮਰੀ ਵਿਚ ਉਨ੍ਹਾਂ ਦੀ ਮਦਦ ਕਰੇਗੀ। ਰਾਸ਼ਟਰਪਤੀ ਬਾਇਡਨ ਨੇ ਇਸ ਚੋਣ ਪ੍ਰਚਾਰ ਵਿਚ ਭਾਰੀ ਨਿਵੇਸ਼ ਕੀਤਾ ਹੈ, ਤਾਂ ਜੋ ਉਹ ਵੱਧ ਤੋਂ ਵੱਧ ਵੋਟਾਂ ਹਾਸਲ ਕਰ ਸਕਣ। ਉਹ ਖਾਸ ਤੌਰ ’ਤੇ ਗੈਰ ਗੋਰੇ ਮੂਲ ਦੇ ਵੋਟਰਾਂ ਨੂੰ ਨਿਸ਼ਾਨਾ ਬਣਾ ਰਹੇ ਹਨ, ਜੋ ਚੋਣਾਂ ਵਿਚ ਅਹਿਮ ਭੂਮਿਕਾ ਨਿਭਾਉਂਦੇ ਹਨ।


Global Allianz

LAW FIRM LLP

ਕਾਨੂੰਨੀ ਸਲਾਹਾਂ

- ਇਮੀਗਰੇਸ਼ਨ ਸੇਵਾਵਾਂ
- ਘਰੇਲੂ ਹਿੰਸਾ ਦੇ ਕੇਸ
- ਨਸ਼ਾ ਕਰਕੇ ਗੱਡੀ ਚਲਾਉਣਾ
- ਕੰਮ ’ਤੇ ਸੱਟ ਲਗਣਾ

Asylum & Deportation Defense



Atul Kapoor
C.E.O



Neat Allen Sawyer
Attorney at law

Designed By Punjab Mail USA

555 Capitol Mall SUITE 1245, Sacramento, CA 95814
Phone:209-808-2136, 209-952-5578, 1-916-806-7042, Fax: 209-476-7188

# ਅਮਰੀਕੀ ਫੌਜ 'ਚ ਪਹਿਲੇ ਦਸਤਾਰਧਾਰੀ ਸਿੱਖ ਲੈਫਟੀਨੈਂਟ ਕਰਨਲ ਤੇਜਦੀਪ ਸਿੰਘ ਰਤਨ ਵੱਲੋਂ ਮਾਊਨਟੇਨ ਹਾਊਸ ਦੀ ਸਿਟੀ ਕੌਂਸਲ ਚੋਣਾਂ ਲੜਨ ਦਾ ਐਲਾਨ

**ਨਿਊਯਾਰਕ, (ਸਮੀਪ ਸਿੰਘ ਗੁਮਟਾਲਾ/ਰਾਜ ਗੋਗਨਾ/ਪੰਜਾਬ ਮੇਲ)**- ਮਾਊਨਟੇਨ ਹਾਊਸ, ਕੈਲੀਫੋਰਨੀਆ 'ਚ ਸਾਲ 2009 ਵਿਚ ਆਪਣੇ ਸਿੱਖੀ ਸਰੂਪ ਨਾਲ ਅਮਰੀਕਾ ਦੀ ਫੌਜ ਵਿਚ ਭਰਤੀ ਹੋਣ ਲਈ ਆਗਿਆ ਪ੍ਰਾਪਤ ਕਰਨ ਵਾਲੇ ਪਹਿਲੇ ਸਾਬਤ ਸੂਰਤ ਦਸਤਾਰਧਾਰੀ ਸਿੱਖ, ਲੈਫਟੀਨੈਂਟ ਕਰਨਲ ਡਾ: ਤੇਜਦੀਪ ਸਿੰਘ ਰਤਨ ਨੇ ਅਮਰੀਕਾ ਵਿਚ ਕੈਲੀਫੋਰਨੀਆ ਸੂਬੇ ਦੇ ਸ਼ਹਿਰ ਮਾਊਨਟੇਨ ਹਾਊਸ ਦੀਆਂ ਅਗਾਮੀ ਮਾਰਚ 2024 ਵਾਲੀਆਂ ਸਿਟੀ ਕੌਂਸਲ ਚੋਣਾਂ ਵਿਚ ਕੌਂਸਲ ਮੈਂਬਰ ਵਜੋਂ ਚੋਣ ਲੜਨ ਦਾ ਐਲਾਨ ਕੀਤਾ ਹੈ। ਕੌਂਸਲ ਦੇ 4 ਮੈਂਬਰਾਂ ਨੂੰ ਚੁਣਨ ਲਈ ਕੁੱਲ 8 ਉਮੀਦਵਾਰ ਮੈਦਾਨ ਵਿਚ ਹਨ ਅਤੇ ਇਨ੍ਹਾਂ ਵਿਚੋਂ ਸਿੱਖ ਭਾਈਚਾਰੇ ਵੱਲੋਂ ਸਿਰਫ ਤੇਜਦੀਪ ਸਿੰਘ ਰਤਨ ਹੀ ਮੈਦਾਨ ਵਿਚ ਹਨ। ਇਸ ਚੋਣ ਲਈ ਸ਼ਹਿਰ ਵਾਸੀ 5 ਫਰਵਰੀ ਤੋਂ ਲੈ ਕੇ 5 ਮਾਰਚ 2024 ਤੱਕ ਵੋਟਾਂ ਪਾ ਸਕਦੇ ਹਨ।



ਡਾ: ਰਤਨ ਨੇ ਸਾਲ 2015 ਵਿਚ ਆਪਣੀ ਕੁੱਲ-ਵਕਤੀ ਫੌਜੀ ਸੇਵਾ ਦੀ ਸਮਾਪਤੀ ਤੋਂ ਬਾਅਦ ਮਾਊਨਟੇਨ ਹਾਊਸ ਸ਼ਹਿਰ ਵਿਖੇ ਆਪਣਾ ਘਰ ਖਰੀਦਿਆ, ਜਿੱਥੇ ਉਹ ਆਪਣੀ ਪਤਨੀ ਜਸਜੀਤ ਕੌਰ ਅਤੇ ਦੋ ਬੱਚਿਆਂ ਦੇ ਨਾਲ ਰਹਿੰਦੇ ਹਨ। ਉਹ ਕਿੱਤੇ ਵਜੋਂ ਇੱਕ ਦੰਦਾਂ ਦੇ ਡਾਕਟਰ ਹੋਣ ਦੇ ਨਾਲ ਫੌਜ ਦੀ ਰਿਜ਼ਰਵ ਬਟਾਲੀਅਨ ਵਿਚ ਵੀ ਆਪਣੀ ਸੇਵਾ ਨਿਭਾ ਰਹੇ ਹਨ ਅਤੇ ਹਾਲ ਹੀ ਵਿਚ ਉਨ੍ਹਾਂ ਨੂੰ ਨਵੰਬਰ 2024 ਵਿਚ ਸ਼ੁਰੂ ਹੋਣ ਵਾਲੇ ਆਰਮੀ ਰਿਜ਼ਰਵ ਦੇ ਅਗਲੇ ਸੈਸ਼ਨ ਲਈ ਬਟਾਲੀਅਨ ਕਮਾਂਡ ਵਾਸਤੇ ਚੁਣਿਆ ਗਿਆ ਹੈ।

ਆਪਣੇ ਸਾਥੀਆਂ ਵਿਚ 'ਟੀ.ਜੇ.' ਦੇ ਨਾਮ ਨਾਲ ਜਾਣੇ ਜਾਂਦੇ ਰਤਨ ਦਾ ਕਹਿਣਾ ਹੈ ਕਿ "ਫੌਜ ਵਿਚ ਨਿਰਸਵਾਰਥ ਸੇਵਾ ਦੀਆਂ ਕਦਰਾਂ-ਕੀਮਤਾਂ ਤੋਂ ਪ੍ਰੇਰਿਤ ਹੋ ਕੇ, ਅਮਰੀਕਾ ਦੇ ਸਭ ਤੋਂ ਨਵੇਂ ਸ਼ਹਿਰ ਵਜੋਂ ਮਾਨਤਾ ਪ੍ਰਾਪਤ ਮਾਊਨਟੇਨ ਹਾਊਸ ਦੀ ਸੁਰੱਖਿਆ ਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣਾ ਅਤੇ ਭਾਈਚਾਰੇ ਨੂੰ ਵਿਕਸਤ ਕਰਨਾ ਮੇਰਾ ਮੁੱਖ ਮਕਸਦ ਹੈ। ਸਿਟੀ ਕੌਂਸਲ ਲਈ ਚੋਣ ਲੜਨ ਦਾ ਮੇਰਾ ਫੈਸਲਾ ਜਨਤਕ ਸੇਵਾ ਅਤੇ ਭਾਈਚਾਰਕ ਭਲਾਈ ਲਈ ਮੇਰੇ ਸਮਰਪਣ ਦਾ ਪ੍ਰਮਾਣ ਹੈ। ਯੂ.ਐੱਸ. ਆਰਮਡ ਫੋਰਸਿਜ਼ ਵਿਚ ਮੇਰੀ ਭੂਮਿਕਾ ਅਤੇ ਵਿਲੱਖਣ ਤਜ਼ਰਬਾ, ਮੈਨੂੰ ਸਿਟੀ ਕੌਂਸਲ ਵਿਚ ਪ੍ਰਭਾਵਸ਼ਾਲੀ ਢੰਗ ਨਾਲ ਯੋਗਦਾਨ ਪਾਉਣ ਵਿਚ ਸਹਾਈ ਹੋਵੇਗਾ।"

ਸ਼ਹਿਰ ਵਾਸੀਆਂ ਦੇ ਸਮਰਥਨ ਦੀ ਮਹੱਤਤਾ ਨੂੰ ਪਛਾਣਦੇ ਹੋਏ, ਡਾ. ਰਤਨ ਨੇ ਕਮਿਊਨਿਟੀ ਨੂੰ ਸਿਹਤਮੰਦ ਤੇ ਸੰਗਠਿਤ ਬਨਾਉਣ ਲਈ ਸੱਦਾ ਦਿੱਤਾ ਹੈ। ਉਨ੍ਹਾਂ ਮਾਊਨਟੇਨ ਹਾਊਸ ਦੇ ਹਰੇਕ 7 ਪਿੰਡਾ ਵਿਚੋਂ ਘੱਟੋ-ਘੱਟ 6 ਵਲੰਟੀਅਰਾਂ ਨੂੰ ਇਸ ਚੋਣ ਮੁਹਿੰਮ ਵਿਚ ਉਨ੍ਹਾਂ ਨਾਲ ਮੋਢੇ ਨਾਲ ਮੋਢਾ ਜੋੜਨ ਦੀ ਬੇਨਤੀ ਕੀਤੀ ਹੈ। ਜਿਹੜੇ ਲੋਕ ਉਨ੍ਹਾਂ ਦਾ ਸਮਰਥਨ ਕਰਨ ਜਾਂ ਉਨ੍ਹਾਂ ਦੀ ਮੁਹਿੰਮ ਵਿਚ ਵਲੰਟੀਅਰ ਕਰਨ ਵਿਚ ਦਿਲਚਸਪੀ ਰੱਖਦੇ ਹਨ, ਉਹ ਉਨ੍ਹਾਂ ਨਾਲ ਵੈੱਬਸਾਈਟ **www.tjforcouncil.com** ਜਾਂ ਈਮੇਲ tejdeeprattan@gmail.com 'ਤੇ ਸਿੱਧਾ ਸੰਪਰਕ ਕਰ ਸਕਦੇ ਹਨ।

## ਨਿਊਜਰਸੀ 'ਚ ਪ੍ਰਾਇਮਰੀ ਚੋਣ ਮੁਹਿੰਮ ਦੌਰਾਨ ਸਿੱਖ ਆਗੂ ਨੇ ਚੌਥੀ ਤਿਮਾਹੀ ਦੌਰਾਨ ਜੁਟਾਇਆ 9 ਲੱਖ ਡਾਲਰ ਤੋਂ ਵਧ ਫੰਡ

**ਸੈਕਰਾਮੈਂਟੋ, (ਹੁਸਨ ਲੜੋਆ ਬੰਗਾ/ਪੰਜਾਬ ਮੇਲ)**- ਨਿਊਜਰਸੀ ਦੀ 8ਵੀਂ ਕਾਂਗਰਸ ਡਿਸਟ੍ਰਿਕਟ ਸੀਟ ਤੋਂ ਡੈਮੋਕਰੈਟਿਕ ਉਮੀਦਵਾਰ ਵਜੋਂ ਪ੍ਰਾਇਮਰੀ ਚੋਣ ਲੜੇ ਰਹੇ ਸਿੱਖ ਆਗੂ ਰਵਿੰਦਰ ਸਿੰਘ ਭੱਲਾ (ਰਵੀ ਭੱਲਾ) ਨੇ ਐਲਾਨ ਕੀਤਾ ਹੈ ਕਿ ਚੌਥੀ ਤਿਮਾਹੀ ਦੌਰਾਨ ਉਸ ਨੇ ਨਿੱਜੀ ਦਾਨੀਆਂ ਤੋਂ 9,74,000 ਡਾਲਰ ਫੰਡ ਜੁਟਾਇਆ ਹੈ ਤੇ ਚੌਥੀ ਤਿਮਾਹੀ ਦੇ ਅੰਤ ਵਿਚ ਉਸ ਕੋਲ ਕੁੱਲ ਨਕਦੀ 9,14,000 ਡਾਲਰ ਦੀ ਹੈ। ਪ੍ਰਾਇਮਰੀ ਚੋਣ ਵਿਚ ਉਹ ਨਿਊਜਰਸੀ ਦੇ ਮੌਜੂਦਾ ਪ੍ਰਤੀਨਿੱਧ ਰਾਬ ਮੈਨਨਡੇਜ਼ ਜੂਨੀਅਰ ਵਿਰੁੱਧ ਚੋਣ ਮੈਦਾਨ ਵਿਚ ਹਨ। ਹੋਬੋਕਨ, ਨਿਊਜਰਸੀ ਦੇ ਮੇਅਰ ਰਵੀ ਭੱਲਾ ਜਾਣੇ ਪਛਾਣੇ ਰਾਜਸੀ ਆਗੂ ਹਨ ਤੇ ਉਹ ਮਨੁੱਖੀ ਹੱਕਾਂ ਦੇ ਅਲੰਬਰਦਾਰ ਹਨ। ਹੁਣ ਤੱਕ ਉਹ 11 ਲੱਖ ਡਾਲਰ ਫੰਡ ਜੁਟਾ ਚੁੱਕੇ ਹਨ। ਉਨ੍ਹਾਂ ਨੇ ਕਿਹਾ ਹੈ ਕਿ ਮੈਨੂੰ ਇਸ ਗੱਲ ਦੀ ਤਸੱਲੀ ਹੈ ਕਿ ਮੈਨੂੰ ਆਮ ਲੋਕਾਂ ਨੇ ਫੰਡ ਦਿੱਤਾ ਹੈ, ਜਦਕਿ ਮੇਰੇ ਵਿਰੋਧੀ ਦੇ ਮਾਮਲੇ ਵਿਚ ਅਜਿਹਾ ਨਹੀਂ ਹੈ। ਉਨ੍ਹਾਂ ਕਿਹਾ ਕਿ ਉਹ ਸਾਰਿਆਂ ਲਈ ਉੱਚ ਪੱਧਰੀ ਸਿਹਤ ਸੇਵਾਵਾਂ ਲਈ ਯਤਨ ਕਰਨਗੇ, ਵਾਤਾਵਰਣ ਤਬਦੀਲੀ ਵਿਰੁੱਧ ਜਦੋ-ਜਹਿਦ ਕਰਨਗੇ ਤੇ ਹਮੇਸ਼ਾਂ ਆਮ ਲੋਕਾਂ ਦੇ ਨਾਲ ਖੜ੍ਹੇ ਰਹਿਣਗੇ।



**ਰਵਿੰਦਰ ਸਿੰਘ ਭੱਲਾ**

## ਸਾਬਕਾ ਰਾਸ਼ਟਰਪਤੀ ਟਰੰਪ ਦੀ ਕਾਰ ਨਿਲਾਮੀ 'ਚ 1.1 ਮਿਲੀਅਨ ਡਾਲਰ 'ਚ ਵਿਕੀ !

**ਨਿਊਯਾਰਕ, (ਰਾਜ ਗੋਗਨਾ/ਪੰਜਾਬ ਮੇਲ)**- ਸਾਬਕਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੁਆਰਾ ਵਰਤੀ ਗਈ **Lamborghini Diablo VT** ਨੂੰ ਹਾਲ ਹੀ ਵਿਚ ਬੈਰੇਟ ਜੈਕਸਨ ਦੁਆਰਾ ਆਯੋਜਿਤ ਇੱਕ ਨਿਲਾਮੀ ਵਿਚ 1.1 ਮਿਲੀਅਨ ਡਾਲਰ ਵਿਚ ਵੇਚਿਆ ਗਿਆ ਸੀ। ਇਸ ਨੇ ਹੁਣ ਤੱਕ ਵਿਕਣ ਵਾਲੀ ਸਭ ਤੋਂ ਮਹਿੰਗੀ ਡਾਇਬਲੋ ਕਾਰ ਵਜੋਂ ਇੱਕ ਨਵਾਂ ਰਿਕਾਰਡ ਬਣਾਇਆ ਹੈ। ਡੋਨਾਲਡ ਟਰੰਪ ਦੁਆਰਾ 1997 ਵਿਚ ਖਰੀਦੀ ਗਈ ਲੈਂਬੋਰਗਿਨੀ ਕੰਪਨੀ ਦੀ 'ਡਿਆਬਲੋ ਵੀਟੀ' ਵਿਸ਼ਵ ਬਾਜ਼ਾਰ ਵਿਚ ਸਭ ਤੋਂ ਮਹਿੰਗੀ ਅਤੇ ਪ੍ਰਸਿੱਧ ਕਾਰ ਹੈ। ਇਸ ਕਾਰ ਨੂੰ ਟਰੰਪ ਨੇ ਖਾਸ ਤੌਰ 'ਤੇ ਆਪਣੇ ਲਈ ਕਸਟਮਾਈਜ਼ ਕੀਤਾ ਸੀ। ਬਲੂ ਲੇ ਮਾਨਸ ਨਾਮਕ ਇੱਕ ਵਿਸ਼ੇਸ਼ ਰੰਗ ਦੇ ਸ਼ੇਡ ਵਿਚ ਦਿਖਾਈ ਦੇਣ ਵਾਲੀ, ਇਹ ਕਾਰ ਅਮਰੀਕਾ ਵਿਚ ਵਿਕਣ ਵਾਲੀਆਂ ਸਿਰਫ 132 ਕਾਰਾਂ ਵਿਚੋਂ ਇੱਕ ਸੀ। ਟਰੰਪ ਦੇ ਕਹਿਣ 'ਤੇ ਕੰਪਨੀ ਨੇ ਕਾਰ ਦੇ ਦਰਵਾਜ਼ੇ 'ਤੇ ਨੇਮ ਪਲੇਟ ਟਰੰਪ 1997 ਡਾਇਬਲੋ ਵੀ ਚਿਪਕਾਈ ਸੀ। ਇੱਥੇ ਇਹ ਵੀ ਦੇਖਿਆ ਜਾ ਸਕਦਾ ਹੈ ਕਿ ਇਸ ਨੂੰ ਡਿਊਲਟੋਨ ਕਰੀਮ/ਬਲੈਕ ਫਿਨਿਸ਼ ਮਿਲਦੀ ਹੈ। ਟਰੰਪ ਨੇ ਇਹ ਕਾਰ 2002 ਵਿਚ ਵੇਚੀ ਸੀ। ਕਾਰ ਬਾਅਦ ਵਿਚ 2016 ਵਿਚ ਈਬੇ ਉੱਤੇ ਵਿਕਰੀ ਲਈ ਦਿਖਾਈ ਦਿੱਤੀ। ਇਹ ਸਪੱਸ਼ਟ ਨਹੀਂ ਹੈ ਕਿ ਉਸ ਤੋਂ ਬਾਅਦ ਕਿੰਨੇ ਲੋਕਾਂ ਨੇ ਇਸ ਕਾਰ 'ਤੇ ਹੱਥ ਬਦਲੇ ਹਨ।



ਪਰ ਹਾਲ ਹੀ ਵਿਚ ਇਹ ਕਾਰ 1.1 ਮਿਲੀਅਨ ਡਾਲਰ (9.14 ਕਰੋੜ ਰੁਪਏ ਭਾਰਤੀ ਰੁਪਏ) 'ਚ ਵਿਕ ਗਈ ਸੀ। 2016 ਤੱਕ, ਇਹ ਕਾਰ 14655 ਕਿਲੋਮੀਟਰ ਦਾ ਸਫ਼ਰ ਤੈਅ ਕਰ ਚੁੱਕੀ ਹੈ ਅਤੇ ਹੁਣ ਇਹ ਨਿਲਾਮੀ ਦੇ ਸਮੇਂ ਓਡੋਮੀਟਰ 'ਤੇ 15431 ਕਿਲੋਮੀਟਰ ਦਾ ਸਫ਼ਰ ਤੈਅ ਕਰਦੀ ਨਜ਼ਰ ਆ ਰਹੀ ਹੈ। ਲੱਗਦਾ ਹੈ ਕਿ 2016 ਤੋਂ ਬਾਅਦ ਇਸ ਦੀ ਜ਼ਿਆਦਾ ਵਰਤੋਂ ਨਹੀਂ ਹੋਈ ਅਤੇ ਇਸ ਵਿਚ ਸ਼ਕਤੀਸ਼ਾਲੀ 5.7 ਲੀਟਰ V12 ਇੰਜਣ ਹੈ। ਇਹ 492 ਹਾਰਸ ਪਾਵਰ ਪੈਦਾ ਕਰਦਾ ਹੈ। ਇਸ ਵਿਚ ਇੱਕ 5-ਸਪੀਡ ਮੈਨੂਅਲ ਟ੍ਰਾਂਸਮਿਸ਼ਨ ਅਤੇ ਇੱਕ ਆਲ-ਵ੍ਹੀਲ ਡਰਾਈਵ ਸਿਸਟਮ ਹੈ, ਜੋ ਸਿਰਫ 411 ਸਕਿੰਟਾਂ ਵਿਚ 60 MPH ਦੀ ਰਫਤਾਰ ਫੜ ਲੈਂਦੀ ਹੈ। ਇਸ ਦੀ ਟਾਪ ਸਪੀਡ 235 ਕਿਲੋਮੀਟਰ ਪ੍ਰਤੀ ਘੰਟਾ ਹੈ।



# ਸਿੱਖ ਕੌਂਸਲ ਆਫ ਸੈਂਟਰਲ ਕੈਲੀਫੋਰਨੀਆ ਨਵੇਂ ਸਰਕਾਰੀ ਕਾਨੂੰਨ ਬਣਵਾਉਣ ਲਈ ਮੋਢੀ ਵਜੋਂ ਕੰਮ ਕਰੇਗੀ

**ਫਰਿਜ਼ਨੋ, (ਧਾਲੀਆਂ/ ਮਾਛੀਕੇ/ ਪੰਜਾਬ ਮੇਲ)**- ਸਿੱਖ ਕੌਂਸਲ ਆਫ ਸੈਂਟਰਲ ਕੈਲੀਫੋਰਨੀਆ ਦੀ ਵਿਸ਼ੇਸ਼ ਮੀਟਿੰਗ ਸੈਂਟਰਲ ਵੈਲੀ, ਕੈਲੀਫੋਰਨੀਆ ਦੇ ਸਭ ਤੋਂ ਪੁਰਾਤਨ ਅਤੇ ਹੈਰੀਟੇਜ਼ ਦਰਜਾ ਪ੍ਰਾਪਤ ਗੁਰਦੁਆਰਾ ਗੁਰੂ ਨਾਨਕ ਸਿੱਖ ਟੈਂਪਲ ਸਨਵਾਕੀਨ ਵਿਖੇ ਹੋਈ। ਜਿੱਥੇ ਸੈਂਟਰਲ ਵੈਲੀ ਦੇ ਸਮੂਹ ਗੁਰੂ ਘਰਾਂ ਦੇ ਮੈਂਬਰਾਂ ਤੋਂ ਇਲਾਵਾ ਬੇ-ਏਰੀਏ ਤੋਂ ਵੀ ਸੰਗਤਾਂ ਨੇ ਹਾਜ਼ਰੀ ਭਰੀ। ਮੀਟਿੰਗ ਦੀ ਸ਼ੁਰੂਆਤ ਮੂਲ-ਮੰਤਰ ਪਾਠ ਦੇ ਜਾਪ ਨਾਲ ਕੀਤੀ ਗਈ। ਜਿਸ ਉਪਰੰਤ ਸਿੱਖ ਕੌਂਸਲ ਦੇ ਜਨਰਲ ਸਕੱਤਰ ਸੁਖਦੇਵ ਸਿੰਘ ਚੀਮਾ ਨੇ ਸਭ ਨੂੰ ਜੀ ਆਇਆਂ ਕਹਿੰਦੇ ਹੋਏ, ਮੀਟਿੰਗ ਦੇ ਏਜੰਡੇ ਤੋਂ ਜਾਣੂ ਕਰਵਾਇਆ। ਇਸੇ ਤਰ੍ਹਾਂ ਸਥਾਨਕ ਗੁਰੂਘਰਾਂ ਅਤੇ ਅਗਲੇ ਆਉਣ ਵਾਲੇ ਧਾਰਮਿਕ ਪ੍ਰੋਗਰਾਮਾਂ ਅਤੇ ਸਿੱਖ ਭਾਈਚਾਰੇ ਵੱਲੋਂ ਆਪਣੀ ਪਹਿਚਾਣ ਲਈ ਕੀਤੇ ਜਾਣ ਵਾਲੇ ਹੋਰ ਨਵੇਂ ਪ੍ਰੋਗਰਾਮਾਂ ਬਾਰੇ ਵਿਚਾਰਾਂ ਹੋਈਆਂ।



ਮੀਟਿੰਗ ਸਮੇਂ ਹਾਜ਼ਰ ਪਤਵੰਤੇ।

ਇਸ ਮੀਟਿੰਗ ਦੇ ਅਗਲੇ ਵਿਸ਼ੇਸ਼ ਪੜਾਅ ਵਿਚ ਹੋਈ ਗੱਲਬਾਤ ਦਾ ਵਿਸ਼ਾ ਰਿਹਾ ਕਿ ਸਿੱਖ ਕੌਂਸਲ ਵੱਲੋਂ ਕੈਲੀਫੋਰਨੀਆ ਵਿਚ ਸਿੱਖ ਮੋਟਰ ਸਾਈਕਲ ਰਾਈਡਰ ਲਈ ਦਸਤਾਰ ਸਜਾ ਕੇ ਮੋਟਰ-ਸਾਈਕਲ ਚਲਾਉਣ ਲਈ ਬਣਨ ਵਾਲੇ ਕਾਨੂੰਨ ਵਿਚ ਕਿਉਂ ਅਤੇ ਕੀ ਰੁਕਾਵਟਾਂ ਆਈਆਂ ਅਤੇ ਉਨ੍ਹਾਂ ਨੂੰ ਸੁਲਝਾਉਣ ਲਈ ਕੀ ਉਪਰਾਲੇ ਹੋਣੇ ਚਾਹੀਦੇ ਹਨ, ਜਿਸ ਵਿਚ ਸਭ ਹਾਜ਼ਰੀਨ ਨੇ ਆਪਣੀ-ਆਪਣੀ ਸਮਝ ਅਨੁਸਾਰ ਸਹਿਯੋਗ ਪਾਉਂਦੇ ਹੋਏ ਵਿਚਾਰਾਂ ਦੀ ਸਾਂਝ ਪਾਈ। ਅਜਿਹੇ ਸਿੱਖ ਭਾਈਚਾਰੇ ਦੇ ਮਸਲਿਆਂ ਬਾਰੇ ਸਮੂਹ ਸਿੱਖ ਜੱਥੇਬੰਦੀਆਂ ਅਤੇ ਗੁਰੂਘਰਾਂ ਦੇ ਪ੍ਰਬੰਧਕਾਂ ਨੇ ਸਾਂਝੇ ਤੌਰ 'ਤੇ ਸਿੱਖ ਕੌਂਸਲ ਨੂੰ ਅੱਗੇ ਹੋ ਭਾਈਚਾਰਕ ਮਸਲੇ ਸੁਲਝਾਉਣ, ਸਿੱਖੀ ਦੀ ਪਹਿਚਾਣ ਲਈ ਸਰਕਾਰੀ ਬਣਾਏ ਜਾ ਰਹੇ ਕਾਨੂੰਨਾਂ ਪ੍ਰਤੀ ਅੱਗੇ ਹੋ ਸਹੀ ਦਿਸ਼ਾ-ਨਿਰਦੇਸ਼ ਦੇਣ ਦੀ ਅਪੀਲ ਕੀਤੀ।

ਅੰਤ ਇਹ ਤਹਿ ਕੀਤਾ ਗਿਆ ਕਿ ਸਿੱਖ ਕੌਂਸਲ ਅੱਗੇ ਹੋ ਕੇ ਕੈਲੀਫੋਰਨੀਆ ਦੀਆਂ ਵੱਖ-ਵੱਖ ਜੱਥੇਬੰਦੀਆਂ ਦੇ ਸਹਿਯੋਗ ਨਾਲ ਸਿੱਖਾਂ ਦੀ ਪਹਿਚਾਣ ਅਤੇ ਹਿੱਤਾ ਦੀ ਰਾਖੇ ਲਈ ਨਵੇਂ ਕਾਨੂੰਨ ਬਣਾਉਣ ਵਿਚ ਹਰ ਸੰਭਵ ਯਤਨ ਕਰੇਗੀ। ਇੱਥੇ ਇਹ ਗੱਲ ਵਰਨਣਯੋਗ ਹੈ ਕਿ ਸਿੱਖ ਕੌਂਸਲ ਆਫ ਸੈਂਟਰਲ ਕੈਲੀਫੋਰਨੀਆ ਇਸ ਤੋਂ ਪਹਿਲਾਂ ਵੀ ਸਿੱਖ ਭਾਈਚਾਰੇ ਨਾਲ ਸੰਬੰਧਿਤ ਅਤੇ ਪੰਜਾਬੀ ਦੇ ਵਿਸ਼ੇ ਨੂੰ ਸਕੂਲਾਂ ਅਤੇ ਕਾਲਜਾਂ ਵਿਚ ਲਾਗੂ ਕਰਾਉਣ ਵਰਗੇ ਬਹੁਤ ਸ਼ਲਾਘਾਯੋਗ ਕੰਮ ਕਰਵਾ ਚੁੱਕੀ ਹੈ। ਸਿੱਖ ਕੌਂਸਲ ਦੀ ਹਮੇਸ਼ਾ ਕੋਸ਼ਿਸ਼ ਰਹੀ ਹੈ ਕਿ ਸਮੂਹ ਭਾਈਚਾਰੇ ਨੂੰ ਆਪਸੀ ਜੋੜ ਕੇ ਰੱਖਿਆ ਜਾਵੇ। ਇਸੇ ਅਧੀਨ ਸਭ ਹਾਜ਼ਰੀਨ ਦੀ ਸਹਿਮਤੀ ਨਾਲ ਇਹ ਤਹਿ ਕੀਤਾ ਗਿਆ ਕਿ ਸਿੱਖ ਕੌਂਸਲ ਮੋਟਰ-ਸਾਈਕਲ ਰਾਈਡਰਾਂ ਨੂੰ ਆਪਣੀ ਦਸਤਾਰ ਸਜਾ ਕੇ ਚਲਾਉਣ ਵਾਲੇ ਕਾਨੂੰਨ ਨੂੰ ਲੈ ਕੇ ਆਉਣ ਸਰਕਾਰੀ ਅਧਿਕਾਰੀਆਂ ਨਾਲ ਗੱਲਬਾਤ ਕਰੇਗੀ। ਮੀਟਿੰਗ ਦੇ ਅੰਤ ਵਿਚ ਸਭ ਦੇ ਸਹਿਯੋਗ ਅਤੇ ਚੰਗੇ ਸਾਰਥਕ ਨਤੀਜਿਆਂ ਦੀ ਆਸ

# ਮਿਸ਼ੀਗਨ ਦੇ ਹਾਈ ਸਕੂਲ 'ਚ ਨਾਬਾਲਗ ਵਿਦਿਆਰਥੀ ਵੱਲੋਂ ਕੀਤੀ ਗੋਲੀਬਾਰੀ ਦਾ ਮਾਮਲਾ

## ਗੰਨ ਨੂੰ ਸੰਭਾਲ ਕੇ ਰੱਖਣ ਦੀ ਜ਼ਿੰਮੇਵਾਰੀ ਮੇਰੇ ਪਤੀ ਦੀ ਸੀ; ਮਾਂ ਨੇ ਅਦਾਲਤ ਵਿਚ ਕਿਹਾ

**ਸੈਕਰਾਮੈਂਟੋ, (ਹੁਸਨ ਲੜਆ ਬੰਗਾ/ਪੰਜਾਬ ਮੇਲ)**- ਅਮਰੀਕਾ ਦੇ ਰਾਜ ਮਿਸ਼ੀਗਨ ਦੇ ਇਕ ਹਾਈ ਸਕੂਲ ਵਿਚ 2021 ਵਿਚ ਇਕ ਨਬਾਲਗ ਵਿਦਿਆਰਥੀ ਵੱਲੋਂ ਬਸਤੇ ਵਿਚ ਲੁਕੋ ਕੇ ਲਿਆਂਦੀ ਗੰਨ ਨਾਲ ਕੀਤੀ ਗੋਲੀਬਾਰੀ ਜਿਸ ਵਿਚ 4 ਵਿਦਿਆਰਥੀ ਮਾਰੇ ਗਏ ਸਨ ਤੇ 7 ਹੋਰ ਜ਼ਖਮੀ ਹੋ ਗਈ ਸਨ, ਦੇ ਮਾਮਲੇ ਵਿਚ ਆਪਣੇ ਵਿਰੁੱਧ ਚੱਲ ਰਹੇ ਮੁਕੱਦਮੇ ਵਿਚ ਬਿਆਨ ਦਿੰਦਿਆਂ ਮਾਂ ਜੈਨੀਫਰ ਕਰੁੰਬਲੇ ਨੇ ਕਿਹਾ ਕਿ ਪੁੱਤਰ ਦੀ ਗੰਨ ਨੂੰ ਸੰਭਾਲ ਕੇ ਰੱਖਣ ਦੀ ਜ਼ਿੰਮੇਵਾਰੀ ਮੇਰੇ ਪਤੀ ਦੀ ਸੀ। ਉਸ ਨੇ ਕਿਹਾ ਕਿ ਜਦੋਂ ਉਸ ਦਾ ਪਤੀ ਜੇਮਜ਼ ਕਰੁੰਬਲੇ ਤੇ ਪੁੱਤਰ 9 ਐੱਮ.ਐੱਮ. ਦੀ ਗੰਨ ਖਰੀਦ ਕੇ ਲਿਆਏ ਸਨ, ਤਾਂ ਉਹ ਖਰੀਦਦਾਰੀ ਕਰਨ ਲਈ ਘਰੋਂ ਬਾਹਰ ਗਈ ਹੋਈ ਸੀ। ਜੈਨੀਫਰ ਕਰੁੰਬਲੇ ਨੂੰ ਗੈਰ ਇਰਾਦਾ ਕਤਲਾਂ ਦੇ ਦੋਸ਼ਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਸ ਦੇ ਪਤੀ ਵਿਰੁੱਧ ਵੀ ਇਨ੍ਹਾਂ ਹੀ ਦੋਸ਼ਾਂ ਤਹਿਤ ਮਾਰਚ ਦੇ ਸ਼ੁਰੂ ਵਿਚ ਸੁਣਵਾਈ ਸ਼ੁਰੂ ਹੋਵੇਗੀ। ਇਥੇ ਜ਼ਿਕਰਯੋਗ ਹੈ ਕਿ ਕਰੁੰਬਲੇ ਜੋੜੇ ਦੇ ਜੇਲ ਵਿਚ ਬੰਦ ਪੁੱਤਰ ਏਥਾਨ ਗੋਲੀਬਾਰੀ ਕਰਨ ਸਮੇਂ 15 ਸਾਲ ਦਾ ਸੀ, ਉਸ ਨੂੰ ਪਿਛਲੇ ਸਾਲ ਬਿਨਾਂ ਪੈਰੋਲ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ।

# ਅਮਰੀਕਾ 'ਚ ਇਕ ਹੋਰ ਭਾਰਤੀ ਵਿਦਿਆਰਥੀ ਦੀ ਭੇਦਭਰੀ ਮੌਤ

**ਸੈਕਰਾਮੈਂਟੋ, (ਹੁਸਨ ਲੜਆ ਬੰਗਾ/ਪੰਜਾਬ ਮੇਲ)**- ਅਮਰੀਕਾ ਦੇ ਓਹਾਇਓ ਰਾਜ ਵਿਚ ਇਕ ਹੋਰ ਭਾਰਤੀ ਵਿਦਿਆਰਥੀ ਸ਼੍ਰੇਯਸ ਰੈਡੀ ਮ੍ਰਿਤਕ ਹਾਲਤ ਵਿਚ ਮਿਲਿਆ ਹੈ। ਇਕ ਹਫਤੇ 'ਚ ਇਹ ਤੀਸਰਾ ਭਾਰਤੀ ਵਿਦਿਆਰਥੀ ਹੈ, ਜਿਸ ਦੀ ਮ੍ਰਿਤਕ ਦੇਹ ਮਿਲੀ ਹੈ। ਅਜੇ ਤੱਕ ਮੌਤ ਦੇ ਕਾਰਨ ਦਾ ਪਤਾ ਨਹੀਂ ਲੱਗ ਸਕਿਆ। ਪ੍ਰਾਪਤ ਜਾਣਕਾਰੀ ਅਨੁਸਾਰ ਰੈਡੀ ਲਿੰਡਰ ਸਕੂਲ ਆਫ ਬਿਜ਼ਨਸ ਦਾ ਵਿਦਿਆਰਥੀ ਸੀ। ਇੰਡੀਅਨ ਕੌਂਸਲੇਟ ਨਿਊਯਾਰਕ ਨੇ ਘਟਨਾ ਉਪਰ ਅਫਸੋਸ ਪ੍ਰਗਟ ਕਰਦਿਆਂ ਕਿਹਾ ਹੈ ਕਿ ਉਹ ਪਰਿਵਾਰ ਦੇ ਸੰਪਰਕ ਵਿਚ ਹੈ। ਕੌਂਸਲੇਟ ਨੇ ਇਕ ਪੋਸਟ ਵਿਚ ਲਿਖਿਆ ਹੈ ਕਿ "ਓਹਾਇਓ ਵਿਚ ਭਾਰਤੀ ਵਿਦਿਆਰਥੀ ਸ਼੍ਰੇਯਸ ਰੈਡੀ ਬੇਨੀਗੇਰੀ ਦੀ ਬੇਵਕਤੀ ਮੌਤ ਉਪਰ



ਗਹਿਰਾ ਅਫਸੋਸ ਹੈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਕੌਂਸਲੇਟ ਨਿਰੰਤਰ ਪਰਿਵਾਰ ਦੇ ਸੰਪਰਕ ਵਿਚ ਹੈ ਤੇ ਪਰਿਵਾਰ ਨੂੰ ਹਰ ਸੰਭਵ ਸਹਾਇਤਾ ਦਿੱਤੀ ਜਾ ਰਹੀ ਹੈ।" ਇਥੇ ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਇਸੇ ਹਫਤੇ ਵਿਵੇਕ ਸੈਣੀ ਤੇ ਨੀਲ ਅਚਾਰੀਆ ਨਾਮੀ ਭਾਰਤੀ ਵਿਦਿਆਰਥੀਆਂ ਦੀ ਭੇਦਭਰੀ ਮੌਤ ਹੋ ਚੁੱਕੀ ਹੈ। ਸ਼੍ਰੇਯਸ ਰੈਡੀ ਦੀ ਮੌਤ ਵੀ ਅਜੇ ਤੱਕ ਇਕ ਭੇਦ ਬਣੀ ਹੋਈ ਹੈ।

# ਸਰਕਾਰੀ ਸਾਫਟਵੇਅਰ ਤੇ ਸੰਵੇਦਨਸ਼ੀਲ ਡਾਟਾਬੇਸ ਚੋਰੀ ਕਰਨ ਦੇ ਮਾਮਲੇ 'ਚ 2 ਭਾਰਤੀਆਂ ਨੂੰ ਸਜ਼ਾ

**ਸੈਕਰਾਮੈਂਟੋ, (ਹੁਸਨ ਲੜਆ ਬੰਗਾ/ਪੰਜਾਬ ਮੇਲ)**- ਇਕ ਅਦਾਲਤ ਵੱਲੋਂ ਯੂ.ਐੱਸ. ਸਰਕਾਰ ਦੀ ਮਾਲਕੀ ਵਾਲੇ ਸਾਫਟਵੇਅਰ ਤੇ ਲਾਅ ਇਨਫੋਰਸਮੈਂਟ ਦੇ ਸੰਵੇਦਨਸ਼ੀਲ ਡੈਟਾਬੇਸ ਚੋਰੀ ਕਰਨ ਦੇ ਮਾਮਲੇ ਵਿਚ ਨਿਭਾਈ ਭੂਮਿਕਾ ਲਈ 2 ਭਾਰਤੀ ਸਾਬਕਾ ਸੰਘੀ ਮੁਲਾਜ਼ਮਾਂ ਨੂੰ ਸਜ਼ਾ ਸੁਣਾਈ ਗਈ ਹੈ। ਭਾਰਤੀ ਸੋਨਲ ਪਟੇਲ (49) ਜੋ ਹੋਮਲੈਂਡ ਸਕਿਉਰਿਟੀ ਵਿਭਾਗ (ਡੀ.ਐੱਚ.ਐੱਸ.-ਓ.ਆਈ.ਜੀ.) ਦੇ ਇਨਫਾਰਮੇਸ਼ਨ ਟੈਕਨਾਲੋਜੀ ਵਿਭਾਗ ਵਿਚ ਨੌਕਰੀ ਕਰਦਾ ਸੀ, ਨੂੰ ਦੋ ਸਾਲ ਦੀ ਪ੍ਰੋਬੇਸ਼ਨ ਸਜ਼ਾ ਸੁਣਾਈ ਗਈ ਹੈ ਤੇ 40000 ਡਾਲਰ ਦਾ ਜੁਰਮਾਨਾ ਕੀਤਾ ਗਿਆ ਹੈ। ਇਕ ਸਾਲ ਉਸ ਨੂੰ ਘਰ ਵਿਚ ਕੈਦ ਰਹਿਣਾ ਪਵੇਗਾ। ਪਟੇਲ ਨੇ ਸਰਕਾਰੀ ਜਾਇਦਾਦ ਚੋਰੀ ਕਰਨ ਦਾ ਆਪਣਾ ਗੁਨਾਹ ਕਬੂਲ ਕਰ ਲਿਆ ਸੀ। ਦੂਸਰੇ ਭਾਰਤੀ ਮੁਰਾਲੀ ਵਾਈ ਵੈਂਕਟਾ (58) ਜੋ ਹੋਮਲੈਂਡ ਸਕਿਉਰਿਟੀ ਦੀ ਇਨਫਰਮੇਸ਼ਨ ਟੈਕਨਾਲੋਜੀ ਡਵੀਜ਼ਨ ਦਾ ਸਾਬਕਾ ਬਰਾਂਚ ਮੁਖੀ ਹੈ, ਨੂੰ 4 ਮਹੀਨੇ ਦੀ ਸਜ਼ਾ ਸੁਣਾਈ ਗਈ ਹੈ। ਰਿਹਾਈ ਉਪਰੰਤ 2 ਸਾਲ ਉਸ ਨੂੰ ਨਿਗਰਾਨੀ ਵਿਚ ਰੱਖਿਆ ਜਾਵੇਗਾ, ਜਿਸ ਦੌਰਾਨ 8 ਮਹੀਨੇ ਘਰ ਵਿਚ ਕੈਦ ਰਹਿਣਾ ਪਵੇਗਾ। ਇਸ ਤੋਂ ਇਲਾਵਾ 60 ਘੰਟੇ ਲੋਕ ਸੇਵਾ ਕਰਨੀ ਪਵੇਗੀ।




# ਕੈਨੇਡਾ 'ਚ 133 ਕਰੋੜ ਰੁਪਏ ਦੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਦੋਸ਼ 'ਚ 3 ਪੰਜਾਬੀ ਗ੍ਰਿਫ਼ਤਾਰ

**ਟੋਰਾਂਟੋ, (ਪੰਜਾਬ ਮੇਲ)**- ਕੈਨੇਡਾ 'ਚ ਭਾਰਤੀ ਮੂਲ ਦੇ ਤਿੰਨ ਪੰਜਾਬੀ ਵਿਅਕਤੀਆਂ ਨੂੰ ਨਸ਼ਾ ਤਸਕਰੀ ਦੇ ਦੋਸ਼ 'ਚ ਗ੍ਰਿਫਤਾਰ ਕੀਤਾ ਗਿਆ ਹੈ। ਇਨ੍ਹਾਂ ਤਿੰਨਾਂ 'ਤੇ 133 ਕਰੋੜ ਰੁਪਏ ਦੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਦਾ ਦੋਸ਼ ਹੈ। ਇਹ ਲੋਕ ਮੈਕਸੀਕੋ ਤੋਂ ਡਰੱਗਜ਼ ਖਰੀਦ ਕੇ ਕੈਨੇਡਾ ਅਤੇ ਅਮਰੀਕਾ ਪਹੁੰਚਾਉਂਦੇ ਸਨ। ਜਾਣਕਾਰੀ ਮੁਤਾਬਕ ਕੈਨੇਡਾ ਦੀ ਪੁਲਿਸ ਅਤੇ ਅਮਰੀਕਾ ਦੀ ਜਾਂਚ ਏਜੰਸੀ ਐੱਫ.ਬੀ.ਆਈ. ਨਸ਼ਾ ਤਸਕਰਾਂ ਨੂੰ ਫੜਨ ਲਈ 'ਡੈੱਡ ਹੈਂਡ ਆਪਰੇਸ਼ਨ' ਚਲਾ ਰਹੀ ਹੈ। ਇਸ ਤਹਿਤ ਆਯੂਸ਼ ਸ਼ਰਮਾ, ਗੁਰਅਮ੍ਰਿਤ ਸਿੱਧੂ ਅਤੇ ਸ਼ੁਭਮ ਕੁਮਾਰ ਨੂੰ 2 ਜਨਵਰੀ ਨੂੰ ਕੈਨੇਡਾ 'ਚ ਗ੍ਰਿਫਤਾਰ ਕੀਤਾ ਗਿਆ ਸੀ। ਹੁਣ ਉਨ੍ਹਾਂ ਨੂੰ ਅਮਰੀਕਾ ਹਵਾਲੇ ਕੀਤਾ ਜਾਵੇਗਾ।



ਇਸ ਮਾਮਲੇ ਦੀ ਜਾਣਕਾਰੀ ਦਿੰਦੇ ਹੋਏ ਅਮਰੀਕੀ ਵਕੀਲ ਮਾਰਟਿਨ ਐਸਟਰਾਡਾ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਸਾਰੇ ਲੋਕ ਡਰੱਗ ਤਸਕਰੀ ਰੈਕੇਟ ਨਾਲ ਜੁੜੇ ਹੋਏ ਹਨ। ਉਹ ਮੈਕਸੀਕਨ ਡੀਲਰਾਂ ਤੋਂ ਨਸ਼ੇ ਖਰੀਦਦੇ ਸਨ। ਅਮਰੀਕਾ ਦੇ ਲਾਸ ਏਂਜਲਸ ਸਥਿਤ ਡਿਸਟ੍ਰੀਬਿਊਟਰ ਅਤੇ ਬ੍ਰੋਕਰ ਇਸ ਨੂੰ ਕੈਨੇਡੀਅਨ ਟਰੱਕ ਡਰਾਈਵਰਾਂ ਤੱਕ ਪਹੁੰਚਾਉਂਦੇ ਸਨ। ਇਸ ਤਰ੍ਹਾਂ ਕੈਨੇਡਾ ਅਤੇ ਅਮਰੀਕਾ ਵਿਚ ਮੈਕਸੀਕਨ ਨਸ਼ੇ ਵੇਚੇ ਜਾ ਰਹੇ ਸਨ।

ਜਾਣਕਾਰੀ ਅਨੁਸਾਰ 25 ਸਾਲਾ ਆਯੂਸ਼ ਅਤੇ 29 ਸਾਲਾ ਸ਼ੁਭਮ ਕੈਨੇਡਾ ਵਿਚ ਟਰੱਕ ਡਰਾਈਵਰ ਸਨ। ਉਹ ਮੈਕਸੀਕੋ ਤੋਂ ਕੈਨੇਡਾ ਰਾਹੀਂ ਅਮਰੀਕਾ ਆ ਕੇ ਨਸ਼ੇ ਵੇਚਦੇ ਸਨ। ਜਦੋਂਕਿ 60 ਸਾਲਾ ਗੁਰਅੰਮ੍ਰਿਤ ਮੈਕਸੀਕੋ ਤੋਂ ਨਸ਼ਾ ਖਰੀਦਦਾ ਸੀ। ਨਸ਼ਿਆਂ ਦੀ ਸਮੁੱਚੀ ਢੋਆ-ਢੁਆਈ ਗੁਰਅੰਮ੍ਰਿਤ ਦੀ ਨਿਗਰਾਨੀ ਹੇਠ ਹੁੰਦੀ ਸੀ। ਉਹ 'ਬਾਦਸ਼ਾਹ' ਵਜੋਂ ਜਾਣਿਆ ਜਾਂਦਾ ਸੀ। ਗ੍ਰਿਫ਼ਤਾਰੀ ਦੌਰਾਨ ਪੁਲਿਸ ਨੇ ਭਾਰਤੀ ਮੂਲ ਦੇ ਤਿੰਨ ਵਿਅਕਤੀਆਂ ਕੋਲੋਂ 9 ਲੱਖ 40 ਹਜ਼ਾਰ ਰੁਪਏ ਦੀ ਨਕਦੀ ਬਰਾਮਦ ਕੀਤੀ ਹੈ। ਇਸ ਤੋਂ ਇਲਾਵਾ 70 ਕਿਲੋ ਕੋਕੀਨ ਅਤੇ 4 ਕਿਲੋ ਹੈਰੋਇਨ ਬਰਾਮਦ ਕੀਤੀ ਗਈ ਹੈ। ਤੁਹਾਨੂੰ ਦੱਸ ਦੇਈਏ ਕਿ 31 ਜਨਵਰੀ ਨੂੰ ਬ੍ਰਿਟੇਨ ਦੀ ਇਕ ਅਦਾਲਤ ਨੇ ਇਕ ਭਾਰਤੀ ਜੋੜੇ ਨੂੰ 33 ਸਾਲ ਦੀ ਸਜ਼ਾ ਸੁਣਾਈ ਸੀ। ਇਸ ਜੋੜੇ 'ਤੇ ਨਸ਼ਾ ਤਸਕਰੀ ਦਾ ਦੋਸ਼ ਸੀ।

## ਇਰਾਦਾ ਕਤਲ ਦੇ ਮਾਮਲੇ 'ਚ ਹਿਰਾਸਤ 'ਚੋਂ ਭੱਜਾ ਨਬਾਲਗ ਮਾਪਿਆਂ ਨੇ ਕੀਤਾ ਪੁਲਿਸ ਹਵਾਲੇ

**ਸੈਕਰਾਮੈਂਟੋ, (ਹੁਸਨ ਲੜੋਆ ਬੰਗਾ/ਪੰਜਾਬ ਮੇਲ)**- ਫਰੈਂਕਲਿਨ, ਲੂਇਸਿਆਨਾ ਵਿਚ ਇਰਾਦਾ ਕਤਲ ਦੇ ਮਾਮਲੇ 'ਚ ਜੇਲ੍ਹ ਵਿਚ ਬੰਦ 17 ਸਾਲਾ ਨਬਾਲਗ ਕਿਮੀ ਡੌਂਟੇਨ ਜੂਨੀਅਰ ਜੋ ਪੁਲਿਸ ਅਫਸਰਾਂ ਨੂੰ ਝਕਾਨੀ ਦੇ ਕੇ ਫਰਾਰ ਹੋ ਗਿਆ ਸੀ, ਨੂੰ ਉਸ ਦੇ ਮਾਤਾ-ਪਿਤਾ ਵੱਲੋਂ ਮੁੜ ਪੁਲਿਸ ਦੇ ਹਵਾਲੇ ਕਰ ਦੇਣ ਦੀ ਖਬਰ ਹੈ। ਮੈਰੀ ਪੈਰਿਸ਼ ਸ਼ੈਰਿਫ ਦਫਤਰ ਅਨੁਸਾਰ ਓਰਲੀਨਜ਼ ਪੈਰਿਸ਼ ਵਾਸੀ ਜੂਨੀਅਰ ਫਰੈਂਕਲਿਨ ਵਿਚ ਉਸ ਵੇਲੇ ਹਿਰਾਸਤ ਵਿਚੋਂ ਫਰਾਰ ਹੋ ਗਿਆ ਸੀ, ਜਦੋਂ ਉਸ ਨੂੰ ਬਾਹਰ ਸੈਰ ਲਈ ਲਿਜਾਇਆ ਜਾ ਰਿਹਾ ਸੀ। ਜੁਵੇਨਾਈਲ ਜਸਟਿਸ ਦੇ ਦਫਤਰ ਵੱਲੋਂ ਜਾਰੀ ਪ੍ਰੈੱਸ ਬਿਆਨ ਅਨੁਸਾਰ ਫਰਾਰ ਹੋਏ ਜੂਨੀਅਰ ਦੇ ਮਾਪਿਆਂ ਨੇ ਉਸ ਨੂੰ ਮੁੜ ਲੂਇਸਿਆਨਾ ਸਟੇਟ ਪੁਲਿਸ ਦੇ ਹਵਾਲੇ ਕਰ ਦਿੱਤਾ ਹੈ।

# ਕੈਲੀਫੋਰਨੀਆ 'ਚ ਭਾਰੀ ਤੂਫਾਨ, ਮੀਂਹ ਤੇ ਹੜ੍ਹ ਵਰਗੇ ਹਾਲਾਤ ਦੇ ਮੱਦੇਨਜ਼ਰ ਹੰਗਾਮੀ ਹਾਲਤ ਦਾ ਐਲਾਨ



ਨਿਊਜਰਸੀ ਵਿਚ ਆਏ ਹੜ੍ਹ ਦੇ ਪਾਣੀ ਵਿਚੋਂ ਲੰਘ ਰਿਹਾ ਇਕ ਵਿਅਕਤੀ।

**ਸੈਕਰਾਮੈਂਟੋ, (ਹੁਸਨ ਲੜੋਆ ਬੰਗਾ/ਪੰਜਾਬ ਮੇਲ)**- ਕੈਲੀਫੋਰਨੀਆ 'ਚ ਸ਼ਕਤੀਸ਼ਾਲੀ ਤੂਫਾਨ ਤੇ ਮੀਂਹ ਕਾਰਨ ਆਮ ਲੋਕਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਤਕਰੀਬਨ 4 ਲੱਖ ਤੋਂ ਵਧ ਘਰਾਂ ਤੇ ਕਾਰੋਬਾਰੀ ਅਦਾਰਿਆਂ ਵਿਚ ਬਿਜਲੀ ਸਪਲਾਈ ਠੱਪ ਹੋ ਗਈ ਹੈ, ਜਿਸ ਨੂੰ ਬਹਾਲ ਕਰਨ ਲਈ ਖਰਾਬ ਮੌਸਮ ਕਾਰਨ ਕਾਮਿਆਂ ਨੂੰ ਭਾਰੀ ਮੁਸ਼ੱਕਤ ਕਰਨੀ ਪੈ ਰਹੀ ਹੈ। ਤੂਫਾਨ ਕਾਰਨ ਹੌਲੀਵੁੱਡ ਹਿਲਜ਼ ਤੇ ਬੈਵਰਲੀ ਹਿਲਜ਼ ਸਮੇਤ ਲਾਸ ਏਂਜਲਸ ਖੇਤਰ 'ਚ 14 ਲੱਖ ਲੋਕਾਂ ਨੂੰ ਫਲੈਸ਼ ਫਲੱਡ ਦੀ ਚਿਤਾਵਨੀ ਦਿੱਤੀ ਗਈ ਹੈ। ਮੇਅਰ ਕਾਰੇਨ ਬਾਸ ਨੇ ਲਾਸ ਏਂਜਲਸ ਲਈ ਸਥਾਨਕ ਹੰਗਾਮੀ ਸਥਿਤੀ ਦਾ ਐਲਾਨ ਕੀਤਾ ਹੈ। ਮੌਸਮ ਸੇਵਾ ਅਨੁਸਾਰ ਕੁਝ ਖੇਤਰਾਂ ਵਿਚ 5 ਤੋਂ 8 ਇੰਚ ਹੋਰ ਬਾਰਿਸ਼ ਹੋਣ ਦੀ ਭਵਿੱਖਬਾਣੀ ਕੀਤੀ ਗਈ ਹੈ। ਇਸ ਤਰ੍ਹਾਂ ਕੁਲ ਮਿਲਾ ਕੇ 48 ਘੰਟਿਆਂ ਦੌਰਾਨ 14 ਇੰਚ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਖਰਾਬ ਮੌਸਮ ਕਾਰਨ ਬਣੇ ਹਾਲਾਤ ਦੇ ਮੱਦੇਨਜਰ ਦੱਖਣੀ ਕੈਲੀਫੋਰਨੀਆ ਦੀਆਂ 8 ਕਾਊਂਟੀਆਂ ਵਿਚ ਹੰਗਾਮੀ ਸਥਿਤੀ ਦਾ ਐਲਾਨ ਕੀਤਾ ਜਾ ਚੁੱਕਾ ਹੈ। ਨਿਊਜਰਸੀ ਸਮੇਤ ਕਈ ਖੇਤਰਾਂ ਵਿਚ ਹੜ੍ਹ ਵਰਗੇ ਹਾਲਾਤ ਬਣ ਗਏ ਹਨ। ਕਈ ਕਈ ਫੁੱਟ ਪਾਣੀ ਸੜਕਾਂ ਉਪਰ ਫਿਰ ਰਿਹਾ ਹੈ।

# ਅਮਰੀਕਾ ਵੱਲੋਂ ਵਿਦੇਸ਼ੀ ਵਿਅਕਤੀਆਂ 'ਤੇ ਵੀਜ਼ਾ ਪਾਬੰਦੀਆਂ ਲਗਾਉਣ ਦੀ ਤਿਆਰੀ!

- **ਵਪਾਰਕ ਸਪਾਈਵੇਅਰ ਦੀ ਦੁਰਵਰਤੋਂ ਕਰਨ ਵਾਲੇ 'ਤੇ ਲਾਗੂ ਹੋਵੇਗੀ ਪਾਬੰਦੀ**
- **ਅਮਰੀਕਾ ਨੇ ਵਪਾਰਕ ਸਪਾਈਵੇਅਰ ਦੀ ਵੱਧ ਰਹੀ ਦੁਰਵਰਤੋਂ ਤੋਂ ਜਤਾਈ ਚਿੰਤਾ**

**ਵਾਸ਼ਿੰਗਟਨ, (ਪੰਜਾਬ ਮੇਲ)**- ਬਾਇਡਨ ਪ੍ਰਸ਼ਾਸਨ ਨੇ ਐਲਾਨ ਕੀਤਾ ਹੈ ਕਿ ਉਹ ਇਕ ਨਵੀਂ ਨੀਤੀ ਲੈ ਕੇ ਆਵੇਗਾ, ਜਿਸ ਤਹਿਤ ਵਪਾਰਕ 'ਸਪਾਈਵੇਅਰ' ਦੀ ਦੁਰਵਰਤੋਂ ਵਿਚ ਸ਼ਾਮਲ ਵਿਦੇਸ਼ੀ ਵਿਅਕਤੀਆਂ 'ਤੇ ਵੀਜ਼ਾ ਪਾਬੰਦੀਆਂ ਲਗਾਈਆਂ ਜਾਣਗੀਆਂ। ਪ੍ਰਸ਼ਾਸਨ ਦੀ ਨੀਤੀ ਉਨ੍ਹਾਂ ਲੋਕਾਂ 'ਤੇ ਲਾਗੂ ਹੋਵੇਗੀ ਜੋ ਪੱਤਰਕਾਰਾਂ, ਕਾਰਕੁਨਾਂ, ਕਥਿਤ ਅਸੰਤੁਸ਼ਟਾਂ, ਹਾਸ਼ੀਏ 'ਤੇ ਰਹਿ ਰਹੇ ਭਾਈਚਾਰਿਆਂ ਦੇ ਮੈਂਬਰਾਂ ਜਾਂ ਉਨ੍ਹਾਂ ਲੋਕਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਨਿਸ਼ਾਨਾ ਬਣਾਉਣ ਲਈ ਵਪਾਰਕ 'ਸਪਾਈਵੇਅਰ' ਦੀ ਦੁਰਵਰਤੋਂ ਵਿਚ ਸ਼ਾਮਲ ਰਹੇ ਹਨ, ਜਿਨ੍ਹਾਂ 'ਤੇ ਜਾਸੂਸੀ ਜ਼ਰੀਏ ਨਜ਼ਰ ਰੱਖੀ ਗਈ। ਅਧਿਕਾਰੀਆਂ ਨੇ ਕਿਹਾ ਕਿ ਵੀਜ਼ਾ ਪਾਬੰਦੀ ਉਨ੍ਹਾਂ ਲੋਕਾਂ 'ਤੇ ਵੀ ਲਾਗੂ ਹੋ ਸਕਦੀ ਹੈ, ਜੋ ਵਪਾਰਕ ਸਪਾਈਵੇਅਰ ਦੀ ਦੁਰਵਰਤੋਂ ਨੂੰ ਉਤਸ਼ਾਹਤ ਕਰਦੇ ਹਨ ਜਾਂ ਉਸ ਨਾਲ ਵਿੱਤੀ ਲਾਭ ਪ੍ਰਾਪਤ ਕਰਦੇ ਹਨ। ਨਵੀਂ ਨੀਤੀ ਦੀ ਘੋਸ਼ਣਾ ਕਰਦੇ ਹੋਏ ਇੱਕ ਬਿਆਨ ਵਿਚ ਵਿਦੇਸ਼ ਸਕੱਤਰ ਐਂਟਨੀ ਬਲਿੰਕਨ ਨੇ ਕਿਹਾ, "ਅਮਰੀਕਾ ਦਮਨ ਨੂੰ ਉਤਸ਼ਾਹਿਤ ਕਰਨ, ਸੂਚਨਾ ਦੇ ਸੁਤੰਤਰ ਪ੍ਰਵਾਹ ਨੂੰ ਸੀਮਤ ਕਰਨ ਅਤੇ ਮਨੁੱਖੀ ਅਧਿਕਾਰਾਂ ਦੀ ਦੁਰਵਰਤੋਂ ਲਈ ਦੁਨੀਆਂ ਭਰ ਵਿਚ ਵਪਾਰਕ ਸਪਾਈਵੇਅਰ ਦੀ ਵੱਧ ਰਹੀ ਦੁਰਵਰਤੋਂ ਤੋਂ ਚਿੰਤਤ ਹੈ।" ਉਨ੍ਹਾਂ ਕਿਹਾ, "ਵਪਾਰਕ ਸਪਾਈਵੇਅਰ ਦੀ ਦੁਰਵਰਤੋਂ ਨਾਲ ਗੋਪਨੀਯਤਾ ਅਤੇ ਪ੍ਰਗਟਾਵੇ ਦੀ ਆਜ਼ਾਦੀ, ਸ਼ਾਂਤਮਈ ਇਕੱਠ ਅਤੇ ਸਭਾ ਕਰਨ 'ਤੇ ਖ਼ਤਰਾ ਰਹਿੰਦਾ ਹੈ। ਜਾਸੂਸੀ ਜ਼ਰੀਏ ਇਸ ਤਰ੍ਹਾਂ ਨਿਗਰਾਨੀ ਰੱਖ ਕੇ ਬੇਹੱਦ ਗੰਭੀਰ ਮਾਮਲਿਆਂ ਵਿਚ ਮਨਮਾਨੇ ਢੰਗ ਨਾਲ ਵਿਅਕਤੀ ਨੂੰ ਹਿਰਾਸਤ ਵਿਚ ਲੈਣਾ, ਅਗਵਾ ਅਤੇ ਗੈਰ-ਨਿਆਇਕ ਹੱਤਿਆਵਾਂ ਸ਼ਾਮਲ ਹਨ।'


TAKHAR URGENT CARE & Family Medicine



Paramjit S. Takhar, M.D.
Board Certified Family Medicine

Originally from Shankar/Nakodar/Jalandhar
Extensive experience in Family Practice and Primary Care Over 25 years of Family Medicine experience with Kaiser Permanente

Designed By Punjab Mail USA

Onsite Services



EKG (Electrocardiogram), Blood Work, Pregnancy Test, Urine Analysis, TB Testing, Ear Irrigation, In-grown Toe Nail Removal

$100 First Office Visit
2nd Visit is ONLY $75
By appointment only. Please mention offer when scheduling appointment. Must present coupon at time of visit. Expires 12/31/17

www.takharfamilymedicine.com

- Men's & Women's Health
- Adult Physicals with Labs Drawn on Premises
- Well Woman Exams Including PAP Smears
- Pregnancy Testing
- School /College / Camp Physicals
- Diabetes & Diabetic Foot Care
- High Cholesterol
- Hypertension
- Heart Disease
- Headaches
- Thyroid Problems
- Asthma & Allergies
- Upper Respiratory Infections
- Urinary Tract Infection
- Sexual Dysfuntion
- Back & Neck Pain
- Immigration Physical
- Pre-Employment Physical
- DOT /Non-DOT Physicals
- Breath Alcohol Testing

We Speak : English, Hindi, Punjabi, Farsi & Spanish

916-688-8888
8191 Timberlake Way #400
Sacramento, CA 95823

We Accept Medicare, Medical & Cash Pay



# ਜਥੇਦਾਰ ਕਾਉਂਕੇ ਕਤਲ ਮਾਮਲਾ; ਹਾਈ ਕੋਰਟ ਵੱਲੋਂ ਪੰਜਾਬ ਸਰਕਾਰ ਤੇ ਸਬੰਧਤ ਤਤਕਾਲੀ ਪੁਲਿਸ ਅਧਿਕਾਰੀਆਂ ਨੂੰ ਨੋਟਿਸ ਜਾਰੀ



**ਅੰਮ੍ਰਿਤਸਰ, (ਪੰਜਾਬ ਮੇਲ)-** ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਜਥੇਦਾਰ ਗੁਰਦੇਵ ਸਿੰਘ ਕਾਉਂਕੇ ਦੇ ਕਤਲ ਮਾਮਲੇ ਵਿਚ ਪੰਜਾਬ ਪੁਲਿਸ ਦੇ ਸਬੰਧਤ ਤਤਕਾਲੀ ਅਧਿਕਾਰੀਆਂ ਅਤੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰਕੇ 9 ਅਪ੍ਰੈਲ, 2024 ਨੂੰ ਅਗਲੀ ਸੁਣਵਾਈ ਤੈਅ ਕੀਤੀ ਹੈ। ਮਾਨਯੋਗ ਉੱਚ ਅਦਾਲਤ ਵਿਚ ਜਥੇਦਾਰ ਕਾਉਂਕੇ ਦੇ ਪਰਿਵਾਰ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਇਹ ਪਟੀਸ਼ਨ ਸੀਨੀਅਰ ਐਡਵੋਕੇਟ ਪੂਰਨ ਸਿੰਘ ਹੁੰਦਲ ਰਾਹੀਂ ਦਾਇਰ ਕੀਤੀ ਗਈ ਸੀ।

ਇਸ ਬਾਰੇ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਅਤੇ ਕਾਨੂੰਨੀ ਵਿੰਗ ਦੇ ਮੁਖੀ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਦੱਸਿਆ ਕਿ ਜਥੇਦਾਰ ਗੁਰਦੇਵ ਸਿੰਘ ਕਾਉਂਕੇ ਦੇ ਕਤਲ ਸਬੰਧੀ ਸਾਬਕਾ ਆਈ.ਪੀ.ਐੱਸ. ਬੀ.ਪੀ. ਤਿਵਾੜੀ ਦੀ ਰਿਪੋਰਟ ਸਾਹਮਣੇ ਆਉਣ ਮਗਰੋਂ ਮਾਨਯੋਗ ਉੱਚ ਅਦਾਲਤ ਵਿਚ ਪਾਈ ਪਟੀਸ਼ਨ ’ਤੇ ਅਹਿਮ ਸੁਣਵਾਈ ਹੋਈ ਹੈ, ਜਿਸ ਤਹਿਤ ਪੰਜਾਬ ਸਰਕਾਰ ਅਤੇ ਸਬੰਧਤ ਪੁਲਿਸ ਅਧਿਕਾਰੀਆਂ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿਚ ਤਤਕਾਲੀ ਪੁਲਿਸ ਅਫ਼ਸਰਾਂ ਵੱਲੋਂ ਮਾਨਯੋਗ ਉੱਚ ਅਦਾਲਤ ਅੰਦਰ ਉਸ ਸਮੇਂ ਗਲਤ ਹਲਫਨਾਮੇ ਦਾਇਰ ਕਰਕੇ ਇਹ ਕਿਹਾ ਗਿਆ ਸੀ ਕਿ ਜਥੇਦਾਰ ਕਾਉਂਕੇ ਪੁਲਿਸ ਹਿਰਾਸਤ ਵਿਚ ਨਹੀਂ ਹਨ। ਇਸ ਨੂੰ ਚੁਣੌਤੀ ਦਿੰਦਿਆਂ ਜਥੇਦਾਰ ਕਾਉਂਕੇ ਦੇ ਪਰਿਵਾਰ ਰਾਹੀਂ ਪਾਈ ਪਟੀਸ਼ਨ ’ਤੇ ਉੱਚ ਅਦਾਲਤ ਨੇ ਮਾਮਲੇ ’ਤੇ ਸੁਣਵਾਈ ਸ਼ੁਰੂ ਕਰਦਿਆਂ ਨੋਟਿਸ ਜਾਰੀ ਕੀਤੇ ਹਨ।

## ਚੰਡੀਗੜ੍ਹ ਮੇਅਰ ਚੋਣਾਂ: ਸੁਪਰੀਮ ਕੋਰਟ ਵੱਲੋਂ ਬੈਲਟ ਪੇਪਰ ਤੇ ਵੀਡੀਓ ਰਿਕਾਰਡਿੰਗ ਸੁਰੱਖਿਅਤ ਰੱਖਣ ਦੇ ਆਦੇਸ਼

**ਨਵੀਂ ਦਿੱਲੀ, (ਪੰਜਾਬ ਮੇਲ)-** ਚੰਡੀਗੜ੍ਹ ਮੇਅਰ ਚੋਣਾਂ ਦੇ ਮਾਮਲੇ ’ਤੇ ਸੁਪਰੀਮ ਕੋਰਟ ਨੇ ਸੋਮਵਾਰ ਨੂੰ ਚੰਡੀਗੜ੍ਹ ਪ੍ਰਸ਼ਾਸਨ ਨੂੰ ਹੁਕਮ ਦਿੱਤਾ ਹੈ ਕਿ ਬੈਲਟ ਪੇਪਰ ਅਤੇ ਚੋਣ ਪ੍ਰਕਿਰਿਆ ਦੀ ਵੀਡੀਓ ਨੂੰ ਸੁਰੱਖਿਅਤ ਰੱਖਿਆ ਜਾਵੇ। ਆਮ ਆਦਮੀ ਪਾਰਟੀ (ਆਪ) ਦੇ ਕੌਂਸਲਰ ਵੱਲੋਂ ਦਾਇਰ ਪਟੀਸ਼ਨ ਦਾ ਨੋਟਿਸ ਲੈਂਦਿਆਂ ਅਦਾਲਤ ਨੇ ਨਗਰ ਨਿਗਮ ਸਮੇਤ ਚੰਡੀਗੜ੍ਹ ਦੇ ਅਧਿਕਾਰੀਆਂ ਨੂੰ ਨੋਟਿਸ ਜਾਰੀ ਕੀਤੇ ਹਨ। ਚੀਫ਼ ਜਸਟਿਸ ਡੀ.ਵਾਈ. ਚੰਦਰਚੂੜ, ਜਸਟਿਸ ਜੇ.ਬੀ. ਪਾਰਦੀਵਾਲਾ ਅਤੇ ਮਨੋਜ ਮਿਸ਼ਰਾ ਦੀ ਬੈਂਚ ਨੇ ਚੋਣ ਪ੍ਰਕਿਰਿਆ ਦੀ ਵੀਡੀਓ ਦੇਖਣ ਤੋਂ ਬਾਅਦ ਨਾਰਾਜ਼ਗੀ ਜ਼ਾਹਿਰ ਕੀਤੀ। ਬੈਂਚ ਨੇ ਬੈਲਟ ਪੇਪਰ ਅਤੇ ਕਾਰਵਾਈ ਦੀ ਵੀਡੀਓ ਰਿਕਾਰਡਿੰਗ ਨੂੰ ਸੁਰੱਖਿਅਤ ਰੱਖਣ ਦਾ ਹੁਕਮ ਦਿੱਤਾ ਹੈ।

# ਪਰਵਾਸੀ ਪੰਜਾਬੀਆਂ ਨੇ ਪੰਜਾਬ ’ਚ ਵੱਡੇ ਪੱਧਰ ’ਤੇ ਨਿਵੇਸ ’ਚ ਦਿਖਾਈ ਦਿਲਚਸਪੀ

**ਪਰਵਾਸ ਨੂੰ ਪੁੱਠਾ ਗੇੜ ਆਉਣ ਤੋਂ ਬਾਗੋ-ਬਾਗ ਨਜ਼ਰ ਆਏ ਐੱਨ.ਆਰ.ਆਈਜ਼**

**ਚਮਰੋੜ ਪੱਤਣ (ਪਠਾਨਕੋਟ), (ਪੰਜਾਬ)-** ਪੰਜਾਬ ਸਰਕਾਰ ਵੱਲੋਂ ਕਰਵਾਈ ਗਈ ਐੱਨ.ਆਰ.ਆਈ. ਮਿਲਣੀ ਦੌਰਾਨ ਪਰਵਾਸੀ ਭਾਰਤੀਆਂ ਨੇ ਸੂਬੇ ਵਿਚ ਨਿਵੇਸ਼ ਲਿਆਉਣ ਲਈ ਹੋ ਰਹੀਆਂ ਸੰਗਠਿਤ ਕੋਸ਼ਿਸਾਂ ਦੀ ਸ਼ਲਾਘਾ ਕੀਤੀ।

ਫਰਾਂਸ ਵਿਚ ਪਿਛਲੇ 28 ਸਾਲ ਤੋਂ ਵਸੇ ਟਾਂਡਾ ਦੇ ਦਲਵਿੰਦਰ ਸਿੰਘ ਨੇ ਕਿਹਾ ਕਿ ਉਹ ਟਾਂਡਾ ਵਿਚ ਯੂਨੀਵਰਸਿਟੀ ਬਣਾਉਣਾ ਚਾਹੁੰਦੇ ਹਨ, ਕਿਉਂਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਪੰਜਾਬ ਦੀ ਨੁਹਾਰ ਬਦਲ ਦਿੱਤੀ ਹੈ ਅਤੇ ਉਨ੍ਹਾਂ ਨੂੰ ਆਸ ਹੈ ਕਿ ਪੰਜਾਬ ਵਿਚ ਪਰਵਾਸ ਨੂੰ ਪੁੱਠਾ ਗੇੜ ਸ਼ੁਰੂ ਹੋ ਗਿਆ ਹੈ। ਦਲਵਿੰਦਰ ਸਿੰਘ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀਆਂ ਕੋਸ਼ਿਸ਼ਾਂ ਸਦਕਾ ਐੱਨ.ਆਰ.ਆਈਜ਼ ਦਾ ਸਰਕਾਰ ਪ੍ਰਤੀ ਭਰੋਸਾ ਮਜ਼ਬੂਤ ਹੋਇਆ ਹੈ। ਉਨ੍ਹਾਂ ਕਿਹਾ ਕਿ ਆਪਣੇ ਪਿੰਡਾਂ ਦੀ ਮਜ਼ਬੂਤੀ ਲਈ ਵੀ ਐੱਨ.ਆਰ.ਆਈਜ਼ ਪੰਜਾਬ ਸਰਕਾਰ ਨੂੰ ਹਰ ਯੋਗ ਸਹਾਇਤਾ ਦੇਣ ਲਈ ਵਚਨਬੱਧ ਹਨ।

ਅਮਰੀਕਾ ਦੇ ਨਿਊਯਾਰਕ ਵਿਚ ਵਸੇ ਮੁਕੇਰੀਆਂ ਦੇ ਸੇਵਾ ਸਿੰਘ ਨੇ ਕਿਹਾ ਕਿ ਐੱਨ.ਆਰ.ਆਈਜ਼ ਨੂੰ ਲੈ ਕੇ ਪੰਜਾਬ ਸਰਕਾਰ ਬਹੁਤ ਗੰਭੀਰਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵਿਦੇਸ਼ ਵਿਚ ਵਸੇ ਉਨ੍ਹਾਂ ਦੇ ਬੱਚੇ ਅਕਸਰ ਪੰਜਾਬ ਆਉਂਦੇ ਹਨ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕੰਮਕਾਜ ਅਤੇ ਐੱਨ.ਆਰ.ਆਈਜ਼ ਲਈ ਕੀਤੇ ਜਾ ਰਹੇ ਉਪਰਾਲਿਆਂ ਤੋਂ ਬਹੁਤ ਖੁਸ਼ ਹਨ।

ਸਮਾਗਮ ਵਿਚ ਲੰਡਨ ਦੇ ਵਸਨੀਕ ਸਤਵਿੰਦਰ ਸਿੰਘ ਸੱਗੂ ਵਿਸੇਸ਼ ਤੌਰ ’ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਨ ਪਹੁੰਚੇ। ਸ. ਸੱਗੂ ਮੂਲ ਤੌਰ ’ਤੇ ਜਲੰਧਰ ਦੇ ਰਹਿਣ ਵਾਲੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੇ ਐੱਨ.ਆਰ.ਆਈਜ਼ ਲਈ ਜੋ ਸੁਖਾਲਾ ਮਾਹੌਲ ਬਣਾਇਆ ਹੈ, ਇਸ ਲਈ ਉਹ ਪੰਜਾਬ ਵਿਚ ਨਿਵੇਸ਼ ਕਰਨਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਉਹ ਆਪ 50 ਕਰੋੜ ਰੁਪਏ ਦਾ ਨਿਵੇਸ਼ ਪੰਜਾਬ ਵਿਚ ਕਰਨਾ ਚਾਹੁੰਦੇ ਹਨ।

ਇਸ ਦੌਰਾਨ ਲੰਡਨ ਵਿਚ ਵਸੇ ਫਗਵਾੜਾ ਦੇ ਹਰੀਸ਼ ਦਾਸ ਨੇ ਵੀ ਨਿਵੇਸ਼ ਨੂੰ ਲੈ ਕੇ ਪੰਜਾਬ ਨੂੰ ਬਹੁਤ ਬਿਹਤਰ ਸਥਾਨ ਦੱਸਦਿਆਂ ਕਿਹਾ ਕਿ ਵਿਦੇਸ਼ਾਂ ਵਿਚ ਵਸੇ ਹੋਰ ਐੱਨ.ਆਰ.ਆਈਜ਼ ਭਰਾ ਹੁਣ ਪੰਜਾਬ ਵਿਚ ਨਿਵੇਸ਼ ਕਰਨਾ ਚਾਹੁੰਦੇ ਹਨ ਕਿਉਂਕਿ ਪੰਜਾਬ ਸਰਕਾਰ ਨੇ ਮਜ਼ਬੂਤੀ ਨਾਲ ਪਰਵਾਸੀ ਭਾਰਤੀਆਂ ਦੀ ਬਾਂਹ ਫੜੀ ਹੈ। ਇਸ ਦੌਰਾਨ ਜੋਗਿੰਦਰ ਸੰਧੂ ਜੋ ਕਿ ਲੰਬੇ ਸਮੇਂ ਤੋਂ ਫਰਾਂਸ ਵਿਚ ਵਸੇ ਹਨ ਅਤੇ ਹੁਸ਼ਿਆਰਪੁਰ ਨਾਲ ਸਬੰਧ ਰੱਖਦੇ ਹਨ। ਉਨ੍ਹਾਂ ਕਿਹਾ ਕਿ ਐੱਨ.ਆਰ.ਆਈ. ਮਿਲਣੀ ਪੰਜਾਬ ਸਰਕਾਰ ਦਾ ਨਿਵੇਕਲਾ ਉਪਰਾਲਾ ਹੈ ਅਤੇ ਉਨ੍ਹਾਂ ਨੂੰ ਆਸ ਹੈ ਕਿ ਪੰਜਾਬ

# ਕੇਜਰੀਵਾਲ ਦੇ ਪੀ.ਏ. ਅਤੇ ਹੋਰਨਾਂ ਦੇ ਟਿਕਾਣਿਆਂ ’ਤੇ ਈ.ਡੀ. ਦੇ ਛਾਪੇ

**ਦਿੱਲੀ ਜਲ ਬੋਰਡ ਦੇ ਠੇਕੇਦਾਰ ਤੋਂ 21 ਕਰੋੜ ਰੁਪਏ ਦੀ ਰਿਸ਼ਵਤ ਲੈਣ ਦਾ ਮਾਮਲਾ**

**ਨਵੀਂ ਦਿੱਲੀ, (ਪੰਜਾਬ ਮੇਲ)-** ਐਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਮੰਗਲਵਾਰ ਨੂੰ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੇ ਪੀ.ਏ. ਬਿਭਵ ਕੁਮਾਰ ਤੇ ਹੋਰਨਾਂ ਦੇ ਟਿਕਾਣਿਆਂ ’ਤੇ ਛਾਪੇ ਮਾਰੇ ਗਏ। ਸੂਤਰਾਂ ਅਨੁਸਾਰ ਇਹ ਛਾਪੇ ਦਿੱਲੀ ਜਲ ਬੋਰਡ ਦੇ ਠੇਕੇਦਾਰ ਤੋਂ 21 ਕਰੋੜ ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਚੱਲ ਰਹੀ ਜਾਂਚ ਦੇ ਹਿੱਸੇ ਵਜੋਂ ਮਾਰੇ ਗਏ।

ਅਧਿਕਾਰੀਆਂ ਨੇ ਦੱਸਿਆ ਕਿ ਇਹ ਕਾਰਵਾਈ ਮਨੀ ਲਾਂਡਰਿੰਗ ਜਾਂਚ ਦਾ ਹਿੱਸਾ ਹੈ, ਜੋ ਕਥਿਤ ਰਿਸ਼ਵਤ ’ਤੇ ਕੇਂਦ੍ਰਿਤ ਹੈ। ਇਸ ਸਬੰਧੀ ਦੋਸ਼ ਹੈ ਕਿ ਦਿੱਲੀ ਜਲ ਬੋਰਡ ਦੇ




**‘ਆਪ’ ਦੇ ਰਾਜ ਸਭਾ ਮੈਂਬਰ ਐੱਨ.ਡੀ. ਗੁਪਤਾ ਦੀ ਰਿਹਾਇਸ਼ ਦੇ ਬਾਹਰ ਤਾਇਨਾਤ ਸੁਰੱਖਿਆ ਕਰਮੀ।**

ਟੈਂਡਰ ਪ੍ਰਕਿਰਿਆ ਵਿਚ ਬੇਨਿਯਮੀਆਂ ਤਹਿਤ ਇਕੱਠੀ ਕੀਤੀ ਗਈ ਰਾਸ਼ੀ ਕਥਿਤ ਤੌਰ ’ਤੇ ਆਮ ਆਦਮੀ ਪਾਰਟੀ ਨੂੰ ਚੋਣ ਫੰਡ ਵਜੋਂ ਭੇਜੀ ਗਈ ਸੀ। ਮਨੀ ਲਾਂਡਰਿੰਗ ਰੋਕੂ ਕਾਨੂੰਨ (ਪੀ.ਐੱਮ.ਐੱਲ.ਏ.) ਤਹਿਤ ਫੈਡਰਲ ਏਜੰਸੀ ਦੇ ਅਧਿਕਾਰੀਆਂ ਨੇ ਸਵੇਰੇ 7 ਵਜੇ ਤੋਂ ਰਾਸ਼ਟਰੀ ਰਾਜਧਾਨੀ ਦੇ ਇੱਕ ਦਰਜਨ ਸਥਾਨਾਂ ਦੀ ਤਲਾਸ਼ੀ ਲਈ। ਛਾਪਿਆਂ ਦੌਰਾਨ ਬਿਭਵ ਕੁਮਾਰ, ਦਿੱਲੀ ਜਲ ਬੋਰਡ ਦੇ ਸਾਬਕਾ ਮੈਂਬਰ ਸ਼ਲਭ ਕੁਮਾਰ, ਪਾਰਟੀ ਦੇ ਰਾਜ ਸਭਾ ਮੈਂਬਰ ਅਤੇ ਰਾਸ਼ਟਰੀ ਖਜ਼ਾਨਚੀ ਐੱਨ.ਡੀ. ਗੁਪਤਾ ਦੇ ਦਫ਼ਤਰ ਅਤੇ ਦਿੱਲੀ ਵਿਚ ਸੱਤਾਧਾਰੀ ਪਾਰਟੀ ਨਾਲ ਜੁੜੇ ਚਾਰਟਰਡ ਅਕਾਊਂਟੈਂਟ (ਸੀ.ਏ.) ਪੰਕਜ ਮੰਗਲ ਅਤੇ ਹੋਰਾਂ ਦੇ ਘਰਾਂ ਦੀ ਤਲਾਸ਼ੀ ਲਈ ਗਈ। ਦਿੱਲੀ ਦੀ ਮੰਤਰੀ ਆਤਿਸ਼ੀ ਨੇ ਈ.ਡੀ. ਦੀ ਇਸ ਕਾਰਵਾਈ ਜ਼ਰੀਏ ਆਮ ਆਦਮੀ ਪਾਰਟੀ ਨੂੰ ‘ਧਮਕਾਉਣ’ ਦੀ ਕੋਸ਼ਿਸ਼ ਦਾ ਦੋਸ਼ ਲਗਾਇਆ। ਦਿੱਲੀ ਜਲ ਬੋਰਡ ਦੀ ਟੈਂਡਰਿੰਗ ਪ੍ਰਕਿਰਿਆ ਵਿਚ ਕਥਿਤ ਬੇਨਿਯਮੀਆਂ ਸਬੰਧੀ ਈ.ਡੀ. ਨੇ ਪਹਿਲਾਂ 31 ਜਨਵਰੀ ਨੂੰ ਜਲ ਬੋਰਡ ਦੇ ਸੇਵਾਮੁਕਤ ਮੁੱਖ ਇੰਜੀਨੀਅਰ ਜਗਦੀਸ਼ ਕੁਮਾਰ ਅਰੋੜਾ ਅਤੇ ਠੇਕੇਦਾਰ ਅਨਿਲ ਕੁਮਾਰ ਅਗਰਵਾਲ ਨੂੰ ਗ੍ਰਿਫ਼ਤਾਰ ਕੀਤਾ ਸੀ।



# ਡਾ. ਐੱਸ.ਪੀ. ਸਿੰਘ ਓਬਰਾਏ ਦੀ ਬਦੌਲਤ ਹੁਣ 6 ਪਾਕਿਸਤਾਨੀ ਨੌਜਵਾਨਾਂ ਨੂੰ ਮਿਲਿਆ ਜੀਵਨ ਦਾਨ

## ਮੈਂ ਲਹੂ ਦਾ ਰੰਗ ਲਾਲ ਵੇਖਦਾ ਹਾਂ ਨਾ ਕਿ ਜਾਤ, ਧਰਮ, ਰੰਗ ਜਾਂ ਨਸਲ : ਡਾ. ਓਬਰਾਏ

**ਅੰਮ੍ਰਿਤਸਰ, (ਪੰਜਾਬ ਮੇਲ)-** ਧਰਮਾਂ, ਜਾਤਾਂ ਤੇ ਦੇਸ਼ਾਂ ਦੇ ਵਖਰੇਵਿਆਂ ਨੂੰ ਪਾਸੇ ਰੱਖ ਆਪਣੇ 'ਸਰਬੱਤ ਦਾ ਭਲਾ' ਸੰਕਲਪ 'ਤੇ ਪਹਿਰਾ ਦੇਣ ਵਾਲੇ ਦੁਬਈ ਦੇ ਪ੍ਰਸਿੱਧ ਸਿੱਖ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਡਾ. ਐੱਸ.ਪੀ. ਸਿੰਘ ਓਬਰਾਏ ਨੇ ਹੁਣ ਜਲੰਧਰ ਸ਼ਹਿਰ ਨਾਲ ਸਬੰਧਿਤ ਇੱਕ ਨੌਜਵਾਨ ਦੇ ਕਤਲ ਕੇਸ ਵਿਚ ਸਜ਼ਾ ਯਾਫ਼ਤਾ 6 ਪਾਕਿਸਤਾਨੀ ਨੌਜਵਾਨਾਂ ਨੂੰ ਬਚਾਅ ਕੇ ਇੱਕ ਨਿਵੇਕਲੀ ਮਿਸਾਲ ਪੇਸ਼ ਕੀਤੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਕੌਮਾਂਤਰੀ ਪੱਧਰ 'ਤੇ ਆਪਣੇ ਮਿਸਾਲੀ ਸੇਵਾ ਕਾਰਜਾਂ ਕਾਰਨ ਜਾਣੇ ਜਾਂਦੇ ਡਾ. ਐੱਸ.ਪੀ. ਸਿੰਘ ਓਬਰਾਏ ਨੇ ਦੱਸਿਆ ਕਿ 22 ਮਈ 2019 ਨੂੰ ਜਲੰਧਰ ਸ਼ਹਿਰ ਦੀ ਬਸਤੀ ਬਾਵਾ ਖੇਲ ਨਾਲ ਸਬੰਧਿਤ ਕੁਲਦੀਪ ਸਿੰਘ ਪੁੱਤਰ ਰਜਿੰਦਰ ਸਿੰਘ ਦਾ ਸ਼ਾਰਜਾਹ (ਦੁਬਈ) ਵਿਚ ਕਤਲ ਹੋ ਗਿਆ ਸੀ ਅਤੇ ਇਸ ਕਤਲ ਤਹਿਤ ਪਾਕਿਸਤਾਨ ਦੇ 6 ਨੌਜਵਾਨ ਜਿਨ੍ਹਾਂ 'ਚ ਅਲੀ ਹੁਸਨ, ਮੁਹੰਮਦ ਸ਼ਾਕੀਰ, ਅਫ਼ਤਾਬ ਗੁਲਾਮ, ਮੁਹੰਮਦ ਕਾਮਰਨ, ਮੁਹੰਮਦ ਓਮੀਰ ਵਾਹਿਦ, ਸਈਦ ਹਸਨ ਸ਼ਾਹ ਸ਼ਾਮਲ ਸਨ, ਨੂੰ ਮੌਤ ਦੀ ਸਜ਼ਾ ਸੁਣਾਈ ਗਈ ਸੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨਾਲ ਉਕਤ ਪਾਕਿਸਤਾਨੀ ਨੌਜਵਾਨਾਂ ਦੇ ਪਰਿਵਾਰਾਂ ਨੇ ਸੰਪਰਕ ਕਰਕੇ ਕਤਲ ਹੋਏ ਕੁਲਦੀਪ ਸਿੰਘ ਦੇ ਪਰਿਵਾਰ ਨੂੰ ਖਾੜੀ ਮੁਲਕਾਂ ਦੇ ਕਾਨੂੰਨ ਮੁਤਾਬਿਕ ਬਲੱਡ ਮਨੀ ਲੈ ਕੇ ਉਨ੍ਹਾਂ ਦੇ ਬੱਚਿਆਂ ਦੀ ਜਾਨ ਬਖ਼ਸ਼ਾਉਣ ਲਈ ਬੇਨਤੀ ਕੀਤੀ ਸੀ। ਉਨ੍ਹਾਂ ਦੱਸਿਆ ਕਿ ਜਦ ਕੁਲਦੀਪ ਦੇ ਪਰਿਵਾਰ ਨੂੰ ਲੱਭ ਕੇ ਉਨ੍ਹਾਂ ਨਾਲ ਰਾਬਤਾ ਕਾਇਮ ਕੀਤਾ, ਤਾਂ ਪਤਾ ਲੱਗਾ ਕਿ ਕੁਲਦੀਪ ਦੀ ਪਤਨੀ ਕਿਰਨਦੀਪ ਕੌਰ ਆਪਣੇ ਬੇਟੇ ਸਮੇਤ ਸਹੁਰੇ ਪਰਿਵਾਰ ਨੂੰ ਛੱਡ ਕੇ ਆਪਣੇ ਪੇਕੇ ਪਿੰਡ ਚਲੀ ਗਈ ਹੈ ਅਤੇ ਹੁਣ ਉਨ੍ਹਾਂ ਦਾ ਆਪਸੀ ਕੋਈ ਸਬੰਧ ਨਹੀਂ ਰਿਹਾ। ਉਨ੍ਹਾਂ ਦੱਸਿਆ ਕਿ ਦੋਵਾਂ ਪਰਿਵਾਰਾਂ ਨੂੰ ਬਹੁਤ ਵਾਰ ਮਨਾਉਣ ਦੀ ਕੋਸ਼ਿਸ਼ ਕੀਤੀ ਗਈ ਪਰ ਉਨ੍ਹਾਂ ਦਾ ਮਨ ਹੋਣ ਦੇ ਬਾਵਜੂਦ ਵੀ ਉਹ ਆਪਸੀ ਮਤਭੇਦਾਂ ਕਾਰਨ ਇਸ ਸਬੰਧੀ ਕੋਈ ਵੀ ਫੈਸਲਾ ਨਹੀਂ ਲੈ ਸਕੇ।



ਦੁਬਈ ਅੰਦਰ ਡਾ. ਐੱਸ.ਪੀ. ਸਿੰਘ ਓਬਰਾਏ ਦਾ ਧੰਨਵਾਦ ਕਰਦੇ ਹੋਏ ਪਾਕਿਸਤਾਨੀ ਨੌਜਵਾਨਾਂ ਦੇ ਪਰਿਵਾਰਕ ਮੈਂਬਰ।

ਉਨ੍ਹਾਂ ਦੱਸਿਆ ਕਿ ਖਾੜੀ ਦੇਸ਼ਾਂ ਅੰਦਰ ਕੁਝ ਕੇਸਾਂ ਲਈ ਬੇਸ਼ੱਕ ਕਤਲ ਹੋਏ ਵਿਅਕਤੀ ਦਾ ਪਰਿਵਾਰ ਸਹਿਮਤ ਨਾ ਹੋਵੇ ਪਰ ਜੇਕਰ ਬਣਦੇ ਪੈਸੇ ਕੋਰਟ ਵਿਚ ਜਮ੍ਹਾਂ ਕਰਵਾ ਦਿੱਤੇ ਜਾਣ, ਤਾਂ ਦੋਸ਼ੀ ਪਾਏ ਜਾਣ ਵਾਲੇ ਦੀ ਸਜ਼ਾ ਮੁਆਫ਼ ਹੋ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੇ ਕੇਸਾਂ ਵਿਚ ਕੋਰਟ ਵਿਚ ਜਮ੍ਹਾਂ ਕਰਵਾਇਆ ਗਿਆ ਪੈਸਾ ਪੀੜਤ ਪਰਿਵਾਰ ਜਦੋਂ ਮਰਜ਼ੀ ਲੈ ਸਕਦਾ ਹੈ। ਉਨ੍ਹਾਂ ਦੱਸਿਆ ਕਿ ਇਸ ਕੇਸ ਵਿਚ ਵੀ ਉਕਤ 6 ਪਾਕਿਸਤਾਨੀ ਨੌਜਵਾਨਾਂ ਨੂੰ ਬਚਾਉਣ ਲਈ ਉਨ੍ਹਾਂ ਆਪਣੇ ਵਕੀਲਾਂ ਰਾਹੀਂ ਉਕਤ ਕੇਸ ਲੜ ਕੇ ਬਲੱਡ ਮਨੀ ਦੇ ਬਣਦੇ 2 ਲੱਖ 10 ਹਜ਼ਾਰ ਦਰਾਮ (ਕਰੀਬ 48 ਲੱਖ ਭਾਰਤੀ ਰੁਪਏ) ਅਦਾਲਤ ਵਿਚ ਜਮ੍ਹਾਂ ਕਰਵਾ ਦਿੱਤੇ ਗਏ ਹਨ। ਜਿਸ ਉਪਰੰਤ ਅਦਾਲਤ ਨੇ ਸਾਰੇ 6 ਪਾਕਿਸਤਾਨੀ ਨੌਜਵਾਨਾਂ ਦੀ ਸਜ਼ਾ ਮੁਆਫ਼ ਕਰਕੇ ਜੇਲ੍ਹ ਵਿਭਾਗ ਨੂੰ ਰਿਹਾਈ ਦੇ ਕਾਗਜ਼ਾਤ ਭੇਜ ਦਿੱਤੇ ਹਨ ਅਤੇ ਕੁਝ ਹੀ ਦਿਨਾਂ 'ਚ ਇਹ ਨੌਜਵਾਨ ਸਹੀ ਸਲਾਮਤ ਆਪਣੇ ਘਰਾਂ ਨੂੰ ਪਰਤ ਜਾਣਗੇ। ਉਨ੍ਹਾਂ ਦੱਸਿਆ ਕਿ ਬੇਸ਼ੱਕ ਸਾਰਾ ਕੇਸ ਉਨ੍ਹਾਂ ਵੱਲੋਂ ਲੜਿਆ ਗਿਆ ਹੈ ਪਰ ਕੋਰਟ ਵਿਚ ਜਮ੍ਹਾਂ ਹੋਈ ਸਾਰੀ ਰਕਮ ਸਜ਼ਾ ਯਾਫਤਾ ਨੌਜਵਾਨਾਂ ਦੇ ਪਰਿਵਾਰਾਂ ਵੱਲੋਂ ਦਿੱਤੀ ਗਈ ਹੈ। ਉਨ੍ਹਾਂ ਮੁਤਾਬਿਕ ਪਾਕਿਸਤਾਨੀ ਨਾਗਰਿਕ ਸ਼ਬੀਰ ਅਹਿਮਦ ਮਨਜ਼ੂਰ ਜੋ ਉਕਤ ਨੌਜਵਾਨਾਂ ਵਿਚੋਂ ਅਲੀ ਹੁਸਨ ਦਾ ਪਿਤਾ ਹੈ, ਨੇ ਵੀ ਇਸ ਕੇਸ ਨੂੰ ਸਿਰੇ ਚੜ੍ਹਾਉਣ ਲਈ ਅਣਥੱਕ ਮਿਹਨਤ ਕੀਤੀ ਹੈ। ਉਨ੍ਹਾਂ ਕਿਹਾ ਕਿ ਜੇਕਰ ਅੱਜ ਵੀ ਸਬੰਧਿਤ ਪੀੜਤ ਪਰਿਵਾਰ ਦੀ ਆਪਸੀ ਸਹਿਮਤੀ ਹੋ ਜਾਂਦੀ ਹੈ, ਤਾਂ ਉਹ ਕੋਰਟ 'ਚ ਜਮ੍ਹਾਂ ਹੋਈ ਰਕਮ ਦਵਾਉਣ ਵਿਚ ਉਨ੍ਹਾਂ ਦੀ ਹਰ ਸੰਭਵ ਮਦਦ ਕਰਨਗੇ। ਉਨ੍ਹਾਂ ਇਹ ਵੀ ਦੱਸਿਆ ਕਿ ਜੇਕਰ ਸੰਬੰਧਿਤ ਪਰਿਵਾਰ ਇਹ ਪੈਸਾ ਲੈਣ ਲਈ ਸਹਿਮਤ ਹੋ ਜਾਂਦਾ ਹੈ, ਤਾਂ ਸ਼ਰੀਅਤ ਕਾਨੂੰਨ ਮੁਤਾਬਿਕ ਕੋਰਟ ਵਿਚ ਜਮ੍ਹਾਂ ਹੋਈ ਰਕਮ ਮ੍ਰਿਤਕ ਕੁਲਦੀਪ ਦੇ ਪਿਤਾ ਰਜਿੰਦਰ ਸਿੰਘ, ਮਾਤਾ ਜਸਵਿੰਦਰ ਕੌਰ, ਪਤਨੀ ਕਿਰਨਦੀਪ ਕੌਰ, ਸਪੁੱਤਰ ਪ੍ਰਭਦੀਪ ਸਿੰਘ ਅਤੇ ਭਰਾ ਲਖਵੀਰ ਸਿੰਘ ਵਿਚ ਬਰਾਬਰ-ਬਰਾਬਰ ਵੰਡੀ ਜਾਵੇਗੀ। ਉਨ੍ਹਾਂ ਦੱਸਿਆ ਕਿ ਉਹ ਪਹਿਲਾਂ ਵੀ ਅਜਿਹੇ 6-7 ਪਰਿਵਾਰਾਂ, ਜਿਨ੍ਹਾਂ ਦੀ ਫ਼ੈਸਲੇ ਉਪਰੰਤ ਆਪਸੀ ਸਹਿਮਤੀ ਹੋ ਗਈ ਸੀ, ਨੂੰ ਕੋਰਟ 'ਚ ਜਮਾਂ ਹੋਣ ਵਾਲੀ ਬਲੱਡ ਮਨੀ ਦਵਾ ਚੁੱਕੇ ਹਨ।

ਡਾ. ਓਬਰਾਏ ਨੇ ਇੱਕ ਵਾਰ ਮੁੜ ਸਪੱਸ਼ਟ ਕੀਤਾ ਕਿ ਉਹ ਸਭ ਤੋਂ ਪਹਿਲਾਂ ਲਹੂ ਦਾ ਰੰਗ ਲਾਲ ਵੇਖਦੇ ਹਨ, ਨਾ ਕਿ ਕੋਈ ਜਾਤ, ਧਰਮ, ਰੰਗ ਜਾਂ ਨਸਲ। ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਉਹ ਮਿੱਥ ਕੇ ਕਤਲ ਕਰਨ ਵਾਲੇ ਦੋਸ਼ੀਆਂ, ਨਸ਼ਿਆਂ ਦਾ ਕੰਮ ਕਰਨ ਵਾਲੇ ਅਤੇ ਬਲਾਤਕਾਰੀਆਂ ਦੀ ਮਦਦ ਨਹੀਂ ਕਰਦੇ। ਜ਼ਿਕਰਯੋਗ ਹੈ ਕਿ ਡਾ. ਐੱਸ.ਪੀ. ਸਿੰਘ ਓਬਰਾਏ ਦੇ ਯਤਨਾਂ ਸਦਕਾ ਹੁਣ ਤੱਕ 135 ਵਿਅਕਤੀਆਂ ਨੂੰ ਫਾਂਸੀ ਜਾਂ 45 ਸਾਲਾਂ ਦੀਆਂ ਲੰਮੀਆਂ ਸਜ਼ਾਵਾਂ ਤੋਂ ਮੁਕਤੀ ਮਿਲ ਚੁੱਕੀ ਹੈ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਅੰਗਹੀਣ ਵਿਅਕਤੀਆਂ ਨੂੰ ਦਿੱਤੀ ਸਹਾਇਤਾ ਰਾਸ਼ੀ



**ਸ੍ਰੀ ਮੁਕਤਸਰ ਸਾਹਿਬ, (ਪੰਜਾਬ ਮੇਲ)-** ਡਾਕਟਰ ਐੱਸ.ਪੀ. ਸਿੰਘ ਓਬਰਾਏ ਵਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫ਼ਲਸਫੇ ਨੂੰ ਅਪਨਾਉਦਿਆ ਬਿਨਾਂ ਕਿਸੇ ਭੇਦਭਾਵ ਦੇ ਮਨੁੱਖਤਾ ਦੀ ਸੇਵਾ ਲਗਾਤਾਰ ਜਾਰੀ ਹੈ। ਇਸ ਲੜੀ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਵੱਲੋਂ ਅੰਗਹੀਣ ਵਿਅਕਤੀਆਂ ਨੂੰ ਸਹਾਇਤਾ ਰਾਸ਼ੀ ਦਿੱਤੀ ਗਈ। ਅਰਵਿੰਦਰ ਪਾਲ ਸਿੰਘ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਅੰਗਹੀਣ ਵਿਅਕਤੀ ਅਪਣੇ ਆਪ ਨੂੰ ਹਮੇਸ਼ਾ ਹੀਣ ਭਾਵਨਾ ਨਾਲ ਦੇਖਦੇ ਹਨ ਕਿਉਂਕਿ ਇਨ੍ਹਾਂ ਹਾਲਾਤਾਂ ਵਿਚ ਆਪਣੇ ਵੀ ਮੂੰਖ ਮੋੜ ਲੈਂਦੇ ਹਨ। ਇਨ੍ਹਾਂ ਹਾਲਾਤਾਂ ਦੇ ਮੱਦੇਨਜ਼ਰ ਡਾ. ਓਬਰਾਏ ਵਲੋਂ ਅੰਗਹੀਣ ਵਿਅਕਤੀਆਂ ਦਾ ਖਾਸ ਖਿਆਲ ਰੱਖਿਆ ਜਾਂਦਾ ਹੈ। ਡਾਕਟਰ ਓਬਰਾਏ ਵਲੋਂ ਅੰਗਹੀਣ ਵਿਅਕਤੀਆਂ ਲਈ ਭੇਜੀ ਹੋਈ ਸਹਾਇਤਾ ਰਾਸ਼ੀ ਸ੍ਰੀ ਮੁਕਤਸਰ ਸਾਹਿਬ ਵਿਖੇ ਤਕਸੀਮ ਕੀਤੀ ਗਈ। ਇਸ ਮੌਕੇ ਅੰਗਹੀਣ ਵਿਅਕਤੀਆਂ ਵੱਲੋਂ ਡਾ. ਓਬਰਾਏ ਦਾ ਧੰਨਵਾਦ ਕੀਤਾ ਗਿਆ ਅਤੇ ਕਿਹਾ ਕਿ ਡਾ. ਓਬਰਾਏ ਹਮੇਸ਼ਾ ਸਾਡੀ ਲਾਠੀ ਬਣਕੇ ਸਾਡੇ ਨਾਲ ਖੜ੍ਹੇ ਹਨ। ਇਸ ਮੌਕੇ ਬਲਜੀਤ ਸਿੰਘ ਮਾਨ ਰਿਟਾਇਰਡ ਪ੍ਰਿੰਸੀਪਲ, ਚਰਨਜੀਤ ਸਿੰਘ, ਬਰਨੇਕ ਸਿੰਘ, ਅਸ਼ੋਕ ਕੁਮਾਰ, ਜਸਵਿੰਦਰ ਸਿੰਘ ਮਣਕੂ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਟੀਮ ਦੇ ਸੇਵਾਦਾਰ ਹਾਜ਼ਰ ਸਨ।

ਰੋਜ਼ਾਨਾਂ ਤਾਜ਼ੀਆਂ ਖਬਰਾਂ ਪੜ੍ਹਨ ਲਈ ਪੰਜਾਬ ਮੇਲ ਦੀ ਵੈੱਬਸਾਇਟ 'ਤੇ ਕਲਿੱਕ ਕਰੋ :
www.punjabmailusa.com

# ਈ.ਡੀ. ਵੱਲੋਂ ਅਦਾਲਤ 'ਚ ਕੇਜਰੀਵਾਲ ਖਿਲਾਫ ਜਾਰੀ ਸੰਮਨ ਦੀ ਤਾਮੀਲ ਨਾ ਹੋਣ ਕਾਰਨ ਸ਼ਿਕਾਇਤ ਦਰਜ

**ਨਵੀਂ ਦਿੱਲੀ (ਪੰਜਾਬ ਮੇਲ) -** ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵਿਰੁੱਧ ਸ਼ਰਾਬ ਘਪਲੇ ਦੇ ਮਾਮਲੇ ਵਿਚ ਈ.ਡੀ. ਦਿੱਲੀ ਦੀ ਅਦਾਲਤ ਵਿਚ ਪਹੁੰਚ ਗਈ ਹੈ। ਜਾਣਕਾਰੀ ਮੁਤਾਬਕ ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ 'ਚ ਕੇਜਰੀਵਾਲ ਖਿਲਾਫ ਜਾਰੀ ਸੰਮਨ ਦੀ ਤਾਮੀਲ ਨਾ ਹੋਣ ਕਾਰਨ ਸ਼ਿਕਾਇਤ ਦਰਜ ਕਰਵਾਈ ਗਈ ਹੈ। ਇਸ ਮਾਮਲੇ ਦੀ ਸੁਣਵਾਈ 7 ਫਰਵਰੀ ਨੂੰ ਹੋਵੇਗੀ। ਈ.ਡੀ. ਵੱਲੋਂ ਦਰਜ



ਕਰਵਾਈ ਗਈ ਸ਼ਿਕਾਇਤ ਵਿਚ ਕਿਹਾ ਗਿਆ ਹੈ ਕਿ ਧਾਰਾ 50 ਅਧੀਨ ਪੁੱਛਗਿੱਛ ਲਈ ਐਨਫੋਰਸਮੈਂਟ ਡਾਇਰੈਕਟੋਰੇਟ ਦੇ ਸਾਹਮਣੇ ਕਿਸੇ ਵਿਅਕਤੀ ਦੀ ਹਾਜ਼ਰੀ ਜ਼ਰੂਰੀ ਹੈ।

ਦੱਸਣਯੋਗ ਹੈ ਕਿ ਈ.ਡੀ. ਨੇ ਅਰਵਿੰਦ ਕੇਜਰੀਵਾਲ ਵਿਰੁੱਧ ਇਕ ਤੋਂ ਬਾਅਦ ਇਕ 5 ਸੰਮਨ ਜਾਰੀ ਕੀਤੇ ਹਨ ਪਰ ਕੇਜਰੀਵਾਲ ਈ.ਡੀ. ਸਾਹਮਣੇ ਪੇਸ਼ ਨਹੀਂ ਹੋ ਰਹੇ। ਦਿੱਲੀ ਦੇ ਸੀ.ਐੱਮ. ਨੇ ਇਨ੍ਹਾਂ ਸਾਰੇ ਸੰਮਨਾਂ ਨੂੰ ਗੈਰ-ਕਾਨੂੰਨੀ ਕਰਾਰ ਦਿੰਦਿਆਂ ਈ.ਡੀ. ਸਾਹਮਣੇ ਪੇਸ਼ ਹੋਣ ਤੋਂ ਇਨਕਾਰ ਕਰ ਦਿੱਤਾ ਹੈ। ਇਸ ਮਾਮਲੇ ਨੂੰ ਲੈ ਕੇ ਸੀ.ਐੱਮ. ਕੇਜਰੀਵਾਲ ਨੇ ਕਿਹਾ ਕਿ ਸੰਮਨ ਰਾਜਨੀਤੀ ਤੋਂ ਪ੍ਰੇਰਿਤ ਹਨ।

## ਵਿਧਾਇਕਾਂ ਦੀ ਖਰੀਦ-ਵੇਚ ਦਾ ਮਾਮਲਾ : ਕੇਜਰੀਵਾਲ ਦੀ ਰਿਹਾਇਸ਼ 'ਤੇ ਨੋਟਿਸ ਤਾਮੀਲ; ਦੋਸ਼ਾਂ ਬਾਰੇ 3 ਦਿਨਾਂ 'ਚ ਮੰਗਿਆ ਜਵਾਬ

**ਨਵੀਂ ਦਿੱਲੀ (ਪੰਜਾਬ ਮੇਲ)** ਦਿੱਲੀ ਪੁਲਿਸ ਦੀ ਅਪਰਾਧ ਸ਼ਾਖਾ ਦੇ ਅਧਿਕਾਰੀਆਂ ਨੇ ਸ਼ਨੀਵਾਰ ਪੰਜ ਘੰਟਿਆਂ ਦੇ ਨਾਟਕੀ ਘਟਨਾਚੱਕਰ ਪਿੱਛੋਂ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਰਿਹਾਇਸ਼ 'ਤੇ ਉਨ੍ਹਾਂ ਨੂੰ ਇਕ ਨੋਟਿਸ ਤਾਮੀਲ ਕਰਵਾਇਆ ਤੇ ਆਮ ਆਦਮੀ ਪਾਰਟੀ (ਆਪ) ਦੇ ਸੱਤ ਵਿਧਾਇਕਾਂ ਨੂੰ ਭਾਜਪਾ ਵਲੋਂ ਖਰੀਦਣ ਦੀ ਕੋਸ਼ਿਸ਼ ਦੇ ਉਨ੍ਹਾਂ ਦੇ ਦੋਸ਼ਾਂ ਬਾਰੇ ਉਨ੍ਹਾਂ ਤੋਂ 3 ਦਿਨਾਂ ਦੇ ਅੰਦਰ ਜਵਾਬ ਮੰਗਿਆ। ਕੇਜਰੀਵਾਲ ਨੇ ਪਿਛਲੇ ਹਫਤੇ ਦੋਸ਼ ਲਾਇਆ ਸੀ ਕਿ ਭਾਜਪਾ ਨੇ ਦਿੱਲੀ 'ਚ ਉਨ੍ਹਾਂ ਦੀ ਸਰਕਾਰ ਨੂੰ ਡੇਗਣ ਲਈ 'ਆਪ' ਦੇ 7 ਵਿਧਾਇਕਾਂ ਨੂੰ 25-25 ਕਰੋੜ ਰੁਪਏ ਦੀ ਪੇਸ਼ਕਸ਼ ਕੀਤੀ ਹੈ।

ਰੋਜ਼ਾਨਾਂ ਤਾਜ਼ੀਆਂ ਖਬਰਾਂ ਪੜ੍ਹਨ ਲਈ ਪੰਜਾਬ ਮੇਲ ਦੀ ਵੈੱਬਸਾਇਟ 'ਤੇ ਕਲਿੱਕ ਕਰੋ :
www.punjabmailusa.com

## ਪੰਨੂ ਮਾਮਲਾ: ਭਾਰਤ ਤੋਂ ਭਰੋਸਾ ਮਿਲਣ ਮਗਰੋਂ ਅਮਰੀਕੀ ਸੈਨੇਟਰ ਨੇ ਡਰੋਨ ਸੌਦੇ ਬਾਰੇ ਇਤਰਾਜ਼ ਵਾਪਸ ਲਿਆ

**ਵਾਸ਼ਿੰਗਟਨ, (ਪੰਜਾਬ ਮੇਲ)-** ਅਮਰੀਕਾ ਦੇ ਪ੍ਰਭਾਵਸ਼ਾਲੀ ਸੈਨੇਟਰ ਬੇਨ ਕਾਰਡਿਨ ਨੇ ਕਿਹਾ ਕਿ ਉਨ੍ਹਾਂ ਬਾਇਡਨ ਪ੍ਰਸ਼ਾਸਨ ਨਾਲ ਕਈ ਮਹੀਨਿਆਂ ਤੱਕ ਚੱਲੀ ਲੰਬੀ ਵਾਰਤਾ ਤੋਂ ਬਾਅਦ ਭਾਰਤ ਨਾਲ 3.9 ਅਰਬ ਡਾਲਰ ਦੇ ਡਰੋਨ ਸੌਦੇ ਨੂੰ ਲੈ ਕੇ ਆਪਣਾ ਇਤਰਾਜ਼ ਵਾਪਸ ਲੈ ਲਿਆ ਹੈ। ਕਾਰਡਿਨ ਨੇ ਕਿਹਾ ਕਿ ਬਾਇਡਨ ਪ੍ਰਸ਼ਾਸਨ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਹੈ ਕਿ ਅਮਰੀਕੀ ਧਰਤੀ 'ਤੇ ਖਾਲਿਸਤਾਨੀ ਵੱਖਵਾਦੀ ਦੀ ਹੱਤਿਆ ਦੀ ਕਥਿਤ ਸਾਜ਼ਿਸ਼ ਦੀ ਜਾਂਚ ਲਈ ਭਾਰਤ ਵਚਨਬੱਧ ਹੈ। ਇਸ ਭਰੋਸੇ ਮਗਰੋਂ ਵਿਦੇਸ਼ ਸਬੰਧਾਂ ਬਾਰੇ ਸੈਨੇਟ ਕਮੇਟੀ ਦੇ ਚੇਅਰਮੈਨ ਕਾਰਡਿਨ ਨੇ ਸੌਦੇ ਨੂੰ ਲੈ ਕੇ ਆਪਣੇ ਇਤਰਾਜ਼ ਵਾਪਸ ਲੈ ਲਏ।



# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਕੰਮ ਕਰਨ ਤੋਂ ਅਸਮਰਥ ਨੂੰ ਦਿੱਤੀ ਸਹਾਇਤਾ ਰਾਸ਼ੀ

- ਡਾ. ਉਬਰਾਏ ਵੱਲੋਂ ਨਿੱਜੀ ਦਿਲਚਸਪੀ ਲੈ ਕੇ 6 ਪਾਕਿਸਤਾਨੀ ਨਾਗਰਿਕਾਂ ਦੀ ਬਚਾਈ ਜਾਨ





ਡਾ. ਐੱਸ.ਪੀ. ਸਿੰਘ ਓਬਰਾਏ।

**ਸ੍ਰੀ ਮੁਕਤਸਰ ਸਾਹਿਬ, (ਪੰਜਾਬ ਮੇਲ)-** ਡਾਕਟਰ ਐੱਸ.ਪੀ. ਸਿੰਘ ਉਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਬਿਨਾਂ ਕਿਸੇ ਵੀ ਤਰ੍ਹਾਂ ਦੇ ਭੇਦਭਾਵ ਤੋਂ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਵੱਲੋਂ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕੰਮ ਕਰਨ ਤੋਂ ਅਸਮਰਥ ਅਤੇ ਅਤਿਅੰਤ ਗਰੀਬੀ ਦੀ ਮਾਰ ਹੇਠ ਆਏ ਲੋਕਾਂ ਦੀ ਆਰਥਿਕ ਮਦਦ ਕੀਤੀ ਗਈ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਡਾਕਟਰ ਐੱਸ.ਪੀ. ਸਿੰਘ ਉਬਰਾਏ ਵਲੋਂ ਭੇਜੀ ਹੋਈ ਰਾਸ਼ੀ ਇਨ੍ਹਾਂ 25 ਲੋਕਾਂ ਨੂੰ ਚੈੱਕ ਰਾਹੀਂ ਤਕਸੀਮ ਕੀਤੀ ਗਈ ਅਤੇ ਡਾ. ਉਬਰਾਏ ਵੱਲੋਂ ਹੁਣ ਫੇਰ ਨਿੱਜੀ ਦਿਲਚਸਪੀ ਲੈ ਕੇ ਸਜ਼ਾ ਯਾਫਤਾ 6 ਪਾਕਿਸਤਾਨੀ ਨਾਗਰਿਕਾਂ ਦੀ ਜਾਨ ਬਚਾਈ ਗਈ ਹੈ। ਗੱਲਬਾਤ ਦੌਰਾਨ ਅਰਵਿੰਦਰ ਪਾਲ ਸਿੰਘ ਚਾਹਲ ਨੇ ਦੱਸਿਆ ਕਿ ਡਾ. ਉਬਰਾਏ ਜਾਤ-ਪਾਤ, ਧਰਮ, ਰੰਗ, ਦੇਸ਼ ਨਹੀਂ ਦੇਖਦੇ, ਸਿਰਫ ਖ਼ੂਨ ਦਾ ਰੰਗ ਲਾਲ ਦੇਖਦੇ ਹਨ। ਹੁਣ ਤੱਕ ਡਾ. ਉਬਰਾਏ ਦੇ ਯਤਨਾਂ ਸਦਕਾ 135 ਲੋਕਾਂ ਦੀ ਫਾਂਸੀ ਦੀ ਸਜ਼ਾ ਮੁਆਫ਼ ਹੋ ਚੁੱਕੀ ਹੈ। ਡਾ. ਓਬਰਾਏ ਦੱਸਦੇ ਹਨ ਕਿ ਉਹ ਮਿੱਥ ਕੇ ਕੀਤੇ ਕਤਲਾਂ, ਬਲਾਤਕਾਰੀਆਂ ਦੀ ਮਦਦ ਨਹੀਂ ਕਰਦੇ। ਗੱਲਬਾਤ ਦੌਰਾਨ ਬਲਜੀਤ ਸਿੰਘ ਮਾਨ ਰਿਟਾਇਰਡ ਪ੍ਰਿੰਸੀਪਲ ਅਤੇ ਰਿਟਾਇਰਡ ਲੈਕਚਰਾਰ ਬਰਨੇਕ ਸਿੰਘ ਨੇ ਦੱਸਿਆ ਕਿ ਵੱਖ-ਵੱਖ ਸਮੇਂ 'ਤੇ ਲੋੜਵੰਦ ਪਰਿਵਾਰਾਂ ਨੂੰ ਸਹਾਇਤਾ ਰਾਸ਼ੀ ਜਾਰੀ ਰਹਿੰਦੀ ਹੈ। ਇਸ ਮੌਕੇ ਜਸਵਿੰਦਰ ਸਿੰਘ ਮਣਕੂ, ਗੁਰਚਰਨ ਸਿੰਘ ਆਸਟ੍ਰੇਲੀਆ ਵਾਲੇ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਟੀਮ ਦੇ ਸੇਵਾਦਾਰ ਹਾਜ਼ਰ ਸਨ।

# ਬਰਖਾਸਤ ਪੁਲਿਸ ਅਫਸਰ ਰਾਜਜੀਤ ਸਿੰਘ ਖਿਲਾਫ ਮੁੜ ਜਾਰੀ ਹੋਇਆ ਲੁੱਕ ਆਊਟ ਨੋਟਿਸ

**ਚੰਡੀਗੜ੍ਹ, (ਪੰਜਾਬ ਮੇਲ)-** ਡਰੱਗਜ਼ ਕੇਸ 'ਚ ਬਰਖ਼ਾਸਤ ਪੁਲਿਸ ਅਫਸਰ ਰਾਜਜੀਤ ਸਿੰਘ ਦੇ ਵਿਦੇਸ਼ ਭੱਜਣ ਦੇ ਖਦਸ਼ੇ ਦੇ ਚੱਲਦਿਆਂ ਇਕ ਵਾਰ ਫਿਰ ਉਸ ਦੇ ਖ਼ਿਲਾਫ਼ ਲੁੱਕ ਆਊਟ ਨੋਟਿਸ ਜਾਰੀ ਕੀਤਾ ਗਿਆ ਹੈ। ਰਾਜਜੀਤ ਸਿੰਘ ਅਕਤੂਬਰ 2023 ਤੋਂ ਫਰਾਰ ਹੈ। ਰਾਜਜੀਤ ਦੇ ਵਿਦੇਸ਼ ਭੱਜਣ ਦੀ ਇਨਪੁਟ ਪੰਜਾਬ ਇੰਟੈਲੀਜੈਂਸ ਨੇ ਦਿੱਤੀ ਹੈ। ਹੁਣ ਪੰਜਾਬ ਪੁਲਿਸ ਨੇ ਇਸ ਲਈ ਐੱਨ.ਆਈ.ਏ. ਦਾ ਸਹਿਯੋਗ ਮੰਗਿਆ ਹੈ। ਉਥੇ ਹੀ ਇੰਟੈਲੀਜੈਂਸ ਨੇ ਇਨਪੁਟ ਨੂੰ ਪੁਖਤਾ ਕਰਨ ਲਈ ਪੰਜਾਬ ਪੁਲਿਸ ਨੇ ਰਾਜਜੀਤ ਦੇ ਖ਼ਿਲਾਫ ਫਿਰ ਤੋਂ ਦੇਸ਼ ਭਰ ਵਿਚ ਇੰਟਰਨੈਸ਼ਨਲ ਏਅਰਪੋਰਟ 'ਚ ਲੁੱਕਆਊਟ ਨੋਟਿਸ ਜਾਰੀ ਕੀਤਾ ਹੈ। ਏਅਰਪੋਰਟਾਂ 'ਤੇ ਰਾਜਜੀਤ ਦੇ ਜਾਂਚ ਕੀਤੀ ਜਾਵੇਗੀ ਕਿ ਉਹ ਕਿਸ ਦੇਸ਼ ਵਿਚ ਗਿਆ ਹੈ। ਡਰੱਗ ਤੇ ਆਮਦਨ ਤੋਂ ਵੱਧ ਜਾਇਦਾਦ ਦੀ ਜਾਂਚ ਕਰ ਰਹੇ ਅਧਿਕਾਰੀਆਂ ਨੇ ਵੀ ਰਾਜਜੀਤ ਦੇ ਵਿਦੇਸ਼ ਭੱਜਣ ਦੇ ਸੰਕੇਤ ਦਿੱਤੇ ਹਨ। ਸਭ ਤੋਂ ਪਹਿਲਾਂ ਪੰਜਾਬ ਪੁਲਿਸ ਦੀ ਟੀਮ ਨੇਪਾਲ, ਮਹਾਰਾਸ਼ਟਰ ਸਮੇਤ ਹੋਰ ਏਅਰਪੋਰਟਾਂ ਤੋਂ ਜਾਣਕਾਰੀ ਲੈ ਰਹੀ ਹੈ। ਉਸ ਦੇ ਨੇਪਾਲ ਤੋਂ ਹੁੰਦੇ ਹੋਏ ਵਿਦੇਸ਼ ਭੱਜਣ ਦੇ ਇਨਪੁਟ ਮਿਲੇ ਹਨ। ਰਾਜਜੀਤ ਦੇ ਵਿਦੇਸ਼ਾਂ ਵਿਚ ਰਹਿ ਰਹੇ ਕਰੀਬੀ ਵੀ ਰਡਾਰ 'ਤੇ ਹਨ। ਜਾਂਚ ਏਜੰਸੀਆਂ ਨੇ ਇਨ੍ਹਾਂ ਦੀ ਡਿਟੇਲ ਇਕੱਠੀ ਕਰਨੀ ਸ਼ੁਰੂ ਕਰ ਦਿੱਤੀ ਹੈ। ਡਰੱਗ ਤਸਕਰੀ ਦੇ ਇਸ ਮਾਮਲੇ ਵਿਚ ਮੁਲਜ਼ਮ ਰਾਜਜੀਤ 20 ਅਕਤੂਬਰ 2023 ਤੋਂ ਫਰਾਰ ਚੱਲ ਰਿਹਾ ਹੈ।

# ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਗਿਆਨਕ ਸੋਚ ਅਪਨਾਉਣ ਦਾ ਸੁਨੇਹਾ ਦਿੱਤਾ



**ਟੋਰਾਂਟੋ, (ਪ੍ਰਿੰ. ਵਿਜੈ ਕੁਮਾਰ)-** ਓਨਟਾਰੀਓ ਸੂਬੇ ਦੇ ਸਟੋਨੀ ਕ੍ਰੀਕ (ਹੈਮਿਲਟਨ) ਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸ੍ਰੀ ਗੁਰੂ ਨਾਨਕ ਦਰਬਾਰ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਗਿਆਨਕ ਸੋਚ ਨਾਲ ਸਬੰਧਤ ਲੈਕਚਰ ਕਰਵਾਇਆ ਗਿਆ। ਇਹ ਲੈਕਚਰ ਕਰਵਾਉਣ ਦਾ ਮੁੱਖ ਮੰਤਵ ਸਿੱਖ ਸੰਗਤ ਨੂੰ ਸ੍ਰੀ ਗੁਰੂ ਨਾਨਕ ਜੀ ਦੇ ਜੀਵਨ ਦੇ ਫਲਸਫੇ ਅਤੇ ਸਿੱਖਿਆਵਾਂ ਤੋਂ ਜਾਣੂ ਕਰਵਾਉਂਦੇ ਹੋਏ ਉਨ੍ਹਾਂ ਨੂੰ ਰੂੜੀਵਾਦੀ ਪ੍ਰੰਪਰਾਵਾਂ, ਵਹਿਮਾਂ-ਭਰਮਾਂ ਅਤੇ ਅੰਧ ਵਿਸ਼ਵਾਸਾਂ ਤੋਂ ਦੂਰ ਰਹਿਣ ਦਾ ਸੁਨੇਹਾ ਦੇਣਾ ਸੀ। ਇਸ ਲੈਕਚਰ ਦੇ ਮੁੱਖ ਵਕਤਾ ਅੰਤਰਰਾਸ਼ਟਰੀ ਵਿਗਿਆਨੀ ਅਤੇ ਸਿੱਖ ਧਰਮ ਦੇ ਵਿਦਵਾਨ ਡਾਕਟਰ ਦੇਵਿੰਦਰ ਪਾਲ ਸਿੰਘ (ਉਰਫ਼ ਡਾ. ਡੀ.ਪੀ. ਸਿੰਘ) ਸਨ।

ਡਾਕਟਰ ਦੇਵਿੰਦਰ ਪਾਲ ਸਿੰਘ ਧਰਮ ਅਤੇ ਵਿਗਿਆਨ ਵਿਸ਼ੇ ਉੱਤੇ ਕਈ ਪੁਸਤਕਾਂ ਅਤੇ ਅੰਤਰਰਾਸ਼ਟਰੀ ਪੱਧਰ ਉੱਤੇ ਅਨੇਕਾਂ ਲੇਖ ਅਤੇ ਖੋਜ ਪੱਤਰ ਲਿਖ ਚੁੱਕੇ ਹਨ। ਉਨ੍ਹਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਨੂੰ ਵਿਗਿਆਨ ਨਾਲ ਜੋੜ ਕੇ ਆਪਣੇ ਵਿਚਾਰ ਰੱਖਦੇ ਹੋਏ ਕਿਹਾ ਕਿ ਇਹ ਦੋਵੇਂ ਸਾਨੂੰ ਸੰਸਾਰ ਵਿਚ ਵਿਚਰਣ ਦਾ ਢੰਗ ਸਿਖਾਉਂਦੇ ਹਨ। ਉਨ੍ਹਾਂ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਸੋਚ ਦਾ ਆਧਾਰ ਵਿਗਿਆਨਕ ਸੀ। ਉਨ੍ਹਾਂ ਦੇ ਉਪਦੇਸ਼ਾਂ ਵਿਚ ਉ੍ਤਸੁ੍ਕਤਾ, ਨਿਰਪੱਖਤਾ, ਸਿਰੜਤਾ, ਸੱਚਾਈ ਅਤੇ ਦੂਜਿਆਂ ਦੇ ਪੱਖ ਨੂੰ ਸੁਣਕੇ ਆਪਣੇ ਵਿਚਾਰ ਰੱਖਣ ਦੀ ਭਾਵਨਾ ਵਰਗੇ ਤੱਤ ਵੇਖਣ ਅਤੇ ਸੁਣਨ ਨੂੰ ਮਿਲਦੇ ਹਨ।

ਉਨ੍ਹਾਂ ਨੇ ਸਿੱਧਾਂ ਨਾਥਾਂ ਅਤੇ ਜੋਗੀਆਂ ਨਾਲ ਸੰਵਾਦ ਰਚਾਕੇ ਉਨ੍ਹਾਂ ਨੂੰ ਅਸਲੀਅਤ ਤੋਂ ਜਾਣੂ ਕਰਵਾਇਆ। ਉਨ੍ਹਾਂ ਨੇ ਦੁਨੀਆਂ ਦੇ ਵਰਤਾਰੇ ਨੂੰ ਵਿਗਿਆਨ ਨਾਲ ਜੋੜਕੇ ਲੋਕਾਂ ਨੂੰ ਸਮਾਜਿਕ ਕੁਰੀਤੀਆਂ ਤੋਂ ਮੁਕਤ ਕਰਨ ਲਈ ਦੁਨੀਆਂ ਭਰ ਦੀਆਂ ਯਾਤਰਾਵਾਂ ਕੀਤੀਆਂ। ਡਾਕਟਰ ਸਾਹਿਬ ਨੇ ਗੁਰੂ ਸਾਹਿਬ ਜੀ ਦੇ ਉਪਦੇਸ਼ਾਂ ਦਾ ਹਵਾਲਾ ਦਿੰਦੇ ਹੋਏ ਸੰਗਤ ਨੂੰ ਦੱਸਿਆ ਕਿ ਮਨੁੱਖ ਨੂੰ ਜਾਤਾਂ ਅਤੇ ਧਰਮਾਂ ਦੀ ਸਰਵਵਿਆਪਕ ਏਕਤਾ ਤੇ ਸਮਾਨਤਾ ਨੂੰ ਸਥਾਪਿਤ ਕਰਨ ਲਈ ਸੰਗਤ, ਪੰਗਤ ਅਤੇ ਲੰਗਰ ਦੀ ਪ੍ਰੰਪਰਾ ਦਾ ਆਗਾਜ਼ ਕੀਤਾ। ਇਸ ਸੈਮੀਨਾਰ ਦਾ ਮੰਚ ਸੰਚਾਲਨ ਸਰਦਾਰ ਗਗਨਦੀਪ ਸਿੰਘ ਵਲੋਂ ਕੀਤਾ ਗਿਆ। ਗੁਰੂ ਨਾਨਕ ਸਾਹਿਬ ਦਰਬਾਰ ਗੁਰਦੁਆਰੇ ਦੇ ਪ੍ਰਧਾਨ ਹਰਪ੍ਰੀਤ ਸਿੰਘ ਨੇ ਡਾਕਟਰ ਦਵਿੰਦਰ ਪਾਲ ਸਿੰਘ ਦਾ ਸੰਗਤ ਨੂੰ ਵਡਮੁੱਲੀ ਜਾਣਕਾਰੀ ਦੇਣ ਲਈ ਧੰਨਵਾਦ ਕੀਤਾ। ਸੈਮੀਨਾਰ ਦੀ ਸਮਾਪਤੀ ਤੋਂ ਬਾਅਦ ਡਾਕਟਰ ਸਾਹਿਬ ਨੇ ਸੰਗਤ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ।



# ਸ਼ਿਕਾਗੋ 'ਚ ਭਾਰਤੀ ਵਿਦਿਆਰਥੀ 'ਤੇ ਜਾਨਲੇਵਾ ਹਮਲਾ

■ ਹਮਲਾਵਰਾਂ ਨੇ ਨੌਜਵਾਨ ਦਾ ਸਿਰ ਪਾੜਿਆ
■ ਪਤਨੀ ਨੇ ਵਿਦੇਸ਼ ਮੰਤਰੀ ਜੈਸ਼ੰਕਰ ਨੂੰ ਲਿਖੀ ਚਿੱਠੀ



ਨਿਊਯਾਰਕ, (ਰਾਜ ਗੋਗਨਾ/ਪੰਜਾਬ ਮੇਲ)- ਅਮਰੀਕਾ ਦੇ ਸ਼ਿਕਾਗੋ 'ਚ ਇੱਕ ਭਾਰਤੀ ਵਿਦਿਆਰਥੀ 'ਤੇ ਹਮਲਾ ਹੋਇਆ ਹੈ। ਹਮਲਾਵਰਾਂ ਨੇ ਉਸ ਦੀ ਕੁੱਟਮਾਰ ਕੀਤੀ ਅਤੇ ਉਸ ਦਾ ਫ਼ੋਨ ਚੋਰੀ ਕਰ ਲਿਆ। ਹਮਲੇ ਦਾ ਕਾਰਨ ਅਜੇ ਤੱਕ ਸਾਹਮਣੇ ਨਹੀਂ ਆਇਆ ਹੈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਇਹ ਘਟਨਾ 4 ਫਰਵਰੀ ਦੀ ਦੱਸੀ ਜਾ ਰਹੀ ਹੈ। ਹੁਣ ਵਿਦਿਆਰਥੀ ਦੀ ਪਤਨੀ ਨੇ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੂੰ ਪੱਤਰ ਲਿਖਿਆ ਹੈ, ਜਿਸ ਵਿਚ ਮੰਗ ਕੀਤੀ ਗਈ ਹੈ ਕਿ ਵਿਦਿਆਰਥੀ ਦਾ ਵਧੀਆ ਮੈਡੀਕਲ ਕਰਵਾਇਆ ਜਾਵੇ। ਇਸ ਘਟਨਾ ਦਾ ਇੱਕ ਵੀਡੀਓ ਵੀ ਸਾਹਮਣੇ ਆਇਆ ਹੈ, ਜਿਸ ਵਿਚ 3 ਹਮਲਾਵਰ ਵਿਦਿਆਰਥੀ ਦਾ ਪਿੱਛਾ ਕਰਦੇ ਨਜ਼ਰ ਆ ਰਹੇ ਹਨ। ਇਸ ਤੋਂ ਬਾਅਦ ਤਿੰਨਾਂ ਨੇ ਕੁੱਟਮਾਰ ਕੀਤੀ ਅਤੇ ਫੋਨ ਖੋਹ ਕੇ ਫਰਾਰ ਹੋ ਗਏ। ਖ਼ੂਨ ਨਾਲ ਲਥਪਥ ਵਿਦਿਆਰਥੀ ਵੀ ਨਜ਼ਰ ਆ ਰਿਹਾ ਹੈ। ਭਾਰਤ ਤੋਂ ਹੈਦਰਾਬਾਦ ਸ਼ਹਿਰ ਦਾ ਰਹਿਣ ਵਾਲਾ ਸਈਅਦ ਮਜ਼ਹਿਰ ਅਲੀ ਆਪਣੀ ਮਾਸਟਰ ਡਿਗਰੀ ਪੂਰੀ ਕਰਨ ਲਈ ਅਮਰੀਕਾ ਗਿਆ ਹੈ। ਇਹ ਮਾਮਲਾ ਅਜਿਹੇ ਸਮੇਂ ਵਿਚ ਸਾਹਮਣੇ ਆਇਆ ਹੈ, ਜਦੋਂ ਪਿਛਲੇ ਇੱਕ ਮਹੀਨੇ ਵਿਚ ਚਾਰ ਭਾਰਤੀ ਵਿਦਿਆਰਥੀਆਂ ਦੀ ਅਮਰੀਕਾ ਵਿਚ ਮੌਤ ਹੋ ਚੁੱਕੀ ਹੈ। ਕੈਮਰਿਆਂ ਦੀ ਫੁਟੇਜ ਵਿਚ ਭਾਰਤੀ ਵਿਦਿਆਰਥੀ ਸਈਅਦ ਮਜ਼ਹਿਰ ਅਲੀ ਉਸ ਦੇ ਚਿਹਰੇ 'ਤੇ ਖ਼ੂਨ ਦਿਖਾਈ ਦਿੰਦਾ ਹੈ। ਉਸ ਦੇ ਸਿਰ ਅਤੇ ਨੱਕ 'ਤੇ ਕਾਫੀ ਸੱਟਾਂ ਲੱਗੀਆਂ ਹਨ। ਸ਼ਿਕਾਗੋ ਵਿਚ ਭਾਰਤੀ ਵਣਜ ਦੂਤਘਰ ਨੇ ਕਿਹਾ ਹੈ ਕਿ ਉਹ ਪੀੜਤ ਸਈਦ ਮਜ਼ੀਰ ਦੀ ਪਤਨੀ ਦੇ ਸੰਪਰਕ ਵਿਚ ਹੈ। ਵਿਦਿਆਰਥੀ 'ਤੇ ਹਮਲੇ ਦੀ ਘਟਨਾ ਤੋਂ ਬਾਅਦ ਭਾਰਤੀ ਕੌਂਸਲੇਟ ਨੇ ਸਥਾਨਕ ਅਧਿਕਾਰੀਆਂ ਨਾਲ ਵੀ ਸੰਪਰਕ ਕੀਤਾ ਹੈ, ਜੋ ਮਾਮਲੇ ਦੀ ਜਾਂਚ ਕਰ ਰਹੇ ਹਨ। ਭਾਰਤੀ ਦੂਤਾਵਾਸ ਨੇ 'ਐਕਸ' 'ਤੇ ਵੀ ਇਸ ਬਾਰੇ ਪੋਸਟ ਕੀਤਾ ਅਤੇ ਕਿਹਾ, 'ਕੌਂਸਲੇਟ ਜਨਰਲ ਭਾਰਤ ਵਿਚ ਸਈਦ ਮਜ਼ਾਹਿਰ ਅਲੀ ਅਤੇ ਉਨ੍ਹਾਂ ਦੀ ਪਤਨੀ ਸਈਦਾ ਰੁਕਈਆ ਫਾਤਿਮਾ ਰਿਜ਼ਵੀ ਦੇ ਸੰਪਰਕ ਵਿਚ ਹਨ। ਅਸੀਂ ਹਰ ਸੰਭਵ ਮਦਦ ਦਾ ਉਨ੍ਹਾਂ ਭਰੋਸਾ ਦਿੱਤਾ ਹੈ।'

## ਗਾਇਕ ਰੈਪਰ ਕਿਲਰ ਮਾਈਕ ਗ੍ਰੈਮੀ ਅਵਾਰਡ ਜਿੱਤਣ ਤੋਂ ਤੁਰੰਤ ਬਾਅਦ ਪੁਲਿਸ ਵੱਲੋਂ ਗ੍ਰਿਫਤਾਰ



ਨਿਊਯਾਰਕ, (ਰਾਜ ਗੋਗਨਾ/ਪੰਜਾਬ ਮੇਲ)- ਲਾਸ ਏਂਜਲਸ ਕੈਲੀਫੋਰਨੀਆ ਵਿਚ ਹੋਏ ਗ੍ਰੈਮੀ ਅੈਵਾਰਡ ਸਮਾਰੋਹ 'ਚ ਤਿੰਨ ਐਵਾਰਡ ਜਿੱਤਣ ਵਾਲੇ ਗਾਇਕ ਕਿਲਰ ਮਾਈਕ ਨੂੰ ਪੁਲਿਸ ਨੇ ਹਿਰਾਸਤ 'ਚ ਲੈ ਲਿਆ ਹੈ। ਪੁਲਿਸ ਹੱਥਕੜੀਆਂ ਪਾ ਕੇ ਸਮਾਗਮ ਤੋਂ ਮਾਈਕ ਖੋਹ ਕੇ ਲੈ ਗਈ। ਹਾਲਾਂਕਿ ਗ੍ਰਿਫਤਾਰੀ ਦਾ ਕਾਰਨ ਅਜੇ ਸਪੱਸ਼ਟ ਨਹੀਂ ਹੋਇਆ ਹੈ। ਕਿਲਰ ਮਾਈਕ ਨੇ ਸਮਾਰੋਹ ਵਿਚ ਤਿੰਨ ਪੁਰਸਕਾਰ ਜਿੱਤੇ, ਜਿਸ ਵਿਚ ਸਰਵੋਤਮ ਰੈਪ ਐਲਬਮ, ਸਰਬੋਤਮ ਰੈਪ ਪ੍ਰਦਰਸ਼ਨ ਅਤੇ ਸਰਬੋਤਮ ਰੈਪ ਗੀਤ ਲਈ ਗ੍ਰੈਮੀ ਅਵਾਰਡ ਸ਼ਾਮਲ ਹਨ।

## ਦੁਨੀਆਂ ਦੇ ਅਮੀਰ ਲੋਕਾਂ ਦੀ ਸੂਚੀ 'ਚ ਜ਼ੁਕਰਬਰਗ ਨੇ ਬਿਲ ਗੇਟਸ ਨੂੰ ਪਿੱਛੇ ਛੱਡਿਆ



ਨਿਊਯਾਰਕ, (ਰਾਜ ਗੋਗਨਾ/ਪੰਜਾਬ ਮੇਲ)- ਦੁਨੀਆਂ ਦੇ ਸਭ ਤੋਂ ਅਮੀਰ ਲੋਕਾਂ ਦੀ ਸੂਚੀ 'ਚ ਪਹਿਲੇ ਸਥਾਨ 'ਤੇ ਆਏ ਬਦਲਾਅ ਤੋਂ ਬਾਅਦ ਮੇਟਾ ਦੇ ਸੀ.ਈ.ਓ. ਮਾਰਕ ਜ਼ੁਕਰਬਰਗ ਨੇ ਵੀ ਇਕ ਕਦਮ ਅੱਗੇ ਵਧਦੇ ਹੋਏ ਬਿਲ ਗੇਟਸ ਨੂੰ ਪਿੱਛੇ ਛੱਡ ਦਿੱਤਾ ਹੈ। ਇਸ ਨਾਲ ਜ਼ੁਕਰਬਰਗ ਹੁਣ ਦੁਨੀਆਂ ਦੇ ਚੌਥੇ ਸਭ ਤੋਂ ਅਮੀਰ ਵਿਅਕਤੀ ਬਣ ਗਏ ਹਨ।

ਮੈਟਾ ਸਟਾਕ ਦੀਆਂ ਕੀਮਤਾਂ ਵਿਚ 22 ਪ੍ਰਤੀਸ਼ਤ ਦੇ ਵਾਧੇ ਨੇ ਜ਼ੁਕਰਬਰਗ ਦੀ ਕਿਸਮਤ ਨੂੰ 28 ਬਿਲੀਅਨ ਡਾਲਰ ਤੱਕ ਅੱਗੇ ਲੈ ਆਂਦਾ ਹੈ। ਇਸ ਦੇ ਨਾਲ, ਬਲੂਮਬਰਗ ਬਿਲੀਅਨੇਅਰ ਇੰਡੈਕਸ ਦੇ ਅਨੁਸਾਰ ਉਸ ਦੀ ਕੁੱਲ ਜਾਇਦਾਦ ਹੁਣ 170 ਬਿਲੀਅਨ ਡਾਲਰ ਤੱਕ ਪਹੁੰਚ ਗਈ ਹੈ। ਇਸ ਦੇ ਨਾਲ ਹੀ ਬਿਲ ਗੇਟਸ ਦੀ ਕੁੱਲ ਜਾਇਦਾਦ 145 ਬਿਲੀਅਨ ਡਾਲਰ ਤੱਕ ਪਹੁੰਚੀ ਹੈ। ਇਸ ਹਿਸਾਬ ਨਾਲ ਜ਼ੁਕਰਬਰਗ ਦੀ ਸੰਪਤੀ ਬਿਲ ਗੇਟਸ ਦੀ ਸੰਪਤੀ ਤੋਂ 25 ਅਰਬ ਡਾਲਰ ਵੱਧ ਗਈ ਹੈ। ਬਲੂਮਬਰਗ ਬਿਲੀਨੇਅਰਜ਼ ਇੰਡੈਕਸ ਦੇ ਅਨੁਸਾਰ, ਸਿਰਫ ਬਰਨਾਰਡ ਅਰਨੌਲਟ, ਜੇਫ ਬੇਜੋਸ ਅਤੇ ਐਲੋਨ ਮਸਕ ਹੀ ਜ਼ੁਕਰਬਰਗ ਤੋਂ ਅੱਗੇ ਸਭ ਤੋਂ ਅਮੀਰ ਵਿਅਕਤੀ ਹਨ। ਜਦੋਂ ਮੇਟਾ ਮਾਰਚ ਵਿਚ ਆਪਣਾ ਪਹਿਲਾ ਲਾਭਅੰਸ਼ ਵੰਡਦਾ ਹੈ, ਤਾਂ ਜ਼ੁਕਰਬਰਗ ਨੂੰ ਲਗਭਗ 174 ਮਿਲੀਅਨ ਨਕਦ ਡਾਲਰ ਪ੍ਰਾਪਤ ਹੋਣ ਦੀ ਉਮੀਦ ਹੈ। ਜ਼ੁਕਰਬਰਗ ਕੋਲ ਉਸ ਦੀ ਕੰਪਨੀ ਵਿਚ ਲਗਭਗ 350 ਮਿਲੀਅਨ ਕਲਾਸ ਏ ਅਤੇ ਬੀ ਦੇ ਸ਼ੇਅਰ ਹਨ। ਪਰ ਜੇਕਰ ਮੈਟਾ ਆਪਣਾ 50 ਸੈਂਟ ਤਿਮਾਹੀ ਲਾਭਅੰਸ਼ ਬਰਕਰਾਰ ਰੱਖਦੀ ਹੈ, ਤਾਂ ਅਜਿਹਾ ਲੱਗਦਾ ਹੈ ਕਿ ਜ਼ੁਕਰਬਰਗ ਦੀ ਸਾਲਾਨਾ ਕਮਾਈ 690 ਮਿਲੀਅਨ ਡਾਲਰ ਤੋਂ ਵੱਧ ਜਾਵੇਗੀ। ਜੇਕਰ ਅਜਿਹਾ ਹੁੰਦਾ ਹੈ, ਤਾਂ ਅਮੀਰ ਲੋਕਾਂ ਦੀ ਸੂਚੀ 'ਚ ਚੌਥੇ ਨੰਬਰ 'ਤੇ ਰਹਿਣ ਵਾਲੇ ਮੈਟਾ ਦੇ ਸੀ.ਈ.ਓ. ਦੇ ਹੋਰ ਅੱਗੇ ਵਧਣ ਦੇ ਸੰਕੇਤ ਹਨ।

# ਅਮਰੀਕਾ 'ਚ ਚਾਰ ਭਾਰਤੀ ਵਿਦਿਆਰਥੀਆਂ ਦੀ ਮੌਤ ਨਾਲ ਮਾਪਿਆਂ 'ਚ ਚਿੰਤਾ ਦਾ ਮਾਹੌਲ

■ ਭਾਰਤੀ ਵਿਦਿਆਰਥੀਆਂ ਦੀ ਸਲਾਮਤੀ ਸਾਡੀ ਤਰਜੀਹ: ਜੈਸ਼ੰਕਰ

ਨਵੀਂ ਦਿੱਲੀ, (ਪੰਜਾਬ ਮੇਲ)- ਅਮਰੀਕਾ 'ਚ ਚਾਰ ਭਾਰਤੀ ਵਿਦਿਆਰਥੀਆਂ ਦੀ ਉਪਰੋਥੱਲੀ ਮੌਤ ਨਾਲ ਵਿਦੇਸ਼ 'ਚ ਪੜ੍ਹਨ ਗਏ ਬੱਚਿਆਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਾ ਦਾ ਮਾਹੌਲ ਪੈਦਾ ਹੋ ਗਿਆ ਹੈ। ਗੁੱਸੇ 'ਚ ਆਏ ਲੋਕਾਂ ਨੇ ਮੰਗ ਕੀਤੀ ਹੈ ਕਿ ਭਾਰਤੀ ਵਿਦਿਆਰਥੀਆਂ ਦੀ ਸੁਰੱਖਿਆ ਲਈ ਨਿਰਦੇਸ਼ ਜਾਰੀ ਕੀਤੇ ਜਾਣ। ਸਿਨਸਿਨਾਟੀ ਦੇ ਲਿੰਡਨਰ ਸਕੂਲ ਆਫ਼ ਬਿਜ਼ਨਸ ਦੇ ਵਿਦਿਆਰਥੀ ਸ਼੍ਰੇਅਸ ਰੈੱਡੀ ਬੇਨਿਗਰੀ ਦੀ ਵੀਰਵਾਰ ਨੂੰ ਮੌਤ ਹੋਈ ਹੈ। ਬੀਤੇ ਇਕ ਮਹੀਨੇ 'ਚ ਚਾਰ ਭਾਰਤੀ ਵਿਦਿਆਰਥੀਆਂ ਦੀ ਮੌਤ ਹੋ ਚੁੱਕੀ ਹੈ। ਇਸ ਤੋਂ ਪਹਿਲਾਂ ਪਰਡਿਊ ਯੂਨੀਵਰਸਿਟੀ ਦੇ ਨੀਲ ਅਚਾਰਿਆ, ਜੌਰਜੀਆ 'ਚ ਐੱਮ.ਬੀ.ਏ. ਵਿਦਿਆਰਥੀ ਵਿਵੇਕ ਸੈਣੀ ਅਤੇ ਇਲੀਨੌਇਸ ਯੂਨੀਵਰਸਿਟੀ ਦੇ ਅਕੁਲ ਬੀ ਧਵਨ ਦੀ ਮੌਤ ਹੋ ਚੁੱਕੀ ਹੈ। ਸ਼੍ਰੇਅਸ ਦੀ ਮੌਤ ਮਗਰੋਂ ਨਿਊਯਾਰਕ 'ਚ ਭਾਰਤੀ ਕੌਂਸਲੇਟ ਨੇ ਕਿਹਾ ਕਿ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਉਧਰ ਸੋਸ਼ਲ ਮੀਡੀਆ 'ਤੇ ਲੋਕਾਂ ਨੇ ਭਾਰਤੀ ਵਿਦਿਆਰਥੀਆਂ ਦੀ ਮੌਤ 'ਤੇ ਦੁੱਖ ਜ਼ਾਹਿਰ ਕਰਦਿਆਂ ਮੰਗ ਕੀਤੀ ਹੈ ਕਿ ਉਨ੍ਹਾਂ ਦੀ ਸੁਰੱਖਿਆ ਸਬੰਧੀ ਉਪਾਅ ਕੀਤੇ ਜਾਣੇ ਚਾਹੀਦੇ ਹਨ।

ਉਧਰ ਪਿਛਲੇ ਇਕ ਮਹੀਨੇ ਦੌਰਾਨ ਅਮਰੀਕਾ 'ਚ ਚਾਰ ਨੌਜਵਾਨਾਂ ਦੀ ਮੌਤ ਮਗਰੋਂ ਵਿਦੇਸ਼ ਮੰਤਰਾਲੇ ਨੇ ਕਿਹਾ ਹੈ ਕਿ ਪਿਛਲੇ ਪੰਜ ਸਾਲਾਂ ਦੌਰਾਨ ਵੱਖ-ਵੱਖ ਕਾਰਨਾਂ ਕਰਕੇ 34 ਮੁਲਕਾਂ 'ਚ 403 ਭਾਰਤੀ ਵਿਦਿਆਰਥੀਆਂ ਦੀ ਮੌਤ ਹੋ ਚੁੱਕੀ ਹੈ। ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਲੋਕ ਸਭਾ 'ਚ ਲਿਖਤੀ ਜਵਾਬ ਦੌਰਾਨ ਕਿਹਾ ਕਿ ਕੁਦਰਤੀ ਕਾਰਨਾਂ, ਹਾਦਸਿਆਂ ਅਤੇ ਸਿਹਤ ਵਿਗੜਨ ਸਮੇਤ ਹੋਰ ਕਾਰਨਾਂ ਕਰਕੇ ਭਾਰਤੀ ਵਿਦਿਆਰਥੀਆਂ ਦੀ ਵਿਦੇਸ਼ਾਂ 'ਚ ਮੌਤ ਹੋਈ ਹੈ।

ਰੋਜ਼ਾਨਾਂ ਤਾਜ਼ੀਆਂ ਖ਼ਬਰਾਂ ਪੜ੍ਹਨ ਲਈ ਪੰਜਾਬ ਮੇਲ ਦੀ ਵੈੱਬਸਾਇਟ 'ਤੇ ਕਲਿੱਕ ਕਰੋ :
www.punjabmailusa.com




# ਗੁਰਦੁਆਰਾ ਸ੍ਰੀ ਸੰਤੋਖਸਰ ਸਾਹਿਬ ਦੇ ਦਰਵਾਜ਼ੇ ਅੱਗੇ ਸਰਕਾਰ ਦੀ ਮਸ਼ਹੂਰੀ ਲਈ ਲਗਾਈਆਂ ਸਕ੍ਰੀਨਾਂ ਨੂੰ ਤੁਰੰਤ ਹਟਾਇਆ ਜਾਵੇ : ਐਡਵੋਕੇਟ ਧਾਮੀ



ਅੰਮ੍ਰਿਤਸਰ, (ਪੰਜਾਬ ਮੇਲ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਆਉਂਦੇ ਵਿਰਾਸਤੀ ਮਾਰਗ 'ਤੇ ਮੁੱਖ ਮੰਤਰੀ ਸ਼੍ਰੀ ਭਗਵੰਤ ਮਾਨ ਵੱਲੋਂ ਆਪਣੀ ਮਸ਼ਹੂਰੀ ਲਈ ਹੋਰ ਸਕ੍ਰੀਨਾਂ ਲਗਾ ਕੇ ਇੱਥੋਂ ਦੇ ਅਧਿਆਤਮਿਕ ਵਾਤਾਵਰਣ ਨੂੰ ਖੰਡਤ ਕਰਨ ਦੇ ਯਤਨਾਂ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਆਪਣੀਆਂ ਮਸ਼ਹੂਰੀਆਂ ਦੀ ਹੋਰ ਭਰਮਾਰ ਕਰਵਾਉਣ ਵਾਸਤੇ ਪੰਜਾਬ ਦੇ ਮੁੱਖ ਮੰਤਰੀ ਸ਼੍ਰੀ ਭਗਵੰਤ ਮਾਨ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਜਾਂਦੇ ਵਿਰਾਸਤੀ ਮਾਰਗ ਉੱਤੇ ਹੋਰ ਸਕ੍ਰੀਨਾਂ ਲਗਾਈਆਂ ਗਈਆਂ ਹਨ, ਜੋ ਅਧਿਆਤਮਿਕ ਵਾਤਾਵਰਣ ਨੂੰ ਖੰਡਤ ਕਰਨ ਦਾ ਯਤਨ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਦਾ ਚੌਗਿਰਦਾ ਧਾਰਮਿਕ ਮਾਹੌਲ ਵਾਲਾ ਹੁੰਦਾ ਹੈ, ਜਿੱਥੇ ਸੰਗਤ ਕੇਵਲ ਗੁਰੂ ਸਾਹਿਬ ਦੇ ਉਪਦੇਸ਼ ਸਰਵਣ ਕਰਨ ਲਈ ਆਉਂਦੀ ਹੈ। ਇੱਥੇ ਕੇਵਲ ਗੁਰਬਾਣੀ ਦਾ ਉਜਾਲਾ ਹੋਣਾ ਚਾਹੀਦਾ ਹੈ, ਨਾ ਕਿ ਸਰਕਾਰ ਦੀਆਂ ਅਖੌਤੀ ਪ੍ਰਾਪਤੀਆਂ ਦਾ ਹਨੇਰਾ। ਉਨ੍ਹਾਂ ਕਿਹਾ ਕਿ ਸ਼੍ਰੀ ਭਗਵੰਤ ਮਾਨ ਵੱਲੋਂ ਗੁਰੂ ਘਰਾਂ ਦੇ ਆਲੇ-ਦੁਆਲੇ ਨੂੰ ਵੀ ਨਹੀਂ ਬਖ਼ਸ਼ਿਆ ਜਾ ਰਿਹਾ, ਜਿੱਥੇ ਵੱਡੀ ਗਿਣਤੀ ਵਿਚ ਸੰਗਤ ਸ਼ਰਧਾ ਨਾਲ ਨਤਮਸਤਕ ਹੋਣ ਆਉਂਦੀ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸੰਗਤ ਵੱਲੋਂ ਗੁਰਦੁਆਰਾ ਸ੍ਰੀ ਸੰਤੋਖਸਰ ਸਾਹਿਬ ਦੇ ਮੁੱਖ ਦਰਵਾਜ਼ੇ 'ਤੇ ਲਗਾਈ ਗਈ ਸਕ੍ਰੀਨ ਸਬੰਧੀ ਇਤਰਾਜ਼ ਭੇਜੇ ਗਏ ਹਨ। ਉਨ੍ਹਾਂ ਕਿਹਾ ਕਿ ਸਿੱਖ ਮਰਿਯਾਦਾ ਅਤੇ ਸੰਗਤ ਦੀਆਂ ਭਾਵਨਾਵਾਂ ਦੇ ਵਿਰੁੱਧ ਸਰਕਾਰ ਦੀਆਂ ਮਸ਼ਹੂਰੀਆਂ ਲਈ ਲਗਾਈਆਂ ਇਨ੍ਹਾਂ ਸਕ੍ਰੀਨਾਂ ਨੂੰ ਤੁਰੰਤ ਹਟਾਇਆ ਜਾਵੇ।

# ਆਸਟਰੇਲੀਆ ਵੱਲੋਂ ਵਿਦਿਆਰਥੀਆਂ ਲਈ ਨਵੇਂ ਨਿਯਮ ਬਣਾਉਣ ਦੀ ਤਿਆਰੀ



ਸਿਡਨੀ, (ਪੰਜਾਬ ਮੇਲ)- ਆਸਟਰੇਲੀਆ ਆਉਣ ਵਾਲੇ ਕੌਮਾਂਤਰੀ ਵਿਦਿਆਰਥੀਆਂ ਲਈ ਪ੍ਰਧਾਨ ਮੰਤਰੀ ਐਂਥਨੀ ਅਲਬਨੀਜ਼ ਸਰਕਾਰ ਵੱਲੋਂ ਨਵੇਂ ਨਿਯਮ ਬਣਾਏ ਜਾ ਰਹੇ ਹਨ, ਜਿਨ੍ਹਾਂ ਨਾਲ ਉਨ੍ਹਾਂ ਦਾ ਮੁਲਕ 'ਚ ਪੱਕੇ ਤੌਰ 'ਤੇ ਵਸਣ ਦਾ ਰਾਹ ਪੱਧਰਾ ਹੋਵੇਗਾ। ਰਿਪੋਰਟ 'ਚ ਇਹ ਖ਼ੁਲਾਸਾ ਕੀਤਾ ਗਿਆ ਹੈ। 'ਅਸਲ ਵਿਦਿਆਰਥੀ ਟੈਸਟ' ਵਿਦੇਸ਼ੀ ਵਿਦਿਆਰਥੀਆਂ ਨੂੰ ਬਿਹਤਰ ਢੰਗ ਨਾਲ ਫਿਲਟਰ ਕਰਦਾ ਹੈ, ਜੋ ਦੇਸ਼ ਵਿਚ ਪੜ੍ਹਨ ਲਈ ਆਉਂਦੇ ਹਨ। ਸਰਕਾਰ ਦਾ ਇਹ ਨਿਯਮ ਯਕੀਨੀ ਬਣਾਉਂਦਾ ਹੈ ਕਿ ਵਿਦਿਆਰਥੀ ਪੜ੍ਹਾਈ ਖ਼ਤਮ ਹੋਣ ਮਗਰੋਂ ਆਪਣੇ ਵਤਨ ਪਰਤ ਜਾਣਗੇ ਪਰ ਹੁਣ ਉਹ ਇਹ ਮੱਦ ਖ਼ਤਮ ਕਰਨ ਜਾ ਰਹੀ ਹੈ।

ਹੁਣ ਵਿਦਿਆਰਥੀਆਂ ਉਤੇ ਨਿਰਭਰ ਹੋਵੇਗਾ ਕਿ ਉਹ ਮੁਲਕ ਵਿਚ ਪੱਕੇ ਤੌਰ 'ਤੇ ਰਹਿਣ ਲਈ ਵੀਜ਼ਾ ਸ਼ਰਤਾਂ ਨਾਲ ਸਬੰਧਤ ਨਿਯਮਾਂ ਦਾ ਪਾਲਣ ਕਰਨ। ਲੇਬਰ ਸਰਕਾਰ ਨੇ ਪਿਛਲੇ ਵਿੱਤੀ ਵਰ੍ਹੇ ਦੌਰਾਨ ਰਿਕਾਰਡ 577,295 ਵਿਦਿਆਰਥੀ ਵੀਜ਼ੇ ਜਾਰੀ ਕੀਤੇ ਸਨ, ਜਿਨ੍ਹਾਂ ਵਿਚ ਪੰਜਾਬੀ ਵਧੇਰੇ ਹਨ।

# ਕੈਨੇਡਾ ਪੁਲਿਸ ਵੱਲੋਂ ਨਿੱਝਰ ਦੇ ਦੋਸਤ ਦੇ ਘਰ 'ਤੇ ਗੋਲੀਬਾਰੀ ਦੀ ਜਾਂਚ ਸ਼ੁਰੂ

ਸਰੀ, (ਪੰਜਾਬ ਮੇਲ)- ਰੌਇਲ ਕੈਨੇਡੀਅਨ ਮਾਊਂਟਿਡ ਪੁਲਿਸ ਨੇ ਮਾਰੇ ਜਾ ਚੁੱਕੇ ਖਾਲਿਸਤਾਨੀ ਵੱਖਵਾਦੀ ਹਰਦੀਪ ਸਿੰਘ ਨਿੱਝਰ ਦੇ ਦੋਸਤ ਸਿਮਰਨਜੀਤ ਸਿੰਘ ਦੇ ਦੱਖਣੀ ਸਰੀ ਸਥਿਤ ਘਰ 'ਤੇ ਹੋਈ ਗੋਲੀਬਾਰੀ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਕੈਨੇਡੀਅਨ ਬ੍ਰਾਡਕਾਸਟਿੰਗ ਕਾਰਪੋਰੇਸ਼ਨ (ਸੀ.ਬੀ.ਸੀ.) ਦੀ ਰਿਪੋਰਟ ਮੁਤਾਬਕ ਸਰੀ ਪੁਲਿਸ ਨੂੰ ਬੀਤੇ ਹਫਤੇ, ਬੁੱਧਵਾਰ ਨੂੰ ਰਾਤ ਕਰੀਬ 1.20 ਵਜੇ 154 ਸਟਰੀਟ ਦੇ 2800 ਬਲਾਕ ਨੇੜੇ ਸਥਿਤ ਇਕ ਘਰ 'ਤੇ ਗੋਲੀਬਾਰੀ ਦੀ ਸੂਚਨਾ ਮਿਲੀ ਸੀ। ਕਾਰਪੋਰਲ ਸਰਬਜੀਤ ਸਾਂਘਾ ਨੇ ਕਿਹਾ ਕਿ ਅਧਿਕਾਰੀਆਂ ਨੇ ਇਲਾਕੇ ਦੇ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਵਧੇਰੇ ਜਾਣਕਾਰੀ ਲਈ ਸੀ.ਸੀ.ਟੀ.ਵੀ. ਫੁਟੇਜ ਦੀ ਪੜਤਾਲ ਕੀਤੀ ਜਾ ਰਹੀ ਹੈ। ਗੋਲੀਬਾਰੀ ਦੀ ਘਟਨਾ 'ਚ ਕੋਈ ਵੀ ਜ਼ਖ਼ਮੀ ਨਹੀਂ ਹੋਇਆ ਹੈ। ਸੀ.ਬੀ.ਸੀ. ਦੇ ਪੱਤਰਕਾਰ ਨੇ ਵੀਰਵਾਰ ਨੂੰ ਘਟਨਾ ਵਾਲੀ ਥਾਂ ਦਾ ਦੌਰਾ ਕੀਤਾ, ਜਿਥੇ ਉਸ ਨੇ ਘਰ ਅਤੇ ਇਕ ਕਾਰ 'ਤੇ ਗੋਲੀਆਂ ਦੇ ਨਿਸ਼ਾਨ ਦੇਖੇ। ਕਾਰਪੋਰਲ ਸਾਂਘਾ ਨੇ ਘਰ 'ਤੇ ਦਾਗ਼ੀਆਂ ਗਈਆਂ ਗੋਲੀਆਂ ਦੀ ਗਿਣਤੀ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਅਤੇ ਕਿਹਾ ਕਿ ਪੁਲਿਸ ਇਸ ਨੂੰ ਵੱਖਰੇ ਤਰ੍ਹਾਂ ਦੀ ਘਟਨਾ ਮੰਨ ਰਹੀ ਹੈ। ਉਨ੍ਹਾਂ ਕਿਹਾ, "ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ, ਜੋ ਅਜੇ ਮੁੱਢਲੇ ਪੜਾਅ 'ਤੇ ਹੈ। ਇਸ ਕਾਰਨ ਗੋਲੀਬਾਰੀ ਦੇ ਮਕਸਦ ਦਾ ਪਤਾ ਨਹੀਂ ਲੱਗ ਸਕਿਆ ਹੈ।" ਬ੍ਰਿਟਿਸ਼ ਕੋਲੰਬੀਆ ਗੁਰਦੁਆਰਾ ਪਰਿਸ਼ਦ ਦੇ ਤਰਜਮਾਨ ਮਨਿੰਦਰ ਸਿੰਘ ਨੇ ਕਿਹਾ ਕਿ ਸਿੱਖਾਂ ਦਾ ਮੰਨਣਾ ਹੈ ਕਿ ਗੋਲੀਬਾਰੀ ਦਾ ਕਾਰਨ ਨਿੱਝਰ ਨਾਲ ਸਿਮਰਨਜੀਤ ਸਿੰਘ ਦੇ ਸਬੰਧ ਹੋ ਸਕਦੇ ਹਨ।

# ਅੰਮ੍ਰਿਤਸਰ ਵਿਕਾਸ ਮੰਚ ਵਲੋਂ ਆਵਾਜ਼ ਪ੍ਰਦੂਸ਼ਣ ਸੰਬੰਧੀ ਮਾਨਯੋਗ ਸੁਪਰੀਮ ਕੋਰਟ ਦੇ ਹੁਕਮ ਲਾਗੂ ਕਰਨ ਦੀ ਮੰਗ

ਅੰਮ੍ਰਿਤਸਰ, (ਪੰਜਾਬ ਮੇਲ)- ਅੰਮ੍ਰਿਤਸਰ ਵਿਕਾਸ ਮੰਚ ਨੇ ਸ਼ੋਰ ਪ੍ਰਦੂਸ਼ਣ ਸਖ਼ਤੀ ਨਾਲ ਬੰਦ ਕਰਵਾਉਣ ਦੀ ਮੰਗ ਕੀਤੀ ਹੈ। ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ਼੍ਰੀ ਘਣਸ਼ਾਮ ਥੋਰੀ ਆਈ.ਏ.ਐੱਸ. ਨੂੰ ਲਿਖੇ ਇਕ ਸਾਂਝੇ ਪੱਤਰ ਵਿਚ ਮੰਚ ਦੇ ਪ੍ਰਧਾਨ ਇੰਜ. ਹਰਜਾਪ ਸਿੰਘ ਔਜਲਾ, ਸਰਪ੍ਰਸਤ ਡਾ. ਚਰਨਜੀਤ ਸਿੰਘ ਗੁਮਟਾਲਾ ਤੇ ਸਰਪ੍ਰਸਤ ਪ੍ਰਿੰਸੀਪਲ ਕੁਲਵੰਤ ਸਿੰਘ ਅਣਖੀ ਨੇ ਕਿਹਾ ਕਿ ਮੰਚ ਵੱਲੋਂ ਇਕ ਪੱਤਰ 13 ਮਈ 2007 ਨੂੰ ਉਸ ਸਮੇਂ ਦੇ ਡਿਪਟੀ ਕਮਿਸ਼ਨਰ ਸ. ਕਾਹਨ ਸਿੰਘ ਪੰਨੂੰ ਨੂੰ ਲਿਖਿਆ ਗਿਆ ਸੀ, ਜਿਸ ਵਿਚ ਉਨ੍ਹਾਂ ਧਿਆਨ ਇਨ੍ਹਾਂ ਖ਼ਬਰਾਂ ਵੱਲ ਦੁਆਇਆ ਗਿਆ ਸੀ ਕਿ ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਸਬ ਡਵੀਜ਼ਨ ਪੱਧਰ 'ਤੇ ਨੌਆਇਸ ਮੋਨਿੰਟਰਿੰਗ ਸੈੱਲ ਦਾ ਗਠਨ ਹੋ ਚੁੱਕਾ ਹੈ, ਜਿਸ ਵਿਚ ਸਬ ਡਿਵੀਜ਼ਨ ਮੈਜਿਸਟਰੇਟ ਨੂੰ ਸਬ ਡਿਵੀਜ਼ਨ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ ਤੇ ਇਸ ਵਿਚ ਡੀ.ਟੀ.ਓ., ਮਿਉਂਸਿਪਲ ਕਮੇਟੀ ਦੇ ਕਾਰਜਕਾਰੀ ਅਫ਼ਸਰ, ਸਮਾਜ ਸੇਵੀ ਸੰਸਥਾਵਾਂ ਤੇ ਹੋਰ ਅਧਿਕਾਰੀ ਸ਼ਾਮਲ ਹਨ।


## MATRIMONIAL

Jat Sikh Mann parents seeks a SMF for their son, 34 years old, 5'-6" tall, Ph.D. Chemistry, working as scientist in USA, very shortly divorced. Girl should be American or Canadian. Upper caste welcome. Marriage bureau excuse. Call/text +1-572-273-4588.

## MATRIMONIAL

Lovepreet Singh Gill, 26 yrs old, 5'11". US citizen, own small trucking company, living in Sacramento CA

## MATRIMONIAL

Jath Sikh, 32 yrs, height 6 feet, USA Multiple Visa Holder 10 years, Study BTech Electronics and Communications (GNE Ludhiana 2013), MEngg. Electrical and Computer Eng (Ottawa Carlton University Canada 2017. Mother Retired principal (Govt Of Punjab) USA GREEN CARD HOLDER. Looking for a USA Citizen Girl. Contact # 951-934-8655

## MATRIMONIAL

Jath Sikh, 28 yrs, height 6'-2" feet, Australia work Visa Holder since 2022 (At present in Australia), Study : BTech Productions 2017 (GNE Ludhiana). Mother Retired principal (Govt Of Punjab) USA GREEN CARD HOLDER. Looking for a USA Citizen Girl. for Contact # 951-934-8655

## MATRIMONIAL

Seeking alliance for a beautiful 33 year old Sikh Rajput girl height 5'3" Canadian citizen in US. Family is well settled in US. Innocently divorced shortly after marriage. Looking for a Green card holder or US citizen boy. Upper caste-no bar. Please send pictures and bio data on (510) 506-2319


# ਬ੍ਰਿਟਿਸ਼ ਕੋਲੰਬੀਆ ਦੀਆਂ ਵਿਧਾਨ ਸਭਾ ਚੋਣਾਂ 'ਚ ਕਿਸਮਤ ਅਜਮਾਉਣਗੇ 7 ਪੰਜਾਬੀ

ਵੈਨਕੂਵਰ, (ਪੰਜਾਬ ਮੇਲ)- ਕੈਨੇਡਾ ਵਿਚ ਇਸ ਸਾਲ ਵਿਧਾਨ ਸਭਾ ਚੋਣਾਂ ਹੋਣ ਜਾ ਰਹੀਆਂ ਹਨ। ਬ੍ਰਿਟਿਸ਼ ਕੋਲੰਬੀਆ ਸੂਬੇ ਦੀਆਂ ਵਿਧਾਨ ਸਭਾ ਚੋਣਾਂ ਵਿਚ ਭਾਵੇਂ ਅਜੇ ਤਕਰੀਬਨ 9 ਮਹੀਨੇ ਰਹਿੰਦੇ ਹਨ ਪਰ ਸਿਆਸੀ ਪਾਰਟੀਆਂ ਨੇ ਹੁਣ ਤੋਂ ਹੀ ਇਨ੍ਹਾਂ ਚੋਣਾਂ ਲਈ ਚੋਣ ਮੈਦਾਨ ਭਖਾ ਦਿੱਤਾ ਹੈ। ਕਈ ਵਿਧਾਨ ਸਭਾ ਹਲਕਿਆਂ ਵਿਚ ਉਮੀਦਵਾਰਾਂ ਦਾ ਸਿੱਧਾ ਐਲਾਨ ਕੀਤਾ ਜਾ ਰਿਹਾ ਹੈ ਤੇ ਕਈਆਂ ਵਿਚ ਨਾਮਜ਼ਦਗੀ ਕੀਤੀ ਜਾਵੇਗੀ।

ਇਨ੍ਹਾਂ ਵਿਧਾਨ ਸਭਾ ਚੋਣਾਂ ਲਈ ਹੁਣ ਤੱਕ ਬੀ.ਸੀ. ਯੂਨਾਈਟਿਡ ਪਾਰਟੀ ਨੇ 2 ਅਤੇ ਕੰਜ਼ਰਵੇਟਿਵ ਪਾਰਟੀ ਆਫ ਬੀ.ਸੀ. ਨੇ 5 ਪੰਜਾਬੀਆਂ ਨੂੰ ਆਪਣਾ ਉਮੀਦਵਾਰ ਬਣਾਇਆ ਹੈ। ਉੱਘੀ ਪੰਜਾਬਣ ਵਕੀਲ ਪੁਨੀਤ ਸੰਧਰ ਤੇ ਪੀਟਾਪਿਟ ਫ੍ਰੈਂਚਾਈਜ਼ ਰੈਸਟੋਰੈਂਟ ਦੇ ਮਾਲਕ ਪਵਨੀਤ ਸਿੰਘ ਹੈਪੀ ਬੀ.ਸੀ. ਯੂਨਾਈਟਿਡ ਪਾਰਟੀ ਵੱਲੋਂ ਚੋਣ ਮੈਦਾਨ ਵਿਚ ਨਿੱਤਰੇ ਹਨ, ਜਦਕਿ ਡਾਕਟਰ ਜੋਡੀ ਤੂਰ, ਰੇਡੀਓ ਹੋਸਟ ਤੇਗਜੋਤ ਬੱਲ, ਉੱਘੀ ਸਮਾਜ-ਸੇਵਿਕਾ ਤੇ ਕਿੱਤੇ ਵਜੋਂ ਨਰਸ ਦੁਪਿੰਦਰ ਕੌਰ ਸਰਾਂ, ਪਹਿਲਵਾਨ ਤੇ ਕਬੱਡੀ ਖਿਡਾਰੀ ਰਹੇ ਮਨਦੀਪ ਧਾਲੀਵਾਲ ਤੇ ਸਾਬਕਾ ਰੇਡੀਓ ਹੋਸਟ ਦੀਪਕ ਸੂਰੀ ਨੂੰ ਕੰਜ਼ਰਵੇਟਿਵ ਪਾਰਟੀ ਬੀ.ਸੀ. ਨੇ ਆਪਣੇ ਪਾਰਟੀ ਉਮੀਦਵਾਰ ਬਣਾਇਆ ਹੈ। ਬ੍ਰਿਟਿਸ਼ ਕੋਲੰਬੀਆ ਦੀ 87 ਮੈਂਬਰੀ ਵਿਧਾਨ ਸਭਾ ਵਿਚ 10 ਪੰਜਾਬੀ ਵਿਧਾਇਕ ਹਨ ਤੇ ਸਾਰੇ ਵਿਧਾਇਕ ਸੱਤਾਧਾਰੀ ਐੱਨ.ਡੀ.ਪੀ. ਪਾਰਟੀ ਨਾਲ ਸਬੰਧਤ ਹਨ।




# HOME FOR SALE

## 5 Bedroom, 3 Bathroom

2057 Redbud Way, Antioch CA 94509

**3392 sf, $749,000**













This beautiful house is Nearly 3400 SF house has 5 Bed Rooms, 3 Bathrooms. Welcome to the vibrant neighborhood of 2057 Redbud Way, located in the 94509 zip code! This area offers a fantastic mix of amenities, schools, and attractions that make it a great place to live. Whether you are a young professional, a growing family, or a retiree looking for a peaceful place to call home, this neighborhood has something for everyone. Here are some key highlights of the neighborhood: Schools: Delta View Elementary School: A highly-rated public school. Park Middle School: An exceptional public middle school. Antioch High School: A renowned public high school. Diablo Valley College: a community college that offers a wide range of courses and programs, is just a short distance away. Antioch Water Park. Diverse Dining Options Black Diamond Mines Regional Preserve: Antioch Community Park. This is truly a great place to call home.

**Gurjatinder S. Randhawa**
REALTOR CA BRE licence # 01490567
916-320-9444

REALTY ONE GROUP

garysingh123@yahoo.com

# ਲੋਕ ਸਭਾ ਚੋਣਾਂ-2024 ਬੇਹੱਦ ਨਜ਼ਦੀਕ

**ਮੋਹਾਲੀ, (ਪੰਜਾਬ ਮੇਲ)-** ਲੋਕ ਸਭਾ ਚੋਣਾਂ-2024 ਬੇਹੱਦ ਨਜ਼ਦੀਕ ਆ ਗਈਆਂ ਹਨ ਅਤੇ 29 ਮਈ, 2024 ਤੋਂ ਪਹਿਲਾਂ ਹਰ ਹੀਲੇ 'ਚ ਚੋਣ ਪ੍ਰਕਿਰਿਆ ਪੂਰੀ ਤਰ੍ਹਾਂ ਮੁਕੰਮਲ ਕੀਤੀ ਜਾਣੀ ਹੈ ਪਰ ਕਿਸੇ ਵੀ ਸਿਆਸੀ ਪਾਰਟੀ ਵਲੋਂ ਆਪਣੇ ਸਿਆਸੀ ਭਾਈਵਾਲ ਸਬੰਧੀ ਅਜੇ ਤੱਕ ਕੋਈ ਸਪੱਸ਼ਟ ਐਲਾਨ ਸਾਹਮਣੇ ਨਹੀਂ ਆਇਆ। ਹਰ ਇਕ ਪਾਰਟੀ ਦੇ ਆਗੂਆਂ ਵਲੋਂ ਇਕ-ਦੂਜੇ ਪ੍ਰਤੀ ਬਿਆਨਬਾਜ਼ੀ ਅਤੇ ਕਾਨੂੰਨੀ ਕਾਰਵਾਈਆਂ ਦਾ ਦੌਰ ਸਿਖ਼ਰਾਂ 'ਤੇ ਹੈ, ਜਿਸ ਸਬੰਧੀ ਦੂਸਰੀ ਅਤੇ ਤੀਸਰੀ ਕਤਾਰ ਦੇ ਆਗੂਆਂ ਤੋਂ ਇਲਾਵਾ ਹਰ ਇਕ ਸਿਆਸੀ ਪਾਰਟੀ ਦੇ ਸਰਗਰਮ ਵਰਕਰ ਹਾਲ ਦੀ ਘੜੀ ਭੰਬਲਭੂਸੇ ਦੀ ਸਥਿਤੀ ਵਿਚੋਂ ਲੰਘ ਰਹੇ ਹਨ ਤੇ ਉਨ੍ਹਾਂ ਨੂੰ ਸਮਝ ਨਹੀਂ ਆ ਰਹੀ ਕਿ ਉਹ ਪੱਕੇ ਤੌਰ 'ਤੇ ਕਿਸ ਪਾਰਟੀ ਨਾਲ ਖੜ੍ਹਨਗੇ। ਹਰ ਸਰਗਰਮ ਵਰਕਰ ਇਸ ਗੱਠਜੋੜ ਸਬੰਧੀ ਹਾਈਕਮਾਂਡ ਦੇ ਫ਼ੈਸਲੇ ਦੀ ਉਡੀਕ ਵਿਚ ਹੈ।

**ਅਰਵਿੰਦ ਕੇਜਰੀਵਾਲ 'ਤੇ ਈ.ਡੀ. ਵਲੋਂ ਲਗਾਤਾਰ ਸੰਮਨ ਤੋਂ 'ਆਪ' ਵਰਕਰ ਪਰੇਸ਼ਾਨ :** ਆਮ ਆਦਮੀ ਪਾਰਟੀ (ਆਪ) ਦੇ ਸੁਪਰੀਮੋ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਈ.ਡੀ. ਵਲੋਂ ਦਿੱਤੇ ਗਏ ਪੰਜਵੀਂ ਸੰਮਨ ਕਾਰਨ 'ਆਪ' ਵਰਕਰ ਪਰੇਸ਼ਾਨ ਹਨ ਅਤੇ ਵਰਕਰਾਂ ਵਲੋਂ ਆਪ ਮੁਹਾਰੇ ਹੀ ਦਿੱਲੀ ਅਤੇ ਭਾਜਪਾ ਦੇ ਦਫ਼ਤਰਾਂ ਵੱਲ ਮੁਹਾਰਾਂ ਘੱਤ ਕੇ ਭਾਜਪਾ ਖ਼ਿਲਾਫ਼ ਨਾਅਰੇਬਾਜ਼ੀ ਅਤੇ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹੋਰਨਾਂ ਆਮ ਆਦਮੀ ਪਾਰਟੀ ਦੇ ਆਗੂਆਂ ਵਲੋਂ ਈ.ਡੀ. ਦੀ ਇਸ ਕਾਰਵਾਈ ਨੂੰ ਭਾਜਪਾ ਦੀ ਸਿਆਸੀ ਕਾਰਵਾਈ ਗਰਦਾਨਿਆ ਜਾ ਰਿਹਾ ਹੈ। ਦੂਸਰੇ ਪਾਸੇ 'ਆਪ' ਵਲੋਂ ਆਪਣੇ ਸੰਭਾਵੀ 'ਇੰਡੀਆ' ਗੱਠਜੋੜ ਦੇ ਅਹਿਮ ਭਾਈਵਾਲ ਕਾਂਗਰਸ ਪਾਰਟੀ ਨਾਲ ਵੀ ਪੰਜਾਬ 'ਚ ਅਜੇ ਤੱਕ ਕੋਈ ਸਪੱਸ਼ਟ ਐਲਾਨ ਸਾਹਮਣੇ ਨਹੀਂ ਆ ਰਿਹਾ, ਬੇਸ਼ੱਕ ਚੰਡੀਗੜ੍ਹ ਕਾਰਪੋਰੇਸ਼ਨ ਦੇ ਮੇਅਰ ਦੀ ਚੋਣ ਦੇ ਮਾਮਲੇ ਵਿਚ 'ਆਪ' ਅਤੇ ਕਾਂਗਰਸ ਇਕ ਮੰਚ ਤੋਂ ਹੀ ਭਾਜਪਾ ਖ਼ਿਲਾਫ਼ ਲੜਦੇ ਵਿਖਾਈ ਦਿੱਤੇ ਪਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਕੁੱਝ ਦਿਨ ਪਹਿਲਾਂ ਇਹ ਬਿਆਨ ਕਿ ਉਹ ਪੰਜਾਬ ਦੀਆਂ 13 ਲੋਕ ਸਭਾ ਸੀਟਾਂ 'ਤੇ ਇਕੱਲਿਆਂ ਹੀ ਚੋਣ ਲੜਨਗੇ, ਤੋਂ ਬਾਅਦ 'ਆਪ' ਦੇ ਆਗੂ ਪੰਜਾਬ ਵਿਚ ਗੱਠਜੋੜ ਸਬੰਧੀ ਫੂਕ-ਫੂਕ ਕੇ ਕਦਮ ਚੁੱਕ ਰਹੇ ਹਨ।

**■ ਸਿਆਸੀ ਪਾਰਟੀ ਦੇ ਸਰਗਰਮ ਵਰਕਰ ਹਾਲ ਦੀ ਘੜੀ ਭੰਬਲਭੂਸੇ ਦੀ ਸਥਿਤੀ 'ਚ**



### ਸ਼੍ਰੋਮਣੀ ਅਕਾਲੀ ਦਲ 'ਪੰਜਾਬ ਬਚਾਓ ਯਾਤਰਾ' 'ਤੇ

ਲੋਕ ਸਭਾ ਚੋਣਾਂ ਦੀ ਤਿਆਰੀ ਵਜੋਂ ਆਪਣੇ ਵਰਕਰਾਂ ਵਿਚ ਜੋਸ਼ ਭਰਨ ਲਈ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ 'ਪੰਜਾਬ ਬਚਾਓ ਯਾਤਰਾ' ਸ਼ੁਰੂ ਕੀਤੀ ਗਈ ਅਤੇ ਇਸ ਯਾਤਰਾ ਦਾ ਅਕਾਲੀ ਦਲ ਦੇ ਵਰਕਰਾਂ ਵਲੋਂ ਥਾਂ-ਥਾਂ 'ਤੇ ਭਰਵਾਂ ਸਵਾਗਤ ਕੀਤਾ ਜਾ ਰਿਹਾ ਹੈ। ਬੇਸ਼ੱਕ ਪਹਿਲਾਂ ਸੁਖਦੇਵ ਸਿੰਘ ਢੀਂਡਸਾ ਦੀ ਅਗਵਾਈ ਵਾਲੇ ਸ਼੍ਰੋਮਣੀ ਅਕਾਲੀ ਦਲ ਸੰਯੁਕਤ ਨਾਲ ਸ਼੍ਰੋਮਣੀ ਅਕਾਲੀ ਦਲ ਦੀ ਨਜ਼ਦੀਕੀ ਹੋ ਜਾਣ ਦੀਆਂ ਖ਼ਬਰਾਂ ਕਾਰਨ ਇਹ ਸਮਝਿਆ ਜਾਂਦਾ ਸੀ ਕਿ ਅਕਾਲੀ ਦਲ ਸੰਯੁਕਤ ਦਾ ਸ਼੍ਰੋਮਣੀ ਅਕਾਲੀ ਦਲ ਵਿਚ ਰਲੇਵਾਂ ਕਿਸੇ ਵੇਲੇ ਵੀ ਸੰਭਵ ਹੈ, ਜਿਸ ਸਬੰਧੀ ਅਜੇ ਤੱਕ ਭਾਜਪਾ ਹਾਈਕਮਾਂਡ ਵਲੋਂ ਕੋਈ ਸਪੱਸ਼ਟ ਸੰਕੇਤ ਨਹੀਂ ਹੈ, ਜਦਕਿ ਦੂਸਰੇ ਪਾਸੇ ਬਸਪਾ ਦੇ ਸੂਬਾ ਪ੍ਰਧਾਨ ਜਸਵੀਰ ਸਿੰਘ ਗੜ੍ਹੀ ਵਲੋਂ ਆਪਣੇ ਸਿਆਸੀ ਹਮਖਿਆਲੀ ਸ਼੍ਰੋਮਣੀ ਅਕਾਲੀ ਦਲ ਨਾਲ ਸਾਂਝੀਆਂ ਮੀਟਿੰਗਾਂ ਕਰਨ ਦੀ ਥਾਂ ਮੌਜੂਦਾ ਦੌਰ ਵਿਚ ਵੱਖਰੀਆਂ ਮੀਟਿੰਗਾਂ ਅਤੇ ਬਿਆਨਬਾਜ਼ੀ ਕੀਤੀ ਜਾ ਰਹੀ ਹੈ।

### ਕਾਂਗਰਸ ਵਲੋਂ 11 ਫਰਵਰੀ ਨੂੰ ਸਮਰਾਲਾ ਵਿਖੇ ਸੂਬਾ ਪੱਧਰੀ ਕਨਵੈਨਸ਼ਨ

ਕਾਂਗਰਸ ਪਾਰਟੀ ਵਲੋਂ ਆਪਣੇ ਵਰਕਰਾਂ ਵਿਚ ਜੋਸ਼ ਭਰਨ ਲਈ ਸਮਰਾਲਾ ਹਲਕੇ 'ਚ ਸੂਬਾ ਪੱਧਰੀ ਕਨਵੈਨਸ਼ਨ ਕੀਤੀ ਜਾ ਰਹੀ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸਮਰਾਲਾ ਹਲਕੇ ਤੋਂ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਅਤੇ ਸੂਬਾ ਪੱਧਰੀ ਕਨਵੈਨਸ਼ਨ ਦੇ ਮੱਦੇਨਜ਼ਰ ਬਣਾਈ ਗਈ 16 ਮੈਂਬਰੀ ਪ੍ਰਬੰਧਕ ਕਮੇਟੀ ਦੇ ਮੈਂਬਰ ਸੀਨੀਅਰ ਕਾਂਗਰਸੀ ਨੇਤਾ ਬਲਵਿੰਦਰ ਸਿੰਘ ਬੰਬ ਨੇ ਦੱਸਿਆ ਕਿ 11 ਫਰਵਰੀ ਨੂੰ ਸਮਰਾਲਾ ਵਿਖੇ ਹੋਣ ਜਾ ਰਹੀ ਸੂਬਾ ਪੱਧਰੀ ਕਨਵੈਨਸ਼ਨ ਵਿਚ ਕਾਂਗਰਸ ਦੇ ਕੌਮੀ ਪ੍ਰਧਾਨ ਮਲਿਕਾ ਅਰਜੁਨ ਖੜਗੇ ਤੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਸਮੇਤ ਸੀਨੀਅਰ ਲੀਡਰਸ਼ਿਪ ਪਹੁੰਚ ਰਹੀ ਹੈ। ਇਸ ਕਨਵੈਨਸ਼ਨ ਸਬੰਧੀ ਪਾਰਟੀ ਵਰਕਰਾਂ ਵਲੋਂ ਤਿਆਰੀਆਂ ਪੂਰੇ ਜੋਸ਼ੋ-ਖਰੋਸ਼ ਨਾਲ ਕੀਤੀਆਂ ਜਾ ਰਹੀਆਂ ਹਨ, ਉਧਰ ਪੰਜਾਬ ਦੇ ਸਾਬਕਾ ਪ੍ਰਧਾਨ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਸ਼ਮਸ਼ੇਰ ਸਿੰਘ ਦੂਲੋ, ਮਹਿੰਦਰ ਸਿੰਘ ਕੇ.ਪੀ., ਲਾਲ ਸਿੰਘ ਅਤੇ ਨਵਜੋਤ ਸਿੰਘ ਸਿੱਧੂ ਦੀ ਪਟਿਆਲਾ ਵਿਖੇ ਹੋਈ ਮੀਟਿੰਗ ਅਤੇ ਬਕਾਇਦਾ ਮੀਟਿੰਗ ਦੇ ਵੇਰਵੇ ਅਤੇ ਫੋਟੋ ਵਾਇਰਲ ਕਰਨ ਤੋਂ ਬਾਅਦ ਕਾਂਗਰਸ ਦੇ ਨਵੇਂ ਪ੍ਰਦੇਸ਼ ਇੰਚਾਰਜ ਦਵਿੰਦਰ ਯਾਦਵ ਲਈ ਇਸਨੂੰ ਪ੍ਰੀਖਿਆ ਦੀ ਘੜੀ ਸਮਝਿਆ ਜਾ ਰਿਹਾ ਹੈ। ਭਾਵੇਂ ਕਿ 2024 ਦੀਆਂ ਲੋਕ ਸਭਾ ਚੋਣਾਂ ਬਿਲਕੁੱਲ ਨਜ਼ਦੀਕ ਆ ਚੁੱਕੀਆਂ ਹਨ ਪਰ ਸਿਆਸੀ ਪਾਰਟੀਆਂ ਵਿਚ ਸਿਆਸੀ ਗੱਠਜੋੜ ਸਬੰਧੀ ਸਪੱਸ਼ਟ ਹੋਣ ਵਿਚ ਹੋ ਰਹੀ ਦੇਰੀ ਕਾਰਨ ਸਾਰੀਆਂ ਪਾਰਟੀਆਂ ਦੇ ਵਰਕਰਾਂ ਵਿਚ ਬੇਯਕੀਨੀ ਦਾ ਮਾਹੌਲ ਹੈ।

## ਲਗਾਤਾਰ ਮਿਲ ਰਹੀਆਂ ਸ਼ਿਕਾਇਤਾਂ 'ਤੇ ਸਿੱਧੂ ਨੂੰ ਨੋਟਿਸ ਜਾਰੀ ਕਰਨ ਦੀ ਤਿਆਰੀ 'ਚ ਹਾਈਕਮਾਂਡ!

**ਲੁਧਿਆਣਾ, (ਪੰਜਾਬ ਮੇਲ)-** ਦੇਰ ਨਾਲ ਹੀ ਸਹੀ ਕਾਂਗਰਸ 'ਚ ਨਵਜੋਤ ਸਿੱਧੂ ਦੇ ਵਿਰੋਧੀਆਂ ਦਾ ਪਲੜਾ ਭਾਰੀ ਹੋਣ ਲੱਗਾ ਹੈ, ਜਿਸ ਤਹਿਤ ਕਾਂਗਰਸ ਹਾਈਕਮਾਂਡ ਵੱਲੋਂ ਉਨ੍ਹਾਂ ਨੂੰ ਨੋਟਿਸ ਜਾਰੀ ਕਰਨ ਦੀ ਚਰਚਾ ਹੈ। ਇੱਥੇ ਦੱਸਣਾ ਜ਼ਰੂਰੀ ਹੋਵੇਗਾ ਕਿ ਪਾਰਟੀ ਪਲੇਟਫਾਰਮ ਤੋਂ ਹੱਟ ਕੇ ਕੀਤੀਆਂ ਜਾ ਰਹੀਆਂ ਰੈਲੀਆਂ 'ਚ ਆਮ ਆਦਮੀ ਪਾਰਟੀ ਸਰਕਾਰ ਦੀ ਵਰਕਿੰਗ ਨੂੰ ਲੈ ਕੇ ਭਗਵੰਤ ਮਾਨ ਅਤੇ ਅਰਵਿੰਦ ਕੇਜਰੀਵਾਲ 'ਤੇ ਹਮਲਾ ਬੋਲਣ ਦੇ ਨਾਲ ਸਿੱਧੂ ਵੱਲੋਂ ਆਪਣੀ ਹੀ ਪਾਰਟੀ ਦੇ ਨੇਤਾਵਾਂ ਨੂੰ ਨਾਂ ਲਏ ਬਿਨਾਂ ਉਨ੍ਹਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਇਸ ਮੁੱਦੇ 'ਤੇ ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਬਾਜਵਾ ਅਤੇ ਸਿੱਧੂ ਵਿਚਕਾਰ ਪਰਸਪਰ ਵਿਰੋਧੀ ਬਿਆਨਬਾਜ਼ੀ ਦਾ ਦੌਰ ਜਾਰੀ ਹੈ ਅਤੇ ਸੁਖਜਿੰਦਰ ਰੰਧਾਵਾ, ਰਵਨੀਤ ਬਿੱਟੂ ਸਮੇਤ ਕਈ ਸੀਨੀਅਰ ਨੇਤਾਵਾਂ ਵੱਲੋਂ ਸਿੱਧੂ ਖ਼ਿਲਾਫ਼ ਅਨੁਸ਼ਾਸਨਹੀਣਤਾ ਦੇ ਦੋਸ਼ 'ਚ ਕਾਰਵਾਈ ਕਰਨ ਦੀ ਮੰਗ ਕੀਤੀ ਜਾ ਰਹੀ ਹੈ। ਇਸ ਵਿਰੋਧ ਦੇ ਬਾਵਜੂਦ ਹਾਈਕਮਾਂਡ ਵੱਲੋਂ ਪਿਛਲੇ ਦਿਨੀਂ ਸਿੱਧੂ ਨੂੰ ਇਲੈਕਸ਼ਨ ਕਮੇਟੀ ਦਾ ਮੈਂਬਰ ਬਣਾ ਕੇ ਕੁਝ ਹੋਰ ਹੀ ਸੰਦੇਸ਼ ਦੇਣ ਦੀ ਕੋਸ਼ਿਸ਼ ਕੀਤੀ ਗਈ ਸੀ, ਜਿਸ ਦੇ ਬਾਵਜੂਦ ਸਿੱਧੂ ਨੇ ਆਪਣਾ ਰਵੱਈਆ ਨਹੀਂ ਬਦਲਿਆ, ਤਾਂ ਪੰਜਾਬ ਕਾਂਗਰਸ ਦੇ ਨੇਤਾਵਾਂ ਨੇ ਸਖ਼ਤ ਇਤਰਾਜ਼ ਜਤਾਇਆ ਹੈ। ਇਸ ਦੇ ਮੱਦੇਨਜ਼ਰ ਹਾਈਕਮਾਂਡ ਨੇ ਵੀ ਆਪਣਾ ਮੂਡ ਬਦਲ ਲਿਆ ਹੈ ਅਤੇ ਸਿੱਧੂ ਨੂੰ ਨੋਟਿਸ ਜਾਰੀ ਕਰਨ ਦੀ ਚਰਚਾ ਸੁਣਨ ਨੂੰ ਮਿਲ ਰਹੀ ਹੈ।

## ਕੈਨੇਡਾ ਵੱਲੋਂ ਭਾਰਤ 'ਵਿਦੇਸ਼ੀ ਖਤਰਾ' ਕਰਾਰ!

**ਨਵੀਂ ਦਿੱਲੀ, (ਪੰਜਾਬ ਮੇਲ)-** ਕੈਨੇਡਾ ਨੇ ਆਪਣੀ ਧਰਤੀ 'ਤੇ ਇੱਕ ਖਾਲਿਸਤਾਨੀ ਵੱਖਵਾਦੀ ਦੀ ਹੱਤਿਆ 'ਚ ਦਿੱਲੀ ਦੀ ਭੂਮਿਕਾ ਦਾ ਦੋਸ਼ ਲਾਉਣ ਦੇ ਮਹੀਨਿਆਂ ਬਾਅਦ ਭਾਰਤ ਨੂੰ 'ਵਿਦੇਸ਼ੀ ਖਤਰਾ' ਕਰਾਰ ਦਿੱਤਾ ਹੈ, ਜੋ ਸੰਭਾਵੀ ਤੌਰ 'ਤੇ ਉਨ੍ਹਾਂ ਦੀਆਂ ਚੋਣਾਂ 'ਚ ਦਖਲ ਦੇ ਸਕਦਾ ਹੈ। ਭਾਰਤ ਸਰਕਾਰ ਨੇ ਅਜੇ ਤੱਕ ਇਸ ਦੋਸ਼ 'ਤੇ ਪ੍ਰਤੀਕਿਰਿਆ ਨਹੀਂ ਦਿੱਤੀ ਹੈ। ਦੂਜੇ ਪਾਸੇ ਅਮਰੀਕਾ ਦੇ ਇੱਕ ਅਹਿਮ ਸੈਨੇਟਰ ਨੇ ਬਾਇਡਨ ਪ੍ਰਸ਼ਾਸਨ ਵੱਲੋਂ ਵਾਅਦਾ ਕੀਤਾ ਹੈ ਕਿ ਉਹ ਨਿਊਯਾਰਕ 'ਚ ਖਾਲਿਸਤਾਨੀ ਵੱਖਵਾਦੀ ਗੁਰਪਤਵੰਤ ਸਿੰਘ ਪੰਨੂ ਦੀ ਹੱਤਿਆ ਦੀ ਕੋਸ਼ਿਸ਼ 'ਚ ਭਾਰਤ ਸਰਕਾਰ ਦੀ ਸ਼ਮੂਲੀਅਤ ਦੇ ਦੋਸ਼ਾਂ ਦੀ ਜਾਂਚ 'ਚ ਸਹਿਯੋਗ ਲਈ ਭਾਰਤ ਨੂੰ ਮਨਾਉਣਗੇ।

ਬ੍ਰਿਟਿਸ਼ ਕੋਲੰਬੀਆ 'ਚ ਖਾਲਿਸਤਾਨੀ ਵੱਖਵਾਦੀ ਹਰਦੀਪ ਸਿੰਘ ਨਿੱਝਰ ਦੀ ਹੱਤਿਆ 'ਚ ਭਾਰਤ ਦਾ ਹੱਥ ਹੋਣ ਨੂੰ ਲੈ ਕੇ ਨਵੀਂ ਦਿੱਲੀ ਨਾਲ ਚੱਲ ਰਹੇ ਤਣਾਅ ਵਿਚਾਲੇ ਕੈਨੇਡਿਆਈ ਸੁਰੱਖਿਆ ਖ਼ੁਫ਼ੀਆ ਸੇਵਾ (ਸੀ.ਐੱਸ.ਆਈ.ਐੱਸ.) ਦੀ ਰਿਪੋਰਟ 'ਚ ਭਾਰਤ ਨੂੰ 'ਵਿਦੇਸ਼ੀ ਦਖਲ' ਦੇ ਖਤਰੇ ਵਜੋਂ ਦਰਸਾਇਆ ਗਿਆ ਹੈ। 'ਭਾਰਤ ਦਾ ਵਿਦੇਸ਼ੀ ਦਖਲ' ਸਬੰਧੀ ਰਿਪੋਰਟ 'ਚ ਕਿਹਾ ਗਿਆ ਹੈ, 'ਸਾਨੂੰ ਕੈਨੇਡਾ ਦੀਆਂ ਜਮਹੂਰੀ ਸੰਸਥਾਵਾਂ ਤੇ ਪ੍ਰਕਿਰਿਆਵਾਂ ਦੀ ਰਾਖੀ ਲਈ ਹੋਰ ਜ਼ਿਆਦਾ ਕੋਸ਼ਿਸ਼ ਕਰਨੀ ਚਾਹੀਦੀ ਹੈ।' ਇਸ ਵਿਚ ਕਿਹਾ ਗਿਆ ਹੈ ਕਿ ਇਹ ਸਮੱਸਿਆ ਹੋਰ ਗੰਭੀਰ ਹੋ ਸਕਦੀ ਹੈ। ਕੈਨੇਡਿਆਈ ਮੀਡੀਆ ਅਨੁਸਾਰ ਇਹ ਰਿਪੋਰਟ ਅਕਤੂਬਰ 2022 ਦੀ ਹੈ ਅਤੇ ਇਹ ਰਿਪੋਰਟ ਸਰਕਾਰੀ ਗਤੀਵਿਧੀਆਂ ਨੂੰ ਪ੍ਰਭਾਵਿਤ ਕਰਨ ਲਈ ਭਾਰਤ, ਚੀਨ ਤੇ ਰੂਸ ਦੇ ਕਥਿਤ ਵਿਦੇਸ਼ੀ ਦਖਲ ਦੀ ਜਾਂਚ ਨਾਲ ਸਬੰਧਤ ਹੈ। ਇਸ ਰਿਪੋਰਟ ਤੋਂ ਬਾਅਦ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਜਾਂਚ ਦੇ ਹੁਕਮ ਦਿੱਤੇ ਸਨ।

ਭਾਰਤ ਨੂੰ ਇੱਕ ਵਿਦੇਸ਼ੀ ਖਤਰੇ ਵਜੋਂ ਪੇਸ਼ ਕੀਤੇ ਜਾਣ ਨਾਲ ਕੈਨੇਡਾ ਨਾਲ ਤਣਾਅ ਵਧੇਗਾ, ਜਿਸ ਬਾਰੇ ਨਵੀਂ ਦਿੱਲੀ ਦਾ ਕਹਿਣਾ ਹੈ ਕਿ ਉਹ ਵੱਖਵਾਦ ਤੇ ਗੈਂਗਸਟਰਵਾਦ ਨਾਲ ਸਬੰਧਤ ਗਤੀਵਿਧੀਆਂ ਨੂੰ ਥਾਂ ਦਿੰਦਾ ਹੈ। ਦੂਜੇ ਪਾਸੇ ਓਟਵਾ ਦਾ ਕਹਿਣਾ ਹੈ ਕਿ ਭਾਰਤ ਸਰਕਾਰ ਨੂੰ ਨਿੱਝਰ ਦੀ ਹੱਤਿਆ 'ਚ ਆਪਣੀ ਸ਼ਮੂਲੀਅਤ ਬਾਰੇ ਸਪੱਸ਼ਟੀਕਰਨ ਦੇਣਾ ਚਾਹੀਦਾ ਹੈ।

**■ ਚੋਣਾਂ 'ਚ ਭਾਰਤ ਵੱਲੋਂ ਦਖਲ ਦਿੱਤੇ ਜਾਣ ਦਾ ਜਤਾਇਆ ਖਦਸ਼ਾ**

ਤਾਜ਼ੀਆਂ ਖਬਰਾਂ ਪੜ੍ਹਨ ਲਈ ਪੰਜਾਬ ਮੇਲ ਦੀ ਵੈੱਬਸਾਇਟ 'ਤੇ ਕਲਿੱਕ ਕਰੋ : www.punjabmailusa.com




# ਪੰਜਾਬ ਦੇ ਰਾਜਪਾਲ ਵੱਲੋਂ ਦਿੱਤੇ ਅਚਨਚੇਤ ਅਸਤੀਫ਼ਾ ਦਾ ਭੇਤ ਬਰਕਰਾਰ



**ਚੰਡੀਗੜ੍ਹ, (ਪੰਜਾਬ ਮੇਲ)-** ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਵੱਲੋਂ ਦਿੱਤੇ ਗਏ ਅਚਨਚੇਤ ਅਸਤੀਫ਼ੇ ਦਾ ਭੇਤ ਬਰਕਰਾਰ ਹੈ। ਸਿਆਸੀ ਹਲਕਿਆਂ ਵਿਚ ਕਈ ਤਰ੍ਹਾਂ ਦੀਆਂ ਚਰਚਾਵਾਂ ਦਾ ਜ਼ੋਰ ਹੈ ਪਰ ਕਿਸੇ ਦੇ ਹੱਥ ਅਸਤੀਫ਼ੇ ਦੇ ਠੋਸ ਕਾਰਨ ਨਹੀਂ ਹਨ। ਚੇਤੇ ਰਹੇ ਕਿ ਬਨਵਾਰੀ ਲਾਲ ਪੁਰੋਹਿਤ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮਿਲਣੀ ਮਗਰੋਂ ਆਪਣਾ ਅਸਤੀਫ਼ਾ ਰਾਸ਼ਟਰਪਤੀ ਨੂੰ ਸੌਂਪ ਦਿੱਤਾ ਸੀ। ਪੁਰੋਹਿਤ ਦਾ ਬਤੌਰ ਰਾਜਪਾਲ ਪੰਜਾਬ ਵਿਚਲਾ ਕਾਰਜਕਾਲ ਵਿਵਾਦਤ ਰਿਹਾ ਹੈ

**■ ਚੰਡੀਗੜ੍ਹ ਮੇਅਰ ਦੀ ਚੋਣ ਵਿਚ ਭਾਜਪਾ ਦੀ ਸਾਖ਼ ਨੂੰ ਧੱਕਾ ਲੱਗਣ ਤੋਂ ਸੀ ਹਾਈਕਮਾਂਡ ਖ਼ਫਾ**

ਅਤੇ ਕਈ ਸੰਵਿਧਾਨਕ ਮਾਮਲਿਆਂ ਵਿਚ ਵੀ ਅੜਿੱਕੇ ਖੜ੍ਹੇ ਕੀਤੇ ਗਏ। ਅਹਿਮ ਸੂਤਰਾਂ ਅਨੁਸਾਰ ਇਸ ਦਾ ਫੌਰੀ ਕਾਰਨ ਚੰਡੀਗੜ੍ਹ ਨਗਰ ਨਿਗਮ ਦੇ ਮੇਅਰ ਦੀ ਚੋਣ ਬਣੀ ਜਾਪਦੀ ਹੈ। ਬੇਸ਼ੱਕ ਪੁਰੋਹਿਤ ਭਾਜਪਾ ਹਾਈਕਮਾਂਡ ਦੇ ਇਸ਼ਾਰੇ 'ਤੇ ਹੀ ਕਦਮ ਪੁੱਟ ਰਹੇ ਸਨ ਪਰ ਪਾਰਟੀ ਦੀ ਅਗਵਾਈ ਵਾਲੀ ਕੇਂਦਰੀ ਹਕੂਮਤ ਇਸ ਗੱਲ ਤੋਂ ਪ੍ਰੇਸ਼ਾਨ ਸੀ ਕਿ ਚੰਡੀਗੜ੍ਹ ਨਿਗਮ ਦੇ ਮੇਅਰ ਦੀ ਚੋਣ ਵਿਚ ਜ਼ਿਆਦਤੀ ਕਾਰਨ ਕੌਮੀ ਪੱਧਰ 'ਤੇ ਪਾਰਟੀ ਦੀ ਸਾਖ਼ ਨੂੰ ਧੱਕਾ ਪਹੁੰਚਿਆ ਹੈ। ਚਰਚਾ ਹੈ ਕਿ ਚੰਡੀਗੜ੍ਹ ਦੇ ਬਤੌਰ ਪ੍ਰਸ਼ਾਸਕ ਪੁਰੋਹਿਤ ਨੇ ਮੇਅਰ ਦੀ ਚੋਣ ਜਿੱਤਣ ਲਈ ਸਿਆਸੀ ਸੰਜਮ ਤੇ ਹੁਸ਼ਿਆਰੀ ਨਾਲ ਕੰਮ ਨਹੀਂ ਲਿਆ। ਉਧਰ, ਆਮ ਆਦਮੀ ਪਾਰਟੀ ਨੇ ਇਸ ਮਾਮਲੇ ਵਿਚ ਕੌਮੀ ਰਾਜਧਾਨੀ ਦਿੱਲੀ ਵਿਚ ਪ੍ਰਦਰਸ਼ਨ ਕਰਕੇ ਭਾਜਪਾ ਨੂੰ ਨਿਸ਼ਾਨੇ 'ਤੇ ਲਿਆ ਸੀ। ਭਾਜਪਾ ਹਕੂਮਤ ਇਸ ਗੱਲੋਂ ਕਾਫੀ ਖ਼ਫਾ ਜਾਪ ਰਹੀ ਹੈ ਕਿ ਮੇਅਰ ਦੀ ਚੋਣ ਲਈ ਤਾਇਨਾਤ ਪ੍ਰੀਜ਼ਾਈਡਿੰਗ ਅਫਸਰ ਦੀ ਐਨ ਮੌਕੇ ਦੀ ਵੀਡੀਓ ਨਸ਼ਰ ਹੋਣ ਕਾਰਨ ਉਹ ਕਸੂਤੀ ਸਥਿਤੀ ਵਿਚ ਫਸ ਗਈ ਹੈ। ਇੱਕ ਹਿੱਸੇ ਵਿਚ ਇਹ ਵੀ ਚਰਚਾ ਹੈ ਕਿ ਪੁਰੋਹਿਤ ਹੁਣ ਬਿਰਧ ਅਵਸਥਾ ਵਿਚ ਹਨ ਅਤੇ ਕੇਂਦਰੀ ਹਕੂਮਤ ਆਪਣੇ ਕਿਸੇ ਹੋਰ ਨੇੜਲੇ ਨੂੰ ਪੰਜਾਬ ਦਾ ਰਾਜਪਾਲ ਲਾਉਣ ਦੀ ਇੱਛੁਕ ਹੈ। ਐਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਵੱਲੋਂ ਨੇੜੇ ਭਵਿੱਖ ਵਿਚ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਨੂੰ ਗ੍ਰਿਫ਼ਤਾਰ ਕੀਤੇ ਜਾਣ ਦੀ ਸੂਰਤ ਵਿਚ ਭਾਜਪਾ ਹਕੂਮਤ ਪੰਜਾਬ ਨਾਲ ਨਜਿੱਠਣ ਲਈ ਕਿਸੇ ਖਾਸ ਚਿਹਰੇ ਦੀ ਤਲਾਸ਼ ਵਿਚ ਹੈ। ਹਾਲਾਂਕਿ, ਬਨਵਾਰੀ ਲਾਲ ਪੁਰੋਹਿਤ ਆਰ.ਐੱਸ.ਐੱਸ. ਦੇ ਸਥਾਨਕ ਆਗੂਆਂ ਨਾਲ ਘਿਓ-ਖਿੱਚੜੀ ਸਨ ਪਰ ਸੰਘ ਦੇ ਕੁੱਝ ਆਗੂ ਉਨ੍ਹਾਂ ਤੋਂ ਨਾਰਾਜ਼ ਚੱਲੇ ਆ ਰਹੇ ਸਨ। ਉਨ੍ਹਾਂ ਨੇ ਰਾਜਪਾਲ ਖ਼ਿਲਾਫ਼ ਕੇਂਦਰੀ ਲੀਡਰਸ਼ਿਪ ਤੱਕ ਸ਼ਿਕਾਇਤਾਂ ਕੀਤੀਆਂ ਸਨ। ਅਜਿਹੀਆਂ ਚਰਚਾਵਾਂ ਦੌਰਾਨ ਪੰਜਾਬ ਦਾ ਨਵਾਂ ਰਾਜਪਾਲ ਕੌਣ ਹੋਵੇਗਾ, ਨੂੰ ਲੈ ਕੇ ਵੀ ਅਨੁਮਾਨ ਲਗਾਏ ਜਾ ਰਹੇ ਹਨ।

# ਪੰਜਾਬ 'ਚ ਟੈਕਸ ਵਸੂਲੀ ਦੇ ਨਾਲ-ਨਾਲ ਕਰਜ਼ਾ ਵੀ ਵਧਿਆ

**ਚੰਡੀਗੜ੍ਹ, (ਪੰਜਾਬ ਮੇਲ)-** ਮੌਜੂਦਾ ਵਿੱਤੀ ਵਰ੍ਹੇ ਦੀਆਂ ਪਹਿਲੀਆਂ ਤਿੰਨ ਤਿਮਾਹੀਆਂ ਵਿਚ ਵਸਤਾਂ ਤੇ ਸੇਵਾਵਾਂ ਕਰ ਅਤੇ ਆਬਕਾਰੀ ਡਿਊਟੀ ਸਣੇ ਮਾਲੀਏ ਦੀ ਉੱਚੀ ਵਸੂਲੀ ਦੇ ਬਾਵਜੂਦ ਪੰਜਾਬ ਸਿਰ ਕਰਜ਼ੇ ਦੀ ਪੰਡ ਭਾਰੀ ਹੋ ਰਹੀ ਹੈ। 2023-24 (ਅਪ੍ਰੈਲ ਤੋਂ ਦਸੰਬਰ) ਦੀਆਂ ਪਹਿਲੀਆਂ ਤਿੰਨ ਤਿਮਾਹੀਆਂ (ਅਪ੍ਰੈਲ ਤੋਂ ਦਸੰਬਰ) ਦੇ ਹੁਣੇ ਜਾਰੀ ਕੀਤੇ ਗਏ ਵਿੱਤੀ ਸੂਚਕਾਂ ਤੋਂ ਸਾਹਮਣੇ ਆਇਆ ਹੈ ਕਿ ਸੂਬਾ ਸਰਕਾਰ ਨੇ ਇਸ ਮਿਆਦ ਦੌਰਾਨ 26,317.37 ਕਰੋੜ ਰੁਪਏ ਦਾ ਕਰਜ਼ਾ ਲਿਆ ਹੈ।

ਮਿਲੇ ਵੇਰਵਿਆਂ ਅਨੁਸਾਰ ਪੰਜਾਬ ਸਰਕਾਰ ਨੇ ਪਿਛਲੇ ਵਿੱਤੀ ਸਾਲ (2022-23) ਵਿਚ ਕੁੱਲ ਉਧਾਰ 30,899.81 ਕਰੋੜ ਰੁਪਏ ਲਿਆ ਸੀ।

**■ ਸੂਬੇ ਦਾ ਕੁੱਲ ਕਰਜ਼ਾ 3.20 ਲੱਖ ਕਰੋੜ ਹੋਇਆ**

ਅਪਰੈਲ 2022 ਤੋਂ ਦਸੰਬਰ 2023 ਦਰਮਿਆਨ ਕਰਜ਼ੇ ਵਿਚ 57,217.18 ਕਰੋੜ ਰੁਪਏ ਦਾ ਵਾਧਾ ਹੋਇਆ ਹੈ, ਜਿਸ ਨਾਲ ਸੂਬੇ ਦਾ ਕੁੱਲ ਕਰਜ਼ਾ 3.20 ਲੱਖ ਕਰੋੜ ਰੁਪਏ ਹੋ ਗਿਆ ਹੈ। ਸਰਕਾਰ ਆਮਦਨ ਦੇ ਨਵੇਂ ਸਰੋਤ ਪੈਦਾ ਨਹੀਂ ਕਰ ਸਕੀ, ਜਦੋਂਕਿ ਬਿਜਲੀ ਸਬਸਿਡੀ ਦਾ ਬੋਝ ਰੋਜ਼ਾਨਾ ਦਾ ਔਸਤ 60 ਕਰੋੜ ਰੁਪਏ ਹੋ ਗਿਆ ਹੈ। ਸਰਕਾਰ ਨੂੰ ਪਿਛਲੇ 21 ਮਹੀਨਿਆਂ ਵਿਚ 31,153 ਕਰੋੜ ਰੁਪਏ ਵਿਆਜ ਵਜੋਂ ਤਾਰਨੇ ਪਏ ਹਨ, ਜਿਸ 'ਚ 2022-23 ਵਿਚ ਲਾਹੇ ਗਏ 17083.66 ਕਰੋੜ ਰੁਪਏ ਅਤੇ ਅਪ੍ਰੈਲ ਤੋਂ ਦਸੰਬਰ 2023 ਦਰਮਿਆਨ ਤਾਰੇ ਗਏ 14069.34 ਕਰੋੜ ਰੁਪਏ ਵੀ ਸ਼ਾਮਲ ਹਨ।

ਆਬਕਾਰੀ ਤੋਂ ਆਮਦਨੀ ਵਿਚ ਕਾਫੀ ਵਾਧਾ ਹੋਇਆ ਹੈ। ਇਸ ਤੋਂ ਇਲਾਵਾ ਪੰਜਾਬ ਦਾ ਮਾਲੀ ਘਾਟਾ 24,588.78 ਕਰੋੜ ਰੁਪਏ ਦੇ ਟੀਚੇ ਦੇ ਮੁਕਾਬਲੇ ਚਾਲੂ ਵਿੱਤੀ ਸਾਲ ਦੇ ਸਿਰਫ਼ ਨੌਂ ਮਹੀਨਿਆਂ ਵਿਚ 23,262.18 ਕਰੋੜ ਰੁਪਏ ਹੋ ਗਿਆ ਹੈ। ਮਾਲੀਆ ਘਾਟਾ ਪੂਰੇ ਸਾਲ ਦੇ ਟੀਚੇ ਨੂੰ ਪਾਰ ਕਰ ਸਕਦਾ ਹੈ ਕਿਉਂਕਿ ਵਿੱਤੀ ਵਰ੍ਹੇ ਦੇ ਅਜੇ ਤਿੰਨ ਮਹੀਨੇ ਬਾਕੀ ਹਨ। ਭਾਵੇਂ ਕਿ ਪਿਛਲੇ ਸਾਲ ਦੇ ਮੁਕਾਬਲੇ ਕੁੱਲ ਮਾਲੀਆ ਪ੍ਰਾਪਤੀ ਵਿਚ ਸੁਧਾਰ ਹੋਇਆ ਹੈ, ਪਰ ਚਾਲੂ ਵਿੱਤੀ ਸਾਲ ਦੇ ਪਹਿਲੇ ਨੌਂ ਮਹੀਨਿਆਂ ਵਿਚ 98852.13 ਕਰੋੜ ਰੁਪਏ ਦੇ ਟੀਚੇ ਦਾ 63.68 ਫ਼ੀਸਦੀ ਪ੍ਰਾਪਤ ਹੋਇਆ ਹੈ।

# ਅਮਰੀਕਾ 'ਚ ਲਗਭਗ 7 ਲੱਖ ਲੋਕ ਬੇਘਰ; ਰੋਜ਼ਾਨਾ ਵਧ ਰਹੀ ਗਿਣਤੀ

**ਸ਼ਿਕਾਗੋ, (ਪੰਜਾਬ ਮੇਲ)-** ਹਰ ਇਨਸਾਨ ਨੂੰ ਜਿਉਂਦੇ ਰਹਿਣ ਲਈ ਭੋਜਨ, ਕੱਪੜਾ ਅਤੇ ਮਕਾਨ ਦੀ ਲੋੜ ਹੁੰਦੀ ਹੈ, ਜਿਸ ਕੋਲ ਇਹ ਤਿੰਨ ਚੀਜ਼ਾਂ ਨਹੀਂ ਹੁੰਦੀਆਂ ਉਸਦੀ ਜ਼ਿੰਦਗੀ ਨਰਕ ਵਰਗੀ ਹੋ ਜਾਂਦੀ ਹੈ। ਬੇਘਰ ਲੋਕ ਸਿਰਫ਼ ਭਾਰਤ 'ਚ ਹੀ ਨਹੀਂ ਹਨ, ਅਮਰੀਕਾ ਵਰਗੇ ਦੇਸ਼ 'ਚ ਵੀ ਅਜਿਹੇ ਲੋਕਾਂ ਦੀ ਗਿਣਤੀ ਲਗਭਗ 7 ਲੱਖ ਹੈ ਅਤੇ ਇਹ ਗਿਣਤੀ ਦਿਨੋਂ-ਦਿਨ ਵਧਦੀ ਜਾ ਰਹੀ ਹੈ। ਇਸ ਦਾ ਮੁੱਖ ਕਾਰਨ ਘਰਾਂ ਦੇ ਵਧ ਰਹੇ ਕਿਰਾਏ ਹਨ, ਜੋ ਲੋਕਾਂ ਦੀ ਪਹੁੰਚ ਤੋਂ ਬਾਹਰ ਹਨ ਅਤੇ ਉਨ੍ਹਾਂ ਨੂੰ ਹੋਮ ਸ਼ੈਲਟਰਾਂ, ਫਲਾਈਓਵਰਾਂ ਦੇ ਹੇਠਾਂ ਅਤੇ ਸੜਕਾਂ 'ਤੇ ਸੌਣ ਲਈ ਮਜਬੂਰ ਹੋਣਾ ਪੈਂਦਾ ਹੈ। ਸਭ ਤੋਂ ਵੱਧ ਬੇਘਰ ਲੋਕ ਅਮਰੀਕਾ ਦੇ ਸ਼ਹਿਰ ਨਿਊਯਾਰਕ ਅਤੇ ਕੈਲੀਫੋਰਨੀਆ 'ਚ ਪਾਏ ਜਾਂਦੇ ਹਨ। ਬਹੁਤ ਸਾਰੇ ਬੇਘਰ ਲੋਕ ਆਪਣੇ ਰਿਸ਼ਤੇਦਾਰਾਂ ਦੇ ਘਰ ਰਹਿਣ ਲਈ ਚਲੇ ਜਾਂਦੇ ਹਨ, ਜਦੋਂ ਤੱਕ ਉਹ ਆਪਣਾ ਘਰ ਨਹੀਂ ਲੈ ਲੈਂਦੇ। ਕਈ ਲੋਕ ਨਸ਼ੇ ਕਾਰਣ ਜਾਂ ਮਾਨਸਿਕ ਸੰਤੁਲਨ ਗੁਆ ਦੇਣ 'ਤੇ ਵੀ ਬੇਘਰ ਹੋ ਜਾਂਦੇ ਹਨ ਅਤੇ ਟੀ.ਬੀ., ਐੱਚ.ਆਈ.ਵੀ. ਅਤੇ ਇਨਫੈਕਸ਼ਨ ਰੋਗਾਂ ਦੇ ਵੀ ਸ਼ਿਕਾਰ ਹੋ ਜਾਂਦੇ ਹਨ। ਇਨ੍ਹਾਂ ਲੋਕਾਂ ਦਾ ਇਲਾਜ ਨਾ ਹੋਣ ਕਾਰਨ ਉਨ੍ਹਾਂ ਦੀ ਮੌਤ ਵੀ ਹੋ ਜਾਂਦੀ ਹੈ।

ਯੂ.ਐੱਸ. ਹਾਊਸਿੰਗ ਡਿਵੈਲਪਮੈਂਟ ਵਿਭਾਗ ਨੇ ਅਮਰੀਕਾ 'ਚ ਬੇਘਰ ਲੋਕਾਂ ਲਈ 11,000 ਸ਼ੈਲਟਰ ਹੋਮ ਬਣਾਏ ਹਨ। ਫਿਰ ਵੀ ਬਹੁਤ ਸਾਰੇ ਲੋਕ ਸ਼ੈਲਟਰਾਂ ਦੇ ਬਾਹਰ, ਸੜਕਾਂ ਤੇ ਅਤੇ ਗੱਡੀਆਂ 'ਚ ਸੌਣ ਲਈ ਮਜਬੂਰ ਹਨ। ਵਿਭਾਗ ਦੇ ਬੁਲਾਰੇ ਅਨੁਸਾਰ ਬੇਘਰੇ ਲੋਕਾਂ ਦੀਆਂ ਰਿਹਾਇਸ਼ੀ ਲੋੜਾਂ ਪੂਰੀਆਂ ਕਰਨ ਲਈ 2000 ਕਰੋੜ ਡਾਲਰ ਦੀ ਲੋੜ ਹੈ। ਵਿਭਾਗ ਵੱਲੋਂ ਲੋੜਵੰਦ ਬੇਘਰੇ ਲੋਕਾਂ ਨੂੰ ਸੈਕਸ਼ਨ 8 ਦੇ ਵਾਊਚਰ ਰਾਹੀਂ ਉਨ੍ਹਾਂ ਦੇ ਕਿਰਾਏ ਦੀ ਰਕਮ ਵੀ ਦਿੱਤੀ ਜਾਂਦੀ ਹੈ ਅਤੇ ਉਨ੍ਹਾਂ ਨੂੰ ਭੋਜਨ ਪੈਂਟਰੀ ਰਾਹੀਂ ਭੋਜਨ ਵੀ ਮੁਹੱਈਆ ਕਰਵਾਇਆ ਜਾਂਦਾ। ਅੰਕੜਿਆਂ ਮੁਤਾਬਕ ਪਿਛਲੇ ਸਾਲ ਨਾਲੋਂ ਬੇਘਰੇ ਲੋਕਾਂ ਦੀ ਗਿਣਤੀ 12 ਫੀਸਦੀ ਵਧੀ ਹੈ। ਜ਼ਿਆਦਾਤਰ ਲੋਕ ਕੰਮ ਨਾ ਹੋਣ ਕਾਰਨ ਬੇਘਰ ਹੋ ਜਾਂਦੇ ਹਨ ਅਤੇ ਜੇਕਰ ਉਹ ਕਿਤੇ ਕੰਮ ਕਰਨਾ ਚਾਹੁੰਦੇ ਹਨ, ਤਾਂ ਉਨ੍ਹਾਂ ਨੂੰ ਉਸ ਲਈ ਆਈ.ਡੀ. ਅਤੇ ਪਤੇ ਦੀ ਲੋੜ ਪੈਂਦੀ ਹੈ, ਜੋ ਕਿ ਉਨ੍ਹਾਂ ਕੋਲ ਨਹੀਂ ਹੁੰਦਾ। ਜ਼ਿਆਦਾਤਰ ਬਜ਼ੁਰਗ ਨਾਗਰਿਕ ਬੇਘਰ ਪਾਏ ਜਾਂਦੇ ਹਨ ਅਤੇ ਜੋ ਕਈ ਵਾਰ ਅਪਰਾਧੀਆਂ ਦਾ ਸ਼ਿਕਾਰ ਵੀ ਹੋ ਜਾਂਦੇ ਹਨ। ਮਕਾਨ ਉਸਾਰੀ ਅਤੇ ਵਿਕਾਸ ਵਿਭਾਗ ਬੇਘਰੇ ਲੋਕਾਂ ਨੂੰ ਮਕਾਨ ਮੁਹੱਈਆ ਕਰਵਾਉਣ ਲਈ ਸਮੇਂ-ਸਮੇਂ 'ਤੇ ਸਰਕਾਰ ਨੂੰ ਸੁਚੇਤ ਕਰਦਾ ਰਹਿੰਦਾ ਹੈ ਅਤੇ ਮਕਾਨਾਂ ਦਾ ਬਜਟ ਵਧਾਉਣ ਅਤੇ ਬੇਘਰੇ ਲੋਕਾਂ ਦੀਆਂ ਸਮੱਸਿਆਵਾਂ ਨਾਲ ਨਜਿੱਠਣ ਲਈ ਸੁਝਾਅ ਦਿੰਦਾ ਰਹਿੰਦਾ ਹੈ।







# ਗੈਂਗਸਟਰ ਗੋਲਡੀ ਬਰਾੜ ਦੇ ਤਿੰਨ ਸਾਥੀ ਗੋਰਖਪੁਰ ਤੋਂ ਗ੍ਰਿਫ਼ਤਾਰ

**■ ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਨਾਲ ਮਿਲ ਕੇ ਕੀਤੀ ਕਾਰਵਾਈ**



ਗ੍ਰਿਫ਼ਤਾਰ ਕੀਤੇ ਗਏ ਤਿੰਨੋਂ ਮੁਲਜ਼ਮ ਪੁਲੀਸ ਦੀ ਹਿਰਾਸਤ 'ਚ।

ਚੰਡੀਗੜ੍ਹ, (ਪੰਜਾਬ ਮੇਲ)- ਪੰਜਾਬ ਪੁਲਿਸ ਦੀ ਐਂਟੀ ਗੈਂਗਸਟਰ ਟਾਸਕ ਫੋਰਸ (ਏ.ਜੀ.ਟੀ.ਐੱਫ.) ਨੇ ਕੇਂਦਰੀ ਏਜੰਸੀਆਂ ਤੇ ਚੰਡੀਗੜ੍ਹ ਪੁਲਿਸ ਨਾਲ ਮਿਲ ਕੇ ਗੈਂਗਸਟਰ ਗੋਲਡੀ ਬਰਾੜ ਦੇ ਤਿੰਨ ਸਾਥੀਆਂ ਨੂੰ ਗੋਰਖਪੁਰ ਤੋਂ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਅੰਮ੍ਰਿਤਪਾਲ ਤੇ ਕਮਲਪ੍ਰੀਤ ਸਿੰਘ ਵਾਸੀ ਬਨੂੜ ਅਤੇ ਪ੍ਰੇਮ ਸਿੰਘ ਵਾਸੀ ਡੇਰਾਬੱਸੀ ਵਜੋਂ ਹੋਈ ਹੈ। ਇਹ ਜਾਣਕਾਰੀ ਪੰਜਾਬ ਦੇ ਡੀ.ਜੀ.ਪੀ. ਗੌਰਵ ਯਾਦਵ ਨੇ ਦਿੱਤੀ ਹੈ। ਡੀ.ਜੀ.ਪੀ. ਨੇ ਕਿਹਾ ਕਿ ਮੁਲਜ਼ਮਾਂ ਵਿਰੁੱਧ ਪੰਜਾਬ ਵਿਚ ਇਰਾਦਾ ਕਤਲ, ਜਬਰੀ ਵਸੂਲੀ, ਡਕੈਤੀ ਤੇ ਅਸਲਾ ਐਕਟ ਤਹਿਤ ਕਈ ਕੇਸ ਦਰਜ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਲਜ਼ਮਾਂ ਨੇ 19 ਜਨਵਰੀ ਨੂੰ ਚੰਡੀਗੜ੍ਹ ਦੇ ਸੈਕਟਰ-5 ਵਿਚ ਸਥਿਤ ਇੱਕ ਵਪਾਰੀ ਦੇ ਘਰ 'ਤੇ ਗੋਲੀਆਂ ਚਲਾਈਆਂ ਸਨ। ਸ੍ਰੀ ਯਾਦਵ ਨੇ ਦੱਸਿਆ ਕਿ ਡੀ.ਐੱਸ.ਪੀ. ਬਿਕਰਮਜੀਤ ਸਿੰਘ ਬਰਾੜ ਦੀ ਅਗਵਾਈ ਹੇਠ ਪੁਲਿਸ ਦੀ ਟੀਮ ਨੇ ਚੰਡੀਗੜ੍ਹ ਪੁਲਿਸ ਨਾਲ ਮਿਲ ਕੇ ਪਤਾ ਲਗਾਇਆ ਕਿ ਉਕਤ ਮੁਲਜ਼ਮ ਬਿਹਾਰ ਤੋਂ ਉੱਤਰ ਪ੍ਰਦੇਸ਼ ਜਾ ਰਹੇ ਹਨ। ਪੰਜਾਬ ਪੁਲਿਸ ਨੇ ਗੋਰਖਪੁਰ ਪੁਲਿਸ ਦੀ ਮਦਦ ਨਾਲ ਗੋਰਖਪੁਰ ਰੇਲਵੇ ਸਟੇਸ਼ਨ ਤੋਂ ਤਿੰਨਾਂ ਨੂੰ ਕਾਬੂ ਕਰ ਲਿਆ। ਉਨ੍ਹਾਂ ਕਿਹਾ ਕਿ ਮੁੱਢਲੀ ਤਫ਼ਤੀਸ਼ ਅਨੁਸਾਰ ਮੁਲਜ਼ਮ ਅੰਮ੍ਰਿਤਪਾਲ ਸਿੰਘ ਤੇ ਕਮਲਪ੍ਰੀਤ ਸਿੰਘ ਨੇ ਸੈਕਟਰ-5 ਚੰਡੀਗੜ੍ਹ ਸਥਿਤ ਰਿਹਾਇਸ਼ੀ ਇਲਾਕੇ ਵਿਚ ਸਥਿਤ ਇਕ ਵਪਾਰੀ ਦੇ ਘਰ 'ਤੇ ਗੋਲੀਆਂ ਚਲਾਈਆਂ ਸਨ, ਜਦਕਿ ਤੀਜੇ ਮੁਲਜ਼ਮ ਪ੍ਰੇਮ ਸਿੰਘ ਨੇ ਉਨ੍ਹਾਂ ਨੂੰ ਆਪਣੀ ਵਰਨਾ ਕਾਰ ਵਿਚ ਵਾਰਦਾਤ ਵਾਲੇ ਸਥਾਨ ਤੋਂ ਭਜਾਉਣ ਵਿਚ ਮਦਦ ਕੀਤੀ ਸੀ। ਇਸ ਉਪਰੰਤ ਤਿੰਨੋਂ ਮੁਲਜ਼ਮ ਗੋਲਡੀ ਬਰਾੜ ਦੇ ਨਿਰਦੇਸ਼ਾਂ 'ਤੇ 27 ਜਨਵਰੀ ਨੂੰ ਬਿਹਾਰ ਭੱਜ ਗਏ। ਇਹ ਤਿੰਨੋਂ ਬਿਹਾਰ ਦੇ ਪਿੰਡ ਛਿਤੌਲੀ ਵਿਚ ਦੱਸੀ ਗਈ ਛੁਪਣਗਾਹ ਵਿਚ ਜਾਣ ਹੋਣ ਤੋਂ ਪਹਿਲਾਂ ਦੋ ਦਿਨ ਗੁਰਦੁਆਰਾ ਪਟਨਾ ਸਾਹਿਬ ਵਿਖੇ ਰਹੇ ਸਨ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਕੋਲੋਂ ਪੁੱਛਗਿਛ ਕੀਤੀ ਜਾ ਰਹੀ ਹੈ।


# ਨਕੋਦਰ ਗੋਲੀਕਾਂਡ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ

**ਜਲੰਧਰ**, (ਪੰਜਾਬ ਮੇਲ)- ਨਕੋਦਰ ਗੋਲੀਕਾਂਡ ਵਿਚ ਸ਼ਹੀਦ ਹੋਏ ਚਾਰ ਸਿੱਖ ਨੌਜਵਾਨਾਂ ਨੂੰ ਪਿੰਡ ਲਿੱਤਰਾਂ ਦੇ ਗੁਰਦੁਆਰੇ ਵਿਚ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਇਸ ਦੌਰਾਨ ਬੁਲਾਰਿਆਂ ਨੇ ਸ਼੍ਰੋਮਣੀ ਅਕਾਲੀ ਦਲ ਦੀ 'ਪੰਜਾਬ ਬਚਾਓ ਯਾਤਰਾ' ਦੇ ਬਾਈਕਾਟ ਦਾ ਸੱਦਾ ਦਿੱਤਾ। ਉਨ੍ਹਾਂ ਚਾਰ ਸਿੱਖ ਨੌਜਵਾਨਾਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਪੁਲਿਸ 'ਤੇ ਅਦਾਲਤ ਨੂੰ ਗੁੰਮਰਾਹ ਕਰਨ ਦਾ ਦੋਸ਼ ਵੀ ਲਾਇਆ। ਉਨ੍ਹਾਂ ਕਿਹਾ ਕਿ ਇਸ ਕਾਂਡ ਦੀ ਜਾਂਚ ਵਾਸਤੇ ਬਣਾਈ ਗਈ ਵਿਸ਼ੇਸ਼ ਜਾਂਚ ਟੀਮ (ਸਿਟ) ਵਿਚ ਕੋਈ ਸੀਨੀਅਰ ਪੁਲਿਸ ਅਧਿਕਾਰੀ ਸ਼ਾਮਲ ਨਹੀਂ ਹੋਇਆ ਹੈ। ਇਸ ਕਾਂਡ ਵਿਚ ਸ਼ਹੀਦ ਹੋਏ ਨੌਜਵਾਨ ਰਵਿੰਦਰ ਸਿੰਘ ਲਿੱਤਰਾਂ ਦੇ ਪਿਤਾ ਬਲਦੇਵ ਸਿੰਘ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕੀਤੀ ਕਿ ਉਸ ਦੇ ਜਿਊਂਦੇ ਜੀਅ ਇਸ ਕਾਂਡ ਦੇ ਸਾਰੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ।

ਜ਼ਿਕਰਯੋਗ ਹੈ ਕਿ ਇਹ ਬੇਅਦਬੀ ਕਾਂਡ 1986 ਨੂੰ ਵਾਪਰਿਆ ਸੀ, ਜਦੋਂ ਨਕੋਦਰ ਦੇ ਇੱਕ ਗੁਰੂਘਰ ਵਿਚ 2 ਫਰਵਰੀ, 1986 ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪੰਜ ਸਰੂਪ ਸਾੜ ਦਿੱਤੇ ਗਏ ਸਨ। ਇਸ ਦਾ ਰੋਸ ਪ੍ਰਗਟਾਉਣ ਲਈ ਇਕੱਠੀਆਂ ਹੋਈਆਂ ਸਿੱਖ ਸੰਗਤਾਂ 'ਤੇ 4 ਫਰਵਰੀ 1986 ਨੂੰ ਪੁਲਿਸ ਨੇ ਅੰਨ੍ਹੇਵਾਹ ਗੋਲੀਆਂ ਚਲਾਈਆਂ ਸਨ। ਇਸ ਗੋਲੀਬਾਰੀ ਵਿਚ ਚਾਰ ਸਿੱਖ ਨੌਜਵਾਨ ਰਵਿੰਦਰ ਸਿੰਘ ਲਿੱਤਰਾਂ, ਬਲਧੀਰ ਸਿੰਘ, ਝਿਲਮਣ ਸਿੰਘ ਤੇ ਹਰਮਿੰਦਰ ਸਿੰਘ ਸ਼ਹੀਦ ਹੋ ਗਏ ਸਨ। ਇਹ ਲਾਇਲਪੁਰ ਖਾਲਸਾ ਕਾਲਜ ਦੇ ਵਿਦਿਆਰਥੀ ਸਨ ਤੇ ਸਿੱਖ ਸਟੂਡੈਂਟ ਫੈਡਰੇਸ਼ਨ ਨਾਲ ਜੁੜੇ ਹਏ ਸਨ।


ਇਨ੍ਹਾਂ ਸਿੱਖ ਨੌਜਵਾਨਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਪੰਥਕ ਆਗੂ ਪਾਲ ਸਿੰਘ ਫਰਾਂਸ ਨੇ ਕਿਹਾ ਕਿ 38 ਸਾਲ ਬੀਤਣ ਦੇ ਬਾਵਜੂਦ ਪੰਥ ਤੇ ਪਰਿਵਾਰ ਨੂੰ ਇਨਸਾਫ਼ ਨਹੀਂ ਮਿਲਿਆ, ਜਦਕਿ ਇਸ ਵਕਫ਼ੇ ਦੌਰਾਨ 15 ਸਾਲ ਸ਼੍ਰੋਮਣੀ ਅਕਾਲੀ ਦਲ ਵੀ ਸੱਤਾ ਵਿਚ ਰਹੀ ਹੈ। ਅਕਾਲੀ ਦਲ ਦੀ 'ਪੰਜਾਬ ਬਚਾਓ ਯਾਤਰਾ' 'ਤੇ ਟਿੱਪਣੀ ਕਰਦਿਆਂ ਪਾਲ ਸਿੰਘ ਫਰਾਂਸ ਨੇ ਸੂਬੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਬਾਦਲ ਪਰਿਵਾਰ ਨੂੰ ਪਿੰਡਾਂ ਵਿਚ ਦਾਖ਼ਲ ਨਾ ਹੋਣ ਦੇਣ ਅਤੇ ਇਨ੍ਹਾਂ ਦਾ ਬਾਈਕਾਟ ਕੀਤਾ ਜਾਵੇ। ਪੰਥਕ ਆਗੂ ਨਰਾਇਣ ਸਿੰਘ ਚੌੜਾ ਨੇ ਕਿਹਾ ਕਿ ਇਸ ਕਾਂਡ ਦੇ ਵਾਪਰਨ ਮੌਕੇ ਪੰਜਾਬ ਵਿਚ ਅਕਾਲੀ ਦਲ ਦੀ ਸਰਕਾਰ ਸੀ, ਜਿਸ ਨੇ ਮੌਕੇ ਦੇ ਅਫਸਰਾਂ ਨੂੰ ਵੱਡੇ ਅਹੁਦਿਆਂ ਨਾਲ ਨਿਵਾਜਿਆ ਸੀ। ਉਨ੍ਹਾਂ ਕਿਹਾ ਕਿ 38 ਸਾਲਾਂ ਦੀ ਲੜਾਈ ਇਨਸਾਫ਼ ਮਿਲਣ ਤੱਕ ਜਾਰੀ ਰਹੇਗੀ। ਨੌਜਵਾਨ ਪੰਥਕ ਆਗੂ ਸੁਖਦੇਵ ਸਿੰਘ ਫਗਵਾੜਾ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸਿਟ ਬਣਾਉਣ ਦਾ ਆਦੇਸ਼ ਦਿੰਦਿਆਂ ਕਿਹਾ ਸੀ ਕਿ ਅਫਸਰਾਂ ਦੀ ਮਿਲੀਭੁਗਤ ਕਾਰਨ ਹੀ ਇਸ ਵੱਡੇ ਕਾਂਡ ਦੀ ਜਾਂਚ ਰਿਪੋਰਟ ਦਾ ਦੂਜਾ ਹਿੱਸਾ ਜਾਣ-ਬੁੱਝ ਕੇ ਗਾਇਬ ਕੀਤਾ ਗਿਆ ਹੈ। ਸ਼ਹੀਦ ਰਵਿੰਦਰ ਸਿੰਘ ਲਿੱਤਰਾਂ ਦੇ ਪਿਤਾ ਬਾਪੂ ਬਲਦੇਵ ਸਿੰਘ ਨੇ ਕਿਹਾ ਕਿ ਪੁਲਿਸ ਦੇ ਇਸ ਜ਼ੁਲਮ ਦੀ ਉਦੋਂ ਹੱਦ ਹੋ ਗਈ ਸੀ, ਜਦੋਂ ਇਨ੍ਹਾਂ ਚਾਰੋਂ ਸਿੱਖ ਨੌਜਵਾਨਾਂ ਦੀਆਂ ਲਾਸ਼ਾਂ ਨੂੰ ਲਾਵਾਰਸ ਆਖ ਕੇ ਨਕੋਦਰ ਦੇ ਇੱਕ ਸ਼ਮਸ਼ਾਨਘਾਟ ਵਿਚ ਮਿੱਟੀ ਦਾ ਤੇਲ ਪਾ ਕੇ ਸਾੜ ਦਿੱਤਾ ਗਿਆ ਸੀ, ਜਦਕਿ ਉਹ ਆਪਣੇ ਪੁੱਤਰ ਸਮੇਤ ਦੂਜੇ ਨੌਜਵਾਨਾਂ ਦੀ ਪਛਾਣ ਕਰਕੇ ਲਾਸ਼ਾਂ ਲੈਣ ਲਈ ਕਦੇ ਸਿਵਲ ਹਸਪਤਾਲ ਤੇ ਕਦੇ ਥਾਣੇ ਦੇ ਚੱਕਰ ਕੱਟ ਰਹੇ ਸਨ।

# ਗ਼ੈਰ-ਇਸਲਾਮੀ ਨਿਕਾਹ ਕੇਸ: ਇਮਰਾਨ ਤੇ ਬੁਸ਼ਰਾ ਬੀਬੀ ਨੂੰ 7-7 ਸਾਲ ਦੀ ਕੈਦ



**ਇਸਲਾਮਾਬਾਦ**, (ਪੰਜਾਬ ਮੇਲ)- ਪਾਕਿਸਤਾਨ ਦੀ ਇੱਕ ਅਦਾਲਤ ਨੇ ਜੇਲ੍ਹ 'ਚ ਬੰਦ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਤੇ ਉਨ੍ਹਾਂ ਦੀ ਪਤਨੀ ਬੁਸ਼ਰਾ ਬੀਬੀ ਨੂੰ 'ਗ਼ੈਰ-ਇਸਲਾਮੀ ਨਿਕਾਹ' ਨਾਲ ਸਬੰਧਤ ਕੇਸ ਵਿਚ ਸੱਤ-ਸੱਤ ਸਾਲ ਕੈਦ ਦੀ ਸਜ਼ਾ ਸੁਣਾਈ ਹੈ। ਬੁਸ਼ਰਾ ਬੀਬੀ ਦੇ ਪਹਿਲੇ ਪਤੀ ਖਾਵਰ ਮਾਨੇਕਾ ਨੇ ਇਹ ਕੇਸ ਦਰਜ ਕਰਵਾਇਆ ਸੀ, ਜਿਸ 'ਚ ਉਸ ਨੇ ਦੋਸ਼ ਲਾਇਆ ਸੀ ਕਿ ਬੁਸ਼ਰਾ ਨੇ ਦੋ ਵਿਆਹਾਂ ਵਿਚਾਲੇ ਲਾਜ਼ਮੀ ਵਕਫ਼ੇ ਜਾਂ ਇੱਦਤ ਦੀ ਇਸਲਾਮੀ ਰਵਾਇਤ ਦੀ ਉਲੰਘਣਾ ਕੀਤੀ ਹੈ। ਮਾਨੇਕਾ ਨੇ ਬੁਸ਼ਰਾ ਬੀਬੀ 'ਤੇ ਪੀ.ਟੀ.ਆਈ. ਦੇ ਬਾਨੀ ਇਮਰਾਨ ਖਾਨ 'ਤੇ ਵਿਆਹ ਤੋਂ ਪਹਿਲਾਂ ਸਬੰਧ ਰੱਖਣ ਦਾ ਦੋਸ਼ ਵੀ ਲਾਇਆ ਸੀ। ਮੀਡੀਆ ਰਿਪੋਰਟਾਂ ਅਨੁਸਾਰ ਬੀਤੇ ਦਿਨੀਂ ਰਾਵਲਪਿੰਡੀ ਦੀ ਅਡਿਆਲਾ ਜੇਲ੍ਹ ਕੰਪਲੈਕਸ ਅੰਦਰ 14 ਘੰਟੇ ਤੱਕ ਕੇਸ ਦੀ ਸੁਣਵਾਈ ਤੋਂ ਇੱਕ ਬਾਅਦ ਸੀਨੀਅਰ ਸਿਵਲ ਜੱਜ ਕੁਦਰਤੁੱਲ੍ਹਾ ਨੇ ਇਹ ਫ਼ੈਸਲਾ ਸੁਣਾਇਆ ਹੈ। ਖ਼ਬਰ ਅਨੁਸਾਰ ਦੋਵਾਂ ਨੂੰ 5-5 ਲੱਖ ਰੁਪਏ ਦਾ ਜੁਰਮਾਨਾ ਕੀਤਾ ਗਿਆ ਹੈ ਅਤੇ ਫ਼ੈਸਲਾ ਸੁਣਾਏ ਜਾਣ ਸਮੇਂ ਖਾਨ ਤੇ ਬੁਸ਼ਰਾ ਦੋਵੇਂ ਅਦਾਲਤ ਦੇ ਕਮਰੇ 'ਚ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਬੀਤੇ ਹਫਤੇ ਦੀ ਸ਼ੁਰੂਆਤ 'ਚ 71 ਸਾਲ ਇਮਰਾਨ ਨੂੰ ਖੁਫੀਆ ਦਸਤਾਵੇਜ਼ ਮਾਮਲੇ 'ਚ 10 ਸਾਲ ਤੇ ਤੋਸ਼ਾਖਾਨਾ ਮਾਮਲੇ 'ਚ 14 ਸਾਲ ਕੈਦ ਦੀ ਸਜ਼ਾ ਸੁਣਾਈ ਗਈ ਸੀ। ਇਸੇ ਦੌਰਾਨ ਪਾਕਿਸਤਾਨ ਤਹਿਰੀਕ-ਏ-ਇਨਸਾਫ ਪਾਰਟੀ ਨੇ ਕਿਹਾ ਕਿ ਉਹ ਅਦਾਲਤ ਦੇ ਇਸ ਫ਼ੈਸਲੇ ਖ਼ਿਲਾਫ਼ ਹਾਈ ਕੋਰਟ ਜਾਣਗੇ।

## ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਐੱਲ.ਕੇ. ਅਡਵਾਨੀ ਨੂੰ ਭਾਰਤ ਰਤਨ ਦੇਣ ਦਾ ਐਲਾਨ



ਨਵੀਂ ਦਿੱਲੀ, (ਪੰਜਾਬ ਮੇਲ)- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਜਪਾ ਦੇ ਨੇਤਾ ਤੇ ਸਾਬਕਾ ਉਪ ਪ੍ਰਧਾਨ ਮੰਤਰੀ ਐੱਲ.ਕੇ. ਅਡਵਾਨੀ (96) ਨੂੰ ਦੇਸ਼ ਦਾ ਸਰਵਉੱਚ ਨਾਗਰਿਕ ਸਨਮਾਨ ਭਾਰਤ ਰਤਨ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ, 'ਮੈਨੂੰ ਇਹ ਦੱਸਦੇ ਹੋਏ ਬਹੁਤ ਖੁਸ਼ੀ ਹੋ ਰਹੀ ਹੈ ਕਿ ਲਾਲ ਕ੍ਰਿਸ਼ਨ ਅਡਵਾਨੀ ਜੀ ਨੂੰ ਭਾਰਤ ਰਤਨ ਨਾਲ ਸਨਮਾਨਿਤ ਕੀਤਾ ਜਾਵੇਗਾ।

## ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਮਿਲੀ ਰੈਗੂਲਰ ਸਟੇਅ



ਸੰਗਰੂਰ, (ਪੰਜਾਬ ਮੇਲ)-ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਜ਼ਿਲ੍ਹਾ ਤੇ ਸੈਸ਼ਨ ਜੱਜ ਆਰ.ਐੱਸ. ਰਾਏ ਦੀ ਅਦਾਲਤ ਨੇ ਵੱਡੀ ਰਾਹਤ ਦਿੰਦਿਆਂ ਅਪੀਲ ਦੇ ਫੈਸਲੇ ਤੱਕ ਰੈਗੂਲਰ ਸਟੇਅ ਦੇ ਦਿੱਤੀ ਹੈ, ਜਦੋਂਕਿ ਪਹਿਲਾਂ ਅਦਾਲਤ ਵੱਲੋਂ ਸ਼੍ਰੀ ਅਰੋੜਾ ਨੂੰ 31 ਜਨਵਰੀ ਤੱਕ ਅੰਤ੍ਰਿਮ ਸਟੇਅ ਦਿੱਤੀ ਗਈ ਸੀ। ਭਾਵ ਜਿਹੜੇ ਦੋਸ਼ਾਂ ਤਹਿਤ ਸ਼੍ਰੀ ਅਰੋੜਾ ਨੂੰ ਹੇਠਲੀ ਅਦਾਲਤ ਵੱਲੋਂ ਦੋਸ਼ੀ ਠਹਿਰਾਉਂਦਿਆਂ ਦੋ ਸਾਲ ਦੀ ਸਜ਼ਾ ਸੁਣਾਈ ਗਈ ਸੀ, ਉਨ੍ਹਾਂ ਦੋਸ਼ਾਂ 'ਤੇ ਉਨ੍ਹਾਂ ਨੂੰ ਰੈਗੂਲਰ ਸਟੇਅ ਮਿਲ ਗਈ ਹੈ। ਜ਼ਿਲ੍ਹਾ ਅਦਾਲਤ ਵੱਲੋਂ ਕੇਸ ਦੀ ਅਗਲੀ ਸੁਣਵਾਈ ਲਈ ਪਹਿਲੀ ਮਾਰਚ ਦੀ ਤੈਅ ਕੀਤੀ ਗਈ ਹੈ।

ਅਦਾਲਤ ਤੋਂ ਵੱਡੀ ਰਾਹਤ ਮਿਲਣ ਤੋਂ ਬਾਅਦ ਸ਼੍ਰੀ ਅਰੋੜਾ ਨੇ ਜੁਡੀਸ਼ਲ ਸਿਸਟਮ ਅਤੇ ਜ਼ਿਲ੍ਹਾ ਸੈਸ਼ਨ ਅਦਾਲਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਦਾਲਤ ਵੱਲੋਂ ਉਨ੍ਹਾਂ ਨੂੰ ਵੱਡੀ ਰਾਹਤ ਦਿੱਤੀ ਗਈ ਹੈ। ਉਧਰ ਕੇਸ ਦੇ ਮੁੱਦਈ ਰਾਜਿੰਦਰ ਦੀਪਾ ਨੇ ਕਿਹਾ ਕਿ ਰੈਗੂਲਰ ਸਟੇਅ ਦਾ ਡਿਟੇਲ ਆਰਡਰ ਆਉਣ ਤੋਂ ਬਾਅਦ ਪਤਾ ਲੱਗੇਗਾ ਕਿ ਸਜ਼ਾ 'ਤੇ ਰੋਕ ਲਾਉਣ ਦੇ ਕੀ ਕਾਰਨ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਆਪਣੇ ਸੀਨੀਅਰ ਵਕੀਲਾਂ ਨਾਲ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਹੀ ਅਗਲਾ ਫੈਸਲਾ ਲੈਣਗੇ।

# ਪਾਕਿਸਤਾਨ ਚੋਣ ਕਮਿਸ਼ਨ ਵੱਲੋਂ ਕੁਰੈਸ਼ੀ 5 ਸਾਲ ਲਈ ਚੋਣ ਲੜਨ ਤੋਂ ਅਯੋਗ ਕਰਾਰ



**ਇਸਲਾਮਾਬਾਦ**, (ਪੰਜਾਬ ਮੇਲ)- ਪਾਕਿਸਤਾਨ ਦੇ ਚੋਣ ਕਮਿਸ਼ਨ ਨੇ ਜੇਲ੍ਹ 'ਚ ਬੰਦ ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੇ ਕਰੀਬੀ ਸਹਿਯੋਗੀ ਸ਼ਾਹ ਮਹਿਮੂਦ ਕੁਰੈਸ਼ੀ ਨੂੰ ਸਰਕਾਰੀ ਖੁਫੀਆ ਜਾਣਕਾਰੀ ਨਸ਼ਰ ਕਰਨ ਦੇ ਮਾਮਲੇ 'ਚ 10 ਸਾਲ ਕੈਦ ਦੀ ਸਜ਼ਾ ਸੁਣਾਏ ਜਾਣ ਦੇ ਮੱਦੇਨਜ਼ਰ ਉਨ੍ਹਾਂ ਨੂੰ ਪੰਜ ਸਾਲ ਲਈ ਚੋਣ ਨੜਨ ਤੋਂ ਅਯੋਗ ਕਰਾਰ ਦੇ ਦਿੱਤਾ ਹੈ। ਸਾਬਕਾ ਵਿਦੇਸ਼ ਮੰਤਰੀ ਕੁਰੈਸ਼ੀ (67) ਨੂੰ ਅਜਿਹੇ ਸਮੇਂ ਅਯੋਗ ਠਹਿਰਾਇਆ ਗਿਆ ਹੈ, ਜਦੋਂ ਅੱਠ ਫਰਵਰੀ ਨੂੰ ਦੇਸ਼ 'ਚ ਆਮ ਚੋਣਾਂ ਹੋਣੀਆਂ ਹਨ। ਇਮਰਾਨ ਦੀ ਪਾਕਿਸਤਾਨ ਤਹਿਰੀਕ-ਏ-ਇਨਸਾਫ ਪਾਰਟੀ (ਪੀ.ਟੀ.ਆਈ.) ਸਰਕਾਰ ਦੀ ਕਾਰਵਾਈ ਦੇ ਬਾਵਜੂਦ ਅਤੇ ਆਪਣੇ ਚੋਣ ਨਿਸ਼ਾਨ 'ਬੱਲੇ' ਤੋਂ ਬਿਨਾਂ ਚੋਣ ਲੜ ਰਹੀ ਹੈ। ਖਾਨ ਤੇ ਕੁਰੈਸ਼ੀ ਨੂੰ ਭੇਤ ਬਣਾਏ ਰੱਖਣ ਦੇ ਨਿਯਮ ਦੀ ਉਲੰਘਣਾ ਕਰਨ ਨਾਲ ਸਬੰਧਤ ਕੇਸ 'ਚ 10-10 ਸਾਲ ਕੈਦ ਦੀ ਸਜ਼ਾ ਸੁਣਾਈ ਗਈ ਸੀ। ਮੀਡੀਆ ਰਿਪੋਰਟਾਂ ਅਨੁਸਾਰ ਪਾਕਿਸਤਾਨ ਚੋਣ ਕਮਿਸ਼ਨ (ਈ.ਸੀ.ਪੀ.) ਨੇ ਵਿਸ਼ੇਸ਼ ਅਦਾਲਤ ਦੇ 30 ਜਨਵਰੀ, 2024 ਦੇ ਫ਼ੈਸਲੇ ਦਾ ਹਵਾਲਾ ਦਿੰਦਿਆਂ ਕਿਹਾ ਕਿ ਸੰਵਿਧਾਨ ਤੇ ਕਾਨੂੰਨ ਅਨੁਸਾਰ ਕੋਈ ਵੀ ਦੋਸ਼ੀ ਵਿਅਕਤੀ ਚੋਣਾਂ 'ਚ ਹਿੱਸਾ ਨਹੀਂ ਲੈ ਸਕਦਾ। ਈ.ਸੀ.ਪੀ. ਨੇ ਕਿਹਾ, 'ਮਖਦੂਮ ਸ਼ਾਹ ਮਹਿਮੂਦ ਕੁਰੈਸ਼ੀ 'ਇਸਲਾਮਿਕ ਰਿਪਬਲਿਕ ਆਫ ਪਾਕਿਸਤਾਨ' ਦੇ ਸੰਵਿਧਾਨ ਦੇ ਆਰਟੀਕਲ 63 (1) (ਐੱਚ) ਨਾਲ ਚੋਣ ਐਕਟ 2017 ਦੀ ਧਾਰਾ 232 ਤਹਿਤ ਅਯੋਗ ਹੋ ਗਏ ਹਨ। ਇਸ ਲਈ ਮਹਿਮੂਦ ਕੁਰੈਸ਼ੀ ਆਮ ਚੋਣਾਂ-2024 ਅਤੇ ਅਗਲੇ ਪੰਜ ਸਾਲ ਤੱਕ ਕੋਈ ਵੀ ਚੋਣ ਲੜਨ ਤੋਂ ਅਯੋਗ ਹੋ ਗਏ ਹਨ।'

**ਰੋਜ਼ਾਨਾਂ ਤਾਜ਼ੀਆਂ ਖਬਰਾਂ ਪੜ੍ਹਨ ਲਈ ਪੰਜਾਬ ਮੇਲ ਦੀ ਵੈੱਬਸਾਇਟ 'ਤੇ ਕਲਿੱਕ ਕਰੋ :**

**www.punjabmailusa.com**






# ਦਿੱਲੀ ਕਮੇਟੀ ਵੱਲੋਂ ਅਕਾਲੀ ਆਗੂਆਂ ਖ਼ਿਲਾਫ਼ ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਨੂੰ ਸ਼ਿਕਾਇਤ

**■ ਗੁਰਦੁਆਰੇ 'ਚ ਪ੍ਰਦਰਸ਼ਨ ਤੇ ਨਾਅਰੇਬਾਜ਼ੀ ਕਰਨ ਦੇ ਮਾਮਲੇ 'ਚ ਸਰਨਾ ਤੇ ਜੀ.ਕੇ. ਖ਼ਿਲਾਫ਼ ਕਾਰਵਾਈ ਮੰਗੀ**

**ਅੰਮ੍ਰਿਤਸਰ, (ਪੰਜਾਬ ਮੇਲ)-** ਦਿੱਲੀ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਅਕਾਲੀ ਆਗੂਆਂ ਪਰਮਜੀਤ ਸਿੰਘ ਸਰਨਾ, ਹਰਵਿੰਦਰ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਖ਼ਿਲਾਫ਼ ਇਕ ਵਾਰ ਮੁੜ ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਸ਼ਿਕਾਇਤ ਕੀਤੀ ਹੈ।

ਸ੍ਰੀ ਕਾਲਕਾ ਨੇ ਪੱਤਰ ਵਿਚ ਕਿਹਾ ਕਿ ਦਿੱਲੀ ਕਮੇਟੀ ਸਿੱਖਾਂ ਦੀ ਦੂਜੀ ਵੱਡੀ ਚੁਣੀ ਹੋਈ ਧਾਰਮਿਕ ਜਥੇਬੰਦੀ ਹੈ, ਜਿਸ ਵੱਲੋਂ ਪਹਿਲਾਂ ਵੀ 24 ਨਵੰਬਰ ਨੂੰ ਪਰਮਜੀਤ ਸਿੰਘ ਸਰਨਾ ਅਤੇ ਮਨਜੀਤ ਸਿੰਘ ਜੀ.ਕੇ. ਖ਼ਿਲਾਫ਼ ਸ਼ਿਕਾਇਤ ਕੀਤੀ ਗਈ ਸੀ। ਉਨ੍ਹਾਂ ਦੋਸ਼ ਲਾਇਆ ਕਿ ਸ਼੍ਰੀ ਸਰਨਾ ਅਤੇ ਸ਼੍ਰੀ ਜੀ.ਕੇ. ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਰਕਾਬ ਗੰਜ ਸਾਹਿਬ, ਨਵੀਂ ਦਿੱਲੀ ਵਿਚ 18 ਨਵੰਬਰ ਨੂੰ ਪ੍ਰਦਰਸ਼ਨ ਅਤੇ ਨਾਅਰੇਬਾਜ਼ੀ ਕੀਤੀ ਗਈ ਸੀ। ਇਸ ਸਬੰਧੀ ਦਿੱਲੀ ਕਮੇਟੀ ਅਤੇ ਪ੍ਰਬੰਧਕਾਂ ਨੂੰ ਸੋਸ਼ਲ ਮੀਡੀਆ ਆਦਿ ਮੰਚਾਂ 'ਤੇ ਬਦਨਾਮ ਕਰਨ ਦੇ ਦੋਸ਼ ਵਿਚ ਇਨ੍ਹਾਂ ਖ਼ਿਲਾਫ਼ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਸੀ ਪਰ ਦੋ ਮਹੀਨੇ ਤੋਂ ਵੱਧ ਸਮਾਂ ਬੀਤਣ ਦੇ ਬਾਵਜੂਦ ਹਾਲੇ ਤੱਕ ਇਸ ਸਬੰਧੀ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਸਵਾਲ ਕੀਤਾ ਕਿ ਕੀ ਗੁਰਦੁਆਰੇ ਦੇ ਅੰਦਰ ਹੁੱਲੜਬਾਜ਼ੀ ਅਤੇ ਨਾਅਰੇਬਾਜ਼ੀ ਕਰਨਾ ਜਾਇਜ਼ ਹੈ?

## ਮਨਜਿੰਦਰ ਸਿੰਘ ਸਿਰਸਾ ਖ਼ਿਲਾਫ਼ ਇਤਿਹਾਸ ਨਾਲ ਛੇੜਛਾੜ ਦਾ ਦੋਸ਼

ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਇਕ ਵੀਡੀਓ ਰਾਹੀ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਤੇ ਭਾਜਪਾ ਆਗੂ ਮਨਜਿੰਦਰ ਸਿੰਘ ਸਿਰਸਾ ਖ਼ਿਲਾਫ਼ ਗੰਭੀਰ ਦੋਸ਼ ਲਾਏ ਹਨ। ਉਨ੍ਹਾਂ ਸ੍ਰੀ ਅਕਾਲ ਤਖਤ ਦੇ ਜਥੇਦਾਰ ਨੂੰ ਸ਼ਿਕਾਇਤ ਭੇਜ ਕੇ ਉਸ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਇਸ ਸਬੰਧੀ ਇਕ ਵੀਡੀਓ ਵੀ ਜਾਰੀ ਕੀਤੀ ਹੈ, ਜਿਸ ਵਿਚ ਸ਼੍ਰੀ ਸਿਰਸਾ ਵੱਲੋਂ ਗੁਰਦੁਆਰਾ ਰਕਾਬ ਗੰਜ ਬਾਰੇ ਚਰਚਾ ਕੀਤੀ ਜਾ ਰਹੀ ਹੈ। ਸ਼੍ਰੀ ਸਰਨਾ ਨੇ ਦੋਸ਼ ਲਾਇਆ ਕਿ ਸ਼੍ਰੀ ਸਿਰਸਾ ਨੇ ਗੁਰਦੁਆਰਾ ਰਕਾਬ ਗੰਜ ਦੇ ਇਤਿਹਾਸ ਬਾਰੇ ਗਲਤ ਬਿਆਨਬਾਜ਼ੀ ਕੀਤੀ ਹੈ, ਜੋ ਕਿ ਇਤਿਹਾਸ ਨਾਲ ਛੇੜਛਾੜ ਕਰਨ ਵਾਲੀ ਗੱਲ ਹੈ ਅਤੇ ਇਸ ਮਾਮਲੇ ਵਿਚ ਉਸ ਖ਼ਿਲਾਫ਼ ਕਾਰਵਾਈ ਹੋਣੀ ਚਾਹੀਦੀ ਹੈ।

# ਆਬਕਾਰੀ ਨੀਤੀ ਘੁਟਾਲਾ: ਸਿਸੋਦੀਆ ਵੱਲੋਂ ਸੁਪਰੀਮ ਕੋਰਟ 'ਚ ਜਲਦ ਸੁਣਵਾਈ ਲਈ ਅਰਜ਼ੀ ਦਾਖ਼ਲ

**ਨਵੀਂ ਦਿੱਲੀ, (ਪੰਜਾਬ ਮੇਲ)-** ਆਮ ਆਦਮੀ ਪਾਰਟੀ ਦੇ ਜੇਲ੍ਹ 'ਚ



ਬੰਦ ਆਗੂ ਮਨੀਸ਼ ਸਿਸੋਦੀਆ ਨੇ ਕਥਿਤ ਦਿੱਲੀ ਆਬਕਾਰੀ ਨੀਤੀ ਘੁਟਾਲੇ ਨਾਲ ਸਬੰਧਤ ਭ੍ਰਿਸ਼ਟਾਚਾਰ ਅਤੇ ਮਨੀ ਲਾਂਡਰਿੰਗ ਦੇ ਮਾਮਲੇ 'ਚ 2023 'ਚ ਉਨ੍ਹਾਂ ਨੂੰ ਜ਼ਮਾਨਤ ਦੇਣ ਤੋਂ ਇਨਕਾਰ ਕਰਨ ਦੇ ਫੈਸਲੇ ਨੂੰ ਚੁਣੌਤੀ ਦਿੰਦੇ ਹੋਏ ਸਿਖਰਲੀ ਅਦਾਲਤ 'ਚ ਦਾਖਲ ਆਪਣੀਆਂ ਦੋ ਪਟੀਸ਼ਨਾਂ 'ਤੇ ਜਲਦੀ ਸੁਣਵਾਈ ਕਰਨ ਲਈ ਅਰਜ਼ੀ ਦਾਖਲ ਕੀਤੀ ਹੈ।

# ਦਿੱਲੀ ਹਾਈ ਕੋਰਟ ਵੱਲੋਂ ਸੰਜੈ ਸਿੰਘ ਦੀ ਜ਼ਮਾਨਤ ਬਾਰੇ ਫ਼ੈਸਲਾ ਰਾਖਵਾਂ

**ਨਵੀਂ ਦਿੱਲੀ, (ਪੰਜਾਬ ਮੇਲ)-** ਦਿੱਲੀ ਹਾਈ ਕੋਰਟ ਨੇ ਦਿੱਲੀ ਆਬਕਾਰੀ ਨੀਤੀ ਘਪਲਾ ਮਾਮਲੇ ਨਾਲ ਸਬੰਧਤ ਮਨੀ ਲਾਂਡਰਿੰਗ ਕੇਸ ਵਿਚ ਗ੍ਰਿਫ਼ਤਾਰ 'ਆਪ' ਸੰਸਦ ਮੈਂਬਰ ਸੰਜੈ ਸਿੰਘ ਦੀ ਜ਼ਮਾਨਤ ਅਰਜ਼ੀ 'ਤੇ ਆਪਣਾ ਹੁਕਮ ਸੁਰੱਖਿਅਤ ਰੱਖ ਲਿਆ ਹੈ। ਜਸਟਿਸ ਸਵਰਨ ਕਾਂਤਾ ਸ਼ਰਮਾ ਨੇ ਸੰਜੈ ਸਿੰਘ ਅਤੇ ਈ.ਡੀ. ਦੀਆਂ ਦਲੀਲਾਂ ਸੁਣੀਆਂ। ਸੰਜੈ ਸਿੰਘ ਨੇ ਇਸ ਆਧਾਰ 'ਤੇ ਜ਼ਮਾਨਤ ਮੰਗੀ ਕਿ ਉਹ ਪਿਛਲੇ ਤਿੰਨ ਮਹੀਨਿਆਂ ਤੋਂ ਹਿਰਾਸਤ ਵਿਚ ਹੈ ਤੇ ਇਸ ਅਪਰਾਧ ਵਿਚ ਉਨ੍ਹਾਂ ਦੀ ਕੋਈ ਭੂਮਿਕਾ ਨਹੀਂ ਦੱਸੀ ਗਈ। ਜਾਂਚ ਏਜੰਸੀ ਨੇ ਜ਼ਮਾਨਤ ਅਰਜ਼ੀ ਦਾ ਵਿਰੋਧ ਕਰਦਿਆਂ ਦਲੀਲ ਦਿੱਤੀ ਕਿ ਸੰਜੈ ਸਿੰਘ ਨੀਤੀ ਦੀ 2021-22 ਦੀ ਮਿਆਦ ਦੌਰਾਨ ਦਿੱਲੀ ਆਬਕਾਰੀ ਘਪਲੇ ਤੋਂ ਪੈਦਾ ਹੋਈ ਅਪਰਾਧ ਦੀ ਆਮਦਨ ਨੂੰ ਪ੍ਰਾਪਤ ਕਰਨ, ਰੱਖਣ, ਛੁਪਾਉਣ, ਵਧਾਉਣ ਅਤੇ ਵਰਤਣ ਵਿਚ ਸ਼ਾਮਲ ਸੀ।

# ਨਿੱਝਰ ਕਤਲ ਮਾਮਲੇ ਦੀ ਜਾਂਚ 'ਚ ਸਹਿਯੋਗ ਦੀ ਉਡੀਕ ਕਰ ਰਹੇ ਕੈਨੇਡਾ ਨੂੰ ਭਾਰਤ ਦੀ ਦੋ ਟੁੱਕ

**■ ਕਿਹਾ: ਜਦੋਂ ਤੱਕ ਠੋਸ ਸਬੂਤ ਨਹੀਂ, ਉਦੋਂ ਤੱਕ ਜਾਂਚ 'ਚ ਮਦਦ ਨਹੀਂ**

**ਨਵੀਂ ਦਿੱਲੀ, (ਪੰਜਾਬ ਮੇਲ)-** ਖਾਲਿਸਤਾਨੀ ਵੱਖਵਾਦੀ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਜਾਂਚ 'ਚ ਭਾਰਤ ਤੋਂ ਸਹਿਯੋਗ ਦੀ ਉਮੀਦ ਕਰ ਰਹੇ ਕੈਨੇਡਾ ਨੂੰ ਭਾਰਤ ਨੇ ਦੋ ਟੁੱਕ ਕਿਹਾ ਹੈ ਕਿ ਜਦੋਂ ਤੱਕ ਕੈਨੇਡਾ ਸਰਕਾਰ ਇਸ ਮਾਮਲੇ 'ਚ ਕੋਈ ਠੋਸ ਸਬੂਤ ਨਹੀਂ ਦਿੰਦੀ, ਉਦੋਂ ਤੱਕ ਭਾਰਤ ਸਰਕਾਰ ਕੈਨੇਡੀਅਨ ਜਾਂਚਕਾਰਾਂ ਨੂੰ ਕੋਈ ਮਦਦ ਨਹੀਂ ਦੇਵੇਗੀ। ਕੈਨੇਡੀਅਨ ਅਖ਼ਬਾਰ 'ਦ ਗਲੋਬ ਐਂਡ ਮੇਲ' ਦੀ ਇਕ ਰਿਪੋਰਟ 'ਚ ਕਿਹਾ ਗਿਆ ਕਿ ਭਾਰਤ ਦੇ ਹਾਈ ਕਮਿਸ਼ਨਰ ਸੰਜੇ ਕੁਮਾਰ ਵਰਮਾ ਨੇ ਇਹ ਸ਼ਰਤ ਰੱਖੀ ਹੈ ਕਿ ਨਵੀਂ ਦਿੱਲੀ ਉਦੋਂ ਤੱਕ ਜਾਂਚ 'ਚ ਮਦਦ ਨਹੀਂ ਕਰੇਗੀ, ਜਦੋਂ ਤੱਕ ਓਟਾਵਾ ਕਥਿਤ ਕਤਲ 'ਚ ਇਕੱਠੇ ਕੀਤੇ ਗਏ ਸਾਰੇ ਸਬੂਤ ਸਾਂਝੇ ਨਹੀਂ ਕਰ ਸਕਦਾ।

ਭਾਰਤੀ ਡਿਪਲੋਮੈਟ ਦਾ ਇਹ ਬਿਆਨ ਕੈਨੇਡਾ ਦੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਜੋਡੀ ਥਾਮਸ ਵੱਲੋਂ ਦਾਅਵਾ ਕੀਤੇ ਜਾਣ ਤੋਂ ਕੁਝ ਦਿਨ ਬਾਅਦ ਆਇਆ ਹੈ ਕਿ ਨਿੱਝਰ ਕਤਲ ਕੇਸ ਦੀ ਜਾਂਚ ਤੇਜ਼ੀ ਨਾਲ ਅੱਗੇ ਵਧੀ ਹੈ ਅਤੇ ਨਵੀਂ ਦਿੱਲੀ ਹੁਣ ਜਾਂਚ ਵਿਚ ਸਹਿਯੋਗ ਕਰ ਰਹੀ ਹੈ। 'ਦਿ ਗਲੋਬ ਐਂਡ ਮੇਲ' ਨੂੰ ਦਿੱਤੀ ਇੰਟਰਵਿਊ 'ਚ ਕੈਨੇਡਾ 'ਚ ਭਾਰਤ ਦੇ ਹਾਈ ਕਮਿਸ਼ਨਰ ਸੰਜੇ ਕੁਮਾਰ ਵਰਮਾ ਨੇ ਕਿਹਾ ਕਿ ਓਟਾਵਾ ਨੇ ਅਜੇ ਤੱਕ ਨਵੀਂ ਦਿੱਲੀ ਨੂੰ ਖਾਲਿਸਤਾਨੀ ਵੱਖਵਾਦੀ ਨਿੱਝਰ ਦੇ ਕਤਲ ਨਾਲ ਜੁੜੇ ਕੋਈ ਸਬੂਤ ਨਹੀਂ ਦਿਖਾਏ ਹਨ। ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਵਿਚ ਮਦਦ ਕਰਨ ਲਈ ਇਹ ਇੱਕ ਪੂਰਵ ਸ਼ਰਤ ਹੈ। ਵਰਮਾ ਨੇ ਸਪੱਸ਼ਟ ਸ਼ਬਦਾਂ ਵਿਚ ਕਿਹਾ, "ਜਦੋਂ ਤੱਕ ਅਸੀਂ ਕੁਝ ਢੁਕਵੀਂ ਅਤੇ ਖ਼ਾਸ ਨਹੀਂ ਦੇਖਦੇ, ਸਾਡੇ ਲਈ ਕੈਨੇਡੀਅਨ ਅਧਿਕਾਰੀਆਂ ਦੀ ਮਦਦ ਕਰਨਾ ਬਹੁਤ ਮੁਸ਼ਕਲ ਹੋਵੇਗਾ"। ਉਸਨੇ ਕਿਹਾ ਕਿ ਉਸਦੇ ਦਫਤਰ ਨੂੰ ਅਜੇ ਤੱਕ ਓਟਾਵਾ ਤੋਂ ਜਾਂਚ ਵਿਚ ਸਹਿਯੋਗ ਕਰਨ ਦੀ ਰਸਮੀ ਬੇਨਤੀ ਨਹੀਂ ਮਿਲੀ ਹੈ।

ਜ਼ਿਕਰਯੋਗ ਹੈ ਕਿ ਖਾਲਿਸਤਾਨੀ ਵੱਖਵਾਦੀ ਹਰਦੀਪ ਸਿੰਘ ਨਿੱਝਰ ਦਾ ਪਿਛਲੇ ਸਾਲ 18 ਜੂਨ ਨੂੰ ਵੈਨਕੂਵਰ ਵਿਚ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ। ਕਤਲ ਤੋਂ ਤਿੰਨ ਮਹੀਨੇ ਬਾਅਦ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਪਾਰਲੀਮੈਂਟ ਵਿਚ ਬਿਆਨ ਦੇ ਕੇ ਦੁਨੀਆਂ ਨੂੰ ਹੈਰਾਨ ਕਰ ਦਿੱਤਾ ਸੀ, ਜਦੋਂ ਉਨ੍ਹਾਂ ਨੇ ਨਿੱਝਰ ਦੇ ਕਤਲ ਵਿਚ ਭਾਰਤੀ ਏਜੰਟਾਂ ਦੇ ਸ਼ਾਮਲ ਹੋਣ ਦੇ ਭਰੋਸੇਯੋਗ ਦੋਸ਼ ਲਾਏ ਸਨ। ਭਾਰਤ ਨੇ ਕੈਨੇਡਾ ਦੇ ਦੋਸ਼ਾਂ ਦਾ ਸਖ਼ਤੀ ਨਾਲ ਖੰਡਨ ਕੀਤਾ ਸੀ ਅਤੇ ਦੋਸ਼ਾਂ ਦੇ ਸਮਰਥਨ ਵਿਚ ਸਬੂਤ ਮੰਗੇ ਸਨ ਪਰ ਅੱਜ ਤੱਕ ਕੈਨੇਡਾ ਠੋਸ ਦੋਸ਼ਾਂ ਦੇ ਸਮਰਥਨ ਵਿਚ ਕੋਈ ਸਬੂਤ ਨਹੀਂ ਦੇ ਸਕਿਆ ਹੈ। ਇਸ ਘਟਨਾ ਤੋਂ ਬਾਅਦ ਦੋਵਾਂ ਦੇਸ਼ਾਂ ਦੇ ਸਬੰਧ ਲਗਾਤਾਰ ਵਿਗੜਦੇ ਗਏ।

# ਅਮਰੀਕਾ ਵੱਲੋਂ ਪਾਕਿਸਤਾਨ 'ਚ ਆਮ ਚੋਣਾਂ ਦੇ ਮੱਦੇਨਜ਼ਰ ਆਪਣੇ ਨਾਗਰਿਕਾਂ ਲਈ ਐਡਵਾਈਜ਼ਰੀ ਜਾਰੀ

**ਇਸਲਾਮਾਬਾਦ, (ਪੰਜਾਬ ਮੇਲ)-** ਅਮਰੀਕਾ ਨੇ ਪਾਕਿਸਤਾਨ ਵਿਚ 8 ਫਰਵਰੀ ਨੂੰ ਹੋਣ ਵਾਲੀਆਂ ਆਮ ਚੋਣਾਂ ਦੇ ਮੱਦੇਨਜ਼ਰ ਪਾਕਿਸਤਾਨ ਦੀ ਯਾਤਰਾ ਕਰਨ ਵਾਲੇ ਅਮਰੀਕੀ ਨਾਗਰਿਕਾਂ ਲਈ ਐਡਵਾਈਜ਼ਰੀ ਜਾਰੀ ਕਰਦਿਆਂ ਉਨ੍ਹਾਂ ਨੂੰ ਸਾਵਧਾਨੀ ਵਰਤਣ ਦੀ ਸਲਾਹ ਅਤੇ ਚੋਣਾਂ ਸਬੰਧੀ ਸੰਭਾਵਿਤ ਹਿੰਸਾ ਦੀ ਚਿਤਾਵਨੀ ਦਿੱਤੀ ਹੈ। ਪਾਕਿਸਤਾਨ ਸਥਿਤ ਅਮਰੀਕੀ ਸਫ਼ਾਰਤਖ਼ਾਨੇ ਨੇ ਸ਼ੁੱਕਰਵਾਰ ਨੂੰ ਐਡਵਾਈਜ਼ਰੀ ਕੀਤੀ ਅਤੇ ਆਪਣੇ ਨਾਗਰਿਕਾਂ ਨੂੰ ਉਨ੍ਹਾਂ ਖੇਤਰਾਂ ਵਿਚ ਹੋਣ ਵਾਲੀਆਂ ਸਿਆਸੀ ਰੈਲੀਆਂ ਦੀਆਂ ਥਾਵਾਂ ਬਾਰੇ ਚੌਕਸ ਤੇ ਜਾਗਰੂਕ ਰਹਿਣ ਲਈ ਆਖਿਆ, ਜਿੱਥੇ ਉਨ੍ਹਾਂ ਨੇ ਜਾਣਾ ਹੈ। ਐਡਵਾਈਜ਼ਰੀ 'ਚ ਕਿਹਾ ਗਿਆ ਕਿ 8 ਫਰਵਰੀ ਨੂੰ ਚੋਣਾਂ ਵਾਲੇ ਦਿਨ ਪੋਲਿੰਗ ਸਟੇਸ਼ਨਾਂ ਵਾਲੇ ਇਲਾਕਿਆਂ 'ਚ ਭੀੜ ਹੋਵੇਗੀ ਅਤੇ ਅਮਰੀਕੀ ਨਾਗਰਿਕ ਪਾਕਿਸਤਾਨ ਦੀਆਂ ਚੋਣਾਂ 'ਚ ਹਿੱਸਾ ਲੈਣ ਲਈ ਯੋਗ ਨਹੀਂ ਹਨ, ਜਿਸ ਲਈ ਉਨ੍ਹਾਂ ਨੂੰ ਇਸ ਤੋਂ ਦੂਰ ਰਹਿਣਾ ਚਾਹੀਦਾ ਹੈ। ਸਫਾਰਤਖ਼ਾਨੇ ਨੇ ਕਿਹਾ ਕਿ ਪਾਕਿਸਤਾਨ 'ਚ ਸਿਆਸੀ ਪਾਰਟੀਆਂ ਵੱਲੋਂ ਸਰਗਰਮੀ ਨਾਲ ਮਾਰਚ, ਰੈਲੀਆਂ ਤੇ ਭਾਸ਼ਣ ਹੋ ਰਹੇ ਹਨ, ਜੋ ਕਿ ਕਿਸੇ ਵੀ ਜਮਹੂਰੀ ਪ੍ਰਕਿਰਿਆ ਦਾ ਹਿੱਸਾ ਹਨ। ਹਾਲਾਂਕਿ ਇਸ ਵਿਚ ਅੱਗੇ ਕਿਹਾ ਗਿਆ ਕਿ ਅਜਿਹੇ ਜਨਤਕ ਸਮਾਗਮਾਂ ਨਾਲ ਆਵਾਜਾਈ ਜਾਮ ਹੋਣ, ਖੁੱਲ੍ਹੇ ਤਰੀਕੇ ਨਾਲ ਘੁੰਮਣ ਅਤੇ ਸੁਰੱਖਿਆ 'ਚ ਵਿਘਨ ਪੈਣ ਦੀ ਸੰਭਾਵਨਾ ਹੁੰਦੀ ਹੈ। ਐਡਵਾਈਜ਼ਰੀ ਮੁਤਾਬਕ ਚੋਣਾਂ ਵਾਲੇ ਦਿਨ ਇੰਟਰਨੈੱਟ ਅਤੇ ਫੋਨ ਸੇਵਾਵਾਂ ਵੀ ਬੰਦ ਰਹਿ ਸਕਦੀਆਂ ਹਨ। ਉਸ ਦਿਨ ਜਨਤਕ ਇਕੱਠ ਵਾਲੀਆਂ ਥਾਵਾਂ ਆਦਿ 'ਤੇ ਜਾਣ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ। ਅਮਰੀਕੀ ਸਫ਼ਾਰਤਖਾਨੇ ਨੇ ਆਪਣੇ ਨਾਗਰਿਕਾਂ ਨੂੰ ਸਥਾਨਕ ਮੀਡੀਆ 'ਤੇ ਨਜ਼ਰ ਰੱਖਣ, ਆਪਣੇ ਸ਼ਨਾਖਤੀ ਦਸਤਾਵੇਜ਼ ਕੋਲ ਰੱਖਣ ਅਤੇ ਪੁਲਿਸ ਨੂੰ ਸਹਿਯੋਗ ਕਰਨ ਦੀ ਅਪੀਲ ਕੀਤੀ ਹੈ।




# ਮੋਰਲੇ-ਮਿੰਟੋ ਸੁਧਾਰਾਂ ਤੋਂ ਸੰਵਿਧਾਨ ਤੱਕ - ਵੋਟ ਅਧਿਕਾਰ

ਐਡਵੋਕੇਟ ਰਵਿੰਦਰ ਸਿੰਘ ਧਾਲੀਵਾਲ
ਪੰਜਾਬ ਹਰਿਆਣਾ ਹਾਈ ਕੋਰਟ ਚੰਡੀਗੜ੍ਹ
ਮੋ : 78374-90309
(Punjab Mail USA)





ਸੰਵਿਧਾਨ ਨੇ ਨਾਗਰਿਕਾਂ ਨੂੰ ਸ਼ਕਤੀਸ਼ਾਲੀ ਅਧਿਕਾਰ ਦਿੱਤੇ ਹਨ, ਜਿਨ੍ਹਾਂ ਵਿਚ ਵੋਟ ਦਾ ਅਧਿਕਾਰ ਵੀ ਸ਼ਾਮਿਲ ਹੈ। ਵੋਟਿੰਗ ਬਹੁਤ ਪ੍ਰਭਾਵਸ਼ਾਲੀ ਮਾਧਿਅਮ ਹੈ, ਜਿਸ ਨਾਲ ਅਸੀਂ ਸਰਕਾਰ ਚੁਣ/ਬਦਲ ਸਕਦੇ ਹਾਂ। ਨਾਗਰਿਕ 18 ਸਾਲ ਦੀ ਉਮਰ ਤੋਂ ਹੀ ਦੇਸ਼ ਦਾ ਨੇਤਾ ਚੁਣ ਸੱਚਮੁੱਚ ਕਿੰਗ ਮੇਕਰ ਦੀ ਭੂਮਿਕਾ ਨਿਭਾਉਂਦੇ ਹਨ। 19 ਨਵੰਬਰ, 1863 ਨੂੰ ਅਮਰੀਕਾ ਦੇ ਰਾਸ਼ਟਰਪਤੀ ਅਬਰਾਹਿਮ ਲਿੰਕਨ ਨੇ ਲੋਕਤੰਤਰ ਸਬੰਧੀ ਆਖਿਆ ਕਿ ਜਮਹੂਰੀਅਤ ਵਿਚ ਲੋਕਾਂ ਦੀ ਸਰਕਾਰ, ਲੋਕਾਂ ਦੁਆਰਾ, ਲੋਕਾਂ ਲਈ ਹੋਵੇਗੀ, ਜਿਸ ਦਾ ਧਰਤੀ ਤੋਂ ਖਤਮ ਹੋਣਾ ਅਸੰਭਵ ਹੈ। ਇਹ ਵਿਸ਼ਵ ਇਤਿਹਾਸ ਵਿਚ ਸਭ ਤੋਂ ਮਸ਼ਹੂਰ ਭਾਸ਼ਣਾਂ ਵਿਚੋਂ ਇੱਕ ਹੈ। ਵੋਟ ਪਾਉਣਾ ਜ਼ਰੂਰੀ ਨਹੀਂ ਪਰ ਲਾਜ਼ਮੀ ਫਰਜ਼ ਸਮਝਣਾ ਚਾਹੀਦਾ ਹੈ, ਤਾਂ ਜੋ ਇਤਿਹਾਸਕ ਸੰਘਰਸ ਪਿੱਛੋਂ ਮਿਲੇ ਅਧਿਕਾਰ ਦਾ ਸਨਮਾਨ ਬਰਕਰਾਰ ਰਹੇ।

ਬ੍ਰਿਟਿਸ਼ ਪਾਰਲੀਮੈਂਟ ਨੇ ਇੰਡੀਅਨ ਕੌਂਸਲ ਐਕਟ 1901 ਦੁਆਰਾ ਮੋਰਲੇ-ਮਿੰਟੋ ਸੁਧਾਰਾਂ ਦੀ ਪੈਰਵੀ ਕੀਤੀ, ਜਿਸ ਨਾਲ ਵਿਧਾਨਿਕ ਤਬਦੀਲੀਆਂ ਲਈ ਰਾਹ ਪੱਧਰਾ ਹੋਇਆ। ਪਰ ਪ੍ਰਤੀਨਿਧੀ ਚੁਣਨ ਦਾ ਅਧਿਕਾਰ ਬਹੁਤ ਘੱਟ ਵਿਅਕਤੀਆਂ ਨੂੰ ਦਿੱਤਾ। ਇਸ ਐਕਟ ਵਿਚ 1919 ਤੋਂ ਬਾਅਦ ਵੱਡੀਆਂ ਤਬਦੀਲੀਆਂ ਆਈਆਂ। ਸਰਕਾਰੀ ਕੰਮਕਾਜ ਦੋ ਸੰਸਥਾਵਾਂ ਕੇਦਰ ਵਿਚ ਉੱਚ ਤੇ ਹੇਠਲੇ ਸਦਨ ਅਤੇ ਰਾਜਾਂ ਨੂੰ ਸਟੇਟ ਕੌਂਸਲ ਅਤੇ ਕੇਂਦਰੀ ਵਿਧਾਨ ਸਭਾ ਵਿਚ ਵੰਡਿਆ ਗਿਆ। ਵੋਟਿੰਗ ਅਧਿਕਾਰ ਦੀ ਯੋਗਤਾ ਜਾਇਦਾਦ ਦੀ ਮਾਲਕੀ, ਆਮਦਨ ਦਾ ਭੁਗਤਾਨ ਅਤੇ ਮਿਉਂਸਪਲ ਟੈਕਸ ਆਦਿ ਨਾਲ ਜੋੜ ਦਿੱਤਾ। ਇਸ ਨਾਲ ਜ਼ਮੀਨ ਮਾਲਕਾਂ ਅਤੇ ਅਮੀਰ ਘਰਾਣਿਆਂ ਨੂੰ ਪ੍ਰਸ਼ਾਸਨੀ ਬਲ ਮਿਲਿਆ। ਬ੍ਰਿਟਿਸ਼ ਸ਼ਾਸਨ ਅਧੀਨ ਹੀ ਔਰਤਾਂ ਨੂੰ ਵੋਟ ਦੇ ਅਧਿਕਾਰ ਦੀ ਲਹਿਰ ਉਭਰਨ ਲੱਗੀ। 1918 ਵਿਚ ਔਰਤਾਂ ਦੇ ਜਾਇਦਾਦ ਅਧਿਕਾਰਾਂ ਨੂੰ ਸੀਮਤ ਕਰ ਦਿੱਤਾ। ਇਹ ਨਿਯਮ ਦੁਨੀਆਂ ਦੇ ਹੋਰ ਹਿੱਸਿਆਂ ਵਿਚ ਬ੍ਰਿਟਿਸ਼ ਨਾਗਰਿਕਾਂ 'ਤੇ ਲਾਗੂ ਨਹੀਂ ਹੋਇਆ। 1919 ਵਿਚ ਹਾਊਸ ਆਫ ਲਾਰਡਜ਼ ਐਂਡ ਕਾਮਨਜ਼ ਦੀ ਸਾਂਝੀ ਕਮੇਟੀ ਨੇ ਵੀ ਔਰਤਾਂ ਨੂੰ ਵੋਟ ਜਾਂ ਚੋਣਾਂ ਲੜਨ ਦਾ ਅਧਿਕਾਰ ਨਹੀਂ ਦਿੱਤਾ। ਉਸ ਸਮੇਂ ਭਾਰਤ ਸਰਕਾਰ ਦੇ ਐਕਟ ਦੁਵਾਰਾ ਸੂਬਾਈ ਕੌਂਸਲ ਨੇ ਜਾਇਦਾਦ ਤੇ ਵਿਦਿਅਕ ਯੋਗਤਾ ਪੂਰਾ ਕਰਨ ਵਾਲੀਆ ਔਰਤਾਂ ਨੂੰ ਵੋਟ ਲਈ ਯੋਗ ਸਮਝਿਆ। ਕੁਝ ਔਰਤਾਂ ਨੂੰ 1920 ਵਿਚ ਬ੍ਰਿਟਿਸ਼ ਸਰਕਾਰ ਦੁਆਰਾ ਪਾਸ ਕੀਤੇ ਗਏ ਸੁਧਾਰਾਂ ਨਾਲ ਵੋਟ ਅਧਿਕਾਰ ਹਾਸਿਲ ਹੋਇਆ।

1919 ਅਤੇ 1929 ਦੇ ਵਿਚਕਾਰ, ਸਾਰੇ ਬ੍ਰਿਟਿਸ਼ ਸੂਬਿਆਂ ਅਤੇ ਰਿਆਸਤਾਂ ਨੇ ਔਰਤਾਂ ਨੂੰ ਵੋਟ ਪਾਉਣ ਦਾ ਅਧਿਕਾਰ ਦਿੱਤਾ ਅਤੇ ਸਥਾਨਕ ਪੱਧਰ ਤੋਂ ਚੋਣ ਲੜਨ ਦੀ ਇਜਾਜ਼ਤ ਦਿੱਤੀ। ਇਸ ਸਬੰਧ ਵਿਚ ਪਹਿਲੀ ਜਿੱਤ ਮਦਰਾਸ ਵਿਚ ਹੋਈ, ਉਸ ਤੋਂ ਬਾਅਦ 1920 ਵਿਚ ਤ੍ਰਾਵਣਕੋਰ ਰਾਜ ਅਤੇ ਝਾਲਾਵਾੜ ਰਿਆਸਤ ਨੇ ਜਿੱਤ ਪ੍ਰਾਪਤ ਕੀਤੀ। ਮਦਰਾਸ ਪ੍ਰੈਜ਼ੀਡੈਂਸੀ ਅਤੇ ਬੰਬਈ ਪ੍ਰੈਜ਼ੀਡੈਂਸੀ ਨੇ 1921 ਵਿਚ ਅਤੇ ਰਾਜਕੋਟ ਰਾਜ ਨੇ ਸਾਲ 1923 'ਚ ਪੂਰਾ ਮਤਾ ਪਾਸ ਕਰ ਦਿੱਤਾ। 1927 ਵਿਚ, ਨਿਊ ਇੰਡੀਆ ਐਕਟ ਨੂੰ ਵਿਕਸਤ ਕਰਨ ਲਈ ਸਾਈਮਨ ਕਮਿਸ਼ਨ ਨਿਯੁਕਤ ਕੀਤਾ ਗਿਆ ਸੀ, ਇਸ ਦਾ ਰਾਸ਼ਟਰਵਾਦੀਆਂ ਨੇ ਬਾਈਕਾਟ ਕੀਤਾ, ਕਿਉਂਕਿ ਕਮਿਸ਼ਨ ਵਿਚ ਕੋਈ ਭਾਰਤੀ ਨਹੀਂ ਸੀ ਪਰੰਤੂ ਕਮਿਸ਼ਨ ਨੇ ਵੋਟਿੰਗ ਅਧਿਕਾਰ ਨੂੰ ਵਧਾਉਣ 'ਤੇ ਚਰਚਾ ਕੀਤੀ। ਵੋਟਿੰਗ ਦੀ ਉਮਰ ਘਟਾ ਕੇ 21 ਸਾਲ ਕਰਨ ਦੀ ਸਿਫ਼ਾਰਸ਼ ਕੀਤੀ, ਪਰ ਔਰਤ ਦੀ ਯੋਗਤਾ ਅਜੇ ਵੀ ਵਿਆਹੁਤਾ ਸਥਿਤੀ ਅਤੇ ਵਿਦਿਅਕ ਪਿਛੋਕੜ 'ਤੇ ਨਿਰਭਰ ਕਰਦੀ ਹੈ। ਹਾਲਾਂਕਿ ਇਸ ਐਕਟ ਨੇ ਚੋਣ ਯੋਗਤਾ ਨੂੰ ਵਧਾਇਆ, ਫਿਰ ਵੀ ਭਾਰਤ ਦੀਆਂ ਸਿਰਫ 2.5 ਫੀਸਦੀ ਔਰਤਾਂ ਨੂੰ ਹੀ ਇਜਾਜ਼ਤ ਮਿਲੀ। 1946 ਵਿਚ, ਜਦੋਂ ਭਾਰਤ ਦੀ ਸੰਵਿਧਾਨ ਸਭਾ ਚੁਣੀ ਗਈ, ਤਾਂ 15 ਸੀਟਾਂ ਔਰਤਾਂ ਨੂੰ ਦਿੱਤੀਆਂ ਗਈਆਂ। ਉਨ੍ਹਾਂ ਨੇ ਨਵੇਂ ਸੰਵਿਧਾਨ ਦਾ ਖਰੜਾ ਤਿਆਰ ਕਰਨ ਵਿਚ ਮਦਦ ਕੀਤੀ। 1946 ਤੱਕ ਭਾਰਤ ਦੇ ਮੂਲ ਨਿਵਾਸੀਆਂ ਦੀ ਕੁੱਲ ਵੋਟ ਪ੍ਰਤੀਸ਼ਤਤਾ ਬਹੁਤ ਘੱਟ ਸੀ। 1947 ਵਿਚ, ਪਾਰਲੀਮੈਂਟ ਸਰਬ ਵਿਆਪੀ ਮੱਤ ਅਧਿਕਾਰ ਬਾਰੇ ਸਿਧਾਂਤਕ ਤੌਰ 'ਤੇ ਸਹਿਮਤੀ ਹੋ ਗਈ। 26 ਜਨਵਰੀ, 1950 ਸੰਵਿਧਾਨ ਲਾਗੂ ਦੇ ਹੋਣ ਨਾਲ ਵੋਟ ਜਾ ਚੋਣ ਲੜਨ ਦਾ ਅਧਿਕਾਰ ਭਾਰਤੀ ਨਾਗਰਿਕਾ ਨੂੰ ਬਿਨਾ ਕਿਸੇ ਵਿਤਕਰੇ ਦੇ ਪ੍ਰਪਤ ਹੋਇਆ। 1951 ਦੀਆਂ ਪਹਿਲੀਆਂ ਆਮ ਚੋਣਾਂ ਨਾਲ ਭਾਰਤ ਵਿਸ਼ਵ ਨਕਸ਼ੇ ਉਪਰ ਆਉਣ ਦਾ ਐਲਾਨ ਕੀਤਾ। ਇਹ ਸਿਰਫ਼ ਦੱਖਣੀ ਏਸ਼ੀਆ ਵਿਚ ਹੀ ਨਹੀਂ, ਸਗੋਂ ਵਿਸ਼ਵ ਵਿਚ ਭਾਰਤ ਦੇ ਜਮਹੂਰੀ ਕਦਰਾਂ-ਕੀਮਤਾਂ ਦਾ ਅਸਲੀ ਝੰਡਾ-ਬਰਦਾਰ ਬਣਨ ਦੀ ਸ਼ੁਰੂਆਤ ਸੀ। ਪਹਿਲੇ ਕੁਝ ਦਹਾਕਿਆਂ ਵਿਚ, ਔਰਤਾਂ ਮਰਦਾਂ ਨਾਲੋਂ ਬਹੁਤ ਘੱਟ ਵੋਟ ਪਾਉਂਦੀਆਂ ਸਨ ਅਤੇ ਇਹ ਅੰਤਰ ਲਗਭਗ 14.15 ਹੁੰਦਾ ਸੀ। ਪਰ ਹੌਲੀ-ਹੌਲੀ ਇਹ ਪਾੜਾ ਘੱਟਣਾ ਸ਼ੁਰੂ ਹੋ ਗਿਆ ਅਤੇ 90 ਦੇ ਦਹਾਕੇ ਦੇ ਆਸ-ਪਾਸ ਇਹ ਪਾੜਾ 10 ਦੇ ਆਸ-ਪਾਸ ਰਹਿ ਗਿਆ। 2014 ਵਿਚ, ਇਹ ਅੰਤਰ 1.6 ਸੀ। 2019 ਵਿਚ, ਪੁਰਸ਼ਾਂ ਅਤੇ ਔਰਤਾਂ ਵਿਚ ਸ਼ਾਇਦ ਹੀ ਕੋਈ ਅੰਤਰ ਸੀ।

ਸੰਵਿਧਾਨ ਖਰੜਾ ਕਮੇਟੀ ਦੇ ਚੈਅਰਮੈਨ ਸ਼੍ਰੀ ਬੀ.ਆਰ. ਅੰਬੇਡਕਰ ਦੀ ਦਲੀਲ ਸੀ ਕਿ ਵੋਟਿੰਗ ਨਾਗਰਿਕਤਾ ਲਈ ਜ਼ਰੂਰੀ ਇਹ ਇਤਿਹਾਸਕ ਤੌਰ 'ਤੇ ਵਾਂਝੇ ਵਰਗਾਂ ਲਈ ਰਾਜਨੀਤਿਕ ਸਿੱਖਿਆ ਦੇ ਸਾਧਨ ਵਜੋਂ ਕੰਮ ਕਰਦੀ ਹੈ, ਭਾਰਤ ਦੀ ਵੋਟ ਪ੍ਰਣਾਲੀ ਅਧਿਕਾਰਾਂ ਦੀ ਕੁੰਜੀ ਤੋਂ ਘੱਟ ਨਹੀਂ। 26 ਜਨਵਰੀ, 1950 ਨੂੰ ਸੰਵਿਧਾਨ ਨੇ ਵਿਤਕਰਾ ਖ਼ਤਮ ਕਰ ਦਿੱਤਾ। ਇਕ ਲੰਮੀ ਜੱਦੋ-ਜਹਿਦ ਮਗਰੋਂ ਸੰਵਿਧਾਨ ਦੇ ਪੰਨਿਆਂ ਵਿਚ ਦਰਜ ਹੋ ਗਿਆ। ਵਿਡੰਭਨਾ ਇਹ ਹੈ ਕਿ ਨੌਜਵਾਨ ਅਠਾਰਾਂ ਸਾਲ ਪੂਰਾ ਹੋਣ 'ਤੇ ਵੋਟ ਨੂੰ ਪਹਿਲ ਨਹੀਂ ਦਿੰਦੇ। ਸਗੋਂ ਬਾਲਗ ਹੁੰਦਿਆ ਡਰਾਈਵਿੰਗ ਲਾਇਸੰਸ ਜਾਂ ਪਾਸਪੋਰਟ ਬਣਵਾਉਣ ਲਈ ਕਾਹਲ ਕਰਦੇ ਹਨ। ਇਹ ਸਾਡਾ ਫ਼ਰਜ਼ ਹੈ ਕਿ ਅਸੀਂ ਆਪਣਾ ਨਾਮ ਨੂੰ ਵਿਧਾਨ ਸਭਾ ਖੇਤਰ ਦੀ ਵੋਟਰ ਸੂਚੀ ਵਿਚ ਦਰਜ ਕਰਵਾਈਏ। ਹਰ ਨਾਗਰਿਕ ਨੈਤਿਕ ਜ਼ਿੰਮੇਵਾਰੀ ਸਮਝਦੇ ਹੋਏ, ਬਤੌਰ ਵੋਟਰ ਜ਼ਰੂਰ ਭਾਗ ਲੈਣਾ ਚਾਹੀਦਾ ਹੈ। ਇਹ ਤਦ ਹੀ ਸੰਭਵ ਹੈ, ਜਦੋਂ ਸਭ ਵੋਟਰ ਸੂਚੀ ਵਿਚ ਦਰਜ ਹੋਵਣਗੇ। ਕੇਂਦਰੀ ਚੋਣ ਕਮਿਸ਼ਨ ਵੱਲੋਂ ਹਰ ਸਾਲ 1 ਜਨਵਰੀ ਦੇ ਮੁਤਾਬਕ ਫੋਟੋ ਵੋਟਰ ਸੂਚੀਆਂ ਦੀ ਸੁਧਾਈ ਕੀਤੀ ਜਾਂਦੀ ਹੈ, ਤਾਂ ਜੋ ਮਿਤੀ ਦੇ ਆਧਾਰ ਮੁਤਾਬਕ 18 ਸਾਲ ਜਾਂ ਵੱਧ ਉਮਰ ਦੇ ਲੋਕ ਵੋਟ ਬਣਵਾ ਸਕਣ। ਜਿਸ ਨਾਲ ਦੇਸ਼ ਦੀ ਨੂੰ ਸਹੀ ਦਿਸ਼ਾ ਵਾਲੀ ਕਾਨੂੰਨ ਵਿਵਸਥਾ ਮਿਲਦੀ ਹੈ। ਸੰਵਿਧਾਨ ਦੀ ਧਾਰਾ 325 ਅਤੇ 326 ਰਾਹੀਂ ਦੇਸ਼ ਦੇ ਹਰ ਵਿਅਕਤੀ ਨੂੰ ਵੋਟ ਦਾ ਅਧਿਕਾਰ ਪ੍ਰਾਪਤ ਹੈ। ਕਿਸੇ ਵੀ ਨਾਗਰਿਕ ਨੂੰ ਧਰਮ, ਜਾਤੀ, ਵਰਗ, ਫਿਰਕੇ ਜਾਂ ਲਿੰਗ-ਭੇਦ ਕਾਰਨ ਵੋਟ ਦੇ ਅਧਿਕਾਰ ਤੋਂ ਵਾਂਝਾ ਨਹੀਂ ਕੀਤਾ ਜਾ ਸਕਦਾ। ਬਸ਼ਰਤੇ ਉਹ ਵਿਆਤੀ ਪਾਗਲ ਜਾਂ ਅਪਰਾਧੀ ਨਾ ਹੋਵੇ। 1935 ਤੋਂ ਪਹਿਲਾਂ ਦੇ ਗਵਰਨਮੈਂਟ ਆਫ਼ ਇੰਡੀਆ ਐਕਟ ਅਨੁਸਾਰ ਸਿਰਫ਼ 13 ਫ਼ੀਸਦੀ ਵੋਟਰਾਂ ਨੂੰ ਹੀ ਅਧਿਕਾਰ ਪ੍ਰਾਪਤ ਸੀ, ਜੋ ਸਿਰਫ਼ ਸਿੱਖਿਆ, ਆਰਥਿਕ ਅਤੇ ਸਮਾਜਿਕ ਆਧਾਰ ਅਨੁਸਾਰ ਮਿਲਦਾ ਸੀ।

ਆਗਾਮੀ ਲੋਕ ਸਭਾ ਚੋਣਾਂ 2024 ਵਿਚ ਵੋਟਰ ਦੀ ਭਾਈਵਾਲੀ ਨੂੰ ਯਕੀਨੀ ਬਣਾਉਣ ਸਰਕਾਰ ਦਾ ਮੁੱਖ ਉਦੇਸ਼ ਹੈ, ਜਿਸ ਲਈ ਭਾਰਤੀ ਚੋਣ ਕਮਿਸ਼ਨ ਵੱਲੋਂ ਪੰਜਾਬ ਵਿਚ ਯੋਗਤਾ ਆਧਾਰ ਤੇ ਫੋਟੋ ਵੋਟਰ ਸੂਚੀਆਂ ਦੀ ਸਪੈਸ਼ਲ ਸਮਰੀ ਰਵੀਜ਼ਨ ਦਾ ਕੰਮ ਕੀਤਾ ਜਾ ਰਿਹਾ ਹੈ। ਇਸ ਦੌਰਾਨ ਬੀ.ਐੱਲ.ਓਜ਼ ਵੱਲੋਂ ਨਵੀਂ ਵੋਟ ਬਣਾਉਣ ਲਈ ਫਾਰਮ ਨੰਬਰ 6, ਕਿਸੇ ਵੋਟਰ ਦੀ ਮੌਤ ਹੋਣ ਜਾਂ ਸਿਫ਼ਟ ਹੋਣ ਦੀ ਸੂਰਤ ਵਿਚ ਉਸ ਦੀ ਵੋਟ ਕੱਟਣ ਲਈ ਫਾਰਮ ਨੰਬਰ 7, ਫੋਟੋ ਵੋਟਰ ਸ਼ਨਾਖਤੀ ਕਾਰਡ ਵਿਚ ਦਰੁੱਸਤੀ ਲਈ ਫਾਰਮ ਨੰਬਰ 8 ਅਤੇ ਵਿਧਾਨ ਸਭਾ ਹਲਕੇ ਵਿਚ ਇਕ ਥਾਂ ਤੋਂ ਦੂਜੀ ਥਾਂ 'ਤੇ ਸ਼ਿਫ਼ਟ ਹੋਣ ਲਈ ਫਾਰਮ ਨੰਬਰ 8 (ੳ) ਭਰਨਗੇ। ਇਸ ਪ੍ਰੋਗਰਾਮ ਦੌਰਾਨ ਬੀ.ਐੱਲ.ਓਜ਼ ਦਾਅਵੇ ਅਤੇ ਇਤਰਾਜ਼ ਵੀ ਪ੍ਰਾਪਤ ਕਰਨਗੇ। ਸਾਨੂੰ ਇਸ ਸੁਧਾਈ ਕਾਰਜ ਵਿਚ ਲੋੜੀਦੇਂ ਬਦਲਾਉ ਕਰਵਾਉਣੇ ਚਾਹੀਦੇ ਹਨ।

ਜੇਕਰ ਰਾਸ਼ਟਰ-ਨਿਰਮਾਣ ਵਿਚ ਯੋਗਦਾਨ ਪਾਉਣਾ ਚਾਹੁੰਦੇ ਹੋ, ਤਾਂ ਵੋਟ ਜ਼ਰੂਰ ਪਾਉ। ਵਿਰੋਧ ਪ੍ਰਦਰਸ਼ਨਾਂ ਦੇ ਨਾਲੋਂ-ਨਾਲ ਵੋਟਿੰਗ ਵੀ ਇੱਕ ਬਹੁਤ ਪ੍ਰਭਾਵਸ਼ਾਲੀ ਮਾਧਿਅਮ ਹੈ। ਛੁੱਟੀ ਦਾ ਆਨੰਦ ਮਾਣਨ ਦੀ ਬਜਾਏ, ਸਾਨੂੰ ਸੰਵਿਧਾਨ ਦੁਆਰਾ ਦਿੱਤੇ ਗਏ ਵੋਟ ਦੇ ਅਧਿਕਾਰ ਦਾ ਸਨਮਾਨ ਕਰਨਾ ਚਾਹੀਦਾ ਹੈ। ਕੁਝ ਨੌਜਵਾਨ 18 ਸਾਲ ਦੇ ਹੁੰਦੇ ਹੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਬਹੁਤ ਉਤਸ਼ਾਹਿਤ ਹੰਦੇ ਹਨ। ਵੋਟ ਪਾਉਣ ਤੋਂ ਬਾਅਦ ਇੱਕ ਜ਼ਿੰਮੇਵਾਰ ਨਾਗਰਿਕ ਹੋਣ 'ਤੇ ਮਾਣ ਦੀ ਭਾਵਨਾ ਪੈਦਾ ਹੁੰਦੀ ਹੈ। ਜਿਵੇਂ ਕਿ ਸੋਸ਼ਲ ਮੀਡੀਆ 'ਤੇ ਸਿਆਹੀ ਵਾਲੀ ਉਂਗਲੀ ਨੂੰ ਸਾਂਝਾ ਕਰਨ ਤੋਂ ਦੇਖਿਆ ਜਾ ਸਕਦਾ ਹੈ। ਭਾਵੇਂ ਸੋਸ਼ਲ ਮੀਡੀਆ ਵੋਟਰਾਂ ਵਿਚ ਉਤਸ਼ਾਹ ਭਰਨ ਲਈ ਚੰਗਾ ਸਾਧਨ ਹੈ। ਪਰ ਅਜੋਕੀ ਪੀੜ੍ਹੀ ਨੂੰ ਆਪਣੇ ਭਵਿੱਖ ਦੀ ਸੁਰੱਖਿਆ ਲਈ ਇਤਿਹਾਸਿਕ ਅਧਿਕਾਰ ਦੀ ਵਰਤੋਂ ਕਰਨੀ ਲਾਜ਼ਮੀ ਹੈ। ਅਮਰੀਕਾ ਦੀ ਮਨੁੱਖੀ ਅਧਿਕਾਰਾਂ ਦੀ ਪੈਰਵੀ ਕਰਨ ਵਾਲੀ ਪ੍ਰੋਫੈਸਰ ਲਾਂਗਅਨ ਨੇ ਕਿਹਾ ਕਿ ਜਿਸ ਦਾ ਅਸਰ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਤੈਅ ਕਰਦਾ ਹੈ।

ਸਫਾ 1 ਦਾ ਬਾਕੀ

## ਡੋਨਾਲਡ ਟਰੰਪ 'ਤੇ 2020 ਦੇ ਚੋਣ ਨਤੀਜਿਆਂ ਨੂੰ ਬਦਲਣ ...

ਉਲਟਾਉਣ ਦੀਆਂ ਕੋਸ਼ਿਸ਼ਾਂ ਲਈ ਉਸ 'ਤੇ ਅਪਰਾਧਿਕ ਮੁਕੱਦਮਾ ਨਹੀਂ ਚਲਾਇਆ ਜਾ ਸਕਦਾ ਕਿਉਂਕਿ ਇਸ ਵਿਚ ਉਹ ਕੰਮ ਸ਼ਾਮਲ ਨਹੀ ਸਨ, ਜੋ ਉਸ ਨੇ ਰਾਸ਼ਟਰਪਤੀ ਵਜੋਂ ਕੀਤੇ ਸਨ। ਡੋਨਾਲਡ ਟਰੰਪ ਦੀਆਂ 2020 ਦੀਆਂ ਅਮਰੀਕੀ ਚੋਣਾਂ ਨੂੰ ਪਲਟਣ ਦੀਆਂ ਕੋਸ਼ਿਸ਼ਾਂ ਦੀ ਜਾਂਚ ਕਰ ਰਹੇ ਵਿਸ਼ੇਸ਼ ਵਕੀਲ ਨੇ ਉਨ੍ਹਾਂ 'ਤੇ ਚਾਰ ਦੋਸ਼ ਲਗਾਏ ਹਨ। ਇਨ੍ਹਾਂ ਵਿਚ ਸੰਯੁਕਤ ਰਾਜ ਦੇ ਵਿਰੁੱਧ ਦੇਸ਼ਧ੍ਰੋਹ ਕਰਨ ਦੀ ਸਾਜ਼ਿਸ਼, ਅਧਿਕਾਰਤ ਕਾਰਵਾਈਆਂ ਵਿਚ ਰੁਕਾਵਟ ਪਾਉਣ ਦੀ ਸਾਜ਼ਿਸ਼, ਅਧਿਕਾਰਤ ਕਾਰਵਾਈਆਂ ਵਿਚ ਰੁਕਾਵਟ ਪਾਉਣ ਅਤੇ ਰੁਕਾਵਟ ਪਾਉਣ ਦੀ ਕੋਸ਼ਿਸ਼ ਅਤੇ ਅਧਿਕਾਰੀਆਂ ਵਿਰੁੱਧ ਸਾਜ਼ਿਸ਼ ਆਦਿ ਸ਼ਾਮਲ ਹੈ।

ਸਫਾ 1 ਦਾ ਬਾਕੀ

## ਐੱਚ-1ਬੀ ਵੀਜ਼ਾ ਧਾਰਕਾਂ ਦੇ ਜੀਵਨ ਸਾਥੀ-ਬੱਚਿਆਂ ਨੂੰ ...

ਵਧਾਉਣ ਦੀ ਮੰਗ ਕਰਦਾ ਹੈ। ਇਸ ਬਿੱਲ ਦੇ ਤਹਿਤ ਅਗਲੇ ਪੰਜ ਸਾਲਾਂ ਤੱਕ ਹਰ ਸਾਲ 18,000 ਲੋਕਾਂ ਨੂੰ ਰੋਜ਼ਗਾਰ ਆਧਾਰਿਤ ਗ੍ਰੀਨ ਕਾਰਡ ਮਿਲਣਗੇ। ਜੋ ਪਹਿਲੀ ਵਾਰ ਇਮੀਗ੍ਰੈਂਟ ਵੀਜ਼ਾ ਸੀਮਾ ਵਧਾਈ ਗਈ ਹੈ। ਵ੍ਹਾਈਟ ਹਾਊਸ ਦੇ ਇਕ ਬਿਆਨ ਮੁਤਾਬਕ, 30 ਸਾਲਾਂ 'ਚ ਪਹਿਲੀ ਵਾਰ ਪ੍ਰਵਾਸੀ ਵੀਜ਼ਾ ਸੀਮਾ ਵਧਾਈ ਗਈ ਹੈ। ਹੁਣ ਤੋਂ ਹਰ ਸਾਲ 50 ਹਜ਼ਾਰ ਵੀਜ਼ੇ ਜਾਰੀ ਕੀਤੇ ਜਾਣਗੇ, ਜਿਸ ਨਾਲ ਅਗਲੇ ਪੰਜ ਸਾਲਾਂ ਵਿਚ 2.50 ਲੱਖ ਵੀਜ਼ੇ ਜਾਰੀ ਕੀਤੇ ਜਾਣਗੇ। ਇਨ੍ਹਾਂ ਵਿਚੋਂ 1.60 ਲੱਖ ਵੀਜ਼ੇ ਪਰਿਵਾਰ ਆਧਾਰਿਤ ਅਤੇ 90 ਹਜ਼ਾਰ ਰੁਜ਼ਗਾਰ ਆਧਾਰਿਤ ਹੋਣਗੇ।

ਸਫਾ 1 ਦਾ ਬਾਕੀ

## '84 ਸਿੱਖ ਵਿਰੋਧੀ ਦੰਗੇ: ਕਮਲ ਨਾਥ ਨਾਲ ਜੁੜੇ ਕੇਸ 'ਚ ...

'ਸਿਟ' ਵੱਲੋਂ ਪੇਸ਼ ਹੋਏ ਵਕੀਲ ਨੇ ਅਦਾਲਤ ਤੋਂ ਹੋਰ ਸਮਾਂ ਮੰਗਿਆ। ਉਨ੍ਹਾਂ ਕਿਹਾ ਕਿ ਰਿਕਾਰਡ ਲੱਭੇ ਜਾ ਰਹੇ ਹਨ। ਇਹ ਕੇਸ ਗੁਰਦੁਆਰਾ ਰਕਾਬ ਗੰਜ ਸਾਹਿਬ 'ਚ ਲੋਕਾਂ ਦੀ ਭੀੜ ਦਾਖਲ ਹੋਣ ਨਾਲ ਸਬੰਧਤ ਹੈ, ਜਿਨ੍ਹਾਂ ਮਗਰੋਂ ਦੰਗੇ ਕੀਤੇ। ਕਮਲ ਨਾਥ ਇਸ ਤੋਂ ਪਹਿਲਾਂ ਦੋਸ਼ਾਂ ਤੋਂ ਇਨਕਾਰ ਕਰ ਚੁੱਕੇ ਹਨ।

'ਸਿਟ' ਵੱਲੋਂ ਪੇਸ਼ ਹੋਏ ਵਕੀਲ ਨੇ ਅਦਾਲਤ ਤੋਂ ਹੋਰ ਸਮਾਂ ਮੰਗਿਆ। ਉਨ੍ਹਾਂ ਕਿਹਾ ਕਿ ਰਿਕਾਰਡ ਲੱਭੇ ਜਾ ਰਹੇ ਹਨ। ਇਹ ਕੇਸ ਗੁਰਦੁਆਰਾ ਰਕਾਬ ਗੰਜ ਸਾਹਿਬ 'ਚ ਲੋਕਾਂ ਦੀ ਭੀੜ ਦਾਖਲ ਹੋਣ ਨਾਲ ਸਬੰਧਤ ਹੈ, ਜਿਨ੍ਹਾਂ ਮਗਰੋਂ ਦੰਗੇ ਕੀਤੇ। ਕਮਲ ਨਾਥ ਇਸ ਤੋਂ ਪਹਿਲਾਂ ਦੋਸ਼ਾਂ ਤੋਂ ਇਨਕਾਰ ਕਰ ਚੁੱਕੇ ਹਨ।


ਸਫਾ 1 ਦਾ ਬਾਕੀ

## ਪਾਕਿ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਨੂੰ ਹੋ ...

ਜੇਕਰ ਸਾਬਕਾ ਪ੍ਰਧਾਨ ਮੰਤਰੀ ਇਸ ਮਾਮਲੇ 'ਚ ਦੋਸ਼ੀ ਪਾਏ ਜਾਂਦੇ ਹਨ, ਤਾਂ ਉਨ੍ਹਾਂ ਖਿਲਾਫ ਆਰਮੀ ਐਕਟ ਤਹਿਤ ਸਜ਼ਾ ਸੁਣਾਈ ਜਾ ਸਕਦੀ ਹੈ। ਇਸ ਐਕਟ ਵਿਚ ਫਾਂਸੀ ਦੀ ਸਜ਼ਾ ਦੀ ਵੀ ਵਿਵਸਥਾ ਹੈ।

ਪਾਕਿਸਤਾਨ 'ਚ ਆਮ ਚੋਣਾਂ ਤੋਂ ਪਹਿਲਾਂ ਇਮਰਾਨ ਖਾਨ ਨੂੰ ਜਿੱਥੇ ਇਕ ਪਾਸੇ ਹੁਣ ਤੱਕ ਕੁੱਲ 4 ਮਾਮਲਿਆਂ 'ਚ 34 ਸਾਲ ਦੀ ਸਜ਼ਾ ਸੁਣਾਈ ਜਾ ਚੁੱਕੀ ਹੈ। ਉਥੇ ਹੀ ਦੇਸ਼ ਵਿਰੁੱਧ ਸਾਜ਼ਿਸ਼ ਰਚਣ ਅਤੇ ਫੌਜੀ ਸੰਸਥਾਨਾਂ 'ਤੇ ਹਮਲੇ ਕਰਨ ਦੇ ਮਾਸਟਰਮਾਈਂਡ ਵਜੋਂ ਸਥਾਪਿਤ ਕੀਤਾ ਜਾ ਰਿਹਾ ਹੈ। ਇਸ ਦਾ ਅਸਰ ਚੋਣਾਂ 'ਤੇ ਪੈ ਸਕਦਾ ਹੈ। ਪਿਛਲੇ ਸਾਲ 9 ਮਈ ਨੂੰ ਪੀ.ਟੀ.ਆਈ. ਵਰਕਰਾਂ ਨੇ ਫੈਸਲਾਬਾਦ ਵਿਚ ਜਿਨਾਹ ਹਾਊਸ (ਲਾਹੌਰ ਕੋਰ ਕਮਾਂਡਰ ਹਾਊਸ), ਮੀਆਂਵਾਲੀ ਏਅਰਬੇਸ ਅਤੇ ਫੈਸਲਾਬਾਦ ਵਿਚ ਆਈ.ਐੱਸ.ਆਈ. ਬਿਲਡਿੰਗ ਸਮੇਤ ਇਕ ਦਰਜਨ ਫੌਜੀ ਸੰਸਥਾਨਾਂ ਦੀ ਭੰਨ-ਤੋੜ ਕੀਤੀ ਸੀ। ਰਾਵਲਪਿੰਡੀ ਵਿਚ ਫੌਜ ਦੇ ਹੈੱਡਕੁਆਰਟਰ 'ਤੇ ਵੀ ਹਮਲੇ ਹੋਏ ਸਨ।

ਹਾਲਾਂਕਿ ਇਮਰਾਨ ਖਾਨ ਦਾਅਵਾ ਕਰਦੇ ਰਹੇ ਹਨ ਕਿ ਫੌਜ ਦੇ ਟਿਕਾਣਿਆਂ 'ਤੇ ਹਮਲਾ ਲੰਡਨ ਐਗਰੀਮੈਂਟ ਦਾ ਹਿੱਸਾ ਸੀ। ਇਮਰਾਨ ਖਾਨ ਸਾਬਕਾ ਪੀ.ਐੱਮ. ਨਵਾਜ਼ ਸ਼ਰੀਫ ਨੂੰ ਸੱਤਾ ਵਿਚ ਵਾਪਸ ਲਿਆਉਣ ਲਈ ਫੌਜ ਦੀ ਕੋਸ਼ਿਸ਼ ਨੂੰ ਲੰਡਨ ਐਗਰੀਮੈਂਟ ਕਹਿੰਦੇ ਰਹੇ ਹਨ। ਉਨ੍ਹਾਂ ਦਾ ਦੋਸ਼ ਹੈ ਕਿ ਪਾਕਿਸਤਾਨ ਮੁਸਲਿਮ ਲੀਗ-ਨਵਾਜ਼ ਦੇ ਮੁਖੀ ਨਵਾਜ਼ ਸ਼ਰੀਫ਼ ਨੂੰ ਸ਼ਕਤੀਸ਼ਾਲੀ ਪਾਕਿਸਤਾਨੀ ਫ਼ੌਜ ਦਾ ਸਮਰਥਨ ਹਾਸਲ ਹੈ।

## ਜਰਖੜ ਖੇਡਾਂ ਦੇ 38 ਵਰ੍ਹੇ

# ਪੰਜਾਬ ਦੀਆਂ ਪੇਂਡੂ ਖੇਡਾਂ ਦਾ ਮੱਕਾ-ਮਦੀਨਾ ਬਣ ਗਈਆਂ ਹਨ ਜਰਖੜ ਖੇਡਾਂ

## ਇਸ ਵਰੇ ਦੀਆਂ ਖੇਡਾਂ 10 ਅਤੇ 11 ਫਰਵਰੀ ਨੂੰ

ਜਰਖੜ ਖੇਡਾਂ 'ਤੇ ਵਿਸ਼ੇਸ਼ ਰਿਪੋਰਟ
-ਜਗਰੂਪ ਸਿੰਘ ਜਰਖੜ
ਖੇਡ ਲੇਖਕ
98143-00722



(Punjab Mail USA)

ਅੰਤਰਰਾਸ਼ਟਰੀ ਪੱਧਰ 'ਤੇ ਨਾਮਣਾ ਖੱਟ ਚੁੱਕੀਆਂ ਜਰਖੜ ਖੇਡਾਂ ਆਪਣੇ 38 ਵਰ੍ਹੇ ਪੂਰੇ ਕਰ ਚੁੱਕੀਆਂ ਹਨ। ਇਸ ਵਰ੍ਹੇ 36ਵੀਆਂ ਏਵਨ ਸਾਈਕਲ ਮਾਡਰਨ ਪੇਂਡੂ ਮਿੰਨੀ ਓਲੰਪਿਕ ਜਰਖੜ ਖੇਡਾਂ ਇਸ ਵਰ੍ਹੇ 10-11 ਫਰਵਰੀ 2024 ਨੂੰ 6 ਕਰੋੜ ਦੀ ਲਾਗਤ ਨਾਲ ਮਾਤਾ ਸਾਹਿਬ ਕੌਰ ਸਪੋਰਟਸ ਕੰਪਲੈਕਸ ਜਰਖੜ ਵਿਚ ਹੋ ਰਹੀਆਂ ਹਨ।

ਖੇਡਾਂ ਪ੍ਰਤੀ ਸੁਹਿਰਦ ਲੋਕਾਂ, ਸਪਾਂਸਰ ਅਤੇ ਪ੍ਰਵਾਸੀ ਖੇਡ ਪ੍ਰਮੋਟਰਾਂ ਨੂੰ ਇਹ ਲੇਖ ਲਿਖਣ ਤੋਂ ਪਹਿਲਾ ਇੱਕ ਬੇਨਤੀ ਕਰਾਂਗਾ ਕਿ ਜੇਕਰ ਉਹ ਵਾਕਿਆ ਹੀ ਪੰਜਾਬ ਦੀਆਂ ਖੇਡਾਂ ਪ੍ਰਤੀ ਚਿੰਤਤ ਹਨ, ਤਾਂ ਜਰਖੜ ਖੇਡ ਸਟੇਡੀਅਮ ਦਾ ਇੱਕ ਵਾਰ ਗੇੜਾ ਜ਼ਰੂਰ ਮਾਰ ਕੇ ਆਉਣ। ਪਿੰਡ ਜਰਖੜ ਲੁਧਿਆਣਾ ਤੋਂ 12 ਕਿਲੋਮੀਟਰ ਦੂਰ ਮਲੇਰਕੋਟਲਾ ਰੋਡ ਨੇੜੇ ਆਲਮਗੀਰ ਸਾਹਿਬ ਨੇੜੇ ਗੁਰੂ ਗੋਬਿੰਦ ਸਿੰਘ ਮਾਰਗ 'ਤੇ ਸਥਿਤ ਹੈ। 2000 ਕੁ ਹਜ਼ਾਰ ਦੀ ਆਬਾਦੀ ਵਾਲੇ ਇਸ ਪਿੰਡ ਨੇ ਖੇਡਾਂ ਦੇ ਖੇਤਰ ਵਿਚ ਆਪਣੀ ਪਹਿਚਾਣ ਪੂਰੀ ਦੁਨੀਆਂ ਵਿਚ ਬਣਾ ਲਈ ਹੈ। ਖੇਡਾਂ ਤੋਂ ਇਲਾਵਾ ਵਿਰਾਸਤ ਨਾਲ ਸੰਬੰਧਿਤ ਇੱਕ ਅਜੂਬਾ "ਜੰਨਤ ਏ ਜਰਖੜ" ਦਾ ਨਜ਼ਾਰਾ ਵੀ ਵੇਖਣ ਵਾਲਾ ਹੈ।

ਗੱਲ ਕਰੀਏ ਜਰਖੜ ਖੇਡਾਂ ਦੀ ਕਿ 1986 'ਚ 1200 ਰੁਪਏ ਦੇ ਬਜਟ ਨਾਲ ਅਤੇ ਨਿੱਕੇ ਜਿਹੇ ਗਰਾਊਂਡ 'ਚ ਹੋਈ ਖੇਡਾਂ ਦੀ ਸ਼ੁਰੂਆਤ ਨੇ ਅੱਜ ਪੰਜਾਬ ਦਾ ਹੀ ਨਹੀਂ, ਸਗੋਂ ਮੁਲਕ ਦਾ ਇੱਕ ਅਜਿਹਾ ਨਿਵੇਕਲਾ ਸਟੇਡੀਅਮ ਜੋ ਮਾਤਾ ਸਾਹਿਬ ਕੌਰ ਦੇ ਨਾਮ 'ਤੇ ਹੈ, ਆਪਣੀ ਨਵੀਂ ਬਣਤਰ ਨਾਲ ਪੰਜਾਬ ਦੇ ਪੇਂਡੂ ਖੇਡ ਮੇਲਿਆ ਦਾ ਇੱਕ ਅਜੂਬਾ ਬਣ ਗਿਆ ਹੈ।

ਜਰਖੜ ਖੇਡਾਂ ਦੀ ਸਭ ਤੋਂ ਵੱਡੀ ਖਾਸੀਅਤ ਹੈ ਕਿ ਇਨ੍ਹਾਂ ਖੇਡਾਂ 'ਚ ਓਲੰਪਿਕ ਪੱਧਰ ਅਤੇ ਸਕੂਲੀ ਖੇਡਾਂ ਨੂੰ ਹੀ ਉਤਸ਼ਾਹਿਤ ਕੀਤਾ ਜਾਂਦਾ ਹੈ। ਸਟੇਡੀਅਮ ਵਿਚ ਇੱਕੋ ਸਮੇਂ ਬੈਠਿਆਂ ਦਾ 8 ਖੇਡਾਂ ਆਨੰਦ ਮਾਣਿਆ ਜਾ ਸਕਦਾ ਹੈ। ਇਨ੍ਹਾਂ ਖੇਡਾਂ ਵਿਚ ਆਮ ਤੌਰ 'ਤੇ ਹਾਕੀ, ਹੈਂਡਬਾਲ, ਬਾਸਕਟਬਾਲ, ਵਾਲੀਬਾਲ, ਕਬੱਡੀ ਵਾਲੀਬਾਲ ਸ਼ੂਟਿੰਗ, ਕੁਸ਼ਤੀਆਂ, ਸਾਈਕਲਿੰਗ, ਅਥਲੈਟਿਕਸ ਆਦਿ ਖੇਡਾਂ ਦੇ ਮੁਕਾਬਲੇ ਹੁੰਦੇ ਹਨ। ਇਸੇ ਕਰਕੇ ਇਨ੍ਹਾਂ ਖੇਡਾਂ ਨੂੰ ਪੰਜਾਬ ਦੀਆਂ ਮਾਡਰਨ ਪੇਂਡੂ ਮਿੰਨੀ ਓਲੰਪਿਕ ਖੇਡਾਂ ਵੱਜੋਂ ਪਹਿਚਾਣ ਮਿਲੀ ਹੈ।

ਸਾਲ 2003 ਮਾਰਚ ਤੋਂ ਜਰਖੜ ਸਟੇਡੀਅਮ ਬਣਨਾ ਸ਼ੁਰੂ ਹੋਇਆ, ਅੱਜ ਇਸ ਵਿਚ ਐਸਟਰੋਟਰਫ ਹਾਕੀ ਮੈਦਾਨ, ਗਰਾਸ ਹਾਕੀ, ਦੋ ਵਾਲੀਬਾਲ ਕੋਰਟ, ਹੈਂਡਬਾਲ ਅਤੇ ਬਾਸਕਟਬਾਲ ਕੋਰਟ, ਕਬੱਡੀ ਅਤੇ ਕੁਸ਼ਤੀਆਂ ਦੇ ਵਧੀਆ ਮੈਦਾਨ ਬਣੇ ਹੋਏ ਹਨ। ਤਿੰਨ ਪ੍ਰਮੁੱਖ ਵੱਡੀਆਂ ਸਟੇਜਾਂ, ਸਟੇਡੀਅਮ ਵਿਚ ਤਿੰਨ ਦਰਜਨ ਦੇ ਕਰੀਬ ਕਮਰੇ, ਜਿੰਮ, ਫੋਟੋ ਗੈਲਰੀ, ਆਧੁਨਿਕ ਸਹੂਲਤਾਂ ਵਾਲਾ ਦਫਤਰ, ਸਟੂਡੀਓ ਰੂਮ ਆਦਿ ਬਣੇ ਹੋਏ ਹਨ। ਜਰਖੜ ਸਟੇਡੀਅਮ ਪੰਜਾਬ ਦਾ ਪਹਿਲਾ ਇੱਕੋ ਇੱਕ ਸਟੇਡੀਅਮ ਹੈ, ਜਿੱਥੇ ਫਲੱਡ ਲਾਈਟਾਂ ਦੀ ਸਹੂਲਤ ਵੀ ਉਪਲਬਧ ਹੈ ਤੇ ਇਸ ਤੋਂ ਇਲਾਵਾ ਸਟੇਡੀਅਮ ਵਿਚ ਬਣੀ ਫੋਟੋ ਗੈਲਰੀ ਵਿਚ ਪੁਰਾਣੀਆਂ ਖੇਡਾਂ ਦੀਆਂ ਯਾਦਗਾਰਾਂ ਧਿਆਨ ਚੰਦ ਤੋਂ ਲੈ ਕੇ ਨਾਮੀ ਖਿਡਾਰੀਆਂ ਦੀਆਂ ਤਸਵੀਰਾਂ ਜਰਖੜ ਖੇਡਾਂ ਨਾਲ ਸਬੰਧਤ ਵੱਡੀਆਂ ਤਸਵੀਰਾਂ ਸਟੇਡੀਅਮ ਦੀ ਸ਼ਾਨ ਨੂੰ ਵਧਾ ਰਹੀਆਂ ਹਨ। ਇਸ ਤੋਂ ਇਲਾਵਾ 7 ਉੱਘੀਆਂ ਖੇਡ ਸ਼ਖਸੀਅਤਾਂ ਜਿਨ੍ਹਾਂ ਵਿਚ ਫਲਾਇੰਗ ਸਿੱਖ ਮਿਲਖਾ ਸਿੰਘ, ਹਾਕੀ ਦਾ ਜਾਦੂਗਰ ਧਿਆਨ ਚੰਦ, ਉਲੰਪੀਅਨ ਸੁਰਜੀਤ ਸਿੰਘ ਰੰਧਾਵਾ, ਉਲੰਪੀਅਨ ਪ੍ਰਿਥੀਪਾਲ ਸਿੰਘ, ਪਹਿਲੇ ਸਿੱਖ ਜਿਨ੍ਹਾਂ ਨੇ ਚਾਰ ਉਲੰਪਿਕਾਂ ਖੇਡਣ ਦਾ ਮਾਣ ਹਾਸਲ ਕੀਤਾ, ਉਲੰਪੀਅਨ ਊਧਮ ਸਿੰਘ, ਖੇਡ ਪ੍ਰਮੋਟਰ ਅਮਰਜੀਤ ਸਿੰਘ ਗਰੇਵਾਲ ਗੁੱਜਰਵਾਲ, ਕਬੱਡੀ ਖਿਡਾਰੀ ਸਵ: ਮਾਣਕ ਜੋਧਾ ਦੇ ਆਦਮਕੱਦ ਬੁੱਤ ਸਥਾਪਿਤ ਕੀਤੇ ਗਏ ਹਨ। ਇਸ ਤੋਂ ਇਲਾਵਾ ਸੈਵਨ-ਏ ਸਾਈਡ ਨੀਲੇ ਰੰਗ ਦੀ ਐਸਟਰੋਟਰਫ ਜੋ ਆਪਣੇ ਹੀਲੇ ਵਸੀਲੇ ਨਾਲ ਲਗਵਾਈ ਹੈ, ਸਟੇਡੀਅਮ ਦੀ ਸ਼ੋਭਾ ਨੂੰ ਵਧਾ ਰਹੀ ਹੈ।

ਸਾਲ 2006 ਵਿਚ ਅਪ੍ਰੈਲ ਦੇ ਵਿਚ ਜਰਖੜ ਵਿਖੇ ਹਾਕੀ ਅਕੈਡਮੀ ਦੀ ਸਥਾਪਨਾ ਹੋਈ, ਜਰਖੜ ਅਕੈਡਮੀ 'ਚ ਇਸ ਵੇਲੇ 80 ਦੇ ਕਰੀਬ ਖਿਡਾਰੀ ਹਾਕੀ ਦੀ ਟ੍ਰੇਨਿੰਗ ਲੈ ਰਹੇ ਹਨ। ਸਾਰੇ ਹੀ ਖਿਡਾਰੀ ਗਰੀਬ ਘਰਾਂ ਨਾਲ ਸਬੰਧਤ ਹਨ। ਪਿਛਲੇ 1 ਦਹਾਕੇ 'ਚ 300 ਦੇ ਕਰੀਬ ਸਕੂਲ ਨੈਸ਼ਨਲ ਤੇ 60 ਤੋਂ ਵੱਧ ਕੌਮੀ ਪੱਧਰ ਦੇ ਮੁਕਾਬਲੇ ਖੇਡ ਚੁੱਕੇ ਹਨ। ਹੁਣ ਤੱਕ ਵੱਖ-ਵੱਖ ਵਿਭਾਗਾਂ 'ਚ 40 ਦੇ ਕਰੀਬ ਖਿਡਾਰੀਆਂ ਨੂੰ ਨੌਕਰੀ ਮਿਲ ਚੁੱਕੀ ਹੈ। ਉੱਤਰ ਭਾਰਤ ਦੇ ਸਾਰੇ ਪ੍ਰਮੁੱਖ ਟੂਰਨਾਮੈਂਟਾਂ 'ਚ ਜਰਖੜ ਅਕਾਦਮੀ ਦੇ ਖਿਡਾਰੀ ਆਪਣੀ ਪਹਿਚਾਣ ਨੂੰ ਦਰਸਾ ਰਹੇ ਹਨ।

















ਜਰਖੜ ਖੇਡਾਂ, ਸਟੇਡੀਅਮ ਤੇ ਅਕਾਦਮੀ ਨੂੰ ਇਸ ਮੁਕਾਮ 'ਤੇ ਪਹੁੰਚਦਿਆਂ ਬਹੁਤ ਵੱਡੀਆਂ ਆਫਤਾਂ ਵੀ ਆਈਆਂ ਤੇ ਹਰ ਰੋਜ਼ ਕੋਈ ਨਵੀਂ ਤੋਂ ਨਵੀਂ ਸਮੱਸਿਆ ਆਉਂਦੀ ਹੈ ਪਰ ਪ੍ਰਮਾਤਮਾ ਦੀ ਮਿਹਰ ਸਦਕਾ ਅੱਜ ਜਰਖੜ ਖੇਡਾਂ ਬੁਲੰਦੀਆਂ ਵੱਲ ਵਧ ਰਹੀਆਂ ਹਨ। ਪੰਜਾਬ ਦੇ ਨਾਮੀ ਗਾਇਕ ਹਰਭਜਨ ਮਾਨ, ਦਿਲਜੀਤ ਦੋਸਾਂਝ, ਮਨਮੋਹਣ ਵਾਰਿਸ, ਦੇਬੀ ਮਖਸੂਸਪੁਰੀ, ਹਰਜੀਤ ਹਰਮਨ, ਕੰਵਰ ਗਰੇਵਾਲ ਨੇ ਜਰਖੜ ਸਟੇਡੀਅਮ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਸਮੇਂ ਦੌਰਾਨ ਮੁਫਤ ਅਖਾੜੇ ਵੀ ਲਗਾਏ। ਇਨ੍ਹਾਂ ਸਾਰਿਆਂ ਦੇ ਯੋਗਦਾਨ ਸਦਕਾ ਜਰਖੜ ਖੇਡ ਅਕਾਦਮੀ ਦੇ ਡਾਇਰੈਕਟਰ ਜਗਰੂਪ ਸਿੰਘ ਜਰਖੜ ਆਪਣੀ ਦਿਨ-ਰਾਤ ਦੀ ਮਿਹਨਤ ਨਾਲ ਸਟੇਡੀਅਮ ਨੂੰ ਪੂਰੇ ਵਿਸ਼ਵ 'ਚ ਰੁਸ਼ਨਾਉਣ ਦਾ ਜ਼ੋਰ ਲਗਾ ਰਹੇ ਹਨ, ਜਿਸਦੀ ਮਿਸਾਲ ਜਰਖੜ ਪਿੰਡ ਦੇ ਸਟੇਡੀਅਮ 'ਚ ਪਹੁੰਚਦਿਆਂ ਹੀ ਪਤਾ ਚੱਲਦਾ ਹੈ। ਇਸ ਵਰ੍ਹੇ ਦੀਆਂ ਜਰਖੜ ਖੇਡਾਂ ਜੋ 10 ਅਤੇ 11 ਫਰਵਰੀ 2024 ਨੂੰ ਹੋ ਰਹੀਆਂ ਹਨ। ਕਬੱਡੀ ਓਪਨ ਦਾ ਕੱਪ ਪੁਰਾਣੇ ਕਬੱਡੀ ਖਿਡਾਰੀ ਅਤੇ ਖੇਡਾਂ ਨੂੰ ਸਮਰਪਿਤ ਉੱਘੀ ਸ਼ਖ਼ਸੀਅਤ ਸਵਰਗੀ ਨਾਇਬ ਸਿੰਘ ਗਰੇਵਾਲ ਯੋਧਾਂ ਦੀ ਯਾਦ ਨੂੰ ਸਮਰਪਿਤ ਹੋਵੇਗਾ। ਇਸਦੇ ਨਾਲ ਹੀ ਮਾਤਾ ਸਾਹਿਬ ਕੌਰ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਨਰਿੰਦਰਪਾਲ ਸਿੰਘ ਸਿੱਧੂ, ਵਿਧਾਇਕ ਜੀਵਨ ਸਿੰਘ ਸੰਗੋਵਾਲ, ਮੁੱਖ ਪ੍ਰਬੰਧਕ ਜਗਰੂਪ ਸਿੰਘ ਜਰਖੜ, ਪ੍ਰਧਾਨ ਐਡਵੋਕੇਟ ਹਰਕਮਲ ਸਿੰਘ, ਕਬੱਡੀ ਪ੍ਰਮੋਟਰ ਮੋਹਣਾ ਜੋਧਾਂ ਸਿਆਟਲ, ਦਲਜੀਤ ਸਿੰਘ ਜਰਖੜ ਕੈਨੇਡਾ, ਜਗਦੀਪ ਸਿੰਘ ਕਾਹਲੋਂ, ਬਲਵੀਰ ਸਿੰਘ ਹੀਰ, ਸਰਪੰਚ ਬਲਵਿੰਦਰ ਸਿੰਘ ਮਹਿਮੂਦਪੁਰਾ, ਸਾਬੀ ਕੂਨਰ ਕੈਨੇਡਾ, ਪਰਮਜੀਤ ਸਿੰਘ ਨੀਟੂ, ਸ਼ਿੰਗਾਰਾ ਸਿੰਘ ਜਰਖੜ, ਗੁਰਸਤਿੰਦਰ ਸਿੰਘ ਪਰਗਟ, ਦੁਪਿੰਦਰ ਸਿੰਘ ਡਿੰਪੀ, ਪਹਿਲਵਾਨ ਹਰਮੇਲ ਸਿੰਘ ਕਾਲਾ, ਪ੍ਰੋ. ਰਜਿੰਦਰ ਸਿੰਘ, ਹਰਦੇਵ ਸਿੰਘ ਦੁਲੇਅ ਆਦਿ ਹੋਰ ਨੇੜਲੇ ਸਾਥੀ ਅਤੇ ਪੂਰੀ ਟੀਮ ਵੱਲੋਂ ਖੇਡਾਂ ਦੀ ਕਾਮਯਾਬੀ ਲਈ ਤਨ, ਮਨ, ਧਨ ਨਾਲ ਆਪਣਾ ਸਹਿਯੋਗ ਦਿੱਤਾ ਜਾ ਰਿਹਾ ਹੈ।

ਇਸ ਵਾਰ ਇਨ੍ਹਾਂ ਖੇਡਾਂ ਵਿਚ ਹਾਕੀ (ਮਰਦ ਤੇ ਇਸਤਰੀਆਂ) ਹਾਕੀ ਅੰਡਰ 15 ਸਾਲ ਮੁੰਡੇ, ਕੁਸ਼ਤੀਆਂ, ਰੱਸਾਕਸੀ ਸਕੂਲੀ ਪੱਧਰ, ਵਾਲੀਵਾਲ, ਫੁਟਬਾਲ ਖੇਡਾਂ ਦੇ ਮੁਕਾਬਲੇ ਹੋਣਗੇ। ਖੇਡਾਂ ਦੇ ਫਾਈਨਲ ਸਮਾਰੋਹ 'ਤੇ ਸਿੱਖਿਆ ਤੇ ਖੇਡਾਂ ਦੇ ਖੇਤਰ ਵਿਚ ਸੇਵਾ ਕਰਨ ਵਾਲੀਆਂ 6 ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਹੋਵੇਗਾ, ਜਿਨਾਂ ਨੂੰ ਵੱਖ-ਵੱਖ ਖੇਡ ਐਵਾਰਡਾਂ ਦੇ ਨਾਲ ਸਨਮਾਨਿਤ ਕੀਤਾ ਜਾਵੇਗਾ।



### ਜਰਖੜ ਖੇਡਾਂ 'ਤੇ ਹੋਵੇਗਾ 6 ਸ਼ਖਸੀਅਤਾਂ ਦਾ ਵਿਸ਼ੇਸ਼ ਸਨਮਾਨ

ਖੇਡਾਂ ਦਾ ਉਦਘਾਟਨੀ ਸਮਾਰੋਹ ਬੇਹੱਦ ਲਾਜਵਾਬ ਹੋਵੇਗਾ। ਖੇਡਾਂ ਦੇ ਫਾਈਨਲ ਸਮਾਰੋਹ 'ਤੇ 11 ਫਰਵਰੀ ਨੂੰ ਜਿੱਥੇ ਵੱਖ-ਵੱਖ ਖੇਡਾਂ ਦੇ ਫਾਈਨਲ ਮੁਕਾਬਲੇ ਮੁੱਖ ਕੇਂਦਰ ਹੋਣਗੇ, ਉੱਥੇ ਉੱਘੇ ਲੋਕ ਗਾਇਕ ਹਰਜੀਤ ਹਰਮਨ ਦਾ ਖੁੱਲ੍ਹਾ ਅਖਾੜਾ ਵੀ ਦਰਸ਼ਕਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਹੋਵੇਗਾ। ਇਸ ਮੌਕੇ 'ਤੇ ਉੱਘੀਆਂ 6 ਸ਼ਖਸੀਅਤਾਂ ਦਾ ਵਿਸ਼ੇਸ਼ ਸਨਮਾਨ ਹੋਵੇਗਾ। ਜਿਸ ਵਿਚ ਮਰਹੂਮ ਕਬੱਡੀ ਦੇ ਸਾਬਕਾ ਅੰਤਰਰਾਸ਼ਟਰੀ ਖਿਡਾਰੀ ਕੋਚ ਦੇਵੀ ਦਿਆਲ ਦੀ ਯਾਦ ਵਿਚ ਰੱਖਿਆ ਅਵਾਰਡ ਕਬੱਡੀ ਦੇ ਸਾਬਕਾ ਸਟਾਰ ਖਿਡਾਰੀ ਮਨਜੀਤ ਸਿੰਘ ਮੋਹਲਾ ਖਡੂਰ ਨੂੰ ਦਿੱਤਾ ਜਾਵੇਗਾ, ਜਿਸ ਵਿਚ 50 ਹਜ਼ਾਰ ਰੁਪਏ ਦੀ ਇਨਾਮੀ ਰਾਸ਼ੀ ਅਤੇ ਦੇਵੀ ਦਿਆਲ ਐਵਾਰਡ ਹੋਵੇਗਾ, ਜਦਕਿ ਸਿੱਖਿਆ ਦੇ ਖੇਤਰ ਦਾ ਐਵਾਰਡ 'ਪੰਜਾਬ ਦੀਆਂ ਧੀਆਂ ਦਾ ਮਾਣ' ਐਵਾਰਡ ਜਰਖੜ ਸਕੂਲ ਦੀ ਹੈੱਡ ਮਾਸਟਰ ਬੀਬੀ ਸੁਰਿੰਦਰ ਕੌਰ ਨੂੰ ਦਿੱਤਾ ਜਾਵੇਗਾ। ਖੇਡ ਪ੍ਰਮੋਟਰ ਅਮਰਜੀਤ ਗਰੇਵਾਲ ਐਵਾਰਡ ਖੇਡਾਂ ਦੇ ਵਿਚ ਵਿਸ਼ੇਸ਼ ਯੋਗਦਾਨ ਪਾਉਣ ਵਾਲੇ ਉੱਘੇ ਖੇਡ ਪ੍ਰਮੋਟਰ ਗੁਰਜੀਤ ਸਿੰਘ ਹਕੀਮਪੁਰ ਨੂੰ ਦਿੱਤਾ ਜਾਵੇਗਾ। ਓਲੰਪੀਅਨ ਸੁਰਜੀਤ ਸਿੰਘ ਰੰਧਾਵਾ ਐਵਾਰਡ ਰੋਪੜ ਹਾਕਸ ਹਾਕੀ ਦੇ ਪਿਤਾਮਾ ਐੱਸ.ਐੱਸ. ਸੈਣੀ ਸਾਹਿਬ ਨੂੰ ਦਿੱਤਾ ਜਾਵੇਗਾ। ਜਦਕਿ 'ਪੱਤਰਕਾਰੀ ਦਾ ਮਾਣ' ਐਵਾਰਡ ਪੰਜਾਬ ਮੇਲ ਯੂ.ਐੱਸ.ਏ. ਦੇ ਮੁੱਖ ਸੰਪਾਦਕ ਗੁਰਜਤਿੰਦਰ ਸਿੰਘ ਰੰਧਾਵਾ ਨੂੰ ਦਿੱਤਾ ਜਾਵੇਗਾ। ਪੰਜਾਬੀ ਸੱਭਿਆਚਾਰ ਦਾ ਮਾਣ ਅਵਾਰਡ ਉੱਘੇ ਲੋਕ ਗਾਇਕ ਹਰਜੀਤ ਹਰਮਨ ਨੂੰ ਦਿੱਤਾ ਜਾਵੇਗਾ।

ਮਾਡਰਨ ਪੇਂਡੂ ਮਿੰਨੀ ਓਲੰਪਿਕ ਜਰਖੜ ਖੇਡਾਂ ਇਸ ਵਰ੍ਹੇ ਇਤਿਹਾਸ ਦਾ ਇੱਕ ਹੋਰ ਨਵਾਂ ਪੰਨਾ ਜੜਨਗੀਆਂ।

# ਵੱਡਾ ਘੱਲੂਘਾਰਾ; ਆਓ ਤਾਰੀਖਾਂ ਦੀ ਸਮੱਸਿਆ ਨੂੰ ਸਮਝੀਏ

-ਸਰਵਜੀਤ ਸਿੰਘ
ਸੈਕਰਾਮੈਂਟੋ
(Punjab Mail USA)



ਸਿੱਖ ਇਤਿਹਾਸ ਦਾ ਸਭ ਤੋਂ ਵੱਡਾ ਖ਼ੂਨੀ ਕਾਂਡ, ਜਿਸ ਨੂੰ 'ਵੱਡਾ ਘੱਲੂਘਾਰਾ' ਦੇ ਨਾਮ ਨਾਲ ਯਾਦ ਕੀਤਾ ਜਾਂਦਾ ਹੈ, ਕੁੱਪ ਰਹੀੜੇ ਦੇ ਜੰਗਲ ਵਿਚ 27 ਮਾਘ ਸੰਮਤ 1818 ਬਿਕ੍ਰਮੀ ਦਿਨ ਸ਼ੁਕਰਵਾਰ ਨੂੰ ਵਾਪਰਿਆ ਸੀ। ਪੰਜਾਬ ਉੱਪਰ ਅੰਗਰੇਜਾਂ ਦਾ ਕਬਜ਼ਾ ਹੋਣ ਤੋਂ ਪਿੱਛੋਂ, ਜਦੋਂ ਅੰਗਰੇਜ਼ੀ ਤਾਰੀਖਾਂ ਲਿਖਣ ਦਾ ਰਿਵਾਜ਼ ਪਿਆ, ਤਾਂ ਇਸ ਦਿਹਾੜੇ ਦੀ ਤਾਰੀਖ 5 ਫਰਵਰੀ, 1762 ਈ: (ਗਰੈਗੋਰੀਅਨ) ਲਿਖੀ ਗਈ। ਇਹ ਹੀ ਕਾਰਨ ਹੈ ਕਿ ਸੋਸ਼ਲ ਮੀਡੀਏ ਉੱਪਰ 5 ਫਰਵਰੀ ਨੂੰ ਬਹੁਤ ਸੱਜਣਾਂ ਵੱਲੋਂ ਪੋਸਟਾਂ ਪਾ ਕੇ ਵੱਡੇ ਘੱਲੂਘਾਰੇ ਦੇ ਇਤਿਹਾਸ ਨੂੰ ਯਾਦ ਕੀਤਾ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਾਨਕਸ਼ਾਹੀ ਕੈਲੰਡਰ ਦੇ ਨਾਮ ਹੇਠ ਛਾਪੇ ਜਾਂਦੇ ਬਿਕ੍ਰਮੀ ਕੈਲੰਡਰ (ਦ੍ਰਿਕਗਿਣਤ ਸਿਧਾਂਤ) ਵਿਚ ਇਹ ਦਿਹਾੜਾ 27 ਮਾਘ (9 ਫਰਵਰੀ) ਦਾ ਦਰਜ ਹੈ। ਕਈ ਸੱਜਣਾਂ ਵੱਲੋਂ ਇਹ ਸਵਾਲ ਕੀਤਾ ਗਿਆ ਹੈ ਕਿ ਇਸ ਦਿਹਾੜੇ ਦੀ ਅਸਲ ਤਾਰੀਖ ਕਿਹੜੀ ਹੈ?

ਮਹਾਨ ਕੋਸ਼ ਵਿਚ ਇਸ ਦਿਹਾੜੇ ਦੀ ਤਾਰੀਖ (ਪ੍ਰਵਿਸ਼ਟਾ) 28 ਮਾਘ ਸੰਮਤ 1818 ਬਿ: ਦਰਜ ਹੈ। ਇਸ ਮੁਤਾਬਕ ਇਹ 6 ਫਰਵਰੀ 1762 ਈ: ਬਣਦੀ ਹੈ। ਪੰਜਾਬੀ ਵਿਸ਼ਵ ਕੋਸ਼ ਵਿਚ ਇਹ ਤਾਰੀਖ 2 ਫਰਵਰੀ 1762 ਈ: (28 ਮਾਘ ਸੰਮਤ 1818) ਦਰਜ ਹੈ। (**punjabipedia.org**) ਇਹ ਤਾਰੀਖ ਸਹੀ ਨਹੀਂ ਹੈ ਅੰਗਰੇਜ਼ੀ ਤਾਰੀਖ ਵਿਚ ਬਦਲੀ ਕਰਨੇ ਵੇਲੇ ਹੋਈ ਉਕਾਈ ਸਾਫ ਨਜ਼ਰ ਆਉਂਦੀ ਹੈ। ਡਾ. ਸੁਖਦਿਆਲ ਸਿੰਘ ਅਤੇ ਡਾ. ਹਰਜਿੰਦਰ ਸਿੰਘ ਦਿਲਗੀਰ ਨੇ 5 ਫਰਵਰੀ 1762 ਈ: ਲਿਖੀ ਹੈ। ਇਸ ਮੁਤਾਬਕ ਇਹ 27 ਮਾਘ ਸੰਮਤ 1818 ਬਿਕ੍ਰਮੀ ਹੀ ਬਣਦੀ ਹੈ। ਨਾਨਕਸ਼ਾਹੀ ਕੈਲੰਡਰ ਬਣਾਉਣ ਵਾਲੀ ਕਮੇਟੀ ਨੇ ਵੀ 27 ਮਾਘ ਨੂੰ ਹੀ ਮੁੱਖ ਰੱਖਿਆ ਹੈ।




27 ਮਾਘ ਬਿਕ੍ਰਮੀ ਕੈਲੰਡਰ ਦਾ ਪ੍ਰਵਿਸ਼ਟਾ ਹੈ, ਜਿਸ ਦੇ ਸਾਲ ਦੀ ਲੰਬਾਈ 365.2587 ਦਿਨ (ਸੂਰਜੀ ਸਿਧਾਂਤ) ਸੀ। 1964 ਈ: ਵਿਚ ਇਸ ਕੈਲੰਡਰ ਵਿਚ ਕੀਤੀ ਗਈ ਸੋਧ ਮੁਤਾਬਕ ਹੁਣ ਇਸ ਦੇ ਸਾਲ ਦੀ ਲੰਬਾਈ 365.2563 ਦਿਨ (ਦ੍ਰਿਕ ਗਿਣਤ ਸਿਧਾਂਤ) ਹੈ। ਸ਼੍ਰੋਮਣੀ ਕਮੇਟੀ ਵੱਲੋਂ ਕੈਲੰਡਰ ਦ੍ਰਿਕ ਗਿਣਤ ਸਿਧਾਂਤ ਮੁਤਾਬਕ ਹੀ ਛਾਪਿਆ ਜਾਂਦਾ ਹੈ। ਇਸ ਤੋਂ ਸਪੱਸ਼ਟ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰੂ ਕਾਲ ਵਾਲੇ ਕੈਲੰਡਰ ਨੂੰ ਛੱਡ ਚੁੱਕੀ ਹੈ। 5 ਫਰਵਰੀ ਗਰੈਗੋਰੀਅਨ ਕੈਲੰਡਰ ਦੀ ਤਾਰੀਖ ਹੈ। ਇਸ ਦੇ ਸਾਲ ਦੀ ਲੰਬਾਈ 365.2425 ਦਿਨ ਹੈ। 27 ਮਾਘ ਸੰਮਤ 1818 ਬਿਕ੍ਰਮੀ ਵਾਲੇ ਦਿਨ ਗਰੈਗੋਰੀਅਨ ਕੈਲੰਡਰ ਦੀ 5 ਫਰਵਰੀ ਸੀ। ਸਾਲ ਦੀ ਲੰਬਾਈ ਵਿਚ ਅੰਤਰ ਹੋਣ ਕਾਰਨ ਇਸ ਸਾਲ (2024 ਈ:, ਸੰਮਤ 2080 ਬਿਕ੍ਰਮੀ) 27 ਮਾਘ ਨੂੰ 9 ਫਰਵਰੀ ਹੈ। ਜੇ ਇਹ ਕੈਲੰਡਰ ਇਸੇ ਤਰ੍ਹਾਂ ਹੀ ਚਲਦਾ ਰਹੇ, ਤਾਂ 3000 ਈ: ਵਿਚ 27 ਮਾਘ ਨੂੰ 23 ਫਰਵਰੀ ਜਾਂ 5 ਫਰਵਰੀ ਨੂੰ 9 ਮਾਘ ਹੋਵੇਗੀ। ਉਸ ਵੇਲੇ ਇਹ ਦਿਹਾੜਾ ਕਿਹੜੀ ਤਾਰੀਖ ਜਾਂ ਕਿਹੜੇ ਪ੍ਰਵਿਸ਼ਟੇ ਨੂੰ ਮਨਾਇਆ ਜਾਵੇਗਾ?

ਹੁਣ ਸਵਾਲ ਇਹ ਹੈ ਕਿ, ਕੀ ਅਸੀਂ ਇਹ ਦਿਹਾੜਾ ਆਪਣੇ ਖਿਤੇ ਵਿਚ ਪ੍ਰਚੱਲਤ ਉਸ ਵੇਲੇ ਦੇ ਕੈਲੰਡਰ ਮੁਤਾਬਕ ਅਸਲ ਪ੍ਰਵਿਸ਼ਟੇ ਭਾਵ 27 ਮਾਘ ਨੂੰ ਮਨਾਉਣਾ ਹੈ ਜਾਂ ਵਿਦੇਸ਼ੀ ਕੈਲੰਡਰ ਮੁਤਾਬਕ 5 ਫਰਵਰੀ ਨੂੰ? ਸ਼੍ਰੋਮਣੀ ਕਮੇਟੀ ਵੱਲੋਂ ਛਾਪੇ ਜਾਂਦੇ ਸੂਰਜੀ ਬਿਕ੍ਰਮੀ ਕੈਲੰਡਰ ਵਿਚ ਇਤਿਹਾਸ ਦਿਹਾੜਿਆਂ ਦੀਆਂ ਤਾਰੀਖਾਂ ਤਿੰਨ ਕੈਲੰਡਰਾਂ ਮੁਤਾਬਕ ਨਿਰਧਾਰਤ ਕਰਕੇ, ਪ੍ਰਵਿਸ਼ਟਿਆਂ ਵਿਚ ਦਰਜ ਕੀਤੀਆਂ ਜਾਂਦੀਆਂ। ਕੁਝ ਦਿਹਾੜੇ ਚੰਦ ਦੇ ਕੈਲੰਡਰ ਮੁਤਾਬਕ (ਸਾਲ ਦੀ ਲੰਬਾਈ 354.37 ਦਿਨ), ਕੁਝ ਦਿਹਾੜੇ ਸੂਰਜੀ ਬਿਕ੍ਰਮੀ ਕੈਲੰਡਰ ਅਨੁਸਾਰ (ਸਾਲ ਦੀ ਲੰਬਾਈ 365.2587 ਦਿਨ) ਅਤੇ ਕੁਝ ਦਿਹਾੜੇ ਅੰਗਰੇਜ਼ੀ ਕੈਲੰਡਰ ਮੁਤਾਬਕ (ਸਾਲ ਦੀ ਲੰਬਾਈ, 2 ਸਤੰਬਰ 1752 ਈ: ਤੋਂ ਪਹਿਲਾ 365.25 ਦਿਨ ਅਤੇ 14 ਸਤੰਬਰ 1752 ਈ: ਤੋਂ ਪਿੱਛੋਂ 365.2425 ਦਿਨ)। ਇਹ ਹੈ ਸਾਡੀ ਸਮੱਸਿਆ ਦੀ ਅਸਲ ਜੜ੍ਹ।

ਇਸ ਸਮੱਸਿਆ ਦਾ ਹੱਲ ਹੈ ਨਾਨਕਸ਼ਾਹੀ ਕੈਲੰਡਰ। ਕੈਲੰਡਰ ਕਮੇਟੀ ਵੱਲੋਂ ਕੀਤੇ ਗਏ ਫੈਸਲੇ ਮੁਤਾਬਕ ਸਾਰੇ ਦਿਹਾੜਿਆਂ ਦੇ ਅਸਲ ਪ੍ਰਵਿਸ਼ਟਿਆਂ ਨੂੰ ਹੀ ਮੁੱਖ ਰੱਖਿਆ ਗਿਆ। ਸਾਲ ਦੀ ਲੰਬਾਈ, ਪ੍ਰਚੱਲਤ ਬਿਕ੍ਰਮੀ ਕੈਲੰਡਰ ਦੇ ਸਾਲ ਦੀ ਲੰਬਾਈ (365.2563 ਦਿਨ) ਨੂੰ ਸੋਧ ਕੇ, ਕੁਦਰਤ ਦੇ ਨਿਯਮ ਮੁਤਾਬਕ, ਧਰਤੀ ਵੱਲੋਂ ਸੂਰਜ ਦੁਆਲੇ ਇਕ ਚੱਕਰ ਪੂਰਾ ਕਰਨ ਦੇ ਅਸਲ ਸਮੇਂ ਮੁਤਾਬਕ 365.2425 ਦਿਨ ਰੱਖੀ ਗਈ ਹੈ। ਸਾਲ ਦੀ ਲੰਬਾਈ ਦੇ ਅੰਤਰ ਕਾਰਨ, ਦੁਨੀਆਂ ਦੇ ਸਾਂਝੇ ਕੈਲੰਡਰ ਦੀਆਂ ਤਾਰੀਖਾਂ ਨਾਲ, ਅੱਗੋਂ ਤੋਂ ਇਨ੍ਹਾਂ ਵਿਚ ਫਰਕ ਨਹੀਂ ਵੱਧੇਗਾ। ਨਾਨਕਸ਼ਾਹੀ ਕੈਲੰਡਰ ਵਿਚ ਵੱਡੇ ਘੱਲੂਘਾਰੇ ਦਾ ਅਸਲ ਪ੍ਰਵਿਸ਼ਟਾ, 27 ਮਾਘ ਹੀ ਦਰਜ ਹੈ। ਇਸ ਦਿਨ ਦੁਨੀਆਂ ਦੇ ਸਾਂਝੇ ਕੈਲੰਡਰ ਦੀ 8 ਫਰਵਰੀ ਹੁੰਦੀ ਹੈ। ਸੰਮਤ 1532 ਨਾਨਕਸ਼ਾਹੀ (3000 ਈ:) ਵਿਚ ਵੀ 27 ਮਾਘ ਵਾਲੇ ਦਿਨ 8 ਫਰਵਰੀ ਹੀ ਹੋਵੇਗੀ। ਜਦੋਂਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕੈਲੰਡਰ ਮੁਤਾਬਕ 3000 ਈ: ਵਿਚ 27 ਮਾਘ ਵਾਲੇ ਦਿਨ 23 ਫਰਵਰੀ ਹੋਵੇਗੀ।

PUNJAB MAIL USA
TV Channel, Newspaper, Radio
All over America, Canada, Australia & Europe
24 Hours 7 Days
Gold # 2867, Gem # 375, TV Zon # 6888,
Glow TV # 1828, Tashan # 131, Real TV etc.
You can also watch on our website: PunjabMailUSA.com
For any Information & Advertisement Call at
+1-916-280-8811 or +1-916-320-9444
E-mail: punjabmailtv@gmail.com Web: punjabmailusa.com



# ਅਲਵਿਦਾ ! ਇਮਾਨਦਾਰੀ ਦੇ ਪਹਿਰੇਦਾਰ : ਬਿਕਰਮ ਸਿੰਘ ਗਰੇਵਾਲ

-ਉਜਾਗਰ ਸਿੰਘ
ਸਾਬਕਾ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ
ਮੋਬਾਈਲ-94178 13072
ujagarsingh48@yahoo.com
(Punjab Mail USA)



ਬਿਕਰਮ ਸਿੰਘ ਗਰੇਵਾਲ ਸਾਬਕਾ ਮੁੱਖ ਇੰਜੀਨੀਅਰ ਲੋਕ ਨਿਰਮਾਣ (ਬੀ.ਐਂਡ.ਆਰ.) ਵਿਭਾਗ ਪੰਜਾਬ 31 ਜਨਵਰੀ 2024 ਨੂੰ ਆਪਣਾ 101ਵਾਂ ਜਨਮ ਦਿਨ ਮਨਾਉਣ ਤੋਂ 15 ਦਿਨ ਪਹਿਲਾਂ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਹਨ। 2023 ਵਿਚ ਉਨ੍ਹਾਂ ਦਾ 100ਵਾਂ ਜਨਮ ਦਿਨ ਧੂਮਧਾਮ ਨਾਲ ਪੰਜਾਬ ਇੰਜੀਨੀਅਰਿੰਗ ਕਾਲਜ ਚੰਡੀਗੜ੍ਹ ਵਿਖੇ ਇੰਜੀਨੀਅਰਜ਼ ਅਲੂਮਨੀ ਨੇ ਬਿਕਰਮ ਸਿੰਘ ਗਰੇਵਾਲ ਨੂੰ ਬਿਹਤਰੀਨ ਜ਼ਿੰਦਗੀ ਦੇ 100 ਸਾਲ ਪੂਰੇ ਕਰਨ ਲਈ 'ਲਾਈਫ਼ ਟਾਈਮ ਅਚੀਵਮੈਂਟ ਅਵਾਰਡ' ਦੇ ਕੇ ਸਨਮਾਨਤ ਕਰਦਿਆਂ ਤੇ ਮਨਾਉਂਦਿਆਂ ਕਿਹਾ ਸੀ "ਬਿਕਰਮ ਸਿੰਘ ਗਰੇਵਾਲ ਇੰਜੀਨੀਅਰਿੰਗ ਜਗਤ ਲਈ ਰੋਲ ਮਾਡਲ ਹਨ। ਬਿਕਰਮ ਸਿੰਘ ਗਰੇਵਾਲ ਮੈਕਲਾਗਨ ਇੰਜੀਨੀਅਰਿੰਗ ਕਾਲਜ ਲਾਹੌਰ ਦਾ ਮਾਣ ਸਨ, ਜਿਨ੍ਹਾਂ ਦਿਆਨਤਦਾਰੀ ਨਾਲ ਨੌਕਰੀ ਕਰਦਿਆਂ ਜ਼ਿੰਦਗੀ ਦੇ 10 ਦਹਾਕਿਆਂ ਦਾ ਲੁਤਫ਼ ਲਿਆ"। ਅੱਜ ਦੇ ਇੰਜੀਨੀਅਰਜ਼ ਨੂੰ ਉਨ੍ਹਾਂ ਦੀ ਕਾਰਗੁਜ਼ਾਰੀ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ, ਤਾਂ ਜੋ ਭ੍ਰਿਸ਼ਟਾਚਾਰ ਵਰਗੀ ਸਮਾਜਿਕ ਲਾਹਣਤ ਜੋ ਕੈਂਸਰ ਦੀ ਬਿਮਾਰੀ ਦੀ ਤਰ੍ਹਾਂ ਸਮਾਜ ਵਿਚ ਫੈਲ ਗਈ ਹੈ, ਤੋਂ ਖਹਿੜਾ ਛੁਡਾਇਆ ਜਾ ਸਕੇ। ਉਨ੍ਹਾਂ ਨੂੰ ਲਹਿੰਦੇ ਅਤੇ ਚੜ੍ਹਦੇ ਪੰਜਾਬ ਵਿਚ ਇਮਾਨਦਾਰੀ ਦੇ ਪਹਿਰੇਦਾਰ ਦੇ ਤੌਰ 'ਤੇ ਜਾਣਿਆਂ ਜਾਂਦਾ ਸੀ। ਉਨ੍ਹਾਂ ਦੇ ਜਾਣ ਨਾਲ ਇਮਾਨਦਾਰੀ ਦੀ ਪੁਰਾਤਨ ਵਿਰਾਸਤ ਦੀ ਇੱਕ ਪੁਸ਼ਤ ਦਾ ਇੱਕ ਥੰਮ੍ਹ ਗਿਰ ਗਿਆ ਹੈ। ਉਨ੍ਹਾਂ ਆਪਣੀ ਸਰਕਾਰੀ ਨੌਕਰੀ ਲੋਕ ਸੇਵਕ ਦੇ ਤੌਰ 'ਤੇ ਮਿਸ਼ਨਰੀ ਸਪਿਰਿਟ ਨਾਲ ਕੀਤੀ ਸੀ। ਵਰਤਮਾਨ ਸਰਕਾਰੀ ਅਧਿਕਾਰੀਆਂ ਕਰਮਚਾਰੀਆਂ ਲਈ ਉਹ ਚਾਨਣ ਮੁਨਾਰਾ ਸਨ। ਉਨ੍ਹਾਂ ਸਾਰੀ ਉਮਰ ਮਨੁੱਖੀ ਜੀਵਨ ਨੂੰ ਪ੍ਰਮਾਤਮਾ ਵੱਲੋਂ ਇੱਕ ਵਾਰ ਦਿੱਤਾ ਤੋਹਫ਼ਾ ਸਮਝਦਿਆਂ ਹਮੇਸ਼ਾ ਇਨਸਾਫ਼ ਦੀ ਤਰਾਜੂ ਦਾ ਪੱਲਾ ਫੜੀ ਰੱਖਿਆ। ਉਹ ਦ੍ਰਿੜ੍ਹ ਇਰਾਦੇ ਦੇ ਮਾਲਕ ਸਨ। ਉਹ 1981 ਵਿਚ ਸਰਕਾਰੀ ਨੌਕਰੀ ਤੋਂ ਸੇਵਾਮੁਕਤ ਹੋਏ ਸਨ ਪ੍ਰੰਤੂ ਸੇਵਾਮੁਕਤੀ ਤੋਂ ਬਾਅਦ ਆਪਣੀ ਕਾਰ ਆਪ ਚਲਾ ਕੇ 98 ਸਾਲ ਦੀ ਉਮਰ ਤੱਕ ਗੋਲਫ ਕਲੱਬ ਚੰਡੀਗੜ੍ਹ ਵਿਚ ਗੋਲਫ ਖੇਡਦੇ ਰਹੇ। ਸਿਰਫ ਪਿਛਲੇ ਦੋ ਸਾਲਾਂ ਤੋਂ ਗੋਲਫ਼ ਖੇਡਣਾ ਛੱਡਿਆ ਸੀ। ਅਜੇ ਵੀ ਉਹ ਚੁਸਤ-ਫਰੁਸਤ, ਤੰਦਰੁਸਤ ਅਤੇ ਤੁਰਦੇ-ਫਿਰਦੇ ਸਨ। ਉਨ੍ਹਾਂ ਦੀ ਯਾਦਾਸ਼ਤ ਅਖ਼ੀਰ ਤੱਕ ਬਰਕਰਾਰ ਰਹੀ ਹੈ। ਇਮਾਨਦਾਰੀ ਦੀ ਆਵਾਜ਼ ਉਸੇ ਤਰ੍ਹਾਂ ਗੜ੍ਹਕਦੀ ਰਹੀ।



ਬਿਕਰਮ ਸਿੰਘ ਗਰੇਵਾਲ

ਉਹ ਸਾਰੀ ਉਮਰ ਸੱਚਾਈ ਅਤੇ ਇਮਾਨਦਾਰੀ 'ਤੇ ਪਹਿਰਾ ਦਿੰਦੇ ਰਹੇ, ਉਨ੍ਹਾਂ ਆਪਣੀ ਨੌਕਰੀ ਧੜੱਲੇ ਅਤੇ ਖ਼ੁਦਦਾਰੀ ਨਾਲ ਆਪਣੀਆਂ ਸ਼ਰਤਾਂ 'ਤੇ ਕੀਤੀ ਅਤੇ ਨਾ ਹੀ ਕਿਸੇ ਦੀ ਈਨ ਮੰਨੀ ਅਤੇ ਨਾ ਮਨਵਾਈ ਹੈ। ਆਪਣੇ ਸਰਕਾਰੀ ਅਹੁਦੇ ਦੇ ਫ਼ਰਜ਼ਾਂ ਦੀ ਪਹਿਰੇਦਾਰੀ ਕੀਤੀ। ਇਨਸਾਫ ਦੀ ਤਰਾਜ਼ੂ ਨੂੰ ਕਦੇ ਵੀ ਡੋਲਣ ਨਹੀਂ ਦਿੱਤਾ। ਹਮੇਸ਼ਾ ਹੱਕ ਤੇ ਸੱਚ 'ਤੇ ਪਹਿਰਾ ਦਿੱਤਾ। ਕਦੀਂ ਵੀ ਕਿਸੇ ਸੀਨੀਅਰ ਅਧਿਕਾਰੀ ਜਾਂ ਸਿਆਸਤਦਾਨ ਦੇ ਕਹਿਣ 'ਤੇ ਗ਼ਲਤ ਕੰਮ ਨਹੀਂ ਕੀਤਾ ਅਤੇ ਨਾ ਹੀ ਕਰਨ ਦਿੱਤਾ, ਭਾਵੇਂ ਉਸ ਨੂੰ ਇਸ ਕਰਕੇ ਅਨੇਕਾਂ ਮੁਸ਼ਕਲਾਂ ਦਾ ਸਾਹਮਣਾ ਵੀ ਕਰਨਾ ਪਿਆ। ਸੀਨੀਅਰ ਅਧਿਕਾਰੀਆਂ ਦੀ ਤਾਂ ਛੱਡੋ, ਉਹ ਤਾਂ ਪੰਜਾਬ ਦੇ ਮੁੱਖ ਮੰਤਰੀ ਦੇ ਵੀ ਗ਼ਲਤ ਹੁਕਮਾਂ ਨੂੰ ਅਣਡਿੱਠ ਕਰ ਦਿੰਦੇ ਸਨ। ਕੋਈ ਵੀ ਵਿਅਕਤੀ ਛੇਤੀ ਕੀਤਿਆਂ ਉਨ੍ਹਾਂ ਕੋਲ ਕਿਸੇ ਕਿਸਮ ਦੀ ਸ਼ਿਫਾਰਸ਼ ਕਰਨ ਦੀ ਤਾਂ ਦੂਰ ਦੀ ਗੱਲ ਹੈ, ਉਨ੍ਹਾਂ ਕੋਲ ਜਾਣ ਤੋਂ ਹੀ ਤ੍ਰਿਬਕਦਾ ਸੀ ਕਿਉਂਕਿ ਉਨ੍ਹਾਂ ਨੂੰ ਪਤਾ ਹੁੰਦਾ ਸੀ ਕਿ ਉਹ ਸਹੀ ਕੰਮ ਹੀ ਕਰਨਗੇ। ਜੇਕਰ ਕਿਸੇ ਕਰਮਚਾਰੀ ਜਾਂ ਅਧਿਕਾਰੀ ਦੀ ਕੋਈ ਸਮੱਸਿਆ ਹੁੰਦੀ, ਤਾਂ ਉਹ ਉਨ੍ਹਾਂ ਨੂੰ ਸਿੱਧਾ ਆ ਕੇ ਮਿਲ ਸਕਦਾ ਸੀ ਪ੍ਰੰਤੂ ਕੰਮ ਉਹ ਤਾਂ ਹੀ ਕਰਦੇ ਸਨ, ਜੇਕਰ ਜਾਇਜ਼ ਅਤੇ ਸਰਕਾਰੀ ਨਿਯਮਾਂ ਦੇ ਅਨੁਸਾਰ ਹੋ ਸਕਦਾ ਹੁੰਦਾ ਸੀ। ਵਿਭਾਗ ਵਿਚ ਉਹ ਕਿਸੇ ਨਾਲ ਨਾ ਬੇਇਨਸਾਫੀ ਕਰਦੇ ਸਨ ਅਤੇ ਨਾ ਹੀ ਕਰਨ ਦਿੰਦੇ ਸਨ। ਉਨ੍ਹਾਂ ਨੇ ਵਿਭਾਗ ਦੇ ਮੁਖੀ ਹੁੰਦਿਆਂ ਭ੍ਰਿਸ਼ਟਾਚਾਰ ਨਹੀਂ ਹੋਣ ਦਿੱਤਾ। ਉਨ੍ਹਾਂ ਦੀ ਸਰਕਾਰੀ ਅਧਿਕਾਰੀ ਦੇ ਤੌਰ 'ਤੇ ਵੱਖ-ਵੱਖ ਅਹੁਦਿਆਂ ਸਬ ਡਵੀਜ਼ਨਲ ਇੰਜੀਨੀਅਰ ਤੋਂ ਮੁੱਖ ਇੰਜੀਨੀਅਰ ਤੱਕ ਦੀ 37 ਸਾਲ ਦਾ ਕੈਰੀਅਰ ਬੇਦਾਗ਼ ਰਿਹਾ। ਲੋਕ ਨਿਰਮਾਣ ਵਿਚ ਸੜਕਾਂ, ਪੁਲਾਂ ਅਤੇ ਉਸਾਰੀ ਦੇ ਕੰਮ ਚਲਦੇ ਰਹਿੰਦੇ ਸਨ, ਜਦੋਂ ਉਹ ਦੌਰੇ 'ਤੇ ਜਾਂਦੇ ਸਨ, ਤਾਂ ਆਪਣਾ ਖਾਣਾ ਨਾਲ ਹੀ ਲੈ ਜਾਂਦੇ ਸਨ। ਦੇਸ਼ ਦੀ ਵੰਡ ਤੋਂ ਪਹਿਲਾਂ ਅਤੇ ਵੰਡ ਤੋਂ ਬਾਅਦ ਸਾਂਝਾ ਪੰਜਾਬ ਬਹੁਤ ਵੱਡਾ ਸੀ, ਕਈ ਵਾਰ ਕਈ ਰਾਤਾਂ ਬਾਹਰ ਕੱਟਣੀਆਂ ਪੈਂਦੀਆਂ ਸਨ ਤਾਂ ਉਹ ਆਪਣਾ ਬਿਸਤਰਾ, ਖਾਣੇ ਦਾ ਸਾਰਾ ਸਾਮਾਨ, ਸਟੋਵ, ਦਾਲਾਂ, ਸਬਜ਼ੀਆਂ ਅਤੇ ਆਟਾ ਨਾਲ ਹੀ ਲੈ ਜਾਂਦੇ ਸਨ। ਕਿਸੇ ਦਫ਼ਤਰ ਦੇ ਅਧਿਕਾਰੀ ਕੋਲੋਂ ਚਾਹ ਤੱਕ ਨਹੀਂ ਪੀਂਦੇ ਸਨ। ਉਨ੍ਹਾਂ ਦਾ ਪਰਿਵਾਰ ਸਰਦਾਰ ਬਿਕਰਮ ਸਿੰਘ ਗਰੇਵਾਲ ਦੀ ਵਿਰਾਸਤ 'ਤੇ ਪਹਿਰਾ ਦੇ ਰਿਹਾ ਹੈ।

ਬਿਕਰਮ ਸਿੰਘ ਗਰੇਵਾਲ ਦਾ ਸਿੱਖਿਆ ਪ੍ਰਾਪਤ ਕਰਨ ਦਾ ਰਿਕਾਰਡ ਵੀ ਬਿਹਤਰੀਨ ਰਿਹਾ ਹੈ। ਉਹ ਹਮੇਸ਼ਾ ਹਰ ਕਲਾਸ ਵਿਚੋਂ ਪਹਿਲੇ ਦਰਜੇ ਵਿਚ ਪਾਸ ਹੁੰਦੇ ਰਹੇ। ਉਨ੍ਹਾਂ ਨੇ ਅੱਠਵੀਂ 1936 ਤੇ ਦਸਵੀਂ 1938 ਵਿਚ ਮਾਲਵਾ ਹਾਈ ਸਕੂਲ ਲੁਧਿਆਣਾ ਤੋਂ ਫਸਟ ਡਵੀਜ਼ਨ ਵਿਚ ਪਾਸ ਕਰਕੇ 1940 ਵਿਚ ਫੈਕਿਲਿਟੀ ਆਫ ਸਾਇੰਸ (ਐੱਫ.ਐੱਸ.ਸੀ.) ਖਾਲਸਾ ਕਾਲਜ ਅੰਮ੍ਰਿਤਸਰ ਤੋਂ ਪਾਸ ਕੀਤੀ। ਫਿਰ ਉਨ੍ਹਾਂ ਸਿਵਲ ਇੰਜੀਨੀਅਰਿੰਗ ਦੀ ਡਿਗਰੀ ਕਰਨ ਲਈ ਮੈਕਲਾਗਨ ਇੰਜੀਨੀਅਰਿੰਗ ਕਾਲਜ ਲਾਹੌਰ ਵਿਚ ਦਾਖ਼ਲਾ ਲੈ ਲਿਆ। ਉਨ੍ਹਾਂ 1943 ਵਿਚ ਸਿਵਲ ਇੰਜੀਨੀਅਰਿੰਗ ਦੀ ਡਿਗਰੀ ਪ੍ਰਾਪਤ ਕੀਤੀ। ਡਿਗਰੀ ਕਰਨ ਤੋਂ ਤੁਰੰਤ ਬਾਅਦ 1944 ਵਿਚ ਉਨ੍ਹਾਂ ਦੀ ਸਾਂਝੇ ਪੰਜਾਬ ਦੇ ਲੋਕ ਨਿਰਮਾਣ ਵਿਭਾਗ (ਬੀ.ਐਂਡ.ਆਰ.) ਵਿਚ ਬਤੌਰ ਸਬ ਡਵੀਜਨਲ ਇੰਜੀਨੀਅਰ ਦੀ ਚੋਣ ਹੋ ਗਈ। ਉਨ੍ਹਾਂ ਦੀ ਸਭ ਤੋਂ ਪਹਿਲੀ ਪੋਸਟਿੰਗ ਰਾਵਲਪਿੰਡੀ ਵਿਚ ਹੋਈ, ਉਸ ਤੋਂ ਬਾਅਦ ਜਲੰਧਰ ਅਤੇ 1951 ਵਿਚ ਉਨ੍ਹਾਂ ਦੀ ਤਰੱਕੀ ਕਾਰਜਕਾਰੀ ਇਜੀਨੀਅਰ ਦੀ ਹੋ ਗਈ ਤੇ ਫਿਰੋਜ਼ਪੁਰ ਵਿਖੇ ਤਾਇਨਾਤ ਕਰ ਦਿੱਤੇ ਗਏ। ਇਸ ਤੋਂ ਬਾਅਦ 1963 ਵਿਚ ਸੁਪਰੀਟੈਂਡੈਂਟ ਇੰਜੀਨੀਅਰ ਅਤੇ 1966 ਵਿਚ ਪੰਜਾਬ ਦੀ ਵੰਡ ਹੋਣ ਤੋਂ ਬਾਅਦ 1971 ਵਿਚ ਮੁੱਖ ਇੰਜੀਨੀਅਰ ਦੀ ਤਰੱਕੀ ਹੋ ਗਈ, ਉਨ੍ਹਾਂ ਨੂੰ ਵਿਭਾਗ ਦੇ ਮੁਖੀ ਨਿਯੁਕਤ ਕਰ ਦਿੱਤਾ ਗਿਆ। 10 ਸਾਲ ਵਿਭਾਗ ਦੇ ਮੁਖੀ ਰਹਿਣ ਸਮੇਂ ਉਨ੍ਹਾਂ ਨੇ ਵਿਭਾਗ ਦੀ ਕਾਰਜ ਪ੍ਰਣਾਲੀ ਵਿਚ ਵਿਲੱਖਣ ਤਬਦੀਲੀਆਂ ਲਿਆਂਦੀਆਂ। ਉਨ੍ਹਾਂ ਦੇ ਸਮੇਂ ਬਹੁਤ ਸਾਰੇ ਵਿਭਾਗੀ ਪੁਲਾਂ ਅਤੇ ਸਰਕਾਰੀ ਇਮਾਰਤਾਂ ਦੀ ਉਸਾਰੀ ਹੋਈ। ਇਸ ਤੋਂ ਇਲਾਵਾ ਉਨ੍ਹਾਂ ਨੇ ਪਟਿਆਲਾ ਰਾਜਿੰਦਰਾ ਹਸਪਤਾਲ ਤੇ ਮੈਡੀਕਲ ਕਾਲਜ ਅਤੇ ਅੰਮ੍ਰਿਤਸਰ ਮੈਡੀਕਲ ਕਾਲਜ ਦੇ ਨਵੇਂ ਬਲਾਕਾਂ ਅਤੇ ਰੋਹਤਕ ਵਿਖੇ ਨਿਊ ਮੈਡੀਕਲ ਕਾਲਜ ਰੋਹਤਕ ਦੀਆਂ ਇਮਾਰਤਾਂ ਦੀ ਉਸਾਰੀ ਕਰਵਾਈ, ਜਿਹੜੀ ਅੱਜ ਤੱਕ ਬਿਹਤਰੀਨ ਉਸਾਰੀ ਦੀ ਤਕਨੀਕ ਦਾ ਨਮੂਨਾ ਹਨ। ਉਨ੍ਹਾਂ ਇੰਜੀਨੀਅਰਿੰਗ ਕਾਲਜ ਚੰਡੀਗੜ੍ਹ ਦੀ ਉਸਾਰੀ ਵੀ ਕਰਵਾਈ ਸੀ। ਪਿੰਡਾਂ ਨੂੰ ਦਿਹਾਤੀ ਸੜਕਾਂ ਨਾਲ ਜੋੜਨ ਵਿਚ ਮਹੱਤਵਪੂਰਨ ਯੋਗਦਾਨ ਪਾਇਆ। ਉਹ 37 ਸਾਲ ਦੀ ਬੇਦਾਗ਼ ਨੌਕਰੀ ਕਰਨ ਤੋਂ ਬਾਅਦ ਫਰਵਰੀ 1981 ਵਿਚ ਸੇਵਾਮੁਕਤ ਹੋਏ ਸਨ। ਬਿਕਰਮ ਸਿੰਘ ਗਰੇਵਾਲ ਦਾ ਜਨਮ ਪਿਤਾ ਸ. ਬੂਟਾ ਸਿੰਘ ਗਰੇਵਾਲ ਦੇ ਘਰ ਮਾਤਾ ਹਰਨਾਮ ਕੌਰ ਦੀ ਕੁੱਖੋਂ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਲਲਤੋਂ ਵਿਖੇ 15 ਫਰਵਰੀ, 1923 ਨੂੰ ਹੋਇਆ। ਬੂਟਾ ਸਿੰਘ ਗਰੇਵਾਲ ਪੰਜਾਬ ਦੇ ਮੰਨੇ-ਪ੍ਰਮੰਨੇ ਠੇਕੇਦਾਰ ਸਨ। ਉਨ੍ਹਾਂ ਦਾ ਵੱਡਾ ਸਪੁੱਤਰ ਹਰਜੀਤ ਇੰਦਰ ਸਿੰਘ ਗਰੇਵਾਲ ਆਈ.ਏ.ਐੱਸ. ਅਧਿਕਾਰੀ ਭਰ ਜਵਾਨੀ ਵਿਚ ਸਵਰਗ ਸਿਧਾਰ ਗਏ ਸਨ। ਬਿਕਰਮ ਸਿੰਘ ਗਰੇਵਾਲ ਆਪਣੇ ਪਿੱਛੇ ਪਤਨੀ ਨਿਰਮਲਜੀਤ ਕੌਰ ਗਰੇਵਾਲ, ਸਪੁੱਤਰ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਜੱਜ ਜਸਟਿਸ ਅਨੂਪਇੰਦਰ ਸਿੰਘ ਗਰੇਵਾਲ, ਸਪੁੱਤਰੀ ਨੀਨਾ ਸਿੰਘ, ਪੋਤਰੇ-ਪੋਤਰੀਆਂ, ਦੋਹਤੇ-ਦੋਹਤਰੀਆਂ ਅਤੇ ਪੜਪੋਤਰੇ-ਪੜਪੋਤਰੀਆਂ ਛੱਡ ਗਏ ਹਨ।

ਬਿਕਰਮ ਸਿੰਘ ਗਰੇਵਾਲ ਦੀ ਅੰਤਮ ਅਰਦਾਸ ਅਤੇ ਕੀਰਤਨ 5 ਫ਼ਰਵਰੀ 2024 ਸੋਮਵਾਰ ਨੂੰ ਗੁਰਦੁਆਰਾ ਸਾਹਿਬ ਸੈਕਟਰ 8 ਚੰਡੀਗੜ੍ਹ ਵਿਖੇ ਕੀਤਾ ਗਿਆ।

# ਚਿੰਤਾ ਅਤੇ ਡਿਪਰੈਸ਼ਨ

ਡਾਕਟਰ ਕੁਲਦੀਪ ਸਿੰਘ
ਮਨੋਵਿਗਿਆਨੀ
+91-98960-63134
(Punjab Mail USA)





ਚਿੰਤਾ ਅਤੇ ਡਿਪਰੈਸ਼ਨ (**Anxiety and Depression**) ਵੱਖਰੀਆਂ ਮਾਨਸਿਕ ਸਿਹਤ ਸਥਿਤੀਆਂ ਹਨ, ਪਰ ਇਹ ਅਕਸਰ ਇਕੱਠੇ ਵਾਪਰਦੀਆਂ ਹਨ। ਹਰੇਕ ਅਵਸਥਾ ਦਾ ਪ੍ਰਭਾਵਸ਼ਾਲੀ ਢੰਗ ਨਾਲ ਨਿਦਾਨ ਕਰਨਾ ਅਤੇ ਇਲਾਜ ਕਰਨਾ ਚੁਣੌਤੀ ਪੂਰਨ ਹੋ ਸਕਦਾ ਹੈ, ਪਰ ਇਹ ਸੰਭਵ ਹੈ।

ਇਲਾਜ ਦੇ ਕਈ ਵਿਕਲਪ ਹਨ, ਜਿਸ ਵਿਚ ਦਵਾਈ ਅਤੇ ਥੈਰੇਪੀ ਸ਼ਾਮਲ ਹਨ। ਕਈ ਵਾਰ, ਇੱਕ ਵਿਅਕਤੀ ਨੂੰ ਲੱਗਦਾ ਹੈ ਕਿ ਦੋ ਇਲਾਜਾਂ ਦਾ ਸੁਮੇਲ ਉਸ ਲਈ ਸਭ ਤੋਂ ਵਧੀਆ ਹੈ।

## ਚਿੰਤਾ ਅਤੇ ਉਦਾਸੀਨਤਾ ਵਿਚਕਾਰ ਲਿੰਕ:-

ਅਧਿਐਨਾਂ ਤੋਂ ਪਤਾ ਲੱਗਿਆ ਹੈ ਕਿ ਚਿੰਤਾ ਅਤੇ ਉਦਾਸੀਨਤਾ ਅਕਸਰ ਮਰੀਜ਼ਾਂ ਵਿਚ ਇਕੱਠੀਆਂ ਮੌਜੂਦ ਹੁੰਦੇ ਹਨ। ਖੋਜਕਰਤਾਵਾਂ ਕੋਲ ਅਜੇ ਤੱਕ ਇਸ ਬਾਰੇ ਸਾਰੇ ਜਵਾਬ ਨਹੀਂ ਹਨ ਕਿ ਲੋਕ ਅਕਸਰ ਚਿੰਤਾ ਅਤੇ ਉਦਾਸੀਨਤਾ ਦੋਵਾਂ ਦਾ ਇਕੱਠੀਆਂ ਅਨੁਭਵ ਕਿਉਂ ਕਰਦੇ ਹਨ।

ਚਿੰਤਾ ਨਾਲ ਜੁੜੀ ਚਿੰਤਾ, ਡਰ ਅਤੇ ਤਣਾਅ ਲਗਾਤਾਰ ਨਕਾਰਾਤਮਕ ਦ੍ਰਿਸ਼ਟੀਕੋਣ ਪੈਦਾ ਕਰਦੇ ਹਨ, ਜਿਸ ਨਾਲ ਉਦਾਸੀਨਤਾ ਦੇ ਲੱਛਣ ਪੈਦਾ ਹੁੰਦੇ ਹਨ। ਇਸ ਦੇ ਉਲਟ, ਨਿਰਾਸ਼ਾ ਅਤੇ ਉਦਾਸੀ ਦੀਆਂ ਭਾਵਨਾਵਾਂ ਜੋ ਉਦਾਸੀ ਨੂੰ ਦਰਸਾਉਂਦੀਆਂ ਹਨ, ਚਿੰਤਤ ਵਿਚਾਰਾਂ ਨੂੰ ਵਧੇਰੇ ਗੁੰਝਲਦਾਰ ਬਣਾਉਂਦੀਆਂ ਹਨ।

ਵਿਸ਼ਵ ਸਿਹਤ ਸੰਗਠਨ (ਡਬਲਯੂ.ਐੱਚ.ਓ.) ਦੇ ਅਨੁਸਾਰ, ਉਦਾਸੀਨਤਾ ਅਤੇ ਚਿੰਤਾ ਵਿਸ਼ਵ ਭਰ ਵਿਚ ਸਭ ਤੋਂ ਵੱਧ ਪ੍ਰਚਲਿਤ ਮਾਨਸਿਕ ਸਿਹਤ ਵਿਕਾਰ ਹਨ। ਕੋਵਿਡ ਮਹਾਂਮਾਰੀ ਦੌਰਾਨ, ਚਿੰਤਾ ਅਤੇ ਉਦਾਸੀਨਤਾ ਦੀਆਂ ਘਟਨਾਵਾਂ ਵਿਚ ਹੈਰਾਨੀਜਨਕ 25' ਦਾ ਵਾਧਾ ਹੋਇਆ।

## ਚਿੰਨ੍ਹ ਅਤੇ ਲੱਛਣ:-

ਡਿਪਰੈਸ਼ਨ ਅਤੇ ਚਿੰਤਾ ਦੇ ਵਿਲੱਖਣ ਲੱਛਣ ਹੁੰਦੇ ਹਨ, ਪਰ ਇਨ੍ਹਾਂ ਲੱਛਣਾਂ ਦੇ ਓਵਰਲੈਪ ਜਾਂ ਨਤੀਜਿਆਂ ਦੀ ਸਹੀ ਮਾਤਰਾ ਵੀ ਹੁੰਦੀ ਹੈ।

## ਓਵਰਲੈਪਿੰਗ ਲੱਛਣ

ਚਿੰਤਾ ਅਤੇ ਉਦਾਸੀਨਤਾ ਦੋਵੇਂ ਕੁਝ ਆਮ ਲੱਛਣ ਸਾਂਝੇ ਕਰਦੇ ਹਨ। ਕੁਝ ਓਵਰਲੈਪਿੰਗ ਲੱਛਣਾਂ ਵਿਚ ਸ਼ਾਮਲ ਹਨ:

ਨੀਂਦ ਵਿਚ ਰੁਕਾਵਟਾਂ (ਜਾਂ ਤਾਂ ਬਹੁਤ ਜ਼ਿਆਦਾ ਜਾਂ ਬਹੁਤ ਘੱਟ ਸੌਣਾ), ਯਾਦਦਾਸ਼ਤ ਵਿਚ ਕਮੀ, ਇਕਾਗਰਤਾ ਵਿਚ ਕਮੀ, ਫੈਸਲੇ ਲੈਣ ਵਿਚ ਮੁਸ਼ਕਿਲ, ਸਿਰਦਰਦ ਵਰਗੇ ਸਰੀਰਕ ਲੱਛਣ, ਥਕਾਵਟ, ਮਾਸਪੇਸ਼ੀਆਂ ਵਿਚ ਤਣਾਅ, ਬੇਚੈਨੀ ਅਤੇ ਚਿੜਚਿੜਾਪਨ।

## ਕਾਰਣ:

ਡਿਪਰੈਸ਼ਨ ਅਤੇ ਚਿੰਤਾ ਨੂੰ ਅਣੁਵਾਂਸ਼ਿਕ ਕਾਰਕਾਂ ਦੇ ਨਾਲ-ਨਾਲ ਵਾਤਾਵਰਣ ਦੇ ਕਾਰਕਾਂ ਦਾ ਕਾਰਨ ਵੀ ਮੰਨਿਆ ਜਾਂਦਾ ਹੈ। ਹਾਲਾਂਕਿ, ਵਿਗਿਆਨੀ ਅਜੇ ਵੀ ਖੋਜ ਕਰ ਰਹੇ ਹਨ ਕਿ ਕਿਹੜੇ ਸਹੀ ਜੀਨ ਡਿਪਰੈਸ਼ਨ ਅਤੇ ਚਿੰਤਾ ਵਰਗੇ ਹਾਲਾਤਾਂ ਲਈ ਜ਼ਿੰਮੇਵਾਰ ਹੋ ਸਕਦੇ ਹਨ।

ਡਿਪਰੈਸ਼ਨ ਜਾਂ ਚਿੰਤਾ ਲਈ ਕੁਝ ਜਾਣੇ ਜਾਂਦੇ ਕਾਰਕ ਹਨ, ਜਿਨ੍ਹਾਂ ਵਿਚ ਸ਼ਾਮਲ ਹਨ:

ਡਿਪਰੈਸ਼ਨ ਜਾਂ ਚਿੰਤਾ ਦਾ ਪਰਿਵਾਰਕ ਇਤਿਹਾਸ, ਬਚਪਨ ਦੇ ਮਾੜੇ ਤਜ਼ਰਬੇ (**Childhood Traumas**), ਜਿਵੇਂ ਕਿ ਦੁਰਵਿਵਹਾਰ, ਹੋਰ ਮਾਨਸਿਕ ਸਿਹਤ ਸਮਸਿਆਵਾਂ ਦਾ ਇਤਿਹਾਸ, ਸਮਾਜ ਨਾਲੋਂ ਵਖਰੇਵਾਂ।

**ਡਿਪਰੈਸ਼ਨ ਅਤੇ ਚਿੰਤਾ ਲਈ ਇਲਾਜ (Treatment for Depression and Anxiety)**

ਤੁਹਾਡੇ ਲੱਛਣਾਂ ਅਤੇ ਹੋਰ ਕਾਰਕਾਂ ਦੀ ਤੀਬਰਤਾ 'ਤੇ ਨਿਰਭਰ ਕਰਦੇ ਹੋਏ, ਤੁਹਾਡੀ ਇਲਾਜ ਯੋਜਨਾ ਵਿਚ ਦਵਾਈ, ਥੈਰੇਪੀ, ਜਾਂ ਦੋਹਾਂ ਦਾ ਸੁਮੇਲ ਸ਼ਾਮਲ ਹੋ ਸਕਦਾ ਹੈ।

**ਮਨੋਵਿਗਿਆਨਿਕ ਕੌਂਸਿਲਿੰਗ ਅਤੇ ਸਾਈਕੋਥੇਰਾਪੀ (Psychological Counselling and Psychotherapy):**


ਡਿਪਰੈਸ਼ਨ ਅਤੇ ਚਿੰਤਾ ਵਿਕਾਰਾਂ ਦੇ ਇਲਾਜ ਲਈ ਕਈ ਕਿਸਮਾਂ ਦੇ ਕੌਂਸਿਲਿੰਗ ਅਤੇ ਸਾਈਕੋਥੇਰਾਪੀ ਦੀ ਵਰਤੋਂ ਕੀਤੀ ਜਾ ਸਕਦੀ ਹੈ।

**ਬੌਧਿਕ ਵਿਵਹਾਰਕ ਥੈਰੇਪੀ (Cognitive Behaviour Therapy):** ਕਿਸੇ ਵਿਅਕਤੀ ਨੂੰ ਤਣਾਅਪੂਰਨ ਹਾਲਾਤਾਂ ਪ੍ਰਤੀ ਸੋਚਣ, ਵਿਵਹਾਰ ਕਰਨ ਅਤੇ ਪ੍ਰਤੀਕਿਰਿਆ ਦੇਣ ਦੇ ਵੱਖ-ਵੱਖ ਤਰੀਕਿਆਂ ਨੂੰ ਸਿਖਾਉਣਾ ਹੈ।

**ਐਕਸਪੋਜ਼ਰ ਥੈਰੇਪੀ (Exposure Therapy):** ਈ.ਟੀ. ਵਿਚ ਉਸ ਵਸਤੂ ਜਾਂ ਸਥਿਤੀ ਦੇ ਸੰਪਰਕ ਵਿਚ ਆਉਣਾ ਸ਼ਾਮਲ ਹੈ, ਜੋ ਡਰ ਜਾਂ ਚਿੰਤਾ ਨੂੰ ਚਾਲੂ ਕਰਦੀ ਹੈ। ਐਕਸਪੋਜ਼ਰ ਵਾਰ-ਵਾਰ ਕੀਤਾ ਜਾਂਦਾ ਹੈ, ਆਮ ਤੌਰ 'ਤੇ ਇੱਕ ਨਿਰਧਾਰਤ ਮਿਆਦ ਵਿਚ ਲਾਗੂ ਕੀਤਾ ਜਾਂਦਾ ਹੈ, ਜਦੋਂ ਤੱਕ ਕਿ ਕਿਸੇ ਵਿਅਕਤੀ ਨੂੰ ਆਰਾਮ ਨਹੀਂ ਮਿਲ ਜਾਂਦਾ।

**ਦਵੰਦਵਾਦੀ ਵਿਵਹਾਰਕ ਥੈਰੇਪੀ (Dialectical Behaviour Therap):** ਡੀ.ਬੀ.ਟੀ. ਭਾਵਨਾਤਮਕ ਨਿਯਮਾਂ, ਮਾਨਸਿਕਤਾ, ਅਤੇ ਸੰਕਟ ਪ੍ਰਤੀ ਕਿਸੇ ਦੀ ਸਹਿਣਸ਼ੀਲਤਾ ਨੂੰ ਵਧਾਉਣ ਤੇ ਕੇਂਦਰਿਤ ਕਰਦੀ ਹੈ। ਇਹ ਥੈਰੇਪੀ ਲੋਕਾਂ ਨੂੰ ਉਨ੍ਹਾਂ ਦੀਆਂ ਭਾਵਨਾਵਾਂ ਨੂੰ ਕਾਬੂ ਕਰਨ ਵਿਚ ਮਦਦ ਲਈ ਦਿੱਤੀ ਜਾਂਦੀ ਹੈ ਅਤੇ ਇਸ ਨਾਲ ਕਾਰਜਕਾਰੀ ਫੰਕਸ਼ਨ ਵਿਚ ਵਿਸ਼ੇਸ਼ ਲਾਭ ਹੁੰਦਾ ਹੈ।

# ਵੱਡਾ ਘੱਲੂਘਾਰਾ ਦਿਵਸ ’ਤੇ ਵਿਸ਼ੇਸ਼




-ਡਾ. ਚਰਨਜੀਤ ਸਿੰਘ ਗੁਮਟਾਲਾ
+91-94175-33060
(Punjab Mail USA)



ਪ੍ਰਿੰਸੀਪਲ ਸਤਿਬੀਰ ਸਿੰਘ ਨੇ ਆਪਣੀ ਪੁਸਤਕ ਸਿੱਖ ਇਤਿਹਾਸ ਭਾਗ ਪਹਿਲਾ ਦੇ ਪੰਨਾ 239 ਤੋਂ 246 ਤੱਕ ਵੱਡੇ ਘਲੂਘਾਰੇ ’ਤੇ ਬੜੇ ਵਿਸਥਾਰ ’ਤੇ ਚਾਨਣਾ ਪਾਇਆ ਹੈ। ਅਹਿਮਦ ਸ਼ਾਹ ਅਬਦਾਲੀ ਨੇ 1748 ਤੋਂ ਲੈ ਕੇ 1761 ਤੱਕ ਪੰਜ ਹਮਲੇ ਹਿੰਦੁਸਤਾਨ ’ਤੇ ਕੀਤੇ ਸਨ। ਪੰਜਵਾਂ ਹਮਲਾ ਨਿਰੋਲ ਮਰਹੱਟਿਆਂ ਦੇ ਵਿਰੁੱਧ ਸੀ। ਅਬਦਾਲੀ ਨੇ ਪਾਨੀਪਤ ਦੀ ਤੀਜੀ ਜੰਗ ਵਿਚ ਮਰਹੱਟਿਆਂ ਨੂੰ ਤਕੜੀ ਹਾਰ ਦਿੱਤੀ। 13 ਜਨਵਰੀ 1761 ਨੂੰ ਮਰਹੱਟਿਆਂ ਨੂੰ ਹਰਾਉਣ ਉਪਰੰਤ ਅਬਦਾਲੀ ਮਾਰਚ ਦੇ ਮਹੀਨੇ ਵਾਪਸ ਮੁੜ ਪਿਆ। ਜਦ ਉਹ ਵਾਪਸ ਮੁੜ ਰਿਹਾ ਸੀ, ਤਾਂ ਸਿੱਖਾਂ ਨੇ ਅਬਦਾਲੀ ਕੋਲੋਂ ਖ਼ੂਬ ਹਿੱਸਾ ਵੰਡਾਇਆ। ਇੱਕ ਕਥਨ ਅਨੁਸਾਰ ਅਟਕ ਤੱਕ ਉਸ ਦਾ ਪਿੱਛਾ ਕੀਤਾ। ਉਸ ਨੇ ਐਲਾਨੀਆਂ ਕਿਹਾ ਕਿ ਹੁਣ ਸਿੱਖਾਂ ਨੂੰ ਦਬਾ ਕੇ ਹੀ ਆਰਾਮ ਕਰਾਂਗਾ। ਉਹ ਨਹੀਂ ਸੀ ਜਾਣਦਾ ਕਿ ਸਿੱਖ ਕੌਮ ਨੂੰ ਕੋਈ ਹਰਾ ਨਹੀਂ ਸਕਦਾ।

ਪੰਜਾਬ ਦੇ ਕਬਜ਼ੇ ਲਈ ਹੁਣ ਦੋ ਤਾਕਤਾਂ - ਸਿੱਖ ਅਤੇ ਅਫ਼ਗਾਨ ਲੜ ਰਹੀਆਂ ਸਨ। ਬਾਕੀ ਸਭ ਤਾਕਤਾਂ ਜਾਂ ਮੁੱਕ ਗਈਆਂ ਸਨ ਜਾਂ ਬਲਹੀਨ ਹੋ ਗਈਆਂ ਸਨ। ਸਿੱਖ 1762 ਵਿਚ ਪੰਜਾਬ ਦੇ ਅਮਲੀ ਤੌਰ ਉੱਤੇ ਮਾਲਕ ਸਨ। ਅਬਦਾਲੀ ਦੇ ਨਿਯਤ ਕੀਤੇ ਗਵਰਨਰ ਖ਼ਵਾਜ਼ਾ ਮਿਰਜ਼ਾ ਖ਼ਾਨ ਚਹਾਰ ਮਹੱਲ ਵਾਲਾ, ਆਬਿਦ ਖ਼ਾਨ (ਲਾਹੌਰ), ਸਾਦਤ ਖ਼ਾਨ ਤੇ ਸਾਦਕ ਖ਼ਾਨ ਅਫ਼ਰੀਦੀ, ਸਿੱਖਾਂ ਦੀ ਵਧਦੀ ਤਾਕਤ ਨੂੰ ਰੋਕ ਨਾ ਪਾ ਸਕੇ। ਅਹਿਮਦ ਸ਼ਾਹ ਅਬਦਾਲੀ ਨੇ ਨੂਰ-ਉਦ-ਦੀਨ ਨੂੰ ਮਾਰ ਕੇ ਨਸਾ ਦਿੱਤਾ। ਲਾਹੌਰ ਦਾ ਗਵਰਨਰ ਆਬਿਦ ਖ਼ਾਨ ਵੀ ਛੱਡ ਕੇ ਨੱਸ ਗਿਆ। ਸਿੱਖਾਂ ਨੇ ਸਰਦਾਰ ਜੱਸਾ ਸਿੰਘ ਆਹਲੂਵਾਲੀਏ ਦੀ ਅਗਵਾਈ ਹੇਠਾਂ ਲਾਹੌਰ ’ਤੇ ਕਬਜ਼ਾ ਕੀਤਾ ਤੇ ਆਕਲਦਾਸ ਨੇ ਅਬਦਾਲੀ ਨੂੰ ਹਮਲਾ ਕਰਨ ਲਈ ਪ੍ਰੇਰਿਆ। ਸਿੱਖਾਂ ਨੂੰ ਸੂਹ ਮਿਲ ਗਈ। ਸਿੱਖਾਂ ਨੇ ਸਾਰਾ ਧਿਆਨ ਆਪਣੇ ਟੱਬਰਾਂ ਨੂੰ ਸੁਰੱਖਿਅਤ ਥਾਂ ਉੱਤੇ ਪਹੁੰਚਾਣ ਵੱਲ ਲਗਾ ਦਿੱਤਾ ਅਤੇ ਸਾਰੇ ਮਲੇਰ ਕੋਟਲੇ ਵਿਚ ਇਕੱਠੇ ਹੋਣੇ ਸ਼ੁਰੂ ਹੋਏ।

ਅਹਿਮਦ ਸ਼ਾਹ 3 ਫਰਵਰੀ ਨੂੰ ਅੰਦਾਜ਼ਿਆਂ ਦੇ ਉਲਟ ਲਾਹੌਰ ਪੁੱਜ ਗਿਆ। ਸਿੱਖਾਂ ਦੇ ਅੰਦਾਜ਼ੇ ਮੁਤਾਬਿਕ ਘੱਟ ਤੋਂ ਘੱਟ ਉਸ ਨੂੰ ਲਾਹੌਰ ਪੁੱਜਦਿਆਂ ਦਸ ਦਿਨ ਲੱਗ ਜਾਣੇ ਸਨ। ਸਿੱਖਾਂ ਦਾ ਯਕੀਨ ਸੀ ਕਿ ਟੱਬਰਾਂ ਨੂੰ ਸੁਰੱਖਿਅਤ ਥਾਂ ਉੱਤੇ ਪਹੁੰਚਾ ਕੇ ਉਹ ਵਾਪਸ ਮੁੜ ਕੇ ਲੜਨ ਲਈ ਤਿਆਰ ਹੋ ਸਕਣਗੇ, ਪਰ ਸਿੱਖਾਂ ਦੀ ਹੈਰਾਨੀ ਦੀ ਹੱਦ ਹੀ ਨਾ ਰਹੀ, ਜਦ 5 ਫਰਵਰੀ ਨੂੰ ਕਾਸਮ ਖ਼ਾਨ ਨੂੰ ਹਮਲਾ ਕਰਦੇ ਡਿੱਠਾ। ਅਬਦਾਲੀ ਨੂੰ ਜਿੱਤ ਦਾ ਏਨਾ ਯਕੀਨ ਸੀ ਕਿ ਸ਼ਾਹ ਵਲੀ ਖ਼ਾਨ ਨੂੰ ਜਦ ਰਾਜਾ ਹਰਿ ਸਹਾਇ ਨੇ ਇਮਦਾਦ ਲਈ ਲਿਖਿਆ, ਤਾਂ ਉਸ ਨੇ ਉੱਤਰ ਦਿੱਤਾ ਸੀ ਕਿ ਸਿੱਖਾਂ ਦੀ ਜੜ੍ਹ ਮੁਕਾ ਕੇ ਕੁਝ ਚਿਰ ਸਰਹੰਦ ਸ਼ਿਕਾਰ ਖੇਡੇਗਾ। ਜਿਥੇ ਸਿੰਘਾਂ ਦੇ ਟੱਬਰ ਟਿਕਦੇ ਨੇਜ਼ਿਆਂ ’ਤੇ ਵਸਤਰ ਟੰਗ ਬੈਰਕਾਂ ਬਣਾ ਲੈਂਦੇ। ਰਾਹ ਭਾਈ ਸੰਗੂ ਸਿੰਘ ਜੀ, ਬਾਬਾ ਆਲਾ ਸਿੰਘ ਦੇ ਭੇਜੇ ਕੋਤਵਾਲ ਬਾਈ ਸਖੂ ਸਿੰਘ ਜੀ ਹੰਭਲਵਾਲ ਤੇ ਭਾਈਕੇ ਦੇ ਭਾਈ ਬੁੱਢਾ ਸਿੰਘ (ਕੈਂਥਲ) ਦੱਸ ਰਹੇ ਸਨ। ਗੁਰੂ ਗ੍ਰੰਥ ਸਾਹਿਬ ਦੀਆਂ ਦੋਵੇਂ ਬੀੜਾਂ ਦਮਦਮੀ ਤੇ ਅੰਮ੍ਰਿਤਸਰੀ ਨਾਲ ਸਨ।

ਗਿਆਨੀ ਗਿਆਨ ਸਿਘ ਦੇ ਕਥਨ ਅਨੁਸਾਰ ਸਵੇਰ ਦਾ ਸਮਾਂ ਸੀ। ਸਿੰਘ ਅਜੇ ਤਿਆਰ ਵੀ ਨਹੀਂ ਸਨ ਹੋਏ। ਅਬਦਾਲੀ ਨੇ ਘੇਰਾ ਘੱਤ ਲਿਆ। ਅਬਦਾਲੀ ਦੀਆਂ ਫੌਜਾਂ ਨੇ ਪੁੱਜਦੇ ਸਾਰ ਹੀ ਕਤਲੇਆਮ ਆਰੰਭ ਦਿੱਤਾ। ਸਿੰਘਾਂ ਨੇ ਝਟਪਟ ਤਿਆਰੇ ਕਰ ਲਏ। ਭਾਵੇਂ ਹਮਲਾ ਅਚਨਚੇਤ ਸੀ, ਪਰ ਸਿੱਖਾਂ ਨੇ ਡੱਟ ਕੇ ਮੁਕਾਬਲਾ ਕਰਨ ਦੀ ਠਾਣੀ। ਪਹਿਲੇ ਹੱਲੇ ਵਿਚ ਹਜ਼ਾਰਾਂ ਸਿੰਘ ਸ਼ਹੀਦ ਹੋ ਗਏ। ਟੱਬਰਾਂ ਨੂੰ ਬਚਾਉਣ ਲਈ ਸਿੱਖਾਂ ਨੇ ਵਿਚਾਰ ਬਣਾਈ ਅਤੇ ਨਾਲ ਹੀ ਉਸੇ ਪਲ ਟੱਬਰਾਂ ਦਾ ਖ਼ਿਆਲ ਆਇਆ। ਉਹ ਸਾਰੇ ਬੇਦੋਸ਼ੇ ਸ਼ਹੀਦ ਕਰ ਦਿੱਤੇ ਜਾਣਗੇ। ਸੋ ਜਲਦੀ ਵਿਚ ਹੀ ਇਹ ਫ਼ੈਸਲਾ ਹੋਇਆ ਕਿ ਵਹੀਰਾਂ ਦੇ ਇਰਦ-ਗਿਰਦ ਚੌਖਟਾ (ਗੋਲ ਕਿਲ੍ਹਾ) ਬਣਾ ਕੇ ਦੁਸ਼ਮਣਾਂ ਦਾ ਮੁਕਾਬਲਾ ਕੀਤਾ ਜਾਏ। ਸਰਦਾਰ ਜੱਸਾ ਸਿੰਘ ਨੇ ਕਮਾਨ ਆਪਣੇ ਹੱਥ ਸੰਭਾਲ ਲਈ। ਸਰਦਾਰ ਸ਼ਾਮ ਸਿੰਘ ਦਾ ਜੱਥਾ ਵੀ ਨਾਲ ਸੀ। ਅਜੇ ਤਿੰਨ ਮੀਲ ਹੀ ਪੈਂਡਾ ਕੀਤਾ ਸੀ ਕਿ ਭੀਖਨ ਖ਼ਾਨ, ਜ਼ੈਨ ਖ਼ਾਨ ਅਤੇ ਸ਼ਾਹ ਵਲੀ ਖ਼ਾਨ ਆ ਪਏ। ਉਹ ਗੋਲ ਕਿਲ੍ਹਾ ਤੋੜਨ ਵਿਚ ਕਾਮਯਾਬ ਨਾ ਹੋ ਸਕੇ। ਸਿੱਖ ਫੌਜੀਆਂ ਨੇ ਇੱਕ ਜ਼ਿੰਦਾ ਮਨੁੱਖਾਂ ਦੀ ਦੀਵਾਰ ਖੜ੍ਹੀ ਕਰ ਦਿੱਤੀ। ਦਸਤੇ ਅਬਦਾਲੀ ਦੀ ਫ਼ੌਜ ਦਾ ਟਾਕਰਾ ਕਰਦੇ ਰਹੇ ਤੇ ਵਹੀਰ ਬਰਨਾਲਾ ਵੱਲ ਵੱਧਦਾ ਗਿਆ। ਜ਼ੈਨ ਖ਼ਾਨ ਤੋਂ ਵਹੀਰ ਬਹੁਤ ਦੂਰ ਚਲਾ ਗਿਆ। ਇਸ ਤਰ੍ਹਾਂ ਤੁਰਦੇ ਮੁਕਾਬਲਾ ਕਰਦੇ ਸਿੱਖਾਂ ਦਾ ਜਾਨੀ ਨੁਕਸਾਨ ਬਹੁਤ ਜ਼ਿਆਦਾ ਹੋ ਰਿਹਾ ਸੀ, ਪਰ ਸਿੰਘ ਡਟਕੇ ਹਮਲੇ ਕਰ ਰਹੇ ਸਨ।

ਜਦ ਸਿੰਘ ਡੱਟ ਕੇ ਲੜੇ ਤਾਂ ਅਬਦਾਲੀ ਦੀਆਂ ਫੌਜਾਂ ਵੀ ਘਾਬਰ ਕੇ ‘ਤੋਬਾ ਤੇ ਅੱਲਾ’ ਕਰਨ ਲੱਗ ਪਈਆਂ। ਸਿੰਘ ਵਹੀਰ ਦੀ ਰਾਖੀ ਇਸ ਤਰ੍ਹਾਂ ਕਰ ਰਹੇ ਸਨ। ਜਿਵੇਂ ਕੁਕੜੀ ਆਪਣੇ ਬੱਚਿਆਂ ਦੀ, ਖੰਭ ਖਿਲਾਰ ਕੇ ਰਾਖੀ ਕਰਦੀ ਹੈ। ਅਹਿਮਦ ਸ਼ਾਹ ਤੇ ਉਸ ਦੇ ਜਰਨੈਲ ਇਸ ਪ੍ਰਕਾਰ ਦੀ ਲੜਾਈ ਨੂੰ ਦੇਖ ਹੈਰਾਨ ਹੋ ਰਹੇ ਸਨ।


ਅਹਿਮਦ ਸ਼ਾਹ ਨੇ ਵਲੀ ਖ਼ਾਨ, ਭੀਖਨ ਖ਼ਾਨ ਮਲੇਰਕੋਟਲੇ ਵਾਲੇ ਅਤੇ ਜ਼ੈਨ ਖ਼ਾਨ ਨੂੰ ਤਕੜੇ ਹੋ ਕੇ ਹਮਲਾ ਕਰਨ ਲਈ ਪ੍ਰੇਰਿਆ। 48 ਹਜ਼ਾਰ ਫੌਜ ਵਿਚੋਂ ਅੱਠ ਹਜ਼ਾਰ ਫੌਜੀ ਵੱਖ ਕਰ ਲਏ ਤੇ ਜਮ ਕੇ ਹਮਲਾ ਕੀਤਾ। ਵਹੀਰ ਤੇ ‘ਦਲ ਖ਼ਾਲਸਾ’ ਵੱਖ ਕਰਨ ਵਿਚ ਅਬਦਾਲੀ ਸਫ਼ਲ ਹੋ ਗਿਆ। ਇਸ ਹਮਲੇ ਵਿਚ ਸਿੰਘਾਂ ਦੇ ਪੈਰ ਉੱਖੜੇ ਤੇ ਕਿਤਨੇ ਹੀ ਸਿੰਘ ਸ਼ਹੀਦ ਹੋ ਗਏ। ਸਿੱਖ ਸਰਦਾਰਾਂ ਤੇ ਜੱਥਿਆਂ ਦੀ ਵਾੜ ਇਸ ਹਮਲੇ ਨੇ ਤੋੜ ਦਿੱਤੀ। ਟੱਬਰਾਂ ਦੇ ਟੱਬਰ ਮਾਰੇ ਗਏ। ਵਹੀਰ ਦਾ ਬਹੁਤ ਜ਼ਿਆਦਾ ਨੁਕਸਾਨ ਹੋਇਆ। ਹੁਣ ਅਬਦਾਲੀ ਦੀ ਇਹ ਖ਼ਾਹਿਸ਼ ਲੱਗਦੀ ਸੀ ਕਿ ਵਹੀਰ ਦੇ ਐਨ ਵਿਚਕਾਰ ਪੁੱਜ ਕੇ ਇਤਨਾ ਵੱਡਾ ਕਤਲੇਆਮ ਕੀਤਾ ਜਾਏ ਕਿ ਫੇਰ ਸਿੱਖ ਉਠਣ ਜੋਗੇ ਨਾ ਰਹਿਣ। ਅਬਦਾਲੀ ਦੀ ਚਾਲ ਸਮਝ ਕੇ ਸਿੱਖਾਂ ਦੀ ਜਥੇਬੰਦੀ ਪੱਕੀ ਕਰ ਲਈ। ਸਾਰੇ ਜਥੇ, ਭੰਗੀ, ਘਨੱਈਏ, ਸ਼ੁਕਰਚਕੀਏ, ਡਲੇਵਾਲੀਏ, ਸ਼ਹੀਦ, ਕਰੋੜੀਏ, ਰਾਮਗੜ੍ਹੀਏ, ਨਿਸ਼ਾਨਵਾਲੀਏ ਸਰਦਾਰ ਇਕੱਠੇ ਹੋ ਗਏ ਅਤੇ ਨਵੀਂ ਵਿਉਂਤ ਨਾਲ ਲੜਨ ਲੱਗੇ। ਅਚਾਨਕ ਹਮਲੇ ’ਤੇ ਫਿਰ ਲਗਾਤਾਰ ਹਮਲਿਆਂ ਵਿਚਕਾਰ ਜਿਸ ਤਰ੍ਹਾਂ ਸਿੱਖ ਸਰਦਾਰਾਂ ਨੇ ਆਪਣੇ ਆਪ ਨੂੰ ਬਚਾਇਆ, ਉਹ ਜੰਗੀ ਇਤਿਹਾਸ ਵਿਚ ਇੱਕ ਅਮਿੱਟ ਯਾਦਗਾਰ ਹੈ। ਜਿਸ ਪਾਸੇ ਸਿੰਘ ਦੌੜ ਕੇ ਪੈਂਦੇ ਸਨ, ਉਸ ਪਾਸਿਉਂ ਦੁਸ਼ਮਣਾਂ ਦਾ ਤਕਰੀਬਨ ਖ਼ਾਤਮਾ ਹੀ ਹੋ ਜਾਂਦਾ ਸੀ।

ਸਰਦਾਰ ਜੱਸਾ ਸਿੰਘ ਆਹਲੂਵਾਲੀਏ, ਸਰਦਾਰ ਸਿਆਮ ਸਿੰਘ ਅਤੇ ਸਰਦਾਰ ਚੜ੍ਹਤ ਸਿੰਘ ਸ਼ੁਕਰਚਕੀਏ ਨੇ ਤਗੜੇ ਹੱਥ ਦਿਖਾਏ। ਸਰਦਾਰ ਜੱਸਾ ਸਿੰਘ ਆਹਲੂਵਾਲੀਆ ਤਾਂ ਕਈ ਵਾਰ ਮੌਤ ਦੇ ਮੂੰਹ ਤੋਂ ਮਸਾਂ ਬਚੇ। ਆਪ ਨੂੰ ਲਹੂ-ਲੁਹਾਨ ਦੇਖ ਕੇ ਅੰਗ-ਪਾਲਕ ਭਾਈ ਗੁਰਮੁਖ ਸਿੰਘ ਨੇ ਘੋੜੇ ਨੂੰ ਅੱਡੀ ਲਗਾ ਕੇ ਪਾਸੇ ਕਰਾਉਣ ਲਈ ਚਾਬਕ ਚੁੱਕਿਆ ਹੀ ਸੀ ਕਿ ਜ਼ੁਰਅੱਤ ਦੀ ਮੂਰਤ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਨੇ ਉੱਚੀ ਆਵਾਜ਼ ਦੇ ਕੇ ਕਿਹਾ “ਐਸੇ ਜੀਵਨ ਨਾਲੋਂ ਮਰਨਾ ਚੰਗਾ ਹੈ”। ਸਰਦਾਰ ਜੱਸਾ ਸਿੰਘ ਆਹਲੂਵਾਲੀਏ ਨੂੰ ਸਰੀਰ ’ਤੇ 22 ਜ਼ਖ਼ਮਾਂ ਤੇ ਸਰਦਾਰ ਚੜ੍ਹਤ ਸਿੰਘ ਸ਼ੁਕਰਚਕੀਏ ਨੂੰ 19 ਜ਼ਖ਼ਮ ਆਏ। ਸਰਦਾਰ ਜੱਸਾ ਸਿੰਘ ਲਹੂ ਲੁਹਾਨ ਹੋਏ ਲੜ ਰਹੇ ਸਨ। ਕਹਿੰਦੇ ਹਨ ਕਿਸੇ ਸਰਦਾਰ ਚੜ੍ਹਤ ਸਿੰਘ ਨੂੰ ਕਿਹਾ ਕਿ ਤੂੰ ਤਾਂ ਕਹਿੰਦਾ ਸੈਂ ਕਿ ਅਬਦਾਲੀ ਦਾ ਸਿੱਧਾ ਟਾਕਰਾ ਕਰਾਂਗਾ। ਹੁਣ ਇੱਥੇ ਕੀ ਕਰਦਾ ਹੈਂ! ਇਤਨਾ ਸੁਣਦੇ ਹੀ ਉਨ੍ਹਾਂ ਘੋੜਾ ਅਬਦਾਲੀ ਵੱਲ ਵਧਾ ਦਿੱਤਾ। ਸਰਦਾਰ ਚੜ੍ਹਤ ਸਿੰਘ ਨੇ ਜਿਸ ਬਹਾਦਰੀ ਨਾਲ ਵਹੀਰ ਦੇ ਅਨੇਕ ਸਿੱਖਾਂ ਨੂੰ ਬਚਾਇਆ, ਉਸ ਦੀ ਸਾਰੇ ਪੰਥ ਨੇ ਉਪਮਾ ਤੇ ਵਡਿਆਈ ਕੀਤੀ। ਜਦ ਘੋੜਾ ਥੱਕ ਜਾਂਦਾ, ਸਰਦਾਰ ਚੜ੍ਹਤ ਸਿੰਘ ਜੀ ਨਵਾਂ ਬਦਲ ਲੈਂਦੇ। ਪੰਜ ਘੋੜੇ ਸਦਾ ਨਾਲ ਰੱਖਦੇ। ਜਿੱਥੇ ਵੀ ਲਲਕਾਰ ਪੈਂਦੀ, ਸੁਣ ਕੇ ਫੱਟ ਘੋੜਾ ਦੁੜਾ ਉੱਥੇ ਪੁੱਜਦੇ। ਕਿਸੇ ਜ਼ਖ਼ਮੀ ਨੂੰ ਬੇਲੇ ’ਤੇ ਪਾ ਆਉਂਦੇ, ਕਿਸੇ ਫੱਟੜ ਸਿੰਘ ਨੂੰ ਪਿੱਠ ’ਤੇ ਚੁੱਕ ਕੇ ਸੁਰੱਖਿਅਤ ਥਾਂ ਪਹੁੰਚਾ ਫਿਰ ਆ ਜੂਝਦੇ। ਕਿਸੇ ਸਿੰਘ ਨੂੰ ਚੰਗਾ ਹੱਥ ਦਿਖਾਂਦੇ ਦੇਖ ਹੱਲਾ-ਸ਼ੇਰੀ ਦੇ ਕੇ ਹੋਰ ਅੱਗੇ ਨਿਕਲ ਜਾਂਦੇ। ਬਸਤਰ ਸਾਰੇ ਲਹੂ ਨਾਲ ਭਰ ਗਏ ਸਨ। ਜਿਵੇਂ ਹੁਣੇ ਹੀ ਹੋਲੀ ਖੇਡ ਕੇ ਆਏ ਹੋਣ।

ਸਾਰੇ ਪੰਥ ਨੇ ਸਰਦਾਰ ਚੜ੍ਹਤ ਸਿੰਘ ਜੀ ਦੀ ਇਤਨੀ ਉਪਮਾ ਕੀਤੀ ਕਿ ਅਸੀਸਾਂ ਦੇਣ ਕਿ “ਪਾਤਸ਼ਾਹੀ ਕਰੈਂ, ਲਾਹੌਰ ਮਾਰੈਂ, ਮੁਲਤਾਨ ਕਬਜ਼ਾ ਆਵੈ। ਕਸ਼ਮੀਰ ਕਾਬਲ ਤੱਕ ਹੁਕਮ ਚਲੇ”। ਦੁਰਾਨੀ ਵੀ ਪੂਰੇ ਜ਼ੋਰਾਂ ਨਾਲ ਹਮਲਾ ਕਰ ਰਹੇ ਸਨ। ਅਬਦਾਲੀ ਦੀਆਂ ਫੌਜਾਂ ਦਾ ਇੱਕੋ ਹੀ ਨਿਸ਼ਾਨਾ ਸੀ ਕਿ ਸਿੰਘਾਂ ਦੀ ਫੌਜ ਨੂੰ ਚੀਰ ਕੇ ਸਾਰੇ ਵਹੀਰ ਨੂੰ ਸ਼ਹੀਦ ਕਰ ਦਿੱਤਾ ਜਾਵੇ। ਇਸ ਦੌਰਾਨ ਵਿਚ ਵਹੀਰ ਪੰਜ ਕੁ ਮੀਲ ਚੱਲ ਚੁੱਕਿਆ ਸੀ। ਇਸ ਘੱਲੂਘਾਰੇ ਵਿਚ ਹੁਸੈਨ ਸ਼ਾਹੀ, ਤਾਰੀਖ਼ੇ ਅਹਿਮਦ, ਸੋਹਣ ਲਾਲ, ਅਲੀ-ਉਦ-ਦੀਨ ਤੇ ਭਾਈ ਰਤਨ ਸਿੰਘ ਦੇ ਕਥਨ ਅਨੁਸਾਰ ਤੀਹ ਹਜ਼ਾਰ ਸਿੰਘ ਸ਼ਹੀਦ ਹੋਏ।

ਇਸ ਸਾਰੀ ਘਟਨਾ ਨੂੰ ਸਿੱਖ ਇਤਿਹਾਸ ਵਿਚ ਵੱਡਾ ਘੱਲੂਘਾਰਾ ਆਖ ਕੇ ਯਾਦ ਕੀਤਾ ਜਾਂਦਾ ਹੈ। ਛੋਟਾ ਘੱਲੂਘਾਰਾ ਜੂਨ, 1746 ਨੂੰ ਯਾਹੀਆ ਖ਼ਾਨ ਤੇ ਲਖਪਤ ਰਾਇ ਨੇ ਕੀਤਾ ਸੀ। ਛੋਟੇ ਘੱਲੂਘਾਰੇ ਵਿਚ 10 ਹਜ਼ਾਰ ਦੇ ਕਰੀਬ ਸਿੰਘ ਸ਼ਹੀਦ ਹੋਏ ਸਨ। ਇਸ ਘੱਲੂਘਾਰੇ ਵਿਚ, ਇਤਿਹਾਸਕਾਰ ਹੁਸੈਨ ਸ਼ਾਹੀ, ਤਾਰੀਖ਼ੇ ਅਹਿਮਦ, ਸੋਹਣ ਲਾਲ, ਅਲੀ-ਉਦ-ਦੀਨ ਤੇ ਭਾਈ ਰਤਨ ਸਿੰਘ ਦੇ ਕਥਨ ਅਨੁਸਾਰ ਤੀਹ ਹਜ਼ਾਰ ਸਿੰਘ ਸ਼ਹੀਦ ਹੋਏ। ਸਿੱਖ ਕੌਮ ਉੱਤੇ ਇਹ ਇੱਕ ਨਾ ਮਿਟਣ ਵਾਲੀ ਸੱਟ ਸੀ। ਅੱਧੀ ਕੌਮ ਇੱਕ ਦਿਨ ’ਚ ਸ਼ਹੀਦ ਹੋ ਗਈ ਪਰ ਸੰਸਾਰ ਨੇ ਹੈਰਾਨੀ ਨਾਲ ਪੜ੍ਹਿਆ ਅਤੇ ਇਤਿਹਾਸਕਾਰਾਂ ਲਿਖਿਆ ਕਿ ਸਿੱਖ ਨਾ ਸਿਰਫ਼ ਚੜ੍ਹਦੀ ਕਲਾ ਵਿਚ ਰਹੇ, ਸਗੋਂ ਸ਼ੁਕਰ ਕੀਤਾ।


ਖੁਸ਼ਖਬਰੀ ਖੁਸ਼ਖਬਰੀ ਖੁਸ਼ਖਬਰੀ



Dr. Bindra Clinic

Dental Care & Hair Transplant

COSMETIC - IMPLANT - RESTORATIVE



ਐੱਨ.ਆਰ.ਆਈ. ਵੀਰ ਜਦੋਂ ਵੀ ਪੰਜਾਬ ਆਉਣ ਤਾਂ ਵਾਜ਼ਿਬ ਰੇਟਾਂ ’ਤੇ ਆਪਣੇ ਦੰਦਾਂ ਦਾ ਇਲਾਜ ਅਤੇ ਹੇਅਰ ਟਰਾਂਸਪਲਾਂਟ ਕਰਾਓ।



Dr. Simranpal Singh Bindra
M.D.S, Endodontist

HIG Flat No. 4, Ground Floor, Rajguru Nagar, Ludhiana
+91-95420-00009, 87109-00001
dr.simranpalsingh@yahoo.in



Dr. Samarpan Kaur
B.D.S, M.H.M

Editorial Board

Chief Editor
Gurjatinder Singh Randhawa

Sub Editors
Sandeep Kumar
Amit Saini

Distributor
Jai Singh

Website
Nikhil

Punjab Mail USA
9883 Novara Way,
Elk Grove, CA 95757
Ph: 916-320-9444
Fax : 916-209-8726
Email : punjabmailusa@yahoo.com
web : www.punjabmailusa.com

Punjab Mail USA News Paper and Staff Associated with. it are not responsible for any claims made by the advertisers and do not endorse any product or advertised in the Punjab Mail. All concerns are advised to Consult the Attorney at Law. All Disputes to Sacramento Jurisdiction.
ਲੇਖਕ ਦੇ ਵਿਚਾਰਾਂ ਨਾਲ ਪੰਜਾਬ ਮੇਲ ਦੇ ਸੰਪਾਦਕ ਅਤੇ ਇਸ ਦੇ ਸਟਾਫ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

## 10 ਫ਼ਰਵਰੀ ਸ਼ਹੀਦੀ ’ਤੇ ਵਿਸ਼ੇਸ਼ ਲੇਖ

# ਸ਼ਾਮ ਸਿੰਘ ਅਟਾਰੀ ਵਾਲਾ

ਸੁਖਵਿੰਦਰ ਸਿੰਘ ਮੁੱਲਾਂਪੁਰ
99141-84794
(Punjab Mail USA)



ਮਹਾਰਾਜਾ ਰਣਜੀਤ ਸਿੰਘ ਦੇ ਰਾਜ ਵਿਚ ਜਦ ਜਰਨੈਲਾਂ ਦੀ ਗੱਲ ਹੁੰਦੀ ਹੈ, ਤਾਂ ਸ਼ਾਮ ਸਿੰਘ ਅਟਾਰੀ ਵਾਲੇ ਦਾ ਨਾਮ ਬੜੇ ਮਾਣ ਨਾਲ ਲਿਆ ਜਾਂਦਾ ਹੈ। ਇਸ ਦਾ ਜਨਮ ਪਿਤਾ ਭਾਈ ਨਿਹਾਲ ਸਿੰਘ ਅਤੇ ਮਾਤਾ ਸ਼ਮਸ਼ੇਰ ਕੌਰ ਦੀ ਕੁੱਖੋਂ 1785 ਨੂੰ ਪਿੰਡ ਅਟਾਰੀ ਵਿਖੇ ਹੋਇਆ। ਇਨ੍ਹਾਂ ਦੇ ਵੱਡੇ ਵਡੇਰੇ ਦਾ ਨਾਮ ਕਾਹਨ ਚੰਦ ਸੀ। ਇਨ੍ਹਾਂ ਦਾ ਖ਼ਾਨਦਾਨ ਜੈਸਲਮੇਰ ਦੇ ਭੱਟੀ ਰਾਜਪੂਤਾਂ ਨਾਲ ਜੁੜਿਆ ਹੋਇਆ ਹੈ।

ਇਨ੍ਹਾਂ ਦਾ ਖਾਨਦਾਨ 1580 ਨੂੰ ਮਾਲਵੇ ਦੇ ਖੇਤਰ ਫੂਲ ਮਹਿਰਾਜ ਵਿਚ ਅਬਾਦ ਹੋਇਆ, ਫਿਰ ਇਨ੍ਹਾਂ ਲੁਧਿਆਣਾ ਜ਼ਿਲ੍ਹੇ ਵਿਚ ਜਗਰਾਉਂ ਕੋਲ 1735 ਵਿਚ ਕਾਉਂਕੇ ਕਲਾਂ ਪਿੰਡ ਵਸਾਇਆ। ਇੱਥੇ ਦੇ ਦੋ ਭਰਾ ਸਨ ਕੌਰਾ ਅਤੇ ਗੌਰਾ, ਦੋਨੋਂ ਹੀ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਅੰਮ੍ਰਿਤ ਛੱਕ ਕੇ ਸਿੰਘ ਸੱਜ ਗਏ। ਕੌਰਾ ਦਾ ਨਾਮ ਕੌਰ ਸਿੰਘ ਬਣ ਗਿਆ ਗੋਰਾ ਦਾ ਨਾਮ ਗੌਰ ਸਿੰਘ ਬਣ ਗਿਆ।

ਜਿਸ ਥਾਂ ’ਤੇ ਅਟਾਰੀ ਪਿੰਡ ਵਸਿਆ ਹੋਇਆ ਹੈ। ਉਸ ਥਾਂ ’ਤੇ ਪਹਿਲਾਂ ਥੇਹ ਸੀ, ਥੇਹ ’ਤੇ ਮਹੰਤ ਰਹਿੰਦੇ ਸਨ। ਉਨ੍ਹਾਂ ਨੂੰ ਚੋਰਾਂ, ਡਾਕੂਆਂ ਨੇ ਕਈ ਵਾਰ ਲੁੱਟਿਆ। ਡਾਕੂਆਂ ਤੋਂ ਤੰਗ ਆ ਕੇ ਮਹੰਤਾਂ ਨੇ ਦੋਵੇ ਭਰਾਵਾਂ ਕੋਲ ਆਪਣੀ ਰੱਖਿਆ ਦੀ ਬੇਨਤੀ ਕੀਤੀ। ਮਹੰਤਾਂ ਨੇ ਦੋਨੋਂ ਭਰਾਵਾਂ ਨੂੰ ਇੱਥੇ ਤਿੰਨ ਮੰਜ਼ਿਲਾ ਮਕਾਨ ਬਣਾ ਦਿੱਤਾ। ਇਸ ਦਾ ਨਾਮ ਅਟਾਰੀ ਰੱਖ ਦਿੱਤਾ। ਇਹ ਦੋਨੋਂ ਭਰਾ ਕਾਉਂਕੇ ਕਲਾਂ ਤੋਂ ਉੱਠ ਕੇ ਅਟਾਰੀ ਆ ਵਸੇ। ਸ਼ਾਮ ਸਿੰਘ ਅਟਾਰੀ ਗੌਰਾ ਸਿੰਘ ਦਾ ਪੋਤਾ ਸੀ।

ਸ਼ਾਮ ਸਿੰਘ ਅਟਾਰੀ ਵਾਲੇ ਚੰਗੇ ਘੋੜਸਵਾਰ, ਤੀਰ ਅੰਦਾਜ਼ ਤੇ ਤਲਵਾਰ ਦੇ ਧਨੀ ਸਨ। ਇਸ ਕਰਕੇ ਮਹਾਰਾਜਾ ਰਣਜੀਤ ਸਿੰਘ ਦੀ ਫੌਜ ਵਿਚ ਭਰਤੀ ਕਰ ਲਏ ਗਏ। ਸ਼ਾਮ ਸਿੰਘ ਅਟਾਰੀ ਵਾਲੇ ਨੇ ਮੁਲਤਾਨ ਦੀ ਲੜਾਈ ਅਤੇ ਕਸ਼ਮੀਰ ਦੀ ਲੜਾਈ ਵਿਚ ਬਹੁਤ ਬਹਾਦਰੀ ਵਿਖਾਈ। ਮਹਾਰਾਜਾ ਰਣਜੀਤ ਸਿੰਘ ਨੇ ਖੁਸ਼ ਹੋ ਕੇ ਹੀਰਿਆਂ ਭਰੀ ਕਲਗੀ ਅਟਾਰੀ ਵਾਲੇ ਨੂੰ ਇਨਾਮ ਵਜੋਂ ਦਿੱਤੀ।

ਸ਼ਾਮ ਸਿੰਘ ਅਟਾਰੀ ਵਾਲੇ ਦੀ ਪੁੱਤਰੀ ਨਾਨਕੀ ਦੀ ਸ਼ਾਦੀ ਮਹਾਰਾਜਾ ਰਣਜੀਤ ਸਿੰਘ ਦੇ ਪੋਤਰੇ ਕੰਵਰ ਨੌਨਿਹਾਲ ਸਿਘ ਨਾਲ ਕਰ ਦਿੱਤੀ ਗਈ। ਮਹਾਰਾਜਾ ਰਣਜੀਤ ਸਿੰਘ ਦੇ ਰਾਜ ਵਿਚ ਹੀ ਭਾਵੇਂ ਡੋਗਰਿਆਂ ਨੇ ਸਿੱਖ ਰਾਜ ਨੂੰ ਹਜ਼ਮ ਕਰਨ ਦੀਆਂ ਵਿਉਂਤਬੰਦੀਆਂ ਬਣਾਉਣੀਆਂ ਸ਼ੁਰੂ ਕਰ ਦਿੱਤੀਆਂ ਸਨ ਪਰ ਮਹਾਰਾਜਾ ਦਾ ਪ੍ਰਭਾਵ ਇਨਾ ਸੀ, ਡੋਗਰੇ ਚੁੱਪ ਕਰਕੇ ਸਮੇਂ ਦੀ ਉਡੀਕ ਕਰਨ ਲੱਗ ਪਏ। ਮਹਾਰਾਜਾ ਰਣਜੀਤ ਸਿੰਘ ਦੀ ਅੱਖਾਂ ਮੀਟਣ ਦੀ ਦੇਰ ਸੀ, ਮਹਾਰਾਜਾ ਦੇ ਪਰਿਵਾਰ ਦੀ ਆਪਸੀ ਫੁੱਟ ਸ਼ੁਰੂ ਹੋ ਗਈ। ਇਸ ਫੁੱਟ ਵਿਚ ਡੋਗਰਿਆਂ ਦਾ ਹੱਥ ਸੀ। ਡੋਗਰੇ ਨੇ ਸਿੱਖ ਰਾਜ ਨੂੰ ਸਮੇਟਣ ਲਈ ਗੁੱਝੀਆਂ ਚਾਲਾਂ ਚੱਲਣੀਆਂ ਸ਼ੁਰੂ ਕਰ ਦਿੱਤੀਆਂ ਸਨ। ਉਨ੍ਹਾਂ ਦੀਆਂ ਚਾਲਾਂ ਨੂੰ ਜਾਣ ਕੇ ਸ਼ਾਮ ਸਿੰਘ ਅਟਾਰੀ ਵਾਲਾ ਫੌਜ ਦੀ ਨੌਕਰੀ ਛੱਡ ਕੇ ਅਟਾਰੀ ਆ ਗਿਆ।

ਸਭਰਾਵਾਂ ਦੀ ਲੜਾਈ ਤੋਂ ਪਹਿਲਾਂ ਜਿੰਨੀਆਂ ਵੀ ਸਿੱਖ ਫੌਜਾਂ ਦੀਆਂ ਅੰਗਰੇਜ਼ਾਂ ਨਾਲ ਲੜਾਈਆਂ ਹੋਈਆਂ, ਜਿਸ ਤਰਾਂ ਫੇਰੂ ਦੀ ਲੜਾਈ, ਮੁੱਦਕੀ ਦੀ ਲੜਾਈ, ਬੱਦੋਵਾਲ ਤੇ ਆਲੀਵਾਲ ਦੀ ਲੜਾਈ, ਇਨ੍ਹਾਂ ਵਿਚ ਡੋਗਰਿਆਂ ਦੀ ਗੱਦਾਰੀ ਕਾਰਨ ਸਿੱਖ ਫੌਜਾਂ ਦੀ ਹਾਰ ਹੁੰਦੀ ਰਹੀ। ਜਦ ਸਿੱਖ ਫੌਜਾਂ ਦੀ ਵਾਂਗਡੋਰ ਸੰਭਾਲਣ ਵਾਲਾ ਕੋਈ ਵਫ਼ਾਦਾਰ ਜਰਨੈਲ ਨਾ ਰਿਹਾ, ਤਾਂ ਮਹਾਰਾਣੀ ਜਿੰਦ ਕੌਰ ਨੇ ਮਹਾਰਾਜਾ ਰਣਜੀਤ ਸਿੰਘ ਦਾ ਪੁਰਾਣਾ ਮਿੱਤਰ, ਰਿਸ਼ਤੇਦਾਰ ਅਤੇ ਮਹਾਰਾਜੇ ਦੀ ਫੌਜ ਵਿਚ ਰਹਿ ਚੁੱਕਿਆ ਜਰਨੈਲ ਸ਼ਾਮ ਸਿੰਘ ਅਟਾਰੀ ਵਾਲਾ ਨੂੰ ਚਿੱਠੀ ਲਿੱਖ ਭੇਜੀ। ਮਹਾਰਾਣੀ ਜਿੰਦ ਕੌਰ ਨੇ ਉਸ ਵਿਚ ਲਿਖਿਆ, ਲਾਹੌਰ ਦਰਬਾਰ ਸੰਕਟ ਵਿਚ ਘਿਰਿਆ ਹੋਇਆ ਹੈ। ਇਸ ਵੇਲੇ ਸ਼ਾਹੀ ਦਰਬਾਰ ਵਿਚ ਤੁਹਾਡੀ ਖਾਸ ਜ਼ਰੂਰਤ ਹੈ। ਸਿੱਖ ਰਾਜ ਅਤੇ ਮਹਾਰਾਜਾ ਰਣਜੀਤ ਸਿੰਘ ਦੀ ਪੱਗ ਨੂੰ ਸਲਾਮਤ ਰੱਖਣ ਖ਼ਾਤਰ ਤੁਸੀਂ ਜੰਗ ਦੇ ਮੈਦਾਨ ਵਿਚ ਜਾਵੋ, ਉੱਥੇ ਜਾ ਕੇ ਫੌਜ ਦੀ ਵਾਗਡੋਰ ਸੰਭਾਲੋ, ਅੰਗਰੇਜ਼ਾਂ ਨਾਲ ਆਰ-ਪਾਰ ਦੀ ਲੜਾਈ ਲੜੀ ਜਾ ਰਹੀ ਹੈ।



ਚਿੱਠੀ ਪੜ੍ਹ ਕੇ ਸ਼ਾਮ ਸਿੰਘ ਅਟਾਰੀ ਵਾਲੇ ਦਾ ਚੇਹਰਾ ਲਾਲ ਹੋ ਗਿਆ। ਖ਼ੂਨ ਉਬਾਲੇ ਖਾਣ ਲੱਗਾ। ਉਨ੍ਹਾਂ ਨੇ ਅਰਦਾਸ ਕੀਤੀ, ਮੈਂ ਜੰਗ ਜਿੱਤ ਕੇ ਵਾਪਸ ਮੁੜਾਂਗਾ, ਨਹੀਂ ਫਿਰ ਉੱਥੇ ਸ਼ਹੀਦੀ ਪ੍ਰਾਪਤ ਕਰਾਂਗਾ।

ਸ਼ਾਮ ਸਿੰਘ ਅਟਾਰੀ ਵਾਲੇ ਕੋਲ ਕੁਝ ਨਿੱਜੀ ਫੌਜ ਸੀ। ਕੁਝ ਸਿੱਖ ਫੌਜੀ ਸਨ, ਜੋ ਸਿੱਖ ਰਾਜ ਦੀ ਪਾਟੋ-ਧਾੜ ਦੇ ਕਾਰਨ ਘਰੇ ਆ ਬੈਠੇ ਸਨ। ਉਨ੍ਹਾਂ ਨੂੰ ਨਾਲ ਲੈ ਕੇ ਆਪਣੇ ਪਰਿਵਾਰ ਨੂੰ ਫ਼ਤਿਹ ਬੁਲਾ ਕੇ ਸ਼ਾਮ ਸਿੰਘ ਅਟਾਰੀ ਵਾਲਾ 9 ਫ਼ਰਵਰੀ, 1846 ਨੂੰ ਸਭਰਾਵਾਂ ਦੇ ਮੈਦਾਨ ਵਿਚ ਪੁੱਜ ਗਿਆ।

ਅੰਗਰੇਜ਼ ਗਵਰਨਰ ਜਰਨਲ ਲਾਰਡਿੰਗ ਹਾਰਡਿੰਗ ਨੇ ਰਾਜਾ ਗੁਲਾਬ ਸਿੰਘ ਨੂੰ ਮਿਲਣ ਵਾਸਤੇ ਸੱਦਾ ਭੇਜਿਆ। ਉਹ ਤੇਜ਼ ਸਿੰਘ ਤੇ ਲਾਲ ਸਿੰਘ ਫੌਜ ਦੇ ਕਮਾਂਡਰਾਂ ਨੂੰ ਨਾਲ ਲੈ ਕੇ ਲਾਰਡ ਹਾਰਡਿੰਗ ਨੂੰ ਜਾ ਮਿਲਿਆ। ਉਸ ਨਾਲ ਲਿਖਤੀ ਸਮਝੌਤਾ ਹੋਇਆ, ਤੂੰ ਬਿਨ੍ਹਾਂ ਲੜਾਈ ਤੋਂ ਸਿੱਖਾਂ ਦੀ ਹਾਰ ਮੰਨਵਾ ਦੇ, ਤੈਨੂੰ ਜਿੱਤ ਕੇ ਸਿੱਖ ਰਾਜ ਵਿਚੋਂ ਜੰਮੂ-ਕਸ਼ਮੀਰ ਦਾ ਮਾਲਕ ਬਣਾ ਦੇਵਾਂਗੇ, ਤੇਜ ਸਿੰਘ ਨੇ ਨੌਂ ਫ਼ਰਵਰੀ ਦੀ ਸ਼ਾਮ ਨੂੰ ਅਟਾਰੀ ਵਾਲੇ ਨੂੰ ਆ ਕੇ ਕਿਹਾ, ਤੁਸੀਂ ਅੰਗਰੇਜ਼ਾਂ ਨਾਲ ਲੜਾਈ ਨਾ ਲੜੋ! ਅੰਗਰੇਜ਼ਾਂ ਕੋਲ ਬਹੁਤ ਸਾਰੀ ਸੈਨਾ ਅਤੇ ਬਰੂਦ ਪਹੁੰਚ ਚੁੱਕਿਆ ਹੈ, ਐਵੇਂ ਜਾਨਾਂ ਨਾ ਗਵਾਓ, ਇਹ ਲੜਾਈ ਅੰਗਰੇਜ਼ਾਂ ਨੇ ਜਿੱਤ ਲੈਣੀ ਹੈ।

ਸ਼ਾਮ ਸਿੰਘ ਅਟਾਰੀ ਵਾਲੇ ਨੇ ਤੇਜ਼ ਸਿੰਘ ਨੂੰ ਕਿਹਾ, ਮੈਂ ਸੌਂਹ ਖਾ ਕੇ ਅਟਾਰੀ ਤੋਂ ਤੁਰਿਆ ਹਾਂ, ਇਕ ਸਿਰਾ ਕਰਕੇ ਹੀ ਹਟਾਂਗਾ। ਇਹ ਸੁਣ ਸਿੱਖ ਫੌਜਾਂ ਵਿਚ ਜੋਸ਼ ਭਰ ਗਿਆ, ਉਹ ਵੀ ਲੜਾਈ ਲੜਨ ਲਈ ਤਿਆਰ ਹੋ ਗਈਆਂ।

10 ਫ਼ਰਵਰੀ, 1846 ਨੂੰ ਦਿਨ ਚੜ੍ਹਦੇ ਨਾਲ ਅੰਗਰੇਜ਼ਾਂ ਨੇ ਸਿੱਖ ਫ਼ੌਜਾਂ ’ਤੇ ਤੋਪਾਂ ਨਾਲ ਗੋਲਿਆਂ ਦੀ ਵਰਖਾ ਸ਼ੁਰੂ ਕਰ ਦਿੱਤੀ। ਸਿੱਖਾਂ ਨੇ ਸਤਲੁਜ ਦਰਿਆ ਦੇ ਨਾਲ ਢਾਈ ਮੀਲ ਲੰਬੀ ਮੋਰਚਾ ਬੰਦੀ ਕਰ ਲਈ ਸੀ। ਸਿੱਖਾਂ ਨੇ ਆਪਣੀਆਂ ਤੋਪਾਂ ਵਿਚੋਂ ਬਰੂਦ ਦੇ ਗੋਲੇ ਅੰਗਰੇਜ਼ਾਂ ਵੱਲ ਖੋਲ੍ਹ ਦਿੱਤੇ, ਤਿੰਨ ਘੰਟੇ ਦੀ ਜ਼ਬਰਦਸਤ ਲੜਾਈ ਹੋਣ ਪਿੱਛੋਂ ਨਾ ਸਿੱਖ ਫੌਜ ਪਿੱਛੇ ਹਟੀ, ਨਾ ਅੰਗਰੇਜ਼ ਫੌਜ ਪਿੱਛੇ ਹਟੀ।

ਪਿਛਲੀਆਂ ਚਾਰ ਲੜਾਈਆਂ ਵਿਚ ਅੰਗਰੇਜ਼ ਸਿੱਖਾਂ ਦੀ ਬਹਾਦਰੀ ਦੇ ਕਾਰਨਾਮੇ ਵੇਖ ਚੁੱਕੇ ਸਨ, ਜੋ ਪਲਟਣਾ ਸਿੱਖ ਰਾਜ ਨਾਲ ਪਹਿਲਾਂ ਨਹੀ ਲੜੀਆਂ ਸਨ, ਉਹ ਚਾਰ ਪਲਟਣਾਂ ਨੂੰ ਸਰ ਰਾਬਰਟ ਡਿੱਕ ਨੇ ਆਪਣੇ ਨਾਲ ਲੈ ਕੇ ਲਾਲ ਸਿੰਘ ਨੇ ਜਿਵੇਂ ਮੁਖ਼ਬਰੀ ਕਰਕੇ ਅਗਰੇਜ਼ਾਂ ਨੂੰ ਦੱਸਿਆ ਸੀ, ਉਸ ਮੁਤਾਬਕ ਦੱਖਣੀ ਹਿੱਸੇ ’ਤੇ ਹੱਲਾ ਬੋਲ ਦਿੱਤਾ। ਤੋਪਾਂ ਦੀ ਮਾਰ ਨੇ ਬਾਹੀ ਵਿਚ ਪਾੜ ਪਾ ਦਿੱਤਾ। ਸਿੱਖ ਵੀ ਘੱਟ ਨਹੀਂ ਸਨ, ਉਨ੍ਹਾਂ ਨੇ ਤੋਪਾਂ ਦੇ ਅਜਿਹੇ ਗੋਲੇ ਛੱਡੇ, ਰਾਬਰਟ ਡਿੱਕ ਨੂੰ ਜ਼ਖ਼ਮੀ ਹੋ ਕੇ ਪਿੱਛੇ ਮੁੜਨਾ ਪਿਆ।

ਇੰਨੇ ਚਿਰ ਨੂੰ ਉੱਥੇ ਸ਼ਾਮ ਸਿੰਘ ਅਟਾਰੀ ਵਾਲਾ ਵੀ ਪਹੁੰਚ ਗਿਆ। ਜਦ ਲਾਲ ਸਿੰਘ ਤੇ ਤੇਜ਼ ਸਿੰਘ ਨੇ ਦੇਖਿਆ, ਟੱਕਰ ਫਸਵੀਂ ਚੱਲ ਰਹੀ ਹੈ, ਇਸ ਤਰ੍ਹਾਂ ਸਿੱਖਾਂ ਦੀ ਹਾਰ ਕਿਸ ਤਰ੍ਹਾਂ ਹੋਵੇਗੀ? ਇੱਥੇ ਸ਼ਾਮ ਸਿੰਘ ਅਟਾਰੀ ਵਾਲਾ ਵੀ ਪਹੁੰਚ ਚੁੱਕਿਆ ਹੈ, ਤਾਂ ਲਾਲ ਸਿੰਘ ਆਪਣੀ ਫੌਜ ਸਣੇ ਉਥੋਂ ਭੱਜ ਪਿਆ, ਥੋੜ੍ਹੇ ਚਿਰ ਬਾਅਦ ਤੇਜ਼ ਸਿੰਘ ਵੀ ਆਪਣੀ ਛੇ ਹਜ਼ਾਰ ਫੌਜ਼ਾਂ ਨੂੰ ਨਾਲ ਲੈ ਕੇ ਭੱਜ ਪਿਆ, ਲਾਲ ਸਿੰਘ ਜਾਂਦਾ ਹੋਇਆ ਇੱਕ ਹੋਰ ਮਾੜਾ ਕੰਮ ਕਰ ਗਿਆ, ਜੋ ਬਾਰੂਦ ਦੀਆਂ ਬੇੜੀਆਂ ਸਨ, ਉਹ ਵੀ ਦਰਿਆ ਵਿਚ ਸੁੱਟ ਗਿਆ। ਸਿੱਖਾਂ ਨੇ ਜੋ ਪੁੱਲ ਦਰਿਆ ਦੇ ਉੱਪਰ ਬਾਰੂਦ ਅਤੇ ਰਾਸ਼ਨ ਪਾਣੀ ਲਿਆਉਣ ਲਈ ਬਣਾਇਆ ਸੀ, ਉਸ ਦੀ ਰਾਖੀ ਤੇਜ਼ ਸਿੰਘ ਕਰ ਰਿਹਾ ਸੀ, ਤੇਜ਼ ਸਿੰਘ ਜਾਂਦਾ ਹੋਇਆ ਤੋਪਾਂ ਦੇ ਗੋਲਿਆਂ ਨਾਲ ਪੁੱਲ ਤੋੜ ਗਿਆ। ਸਤਲੁਜ ਦਰਿਆ ਤੋਂ ਪਾਰ ਗੁਲਾਬ ਸਿੰਘ ਇਨ੍ਹਾਂ ਨੂੰ ਉਡੀਕ ਰਿਹਾ ਸੀ, ਇਹ ਉਸ ਨਾਲ ਚਲੇ ਗਏ।

ਦੂਰ ਮਾਰ ਕਰਨ ਵਾਲੀਆਂ ਤੋਪਾਂ ਜੋ ਦਰਿਆ ਦੇ ਪਿਛਲੇ ਪਾਸੇ ਬੀੜੀਆਂ ਹੋਈਆਂ ਸਨ, ਉਨ੍ਹਾਂ ਨੂੰ ਚਲਾਉਣ ਵਾਸਤੇ ਮੁਸਲਮਾਨ ਖੜ੍ਹੇ ਸਨ। ਮੁਸਲਮਾਨ ਵੀ ਤੋਪਾਂ ਦਾ ਮੂੰਹ ਉੱਪਰ ਕਰਕੇ ਚਲਾਉਂਦੇ, ਤਾਂ ਕਿ ਕੋਈ ਗੋਲਾ ਅੰਗਰੇਜ਼ਾਂ ਦੇ ਨਾ ਲੱਗੇ, ਇਹ ਗੋਲੇ ਅੰਗਰੇਜ਼ਾਂ ਦੇ ਉੱਪਰ ਦੀ ਜਾ ਕੇ ਪਿਛਲੇ ਪਾਸੇ ਡਿੱਗਦੇ।

ਜਦ ਸਿੱਖ ਫੌਜ ਦੇ ਗਦਾਰ ਜਰਨੈਲ ਦੁਸ਼ਮਣਾਂ ਨਾਲ ਰੱਲ ਕੇ ਭੱਜ ਗਏ, ਫਿਰ ਜਿੱਤ ਦੀ ਆਸ ਕਿਸ ਤੋਂ ਰੱਖੀ ਜਾ ਸਕਦੀ ਸੀ? ਸਿੱਖ ਫੌਜਾਂ ਨੂੰ ਕਮਾਂਡਰ ਦੀ ਘਾਟ ਆ ਗਈ। ਸਿਖਾਂ ਕੋਲ ਬਰੂਦ ਮੁੱਕ ਚੱਲਿਆ ਸੀ, ਜਦ ਨਵੀਆਂ ਬਰੂਦ ਦੀਆਂ ਪੇਟੀਆਂ ਖੋਲ੍ਹੀਆਂ, ਉਨ੍ਹਾਂ ਵਿਚੋਂ ਰੇਤ ਅਤੇ ਸਰ੍ਹੋਂ ਦੇ ਦਾਣੇ ਨਿਕਲਣੇ ਸ਼ੁਰੂ ਹੋ ਗਏ, ਸਿੱਖ ਕੀ ਕਰਦੇ? ਅੰਗਰੇਜ਼ ਫੌਜ ਸਿੱਖਾਂ ਦੇ ਮੋਰਚਿਆਂ ਵਿਚ ਤਿੰਨ ਥਾਵਾਂ ’ਤੇ ਦਾਖਲ ਹੋ ਗਈ, ਫਿਰ ਦਿਲ ਛੱਡ ਚੁੱਕੇ ਸਿੱਖ ਖਿਲਰਨੇ ਸ਼ੁਰੂ ਹੋ ਗਏ। ਸਿੱਖਾਂ ਕੋਲ ਸ਼ਹੀਦ ਹੋਣ ਤੋਂ ਬਿਨਾਂ ਕੋਈ ਹੋਰ ਚਾਰਾ ਨਹੀਂ ਰਹਿ ਗਿਆ ਸੀ। ਦਰਿਆ ਦਾ ਪੁਲ ਤੋੜਿਆ ਹੋਣ ਕਰਕੇ ਸਿੱਖ ਪਿੱਛੇ ਵੀ ਨਹੀਂ ਮੁੜ ਸਕਦੇ ਸਨ।

ਸ਼ਾਮ ਸਿੰਘ ਅਟਾਰੀ ਵਾਲੇ ਦਾ ਚਿੱਟਾ ਸਫ਼ੈਦ ਦਾੜ੍ਹਾ, ਚਿੱਟੀ ਸਫ਼ੈਦ ਪੱਗ, ਥੱਲੇ ਚਿੱਟਾ ਘੋੜਾ, ਉਸ ਨੇ ਅੰਗਰੇਜ਼ਾਂ ਮੂਹਰੇ ਹਥਿਆਰ ਸੁੱਟ ਕੇ ਈਨ ਮੰਨ ਕੇ ਬੇ-ਗੈਰਤਾਂ ਵਾਲੀ ਮੌਤ ਮਰਨ ਨਾਲੋਂ ਲੜਾਈ ਲੜ ਕੇ ਹੀ ਮਰਨਾ ਠੀਕ ਸਮਝਿਆ। ਸ਼ਾਮ ਸਿੰਘ ਅਟਾਰੀ ਵਾਲੇ ਨੇ ਸਿੱਖਾਂ ਨੂੰ ਜੋਸ਼ ਭਰੇ ਲਹਿਜ਼ੇ ਨਾਲ ਕਿਹਾ, ਹੁਣ ਆਖਰੀ ਹਥਿਆਰ ਗੁਰੂ ਗੋਬਿੰਦ ਸਿੰਘ ਜੀ ਦੀ ਬਖਸ਼ਿਸ਼ ਕੀਤੀ ਹੋਈ ਤਲਵਾਰ ਹੀ ਹੈ। ਇਸ ਨੂੰ ਮਿਆਨ ਵਿਚੋਂ ਧੂਹ ਲਵੋ! ਸ਼ਾਮ ਸਿੰਘ ਅਟਾਰੀ ਵਾਲੇ ਦੇ ਕਹਿਣ ’ਤੇ ਸਿੱਖਾਂ ਨੇ ਮਿਆਨਾਂ ਵਿਚੋਂ ਤਲਵਾਰਾਂ ਕੱਢ ਲਈਆਂ। ਹੱਲਾਸ਼ੇਰੀ ਵਿਚ ਹੋ ਕੇ ਜੈਕਾਰੇ ਛੱਡਦੇ ਵੈਰੀਆਂ ’ਤੇ ਢਹਿ ਪਏ।

ਸ਼ਾਮ ਸਿੰਘ ਅਟਾਰੀ ਵਾਲੇ ਨੇ 50 ਨੰਬਰ ਪਲਟਨ ’ਤੇ ਹੱਲਾ ਬੋਲ ਦਿੱਤਾ। ਅੰਗਰੇਜ਼ਾਂ ਨੇ ਵੀ ਤੋਪਾਂ ਦੇ ਮੂੰਹ ਖੋਲ੍ਹ ਦਿੱਤੇ। ਸ਼ਾਮ ਸਿੰਘ ਅਟਾਰੀ ਵਾਲਾ ਤਲਵਾਰ ਨਾਲ ਹੱਥੋਂ-ਹੱਥੀਂ ਲੜਦਾ ਵੈਰੀਆਂ ਨੂੰ ਮੌਤ ਦੇ ਲੜ ਲਾਉਂਦੇ ਨੇ ਅੰਗਰੇਜ਼ ਜਰਨੈਲ ਸਰ ਰਾਬਰਟ ਡਿਕ ਨੂੰ ਮਾਰ ਦਿੱਤਾ। ਫਿਰ ਵੈਰੀਆਂ ਨੇ ਚਾਰੇ ਪਾਸੇ ਤੋਂ ਰਲ ਕੇ ਸ਼ਾਮ ਸਿੰਘ ਅਟਾਰੀ ਵਾਲੇ ਨੂੰ ਘੇਰਾ ਪਾ ਲਿਆ। ਉਹ ਸੂਰਮਾਂ ਸੱਤ ਗੋਲੀਆਂ ਖਾ ਕੇ ਦੁਸ਼ਮਣਾਂ ਦਾ ਟਾਕਰਾ ਕਰਦਾ ਹੋਇਆ ਘੋੜੇ ਤੋਂ ਥੱਲੇ ਡਿੱਗਦੇ ਸਾਰ ਹੀ ਸ਼ਹੀਦੀ ਪਾ ਗਿਆ। ਸਰਦਾਰ ਮੇਵਾ ਸਿੰਘ ਤੇ ਸਰਦਾਰ ਜੈਮਲ ਸਿੰਘ ਨਿਹੰਗ ਵੀ ਨਾਲ ਹੀ ਸ਼ਹੀਦ ਹੋ ਗਏ। ਇਹ ਸਿੱਖ ਰਾਜ ਦੀ ਅੰਗਰੇਜ਼ਾਂ ਨਾਲ ਅਖ਼ੀਰਲੀ ਲੜਾਈ ਸੀ, ਜੋ ਡੋਗਰਿਆਂ ਦੇ ਧੋਖੇ ਨਾਲ ਅੰਗਰੇਜ਼ਾਂ ਨੇ ਦੁਪਿਹਰ ਤੱਕ ਜਿੱਤ ਲਈ। ਇਸ ਲੜਾਈ ਦੀ ਹਾਰ ਨਾਲ ਸਿੱਖ ਰਾਜ ਦਾ ਸੂਰਜ ਸਦਾ ਲਈ ਡੁੱਬ ਗਿਆ। ਸ਼ਾਹ ਮਹੁੰਮਦ ਨੇ ਲਿਖਿਆ

‘ਸ਼ਾਹ ਮੁਹੰਮਦਾ ਇਕ ਸਰਕਾਰ ਬਾਝੋਂ,
ਫੌਜਾਂ ਜਿੱਤ ਕੇ ਅੰਤ ਨੂੰ ਹਾਰੀਆਂ ਨੇ’

ਅੰਗਰੇਜ਼ਾਂ ਨੇ ਲੜਾਈ ਦੇ ਮੈਦਾਨ ਵਿਚੋਂ ਸਿਰਫ ਸ਼ਾਮ ਸਿੰਘ ਅਟਾਰੀ ਵਾਲੇ ਦੇ ਮ੍ਰਿਤਕ ਸਰੀਰ ਨੂੰ ਹੀ ਚੁੱਕਣ ਦਿੱਤਾ। ਇਸ ਦਾ ਸਸਕਾਰ ਅਟਾਰੀ ਵਿਖੇ 12 ਫ਼ਰਵਰੀ, 1846 ਨੂੰ ਕੀਤਾ ਗਿਆ। ਇਨ੍ਹਾਂ ਦੀ ਸੁਪਤਨੀ ਬੀਬੀ ਦਾਸਾਂ ਨੂੰ ਨਾਲ ਸਤੀ ਕਰ ਦਿੱਤਾ ਗਿਆ। ਇਨ੍ਹਾਂ ਦੀ ਸਮਾਧ ’ਤੇ 10 ਫ਼ਰਵਰੀ ਨੂੰ ਅਟਾਰੀ ਵਿਖੇ ਸ਼ਹੀਦੀ ਦਿਹਾੜਾ ਮਨਾਇਆ ਜਾਂਦਾ ਹੈ। ਇਸ ਜਰਨੈਲ ਦੀ ਸ਼ਹੀਦੀ ਨਾਲ ਹੀ ਸਿੱਖ ਰਾਜ ਦਾ ਅੰਤ ਹੋ ਗਿਆ। ਸ਼ਹੀਦ ਸ਼ਾਮ ਸਿੰਘ ਅਟਾਰੀ ਵਾਲੇ ਨੂੰ ਸਦਾ ਹੀ ਯਾਦ ਕੀਤਾ ਜਾਂਦਾ ਰਹੇਗਾ।

## ‘ਯਾਦ ਰੱਖਣ ਯੋਗ ਗੱਲਾਂ’

ਹਰਦੀਪ ਸਿੰਘ ਸੋਢੀ ਨਡਾਲਾ
ਫੀਨਿਕਸ 480-794-0325



- ਸ਼ਹਿਰਾਂ ਵਿਚ ਵਗਦੀਆਂ ਤੇਜ਼ ਹਵਾਵਾਂ ਦਾ ਫ਼ਰਕ ਪਤੰਗਾਂ ਨੂੰ ਪੈਂਦਾ ਹੈ, ਬਾਜ਼ਾਂ ਨੂੰ ਨਹੀਂ।
- ਅੰਧਭਗਤੀ ਤੋਂ ਬਚੋ, ਕਿਸੇ ਨੇ ਅੰਧਭਗਤੀ ਦੀ ਤੁਲਣਾ ਇੱਕ ਵਾਟ ਦੇ ਬਲਬ ਨਾਲ ਕੀਤੀ ਹੈ। ਕਹਿੰਦੇ ਹਨ ਇੱਕ ਵਾਟ ਦਾ ਬਲਬ ਬਾਥਰੂਮ ਵਿਚ ਤਾਂ ਲਾਇਆ ਜਾ ਸਕਦਾ ਹੈ ਪਰ ਸਟਡੀ ਰੂਮ ਵਿਚ ਨਹੀਂ।
- ਚੁਗਲੀ ਦੀ ਧਾਰ ਸਰਜੀਕਲ ਬਲੇਡ ਨਾਲੋਂ ਵੀ ਤੇਜ਼ ਹੁੰਦੀ ਹੈ। ਸਰਜੀਕਲ ਬਲੇਡ ਨਾਲ ਲਾਏ ਕੱਟ ਸਿਉਂ ਦਿੱਤੇ ਜਾਂਦੇ ਹਨ, ਜਦਕਿ ਚੁਗਲੀ ਦੀ ਧਾਰ ਨਾਲ ਲਾਏ ਕੱਟ ਤਾਉਮਰ ਹਰੇ ਰਹਿੰਦੇ ਹਨ।
- ਦੀਵੇ ਵਿਚ ਤੇਲ ਪਾ ਕੇ ਬੱਤੀ ਰੱਖ ਦਿਉ, ਓਨੀ ਦੇਰ ਕੁਝ ਨਹੀਂ ਹੁੰਦਾ ਜਿੰਨੀ ਦੇਰ ਤੀਜੇ ਹੱਥ ਅੱਗ ਨਾ ਲਾਉਣ। ਭਲਾ ਮੰਗੀਏ, ਅੱਗ ਰੋਸ਼ਨੀ ਕਰਨ ਲਈ ਲੱਗੇ, ਰਾਖ ਕਰਨ ਲਈ ਨਹੀਂ।
- ਹਰ ਆਦਮੀ ਨੂੰ ਆਪਣੇ ਪਿਤਾ ਵੱਲੋਂ ਦਿੱਤੀਆਂ ਨਸੀਹਤਾਂ ਓਨੀ ਦੇਰ ਬੁਰੀਆਂ ਲੱਗਦੀਆਂ ਹਨ, ਜਿੰਨੀ ਦੇਰ ਉਹ ਖੁਦ ਨਸੀਹਤਾਂ ਦੇਣ ਦੀ ਉਮਰ ਵਿਚ ਨਹੀਂ ਪਹੁੰਚ ਜਾਂਦਾ।
- ਮਹਾਨ ਲੇਖਕ ਓਸ਼ੋ ਨੇ ਲਿਖਿਆ ਸੀ ਅਜੋਕਾ ਇਨਸਾਨ ਕਿੰਨਾ ਨਾਦਾਨ ਹੈ, ਜ਼ਰਾ ਜਿੰਨਾ ਦੁੱਖ ਆਵੇ, ਤਾਂ ਅਟਕ ਜਾਂਦਾ ਹੈ, ਜ਼ਰਾ ਕੁ ਸੁੱਖ ਆਉਣ ’ਤੇ ਭਟਕ ਜਾਂਦਾ ਹੈ।
- ਕੰਮ ਵਿਚ ਕਾਮਯਾਬੀ ਮਿਲੇ ਨਾ ਮਿਲੇ, ਕੰਮ ਕਰਨ ਦੀ ਕੋਸ਼ਿਸ਼ ਜ਼ਰੂਰ ਕਰੋ, ਇਹ ਸੋਚ ਕੇ ਬਹਿ ਨਾ ਜਾਉ ਕਿ ਇਹ ਕੰਮ ਹੋਣਾ ਨਹੀਂ।
- ਸ਼ੀਸ਼ਾ, ਧਾਗਾ ਅਤੇ ਰਿਸ਼ਤਾ ਜਿੰਨਾ ਸਾਂਭ ਕੇ ਰੱਖਿਆ ਜਾਵੇ, ਓਨਾ ਹੀ ਜ਼ਿਆਦਾ ਚੱਲੇਗਾ, ਤਿੰਨੇ ਚੀਜ਼ਾਂ ਝਟਕਾ ਨਹੀਂ ਸਹਿੰਦੀਆਂ।

(Punjab Mail USA)

# ਚੋਣਾਂ ਦੇ ਸਮਿਆਂ 'ਚ, ਸੱਭੋ ਕੁਝ ਜਾਇਜ਼







ਗੁਰਮੀਤ ਸਿੰਘ ਪਲਾਹੀ
# ਮੋਬਾਈਲ : 98158-02070
(Punjab Mail USA)


ਦੇਸ਼ 'ਚ ਚੋਣਾਂ ਦਾ ਮੌਸਮ ਆ ਢੁੱਕਾ ਹੈ। ਦੇਸ਼ ਦੇ ਪ੍ਰਧਾਨ ਮੰਤਰੀ ਨਿੱਤ ਨਵੇਂ ਐਲਾਨ ਹੀ ਨਹੀਂ ਕਰ ਰਹੇ, ਸਗੋਂ ਆਪਣੀ "ਦੋ ਇੰਜਨ" ਸਰਕਾਰ ਵਾਲੇ ਸੂਬਿਆਂ 'ਚ ਜਾ ਕੇ ਨਵੇਂ-ਨਵੇਂ "ਵੱਡ ਅਕਾਰੀ, ਵੱਡ ਕਰੋੜੀ" ਪ੍ਰਾਜੈਕਟਾਂ ਦਾ ਉਦਘਾਟਨ ਕਰ ਰਹੇ ਹਨ ਜਾਂ ਨੀਂਹ ਪੱਥਰ ਰੱਖ ਰਹੇ ਹਨ।

ਅਯੁੱਧਿਆ ਵਿਖੇ ਰਾਮ ਮੰਦਰ 'ਚ ਪ੍ਰਧਾਨ ਮੰਤਰੀ ਵਲੋਂ ਸ਼੍ਰੀ ਰਾਮ ਪ੍ਰਾਣ ਪ੍ਰਤਿਸ਼ਠਾ ਕਰਵਾਈ ਗਈ ਹੈ। ਦੇਸ਼ ਦੀ ਨਾਰੀ ਨੂੰ ਸਮਰਪਿਤ ਬਜ਼ਟ ਦੇਸ਼ ਦੀ ਪਾਰਲੀਮੈਂਟ 'ਚ ਪੇਸ਼ ਕੀਤਾ ਗਿਆ ਹੈ। "ਦੇਸ਼ ਦੀਆਂ ਨਾਰੀਆਂ ਨੂੰ ਹੁਣ ਪਹਿਲਾਂ ਨਾਲੋਂ ਵੱਧ ਮਾਣ-ਤਾਣ ਮਿਲੇਗਾ"। "ਆਯੁਸ਼ਮਾਨ ਭਾਰਤ ਬੀਮਾ ਕਾਰਡ" ਦੀ ਸੁਵਿਧਾ ਤਹਿਤ ਮੁਫ਼ਤ ਇਲਾਜ ਦੇਸ਼ ਦੀਆਂ ਆਸ਼ਾ ਅਤੇ ਆਂਗਨਵਾੜੀ ਵਰਕਰਾਂ (ਜਿਨ੍ਹਾਂ ਨੂੰ ਕੁਝ ਸੈਂਕੜੇ ਮਾਸਿਕ ਤਨਖ਼ਾਹ ਹੀ ਮਿਲਦੀ ਹੈ) ਤੱਕ ਵਧਾ ਦਿੱਤਾ ਗਿਆ ਹੈ। ਰੇਲਵੇ 'ਚ ਸਹੂਲਤਾਂ, ਸਿਹਤ 'ਚ ਸਹੂਲਤਾਂ, ਸਿੱਖਿਆ ਬਜ਼ਟ 'ਚ ਕੁਝ ਵਾਧਾ, ਪਰ ਖੇਤੀਬਾੜੀ ਖੇਤਰ ਦਾ ਬਜ਼ਟ ਘਟਾ ਦਿੱਤਾ ਗਿਆ ਹੈ।

ਦੇਸ਼ ਦੇ ਚੋਣ ਕਮਿਸ਼ਨ 'ਚ ਮੈਂਬਰਾਂ ਦੀਆਂ ਨਿਯੁਕਤੀਆਂ ਦੀ ਪ੍ਰਕਿਰਿਆ ਬਦਲ ਦਿੱਤੀ ਗਈ ਹੈ, ਸਰਕਾਰ ਕੋਲ ਹੁਣ ਇਨ੍ਹਾਂ ਮੈਂਬਰਾਂ ਦੀ ਨਿਯੁਕਤੀ ਦੇ ਵੱਧ ਅਧਿਕਾਰ ਹੋਣਗੇ। ਸਰਕਾਰ ਮੈਂਬਰਾਂ ਦੀ ਨਿਯੁਕਤੀ ਸਮੇਂ ਮਨਮਰਜ਼ੀ ਕਰ ਸਕੇਗੀ। ਦੇਸ਼ ਦੀ ਈ.ਡੀ. ਅਤੇ ਸੀ.ਬੀ.ਆਈ. ਹੋਰ ਤੇਜ਼ ਹੋ ਗਈਆਂ ਹਨ। ਦੇਸ਼ ਦੇ ਵਿਰੋਧੀ ਦਲ ਦੇ ਨੇਤਾਵਾਂ ਨੂੰ ਸ਼ਿਕੰਜੇ 'ਚ ਲਿਆ ਜਾ ਰਿਹਾ ਹੈ। ਝਾਰਖੰਡ ਦੇ ਮੁੱਖ ਮੰਤਰੀ ਅਤੇ ਦਿੱਲੀ ਦੇ ਮੁੱਖ ਮੰਤਰੀ ਨੂੰ ਲਗਾਤਾਰ ਸੰਮਨ ਮਿਲ ਰਹੇ ਹਨ। ਝਾਰਖੰਡ ਦੇ ਮੁੱਖ ਮੰਤਰੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਹੁਣ ਨਿਸ਼ਾਨੇ 'ਤੇ ਹਨ। ਹਰ ਕਿਸਮ ਦੇ ਦਾਅਪੇਚ ਦੇਸ਼ 'ਚ ਰਾਜ ਸ਼ਕਤੀ ਹਥਿਆਉਣ ਲਈ ਭਾਜਪਾ ਹਕੂਮਤ ਵਰਤ ਰਹੀ ਹੈ। ਚੰਡੀਗੜ੍ਹ ਦੀ ਮੇਅਰ ਚੋਣ ਸਮੇਂ ਕਾਂਗਰਸ, ਆਮ ਆਦਮੀ ਪਾਰਟੀ ਦੇ ਸਾਂਝੇ ਬਹੁਮਤ ਹੋਣ ਦੇ ਬਾਵਜੂਦ, ਭਾਜਪਾ ਦਾ ਮੇਅਰ, ਦੋ ਡਿਪਟੀ ਮੇਅਰ ਚੁਣ ਲਏ ਗਏ ਹਨ।

ਪੂਰੇ ਦੇਸ਼ 'ਚ ਗੋਦੀ ਮੀਡੀਆ ਅਤੇ ਸਰਕਾਰੀ ਮੀਡੀਆ ਹਾਕਮਾਂ ਦੀਆਂ ਦਸ ਸਾਲਾਂ ਦੀਆਂ ਪ੍ਰਾਪਤੀਆਂ ਗਿਣਾਉਣ ਲਈ ਪੱਬਾਂ ਭਾਰ ਹੈ। ਨਿਸ਼ਾਨਾ ਬੱਸ ਇਕੋ ਹੈ, ਦੇਸ਼ ਵਿਚ ਸਿਰਫ਼ ਇੱਕ ਪਾਰਟੀ ਰਾਜ ਦੀ ਸਥਾਪਨਾ ਹੋਵੇ। ਵਿਰੋਧੀਆਂ ਦਾ ਖੁਰਾ-ਖੋਜ ਮਿਟਾਉਣ ਲਈ ਭਰਪੂਰ ਯਤਨ ਹੋ ਰਹੇ ਹਨ। ਇੱਕ ਰਾਸ਼ਟਰ, ਇੱਕ ਬੋਲੀ, ਇੱਕ ਚੋਣ! ਬੱਸ ਸਭ ਕੁਝ ਇੱਕੋ ਇੱਕ!

ਚੁੱਪ ਦੇਸ਼ ਦੀ ਵਿਰੋਧੀ ਧਿਰ ਵੀ ਨਹੀਂ ਹੈ। ਗੱਠਜੋੜ ਦੀ ਨੀਤੀ ਅਪਨਾ ਕੇ "ਇੰਡੀਆ" ਸਿਰਜੀ ਗਈ ਹੈ। ਭਾਵੇਂ ਆਪਸੀ ਤਾਲਮੇਲ ਤੇ ਸਹਿਯੋਗ ਦੀ ਘਾਟ ਹੈ। ਫਿਰ ਵੀ ਜਿਥੇ-ਜਿਥੇ ਵੀ ਇੰਡੀਆ ਗੱਠਜੋੜ 'ਚ ਸ਼ਾਮਲ ਸਿਆਸੀ ਪਾਰਟੀਆਂ ਦੀਆਂ ਸਰਕਾਰਾਂ ਹਨ, ਉਨ੍ਹਾਂ ਵਲੋਂ ਵੀ ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਈਆਂ ਜਾ ਰਹੀਆਂ ਹਨ ਜਾਂ ਆਪਣੀਆਂ ਸਰਕਾਰਾਂ "ਕੇਂਦਰੀ ਹਾਕਮਾਂ" ਤੋਂ ਤੋੜੇ ਜਾਣ ਤੋਂ ਬਚਾਈਆਂ ਜਾ ਰਹੀਆਂ ਹਨ। ਕਾਂਗਰਸ ਦੇ ਰਾਹੁਲ ਗਾਂਧੀ ਭਾਰਤ ਯਾਤਰਾ 'ਤੇ ਨਿਕਲੇ ਹੋਏ ਹਨ।

ਦੱਖਣੀ ਸੂਬਿਆਂ 'ਚ ਚੋਣਾਂ ਲਈ ਮਾਹੌਲ ਉੱਤਰੀ ਭਾਰਤ ਨਾਲੋਂ ਵੱਖਰਾ ਹੈ, ਇਥੇ ਧਰਮ ਪੱਖੀ ਸਿਆਸਤ ਦਾ ਬੋਲਬਾਲਾ ਨਹੀਂ ਹੈ। ਵਿਰੋਧੀ ਧਿਰ ਧਰਮ ਨਿਰਪੱਖਤਾ ਅਤੇ ਸੰਵਿਧਾਨਕ ਸੰਕਲਪ ਨੂੰ ਦਰਪੇਸ਼ ਵੰਗਾਰਾਂ ਨੂੰ ਲੋਕਾਂ ਸਾਹਵੇਂ ਪੇਸ਼ ਕਰਨ ਦੇ ਰੌਂ ਵਿਚ ਹੈ।

ਚੋਣਾਂ ਦੇ ਇਸ ਮੌਸਮ ਵਿਚ ਮੁੱਦਿਆਂ ਦੀ ਸਿਆਸਤ ਵਿੱਖਰੀ ਹੋਈ ਦਿਸਦੀ ਹੈ। ਆਪਣਿਆਂ ਨੂੰ ਰੇੜੀਆਂ ਵੰਡਣ ਅਤੇ ਲੋਕਾਂ ਨੂੰ ਧਰਮ ਦੇ ਨਾਂਅ ਉਤੇ ਵੰਡਣ ਲਈ ਹਾਕਮ, ਨੇਤਾ, ਤਿੱਖੀਆਂ ਸੁਰਾਂ 'ਚ ਬੋਲ ਅਲਾਪ ਰਹੇ ਹਨ।

ਵੇਖੋ ਕਿਵੇਂ ਪ੍ਰਚਾਰਿਆ ਜਾ ਰਿਹਾ ਹੈ ਕਿ ਦੇਸ਼ ਦੇ 80 ਕਰੋੜ ਲੋਕਾਂ ਨੂੰ ਸਰਕਾਰ ਅਨਾਜ਼ ਮੁਫ਼ਤ ਦੇ ਰਹੀ ਹੈ (ਜਿਵੇਂ ਕੋਈ ਅਹਿਸਾਨ ਕੀਤਾ ਜਾ ਰਿਹਾ ਹੋਵੇ)। ਮੁਫ਼ਤ ਗੈਸ ਕੁਨੈਕਸ਼ਨ ਵੰਡੇ ਜਾ ਰਹੇ ਹਨ। ਆਯੁਸ਼ਮਾਨ ਭਾਰਤ ਕਾਰਡ ਰਾਹੀਂ ਮੁਫ਼ਤ ਸਿਹਤ ਸਹੂਲਤਾਂ ਹਨ। ਇਹ ਬਿਲਕੁਲ ਵੀ ਭੁਲਿਆ ਜਾ ਰਿਹਾ ਹੈ ਕਿ ਦੇਸ਼ ਦੀ 60 ਫੀਸਦੀ ਆਬਾਦੀ ਜੇਕਰ ਮੁਫ਼ਤ ਸਰਕਾਰੀ ਭੋਜਨ ਲੈਣ ਲਈ ਮਜਬੂਰ ਹੈ, ਤਾਂ ਉਸਦੀ ਆਰਥਿਕ ਹਾਲਾਤ ਕਿਹੋ ਜਿਹੀ ਹੈ? ਆਜ਼ਾਦੀ ਦੇ 75 ਸਾਲ ਬੀਤਣ ਬਾਅਦ ਦੁਨੀਆਂ ਦੇ ਸਭ ਤੋਂ ਵੱਡੇ ਲੋਕਤੰਤਰ ਦੇਸ਼ ਭਾਰਤ ਦੇ ਵਸਨੀਕਾਂ ਤੋਂ ਜੇਕਰ ਮੁਫ਼ਤ ਦਿੱਤੀਆਂ ਰਿਆਇਤਾਂ ਦੇ ਨਾਂਅ ਉਤੇ ਹੀ ਵੋਟ ਬਟੋਰਨੀ ਹੈ, ਤਾਂ ਇਸ ਤੋਂ ਹੋਰ ਵੱਡਾ, ਲੋਕਤੰਤਰ ਦਾ ਕਿਹੜਾ ਜਨਾਜ਼ਾ ਨਿਕਲ ਸਕਦਾ ਹੈ?

ਚੋਣਾਂ ਦੇ ਇਸ ਮੌਸਮ 'ਚ ਦਰਸਾਉਣ ਦਾ ਇਹ ਵੱਡਾ ਯਤਨ ਹੋ ਰਿਹਾ ਹੈ ਕਿ ਦੇਸ਼ ਦੇ 20 ਤੋਂ 25 ਕਰੋੜ ਭਾਰਤੀ ਪਿਛਲੇ ਪੰਜ ਸਾਲਾਂ 'ਚ ਗਰੀਬੀ ਰੇਖਾ ਤੋਂ ਉਪਰ ਉੱਠ ਗਏ ਹਨ। ਪਰ ਭੁੱਖਮਰੀ 'ਚ ਉਹ ਗੁਆਂਢੀ ਮੁਲਕਾਂ ਇਥੋਂ ਤੱਕ ਕਿ ਬੰਗਲਾ ਦੇਸ਼, ਸ਼੍ਰੀ ਲੰਕਾ ਤੋਂ ਉਪਰਲਾ ਸਥਾਨ ਕਿਵੇਂ ਰੱਖਦੇ ਹਨ?

ਇੱਕ ਸੁਪਨਮਈ ਦ੍ਰਿਸ਼ ਦੇਸ਼ 'ਚ ਸਿਰਜਿਆ ਜਾ ਰਿਹਾ ਹੈ। ਦੇਸ਼ ਨੂੰ ਦੁਨੀਆਂ ਦੀ ਆਉਣ ਵਾਲੇ ਸਮੇਂ 'ਚ ਵੱਡੀ ਆਰਥਿਕਤਾ ਦਰਸਾਉਣ ਲਈ ਸਰਕਾਰ ਸਮੇਤ, ਗੋਦੀ ਮੀਡੀਆ ਪੱਬਾਂ ਭਾਰ ਹੈ। ਦੇਸ਼ ਦੇ ਧੰਨ-ਕੁਬੇਰ ਅਡਾਨੀ-ਅੰਬਾਨੀ, ਵੱਡੇ-ਵੱਡੇ ਅਮੀਰ ਐਕਟਰ ਜਿਵੇਂ ਆਯੁਧਿਆ ਸਮਾਗਮ 'ਚ ਸਰਕਾਰ ਦੀ ਪਿੱਠ ਉਤੇ ਵੇਖੇ ਗਏ, ਉਹ "ਨਿੱਜੀਕਰਨ", ਨੂੰ ਪ੍ਰਣਾਏ ਭਾਰਤੀ ਹਾਕਮਾਂ ਨੂੰ ਉਤਸ਼ਾਹਤ ਕਰ ਗਏ। ਇਹ ਸਭ ਕੁਝ ਦਾ ਵਿਸ਼ਾਲ ਚੋਣਾਂ ਦੇ ਸਮਿਆਂ 'ਚ ਦਿਖਾਵਾ, ਕੋਈ ਅਲੋਕਾਰਾ ਵਰਤਾਰਾ ਨਹੀਂ ਹੈ।

ਸਰਕਾਰਾਂ ਜਦੋਂ ਚਾਹੁੰਦੀਆਂ ਹਨ, ਉਦੋਂ ਉਹ ਮਾਫੀਏ, ਭੂ-ਮਾਫੀਏ, ਕਬਜ਼ਾਧਾਰੀਆਂ, ਗੁੰਡਿਆਂ ਨੂੰ ਸਰਗਰਮ ਕਰ ਲੈਂਦੀਆਂ ਹਨ ਅਤੇ ਚੋਣਾਂ ਵਾਲਾ ਸਮਾਂ ਇਨ੍ਹਾਂ ਲੋਕਾਂ ਲਈ ਅਤਿ ਉੱਤਮ ਗਿਣਿਆ ਜਾਂਦਾ ਹੈ। ਚੋਣਾਂ 'ਚ ਇਹ ਨੇਤਾਵਾਂ ਦੇ ਹਥਿਆਰ ਗਿਣੇ ਜਾਂਦੇ ਹਨ। ਹਾਕਮ ਧਿਰ ਅਤੇ ਵਿਰੋਧੀ ਧਿਰ ਦਾ ਇਹ ਗਹਿਣਾ ਹਨ, ਜੋ ਕਦੇ ਵੀ ਇਨ੍ਹਾਂ ਤੋਂ ਨਹੀਂ ਨਿਖੜਦਾ।

ਇੱਕ ਰਿਪੋਰਟ ਭਾਰਤ 'ਚ ਨਜਾਇਜ਼ ਕਬਜ਼ਿਆਂ ਬਾਰੇ ਛਪੀ ਹੈ। ਇਹ ਕਿਸੇ ਬਾਹਰੀ ਏਜੰਸੀ ਵਲੋਂ ਨਹੀਂ, ਸਗੋਂ ਕੇਂਦਰ ਸਰਕਾਰ ਵਲੋਂ ਜਾਰੀ ਕੀਤੀ ਗਈ ਹੈ। ਇਸ ਅਨੁਸਾਰ ਦੇਸ਼ ਦੇ ਜੰਗਲ ਵਿਭਾਗ ਦੀ 32 ਲੱਖ, 77 ਹਜ਼ਾਰ, 591 ਏਕੜ ਜ਼ਮੀਨ ਕਬਜ਼ਾਧਾਰੀਆਂ ਨੇ ਹਥਿਆਈ ਹੋਈ ਹੈ। ਭਾਰਤੀ ਸੈਨਾ ਦੀ 9375 ਏਕੜ ਅਤੇ ਰੇਲਵੇ ਦੀ 2012 ਏਕੜ ਜ਼ਮੀਨ ਉਤੇ ਵੀ ਭੂ-ਮਾਫੀਏ, ਕਬਜ਼ਾਧਾਰੀਆਂ ਨੇ ਕਬਜ਼ਾ ਕੀਤਾ ਹੋਇਆ ਹੈ। ਦੇਸ਼ ਦੀ ਰਾਜਧਾਨੀ ਦਿੱਲੀ ਦੇ 964 ਸਰਕਾਰੀ ਪਾਰਕਾਂ ਦੀ ਲਗਭਗ 70 ਏਕੜ ਜ਼ਮੀਨ ਵੀ ਇਨ੍ਹਾਂ ਲੋਕਾਂ ਦੇ ਕਬਜ਼ੇ ਹੇਠ ਹੈ।

ਇਹ ਜਾਣਦਿਆਂ ਹੋਇਆਂ ਵੀ ਕਿ ਨਾਜਾਇਜ਼ ਕਬਜ਼ਿਆਂ ਦੀ ਸਮੱਸਿਆ ਬਹੁਤ ਗੰਭੀਰ ਹੈ। ਹਰ ਦਿਨ ਸਰਕਾਰੀ ਜ਼ਮੀਨ ਉਤੇ ਭੂ-ਮਾਫੀਆ ਦਬੰਗ ਲੋਕ, ਘੁਸਪੈਠੀਏ ਕਬਜ਼ਾ ਕਰ ਰਹੇ ਹਨ, ਇਹ ਕਬਜ਼ੇ ਕਰਾਉਣ ਪਿੱਛੇ ਵੱਡੇ ਸਿਆਸਤਦਾਨਾਂ, ਸਿਆਸਤਦਾਨਾਂ ਦੇ ਪਿਛਲੱਗਾਂ, ਇਥੇ ਤੱਕ ਕਿ ਸਰਕਾਰੀ ਅਫ਼ਸਰਾਂ ਦਾ ਵੀ ਹੱਥ ਹੋਣਾ ਪਾਇਆ ਜਾਂਦਾ ਹੈ। ਇਨ੍ਹਾਂ ਵਿਰੁੱਧ ਸਰਕਾਰਾਂ ਕੁਝ ਨਹੀਂ ਕਰਦੀਆਂ, ਕਿਉਂਕਿ ਉਹ ਜਾਣਦੀਆਂ ਹਨ ਕਿ ਇਹ ਚੋਣਾਂ ਦੇ ਸਮਿਆਂ 'ਚ ਉਸਦੀ ਪੱਕੀ ਵੋਟ ਬੈਂਕ ਹੈ।

ਚੋਣਾਂ ਦੇ ਸਮਿਆਂ 'ਚ ਨੇਤਾਵਾਂ ਦੀ ਦਲਬਦਲੀ ਜਾਇਜ਼ ਗਿਣੀ ਜਾਂਦੀ ਹੈ। ਵਿਧਾਇਕਾਂ ਦੀ ਖਰੀਦੋ-ਫ਼ਰੋਖਤ ਉਤੇ ਵੀ ਕੋਈ ਪ੍ਰਸ਼ਨ ਚਿੰਨ੍ਹ ਨਹੀਂ ਉੱਠਦਾ। ਮੌਜੂਦਾ ਉਦਾਹਰਨ ਬਿਹਾਰ ਦੀ ਹੈ। ਨੌਵੀਂ ਵਾਰ ਮੁੱਖ ਮੰਤਰੀ ਬਣਿਆ ਬਿਹਾਰੀ ਨੇਤਾ ਨਤੀਸ਼ ਕੁਮਾਰ, ਅਨੈਤਿਕਤਾ ਦੀਆਂ ਹੱਦਾਂ ਪਾਰ ਕਰਦਾ, ਕਦੇ ਭਾਜਪਾ ਅਤੇ ਕਦੇ ਵਿਰੋਧੀ ਧਿਰ ਨਾਲ ਖੜਕੇ ਮੁੱਖ ਮੰਤਰੀ ਦੀ ਕੁਰਸੀ ਚੜ੍ਹਦਾ ਵੇਖਿਆ ਜਾਂਦਾ ਹੈ। ਆਇਆ ਰਾਮ, ਗਿਆ ਰਾਮ ਦੀ ਇਸ ਤੋਂ ਵੱਡੀ ਹੋਰ ਜਿਹੜੀ ਤਸਵੀਰ ਹੋ ਸਕਦੀ ਹੈ ਉਸ ਤੋਂ ਬਿਨ੍ਹਾਂ?

ਉਂਜ ਕੇਂਦਰ 'ਚ ਰਾਜ ਕਰਦੇ ਹਾਕਮਾਂ ਜਦੋਂ ਦਾਅ ਲੱਗਦਾ ਹੈ, ਵਿਰੋਧੀਆਂ ਨੂੰ ਮਾਤ ਪਾਉਣ ਲਈ ਇਹ ਖੇਡ ਖੇਡਦੇ ਹਨ, ਜਿਹੜਾ "ਦਲ ਬਦਲੀ ਕਾਨੂੰਨ" ਨੂੰ ਵੀ ਛਿੱਕੇ ਟੰਗ ਦਿੰਦਾ ਹੈ। ਉਂਜ ਸਮਝਣ ਵਾਲੀ ਗੱਲ ਤਾਂ ਇਹ ਵੀ ਹੈ ਕਿ ਗਿਰਗਟ ਵਾਂਗਰ ਰੰਗ ਬਦਲਣ ਵਾਲੇ ਨੇਤਾ ਜਦੋਂ ਲੋਕ ਕਚਿਹਰੀ 'ਚ ਜਾਂਦੇ ਹਨ, ਤਾਂ ਫਿਰ ਵੀ ਉਹ ਮੁੜ 'ਸਾਮ, ਦਾਮ, ਦੰਡ' ਦੀ ਸਿਆਸਤ ਕਰਦਿਆਂ ਮੁੜ ਚੋਣਾਂ ਜਿੱਤ ਜਾਂਦੇ ਹਨ।

ਚੋਣਾਂ ਦੇ ਸਮਿਆਂ 'ਚ ਕਰੋੜਪਤੀਆਂ, ਬਹੁਬਲੀਆਂ ਦੀ ਤਾਂ ਜਿਵੇਂ ਚਾਂਦੀ ਹੋ ਜਾਂਦੀ ਹੈ, ਉਹ ਆਪਣੀ ਤਾਕਤ ਦੀ ਵਰਤੋਂ ਕਰਦਿਆਂ ਦੇਸ਼ ਦੇ ਪਵਿੱਤਰ ਸਦਨ "ਲੋਕ ਸਭਾ" ਦੀ ਦਹਿਲੀਜ਼ ਟੱਪਦੇ ਹਨ, ਸਤਿਕਾਰਯੋਗ ਬਣਦੇ ਹਨ, ਤੇ ਦੇਸ਼ ਦੇ ਲੋਕਾਂ ਉਤੇ ਉਸੇ ਬਹੁ-ਬਲ ਨਾਲ ਰਾਜ ਕਰਦੇ ਹਨ।

ਇਸ ਸਮੇਂ ਦੇਸ਼ ਦੀ ਲੋਕ ਸਭਾ ਅਤੇ ਰਾਜ ਸਭਾ 'ਚ ਬੈਠੇ ਸਤਿਕਾਰਯੋਗ ਮੈਂਬਰਾਨ ਜਾਣੀ ਮੈਂਬਰ ਪਾਰਲੀਮੈਂਟ ਦੀ ਪੜਚੋਲ ਕਰਨੀ ਤਾਂ ਬਣਦੀ ਹੀ ਹੈ। ਏ.ਡੀ.ਆਰ. ਦੀ ਰਿਪੋਰਟ ਕਹਿੰਦੀ ਹੈ ਕਿ ਦੇਸ਼ ਦੀ ਪਾਰਲੀਮੈਂਟ ਦੇ ਕੁੱਲ 763 ਮੈਂਬਰਾਂ ਵਿਚੋਂ 306 ਉਤੇ ਅਪਰਾਧਿਕ ਕੇਸ ਹਨ, ਜਿਨ੍ਹਾਂ ਵਿਚੋਂ 25 ਫੀਸਦੀ ਉਤੇ ਗੰਭੀਰ ਕੇਸ ਹਨ, ਜਿਨ੍ਹਾਂ 'ਚ ਕਤਲ, ਔਰਤਾਂ ਨਾਲ ਬਲਾਤਕਾਰ ਦੇ ਕੇਸ ਹਨ। ਇਨ੍ਹਾਂ ਵਿਚ 139 ਭਾਜਪਾ ਦੇ ਅਤੇ 49 ਕਾਂਗਰਸ ਦੇ ਐੱਮ.ਪੀ. ਹਨ। ਹੈਰਾਨੀ ਤਾਂ ਹੋਣੀ ਹੀ ਨਹੀਂ ਚਾਹੀਦੀ ਕਿ ਇਨ੍ਹਾਂ ਵਿਚੋਂ 7 ਫ਼ੀਸਦੀ ਅਰਬਪਤੀ ਹਨ। ਇਸ ਤੋਂ ਵੀ ਅਗਲੀ ਗੱਲ ਇਹ ਕਿ 17ਵੀਂ ਲੋਕ ਸਭਾ ਦੇ ਜੋ 539 ਮੈਂਬਰ ਚੁਣੇ ਗਏ ਸਨ। ਉਨ੍ਹਾਂ ਵਿਚੋਂ ਇਸ ਰਿਪੋਰਟ ਅਨੁਸਾਰ 475 ਕਰੋੜਪਤੀ ਹਨ, ਜਿਨ੍ਹਾਂ ਵਿਚ ਭਾਜਪਾ ਦੇ 303 ਅਤੇ ਕਾਂਗਰਸ ਦੇ 52 ਕਰੋੜਪਤੀ ਮੈਂਬਰ ਹਨ।

ਦੇਸ਼ ਇਸ ਵੇਲੇ ਬੇਰੁਜ਼ਗਾਰੀ ਝੱਲ ਰਿਹਾ ਹੈ। ਦੇਸ਼ 'ਚ ਬੇਰੁਜ਼ਗਾਰੀ ਦਰ 7.95 ਹੈ। ਦੇਸ਼ ਭੁੱਖਮਰੀ ਦਾ ਸ਼ਿਕਾਰ ਹੈ। ਕੁੱਲ 125 ਦੇਸ਼ਾਂ ਵਿਚ ਭੁੱਖਮਰੀ 'ਚ ਭਾਰਤ ਦਾ ਸਥਾਨ 111ਵਾਂ ਹੈ। ਦੇਸ਼ 'ਚ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ। ਅੰਤਰਰਾਸ਼ਟਰੀ ਪੱਧਰ 'ਤੇ ਇਸਦਾ ਸਥਾਨ 85ਵਾਂ ਹੈ। ਦੇਸ਼ ਮਨੁੱਖੀ ਅਧਿਕਾਰਾਂ ਦੇ ਮਾਮਲੇ 'ਚ ਅੰਤਰਰਾਸ਼ਟਰੀ ਦ੍ਰਿਸ਼ 'ਚ ਬਦਨਾਮੀ ਖੱਟ ਚੁੱਕਾ ਹੈ। ਦੇਸ਼ ਬੁਰੀ ਤਰ੍ਹਾਂ ਕਰਜ਼ਾਈ ਹੈ। ਇਸ ਸਿਰ 205 ਲੱਖ ਕਰੋੜ ਕਰਜ਼ਾ ਹੈ।

ਚੋਣ ਵੇਲਿਆਂ 'ਚ ਬੇਰੁਜ਼ਗਾਰੀ, ਭੁੱਖਮਰੀ, ਮਹਿੰਗਾਈ, ਭ੍ਰਿਸ਼ਟਾਚਾਰ, ਸਿਹਤ, ਸਿੱਖਿਆ, ਵਾਤਾਵਰਨ, ਮੁੱਖ ਮੁੱਦੇ ਹੋਣੇ ਚਾਹੀਦੇ ਹਨ। ਲੋਕਾਂ ਕੋਲ ਰੋਟੀ, ਕੱਪੜਾ, ਮਕਾਨ ਹੈ ਜਾਂ ਨਹੀਂ, ਇਹ ਮੁੱਦਾ ਗੰਭੀਰ ਹੈ।

ਮੁੱਦੇ ਤਾਂ ਇਹ ਵੀ ਚੁੱਕਣੇ ਬਣਦੇ ਹਨ ਕਿ ਕੀ ਧਰਮ ਦੇ ਨਾਂਅ ਉਤੇ ਸਿਆਸਤ ਜਾਇਜ਼ ਹੈ? ਕੀ ਦੇਸ਼ ਵਿਚ ਸੰਘੀ ਢਾਂਚੇ ਦੀ ਸੰਘੀ ਘੁੱਟਕੇ ਲੋਕਤੰਤਰ ਦਾ ਘਾਣ ਨਹੀਂ ਕੀਤਾ ਜਾ ਰਿਹਾ? ਕੀ ਵਿਰੋਧੀ ਧਿਰ ਦੀਆਂ ਸਰਕਾਰਾਂ ਤੋੜਨ ਲਈ ਦਲ ਬਦਲੀ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ? ਕੀ ਦੇਸ਼ ਵਿਚ ਘੱਟ ਗਿਣਤੀਆਂ ਨੂੰ ਬੇਖੌਫ ਹੋ ਕੇ ਜੀਉਣ ਦਾ ਹੱਕ ਖੋਹਿਆ ਜਾਣਾ ਠੀਕ ਹੈ? ਕੀ ਦੇਸ਼ 'ਚ ਇੱਕ ਦੇਸ਼, ਇੱਕ ਕੌਮ, ਇੱਕ ਬੋਲੀ, ਇੱਕ ਚੋਣ ਦੀ ਰਾਜਨੀਤੀ ਨੂੰ ਲਾਗੂ ਕਰਨਾ ਡਿਕਟੇਟਰਾਨਾ ਸੋਚ ਵੱਲ ਦੇਸ਼ ਨੂੰ ਵਧਾਉਣਾ ਨਹੀਂ? ਜੋ ਸਾਡੇ ਅਨੁਸਾਰ ਨਹੀਂ ਸੋਚਦਾ, ਜੋ ਸਾਡੇ ਅਨੁਸਾਰ ਨਹੀਂ ਬੋਲਦਾ, ਉਸ 'ਤੇ ਦੇਸ਼ ਧ੍ਰੋਹੀ ਦਾ ਫੱਟਾ ਲਾਉਣਾ ਕੀ ਦੇਸ਼ ਦਾ ਜਮਹੂਰੀ ਖਾਸਾ ਬਦਲਣਾ ਨਹੀਂ?

ਬਿਨ੍ਹਾਂ ਸ਼ੱਕ ਦੇਸ਼ ਦੀਆਂ ਵਿਰੋਧੀ ਸਿਆਸੀ ਪਾਰਟੀਆਂ ਇਨ੍ਹਾਂ ਮੁੱਦਿਆਂ ਸਬੰਧੀ ਚੋਣ ਮੈਨੀਫੈਸਟੋ ਜਾਰੀ ਕਰਨਗੀਆਂ। ਸਰਕਾਰ ਆਪਣੀਆਂ ਪ੍ਰਾਪਤੀਆਂ ਨੂੰ ਗਿਣਾਏਗੀ। ਆਪਣੇ ਵਿਰੋਧੀ ਭ੍ਰਿਸ਼ਟ ਨੇਤਾਵਾਂ, ਪਰਿਵਾਰਵਾਦ ਦੇ ਚਿੱਠੇ ਫਰੋਲੇਗੀ। ਪਰ ਉਹ ਆਪਣੇ ਭ੍ਰਿਸ਼ਟ ਨੇਤਾਵਾਂ ਜਾਂ ਆਪਣੀ ਪਾਰਟੀ 'ਚ ਚੋਣਾਂ ਵੇਲੇ ਸ਼ਾਮਲ ਲੋਕਾਂ ਦਾ ਨੰਗ ਢੱਕ ਲਵੇਗੀ। ਵਿਰੋਧੀ ਧਿਰਾਂ ਵੀ ਸਰਕਾਰ ਦੇ ਪਾਜ ਖੋਹਲਣ ਲਈ ਯਤਨਸ਼ੀਲ ਹੋਣਗੀਆਂ। ਪਰ ਕੀ ਉਹ ਆਮ ਲੋਕਾਂ ਦੀਆਂ ਮੁੱਖ ਲੋੜਾਂ ਅਤੇ ਲੋਕਾਂ ਦੀ ਅਸਲ ਸਥਿਤੀ, ਆਪਣੇ ਲੋਕਾਂ ਦੀ ਕਚਿਹਰੀ 'ਚ ਪੇਸ਼ ਕਰਨ ਲਈ ਕਾਮਯਾਬ ਹੋ ਸਕਣਗੀਆਂ?

ਆਉਣ ਵਾਲੀ ਤਿਮਾਹੀ ਦੇਸ਼ ਲਈ ਅਹਿਮ ਹੈ। ਆਮ ਲੋਕਾਂ ਨੂੰ ਉਨ੍ਹਾਂ "ਪ੍ਰਮੁੱਖ ਲੋਕਾਂ" ਦੇ ਧੱਕੇ ਧੌਂਸ, ਰੌਲੇ-ਰੱਪੇ ਨੂੰ ਸੁਨਣਾ ਪਵੇਗਾ, ਜਿਨ੍ਹਾਂ ਨੂੰ ਉਹ ਕਈ ਹਾਲਤਾਂ 'ਚ ਮਨੋਂ ਪਸੰਦ ਨਹੀਂ ਕਰਦੇ। ਅਸਲ 'ਚ ਲੋਕਾਂ ਲਈ, ਇਹ ਨੇਤਾ ਉਨ੍ਹਾਂ ਦੀ ਮਜਬੂਰੀ ਬਣ ਚੁੱਕੇ ਹਨ, ਕਿਉਂਕਿ ਇਨ੍ਹਾਂ ਨੇਤਾਵਾਂ ਨੇ ਲੋਕਾਂ ਨੂੰ ਕੁਝ ਹੱਦ ਤੱਕ ਇੰਨਾ ਬੇਵੱਸ ਕਰ ਦਿੱਤਾ ਹੋਇਆ ਹੈ ਕਿ ਉਹ ਬੋਲਦੇ ਹੀ ਨਹੀਂ ਹਨ, ਧੱਕਾ ਸਹੀ ਜਾਂਦੇ ਹਨ ਅਤੇ ਸਿਰਫ਼ ਉਨ੍ਹਾਂ ਦੀ ਵੋਟ ਬੈਂਕ ਬਣਕੇ ਰਹਿ ਗਏ ਹਨ ਜਾਂ ਉਨ੍ਹਾਂ ਵਲੋਂ ਮਧੁਰ ਧਰਮੀ ਬਾਣੀ 'ਚ ਕੀਲੇ ਕਿਸੇ ਸਾਰਥਕ ਸੋਚ ਤੋਂ ਸੱਖਣੇ, ਰੋਟੀ, ਪਾਣੀ ਦਾ ਆਹਾਰ ਕਰਨ ਤੱਕ ਸੀਮਤ ਕਰ ਦਿੱਤੇ ਗਏ ਹਨ।

ਲੋਕਾਂ ਦੀ ਸਾਣ 'ਤੇ ਲੱਗੀ ਸੋਚ, ਇਸ ਸੋਚ ਨੂੰ ਕਦੇ ਖ਼ਤਮ ਕਰਨ ਦੇ ਸਮਰੱਥ ਹੋਏਗੀ ਕਿ ਚੋਣ ਦੇ ਸਮਿਆਂ 'ਚ ਸੱਭੋ ਕੁਝ ਜਾਇਜ਼ ਹੈ ਜਾਂ ਨਹੀਂ। ਇਹ ਤਾਂ ਆਉਣ ਵਾਲੀਆਂ ਚੋਣਾਂ ਦੱਸਣਗੀਆਂ ਜਾਂ ਫਿਰ ਭਵਿੱਖ!


-ਉਜਾਗਰ ਸਿੰਘ
ਸਾਬਕਾ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ
ਮੋਬਾਈਲ-94178 13072
ujagarsingh48@yahoo.com
(Punjab Mail USA)



# ਪ੍ਰੋ. ਜਸਵੰਤ ਸਿੰਘ ਗੰਡਮ ਦੀ ਪੁਸਤਕ ਉੱਗਦੇ ਸੂਰਜ ਦੀ ਅੱਖ ਵਿਅੰਗਾਮਿਕ ਚੋਭਾਂ

ਪ੍ਰੋ. ਜਸਵੰਤ ਸਿੰਘ ਗੰਡਮ ਵਿਦਵਾਨ ਖੋਜੀ ਵਿਅੰਗਕਾਰ ਹੈ। ਉਸ ਦੇ ਵਿਅੰਗ ਦੇ ਤੀਰ ਤਿੱਖੇ ਹੁੰਦੇ ਹਨ, ਜਿਹੜੇ ਬੇਸਮਝ ਇਨਸਾਨ ਨੂੰ ਵੀ ਸੋਚਣ ਲਈ ਮਜਬੂਰ ਕਰ ਦਿੰਦੇ ਹਨ। ਉਸ ਦੇ ਵਿਅੰਗ ਦੀਆਂ ਦੋ ਪੁਸਤਕਾਂ 'ਕੁਛ ਤੇਰੀਆਂ ਕੁਛ ਮੇਰੀਆਂ' ਅਤੇ 'ਸੁੱਤੇ ਸ਼ਹਿਰ ਦਾ ਸਫ਼ਰ' ਪ੍ਰਕਾਸ਼ਤ ਹੋ ਚੁੱਕੀਆਂ ਹਨ। ਉੱਗਦੇ ਸੂਰਜ ਦੀ ਅੱਖ ਉਸ ਦੀ ਤੀਜੀ ਪੁਸਤਕ ਹੈ। ਇਸ ਪੁਸਤਕ ਨੂੰ ਦੋ ਹਿੱਸਿਆਂ ਵਿਚ ਵੰਡਿਆ ਹੈ। ਪਹਿਲੇ ਹਿੱਸੇ ਵਿਚ 19 ਜਾਣਕਾਰੀ ਭਰਪੂਰ ਸੰਜੀਦਗੀ ਵਾਲੇ ਅਤੇ ਦੂਜੇ ਹਿੱਸੇ ਵਿਚ 14 ਵਿਅੰਗਾਤਮਕ ਲੇਖ ਹਨ। ਪਹਿਲੇ ਭਾਗ ਵਾਲੇ ਲੇਖਾਂ ਵਿਚ ਵੀ ਵਿਅੰਗ ਦੇ ਤੀਰ ਲੱਗੇ ਹੋਏ ਹਨ। ਉਹ ਪੜ੍ਹਿਆ ਲਿਖਿਆ ਵਿਦਵਾਨ ਤੇ ਗੁੜ੍ਹਿਆ ਤਜ਼ਰਬੇਕਾਰ ਵਿਅੰਗਕਾਰ ਹੈ। ਪ੍ਰੋ. ਜਸਵੰਤ ਸਿੰਘ ਗੰਡਮ ਦੇ ਲੇਖ ਲਗਪਗ ਹਰ ਵਿਸ਼ੇ ਨਾਲ ਸੰਬੰਧਤ ਹੁੰਦੇ ਹਨ। ਉਹ ਅੰਗਰੇਜ਼ੀ ਦੇ ਪ੍ਰੋਫ਼ੈਸਰ ਰਹੇ ਹਨ, ਇਸ ਲਈ ਉਨ੍ਹਾਂ ਦਾ ਗਿਆਨ ਬਹੁਤ ਜ਼ਿਆਦਾ ਹੈ, ਜਿਸ ਕਰਕੇ ਹਰ ਲੇਖ ਵਿਚ ਜਿਹੜੀਆਂ ਗੱਲਾਂ ਲਿਖਦੇ ਹਨ, ਉਹ ਸੱਚਾਈ 'ਤੇ ਅਧਾਰਤ ਹੁੰਦੀਆਂ ਹਨ। ਕਿਸੇ ਵਿਸ਼ੇ 'ਤੇ ਲੇਖ ਲਿਖਣ ਲਈ ਉਸ ਖੇਤਰ ਦੀ ਜਾਣਕਾਰੀ ਅਰਥਾਤ ਗਿਆਨ ਹੋਣਾ ਅਤਿਅੰਤ ਜ਼ਰੂਰੀ ਹੈ। ਪ੍ਰੋ. ਜਸਵੰਤ ਸਿੰਘ ਗੰਡਮ ਦੀ ਖ਼ੂਬੀ ਇਹੋ ਹੈ ਕਿ ਉਹ ਗਿਆਨ ਦਾ ਭੰਡਾਰ ਹੈ। ਇਸ ਲਈ ਉਸ ਦੇ ਲੇਖ ਜਾਣਕਾਰੀ ਭਰਪੂਰ ਤੇ ਦਿਲਚਸਪ ਮਨੋਰੰਜਨ ਵਾਲੇ ਹੁੰਦੇ ਹਨ। ਉਹ ਆਪਣੇ ਵਿਸ਼ੇ ਦੀ ਤਹਿ ਤੱਕ ਅਜਿਹੀ ਜਾਣਕਾਰੀ ਦਿੰਦਾ ਹੈ, ਜਿਹੜੀ ਪਾਠਕ ਨੂੰ ਅੱਗੇ ਪੜ੍ਹਨ ਲਈ ਪ੍ਰੇਰਦੀ ਹੈ। ਇਕ ਵਾਰ ਲੇਖ ਸ਼ੁਰੂ ਕਰਕੇ ਖ਼ਤਮ ਕੀਤੇ ਬਿਨਾ ਰੁੱਕ ਨਹੀਂ ਸਕਦੇ ਕਿਉਂਕਿ ਵਿਸ਼ੇ ਬਾਰੇ ਜਾਣਕਾਰੀ ਦਿੰਦਿਆਂ ਵਾਰ-ਵਾਰ ਉਹ ਵਿਅੰਗ ਦੇ ਤੁਣਕੇ ਮਾਰਦਾ ਰਹਿੰਦਾ ਹੈ। ਲੇਖਾਂ ਵਿਚ ਇਤਨੀ ਜਾਣਕਾਰੀ ਹੁੰਦੀ ਹੈ, ਕਈ ਵਾਰ ਹੈਰਾਨ ਹੋਈਦਾ ਹੈ, ਇਤਨੀ ਜਾਣਕਾਰੀ ਕਿਵੇਂ ਤੇ ਕਿਥੋਂ ਇਕੱਤਰ ਕੀਤੀ ਹੈ। ਇਹ ਛੋਟੇ-ਛੋਟੇ ਲੇਖ ਪੀ.ਐੱਚ.ਡੀ. ਦੇ ਖੋਜੀ ਵਿਦਿਆਰਥੀਆਂ ਦੇ ਲਈ ਲਿਖੇ ਮਹਿਸੂਸ ਹੁੰਦੇ। ਉਸ ਦੇ ਲੇਖਾਂ ਦੇ ਵਾਕ ਛੋਟੇ ਅਤੇ ਸਰਲ ਹੁੰਦੇ ਹਨ। ਇਹੋ ਉਸ ਦੀ ਸ਼ੈਲੀ ਦੀ ਖ਼ੂਬੀ ਹੈ। ਲੇਖਾਂ ਦੇ ਸਿਰਲੇਖ ਵੀ ਪਾਠਕ ਦੇ ਮਨਾਂ ਨੂੰ ਟੁੰਬਦੇ ਹਨ, ਜਿਸ ਕਰਕੇ ਪਾਠਕ ਦੀ ਪੜ੍ਹਨ ਲਈ ਉਤੇਜਨਾ ਵੱਧ ਜਾਂਦੀ ਹੈ। ਉਦਾਹਰਣ ਲਈ 'ਨੀ ਅੰਬੀਆਂ ਨੂੰ ਤਰਸੇਂਗੀ ਛੱਡ ਕੇ ਦੇਸ ਦੁਆਬਾ', 'ਮੁੰਡਾ ਮੋਹ ਲਿਆ ਤਵੀਤਾਂ ਵਾਲਾ ਤੇ ਦਮੜੀ ਦਾ ਸੱਕ ਮਲ ਕੇ', 'ਵੇ ਲੈ ਦੇ ਮੈਨੂੰ ਮਖਮਲ ਦੀ ਪੱਖੀ ਘੁੰਗਰੂਆਂ ਵਾਲੀ', 'ਸਾਗ ਮੱਥੇ ਦੇ ਭਾਗ', 'ਚਮਚਿਆਂ ਦੇ ਸੱਤੀਂ ਕਪੜੀਂ ਅੱਗ', 'ਜਦੋਂ ਅਸੀਂ ਰੱਬ ਨੂੰ ਪਿਆਰੇ ਹੋ ਗਏ', 'ਐਤਕੀਂ ਤਾਂ ਨਿਚੋੜ ਸੁਟੇ ਨਿੰਬੂ ਨੇ', 'ਜਦੋਂ ਅਸੀਂ ਮੂੰਹ ਕਾਲਾ ਕੀਤਾ', 'ਤੈਨੂੰ ਚੰਦ ਦੀ ਮੈਂ ਸੈਰ ਕਰਾਵਾਂ ਅਤੇ 'ਇਸਰੋ' ਦੀ ਮੋਟਰ 'ਤੇ'। ਉਸ ਦੇ ਵਿਅੰਗ ਨਿਰਾ ਹਾਸਾ-ਠੱਠਾ ਪੈਦਾ ਕਰਨ ਵਾਲੇ ਹੀ ਨਹੀਂ, ਸਗੋਂ ਤੱਥਾਂ ਸਹਿਤ ਸਾਰਥਿਕ ਹੁੰਦੇ ਹਨ, ਜਿਨ੍ਹਾਂ ਦਾ ਪਾਠਕ ਦੇ ਮਨ 'ਤੇ ਪ੍ਰਭਾਵ ਪੈਣਾ ਕੁਦਰਤੀ ਹੈ। ਉਹ ਹੌਲੇ ਪੱਧਰ ਦਾ ਵਿਅੰਗ ਨਹੀਂ ਕਰਦਾ। ਉਸ ਦੀ ਇਸ ਪੁਸਤਕ ਵਿਚ 33 ਲੇਖ ਹਨ। ਇਸ ਪੁਸਤਕ ਦੇ ਲੇਖ ਵੀ ਰੰਗ-ਬਰੰਗੇ ਹਨ, ਜਿਹੜੇ ਵਿਅੰਗ ਦੀ ਖ਼ੁਸ਼ਬੂ ਨਾਲ ਵਾਤਾਵਰਨ ਨੂੰ ਮਹਿਕਾ ਦਿੰਦੇ ਹਨ। ਪਹਿਲਾ ਲੇਖ 'ਮਾਵਾਂ ਠੰਡੀਆਂ ਛਾਵਾਂ' ਬਹੁਤ ਹੀ ਪ੍ਰੇਰਨਾਦਾਇਕ ਹੈ। ਇਸ ਲੇਖ ਦੀ ਮਹੱਤਤਾ ਆਧੁਨਿਕ ਸਮੇਂ ਵਿਚ ਹੋਰ ਵੱਧ ਜਾਂਦੀ ਹੈ ਕਿਉਂਕਿ ਬੱਚਿਆਂ ਵੱਲੋਂ ਮਾਂ ਨੂੰ ਉਹ ਸਤਿਕਾਰ ਨਹੀਂ ਮਿਲਦਾ, ਜਿਹੜਾ ਮਿਲਣਾ ਚਾਹੀਦਾ ਹੈ। ਇਸ ਲੇਖ ਵਿਚ ਮਾਂ ਦੀ ਮਹੱਤਤਾ ਬਾਰੇ ਉਦਾਹਰਣਾਂ ਸਮੇਤ ਦੱਸਿਆ ਗਿਆ ਹੈ। ਪੁਸਤਕ ਦਾ ਦੂਜਾ ਲੇਖ 'ਨੀ ਅੰਬੀਆਂ ਨੂੰ ਤਰਸੇਂਗੀ ਛੱਡ ਕੇ ਦੇਸ ਦੁਆਬਾ' ਅੰਬਾਂ ਬਾਰੇ ਕਾਬਲੇ-ਤਾਰੀਫ ਜਾਣਕਾਰੀ ਦਿੱਤੀ ਗਈ ਹੈ। ਪੁਸਤਕ ਦੇ ਸਿਰਲੇਖ ਵਾਲਾ 'ਉੱਗਦੇ ਸੂਰਜ ਦੀ ਅੱਖ' ਸੂਰਜ ਦੀਆਂ ਕਿਰਨਾਂ ਦੀ ਸਮੇਂ ਅਨੁਸਾਰ ਅਹਿਮੀਅਤ ਵੱਖ-ਵੱਖ ਸਰੋਤਾਂ ਤੋਂ ਲੈ ਕੇ ਦੱਸੀ ਗਈ ਹੈ। 'ਮੁੰਡਾ ਮੋਹ ਲਿਆ ਤਵੀਤਾਂ ਵਾਲਾ ਦਮੜੀ ਦਾ ਸੱਕ ਮਲ ਕੇ' ਵਰਤਮਾਨ ਨੌਜਵਾਨ ਪੀੜ੍ਹੀ ਲਈ ਨਵੀਂ ਜਾਣਕਾਰੀ ਹੈ ਕਿਉਂਕਿ ਅੱਜਕੱਲ੍ਹ ਤਾਂ ਹਰ ਚੀਜ਼ ਬਾਜ਼ਾਰ ਦੀ ਵਸਤੂ ਬਣ ਚੁੱਕੀ ਹੈ। ਇਸ ਲੇਖ ਦੀ ਮਹੱਤਤਾ ਦਰਸਾਉਣ ਲਈ ਉਦਾਹਰਣਾਂ ਦਿੱਤੀਆਂ ਗਈਆਂ ਹਨ। ਕੁਦਰਤ ਦੇ ਦਿੱਤੇ ਰੂਪ ਨੂੰ ਸ਼ਿੰਗਾਰਾਂ ਦੀ ਕੋਈ ਲੋੜ ਨਹੀਂ। ਆਧੁਨਿਕ ਚੀਜ਼ਾਂ ਵਿਚਲਾ ਕੈਮੀਕਲ ਨੁਕਸਾਨਦਾਇਕ ਦਰਸਾਇਆ ਹੈ। 'ਕਿਰਤ ਵਿਰਿਤ ਕਰ ਧਰਮ ਕੀ' ਵਿਚ ਇਮਾਨਦਾਰੀ ਤੇ ਨੈਤਿਕਤਾ ਨਾਲ ਕਿਰਤ ਕਰਨ 'ਤੇ ਜ਼ੋਰ ਦਿੱਤਾ ਗਿਆ। 'ਜੰਜ ਪਰਾਈ ਅਹਿਮਕ ਨੱਚੇ' ਵਿਚ ਦਰਸਾਇਆ ਗਿਆ ਹੈ ਕਿ ਅਮੀਰ ਲੋਕ ਫ਼ਜ਼ੂਲ-ਖ਼ਰਚੀ ਕਰਕੇ ਰੁਪਏ ਉਜਾੜ ਰਹੇ ਪ੍ਰੰਤੂ ਗ਼ਰੀਬ ਭੁੱਖਮਰੀ ਹੰਢਾ ਰਹੇ ਹਨ। ਜੇਕਰ ਉਤਨੀ ਰਕਮ ਭੁੱਖਮਰੀ ਦੂਰ ਕਰਨ ਲਈ ਖ਼ਰਚੀ ਜਾਵੇ, ਤਾਂ ਕੋਈ ਵੀ ਭੁੱਖਾ ਨਹੀਂ ਮਰੇਗਾ, ਵਿਖਾਵਾ ਤੇ ਹਉਮੈ ਤੋਂ ਛੁਟਕਾਰਾ ਪਾਉਣਾ ਜ਼ਰੂਰੀ ਹੈ। 'ਅੱਖ ਚੁੱਭੀ ਅਮਨ ਦੀ' ਰੂਸ ਯੂਕਰੇਨ ਯੁੱਧ ਦੀ ਦਾਸਤਾਂ ਹੈ। ਸੰਸਾਰਿਕ ਧੜੇਬੰਦੀ ਮਾਨਵਤਾ ਦਾ ਸਤਿਆਨਾਸ ਕਰ ਰਹੀ ਹੈ। ਜੰਗ ਨੁਕਸਾਨ ਦੇ ਪ੍ਰਤੀਕ ਹੁੰਦੇ ਹਨ। 'ਚੱਕੀ ਦੇ ਪੁੜਾਂ 'ਚ ਪਿਸਦੀ ਪੀੜ੍ਹੀ' ਲੇਖ ਵਿਚ ਪੁਰਾਤਨ ਸਮੇਂ ਬੱਚਿਆਂ ਵੱਲੋਂ ਮਾਪਿਆਂ ਦਾ ਸਤਿਕਾਰ ਤੇ ਅੱਜ ਦੀ ਜੈਨਰੇਸ਼ਨ ਵੱਲੋਂ ਦੁਰਕਾਰ ਬਾਰੇ ਚਾਨਣਾ ਪਾਇਆ ਗਿਆ ਹੈ। ਇਸ ਲੇਖ ਵਿਚ ਸਿਆਸੀ ਤੀਰ ਵੀ ਮਾਰੇ ਹਨ। 'ਕਾਲੇ ਕਾਲੇ ਰਸ ਭਰੇ ਜਾਮਣੂ' ਲੇਖ ਵਿਚ ਇਨ੍ਹਾਂ ਦੀਆਂ ਕਿਸਮਾਂ ਅਤੇ ਪੌਸ਼ਟਿਕ ਮਹੱਤਤਾ, ਕੁੱਤੇ ਮਾਨਵਤਾ ਦੀ ਭਾਵਨਾਤਿਮਿਕ ਕਮੀ ਨੂੰ ਪੂਰਾ ਕਰਦੇ, ਪੱਖੀ ਪੰਜਾਬੀ ਸੱਭਿਆਚਾਰ ਦਾ ਅਨਿੱਖੜਵਾਂ ਅੰਗ, ਹੰਝੂਆਂ ਦੀ ਅੱਖਾਂ ਲਈ ਮਹੱਤਤਾ, ਸਮੱਸਿਆਵਾਂ ਦੇ ਟਾਕਰੇ ਸਮੇਂ ਹੰਝੂ ਨਾ ਕੇਰਨਾ, ਸਾਗ ਵਿਚ ਖੁਰਾਕੀ ਤੱਤ, ਵਿਟਾਮਿਨਾਂ ਆਦਿ ਬਾਰੇ ਸੰਖੇਪ ਵਿਚ ਜਾਣਕਾਰੀ ਦਿੱਤੀ ਗਈ ਹੈ। ਦੋਸਤ ਨੂੰ ਸ਼ਰਧਾਂਜਲੀ, ਤਾਜਮਹਿਲ ਪਿਆਰ ਦਾ ਪ੍ਰਤੀਕ ਵਾਦ-ਵਿਵਾਦ ਗ਼ਲਤ, ਇਤਿਹਾਸਕ ਵਸਤਾਂ ਨਾਲ ਖਿਲਵਾੜ ਨਾ ਕਰਨਾ, ਗਵਾਏ ਮੌਕਿਆਂ ਦੀ ਦਾਸਤਾਂ ਲੇਖਕ ਦੀ ਨਿੱਜੀ ਜ਼ਿੰਦਗੀ ਬਾਰੇ, ਪਗੜੀ ਅਤੇ ਪੰਜ ਕਕਾਰ ਸਿੱਖਾਂ ਦੇ ਅਨਿਖੜਵੇਂ ਅੰਗ ਕਿਸੇ ਧਰਮ ਨਾਲ ਮੁਕਾਬਲਾ ਨਹੀਂ ਅਤੇ ਗਿਣਤੀ ਬਾਰੇ ਅੰਕੜੇ ਅਤੇ ਸ਼ੁੱਭ ਤੇ ਅਸ਼ੁੱਭ ਸਾਰੇ ਵਹਿਮ-ਭਰਮ ਹਨ। ਨਮਕ ਤੋਂ ਨਕਦੀ ਦਾ ਸਫਰ ਲੇਖ ਵਿਚ ਦੱਸਿਆ ਹੈ ਕਿ ਪੁਰਾਣੇ ਸਮੇਂ ਵਿਚ ਤਨਖਾਹ ਜਾਂ ਮਿਹਨਤ ਦਾ ਇਵਜ਼ਾਨਾ ਲੂਣ ਅਤੇ ਜਿਨਸਾਂ ਨਾਲ ਦਿੱਤਾ ਜਾਂਦਾ ਸੀ। ਸਮਾਂ ਬਦਲਣ ਨਾਲ ਰੁਪਏ ਪੈਸੇ ਰਾਹੀਂ ਦਿੱਤਾ ਜਾਂਦਾ ਹੈ। ਚਮਚਿਆਂ ਵਾਲੇ ਲੇਖ ਵਿਚ ਦੱਸਿਆ ਹੈ ਕਿ ਖ਼ੁਸ਼ਾਮਦੀ ਲੋਕਾਂ ਦੀ ਸਿਆਸਤਦਾਨ ਅਤੇ ਅਧਿਕਾਰੀ ਜ਼ਿਆਦਾ ਸੁਣਦੇ ਹਨ। ਚਮਚਿਆਂ ਦੀਆਂ ਕਿਸਮਾਂ ਵੀ ਦੱਸੀਆਂ ਹਨ। ਇਹ ਇਨਸਾਫ਼ ਦੇ ਰਸਤੇ ਵਿਚ ਰੁਕਾਵਟ ਬਣਦੇ ਹਨ। ਸਾਡੇ ਲੋਕਾਂ ਵਿਚ ਬਿਮਾਰ ਦੀ ਖ਼ਬਰ ਲੈਣ ਦਾ ਰਿਵਾਜ਼ ਹੈ। ਖ਼ਬਰਾਂ ਲੈਣ ਵਾਲੇ ਸਗੋਂ ਚੰਗੇ ਭਲੇ ਨੂੰ ਬਿਮਾਰ ਕਰ ਦਿੰਦੇ ਹਨ। ਛੋਟੀ ਘਟਨਾ ਨੂੰ ਅਫ਼ਵਾਹਾਂ ਫੈਲਾ ਕੇ ਵੱਡੀਆਂ ਦੱਸਿਆ ਜਾਂਦਾ ਹੈ। ਖ਼ਬਰ ਲੈਣਾ ਵੀ ਵਿਖਾਵਾ ਹੀ ਹੈ। ਜਦੋਂ ਕੋਈ ਮਰ ਜਾਂਦਾ ਹੈ, ਤਾਂ ਦੁਸ਼ਮਣ ਵੀ ਮਗਰਮੱਛ ਦੇ ਅਥਰੂ ਵਹਾਉਂਦੇ ਹਨ। ਜਿਉਂਦੇ ਦੀ ਭਾਵੇਂ ਵੇਖ ਭਾਲ ਨਾ ਕੀਤੀ ਹੋਵੇ, ਮਰੇ 'ਤੇ ਵੱਡਾ ਕਰਕੇ ਵਿਖਾਵਾ ਕੀਤਾ ਜਾਂਦਾ ਹੈ। ਬਾਤ ਦਾ ਬਤੰਗੜ ਬਣਨਾ ਅਤੇ ਝੂਠੀਆਂ ਖ਼ਬਰਾਂ ਫੈਲਾਉਣ ਦੀ ਆਦਤ ਹੈ। ਬੜੀ ਲੱਸੀ ਹੋਈ ਵੀ ਆਪਣੀ ਮਾਂ ਬੋਲੀ ਦੀ ਕਦਰ ਕਰਨ ਦੀ ਸਿਖਿਆ ਦਿੰਦੀ ਹੈ। ਪ੍ਰੰਤੂ ਕਈ ਵਾਰੀ ਅੰਗਰੇਜ਼ੀ ਤੋਂ ਰੀਜਨਲ ਭਾਸ਼ਾ ਵਿਚ ਉਲੱਥਾ ਅਰਥ ਹੀ ਬਦਲ ਦਿੰਦਾ ਹੈ। ਕੇਂਦਰ ਸਰਕਾਰ 'ਤੇ ਵਿਅੰਗ ਹੈ ਕਿ ਉਹ ਹਿੰਦੀ ਧੱਕੇ ਨਾਲ ਲਾਗੂ ਕਰਵਾਉਂਦੀ ਹੈ। ਟੁੱਟ ਪਓ ਖੁਰਲੀਆਂ 'ਤੇ, ਇਹ ਵੀ ਵਿਆਹਾਂ ਸ਼ਾਦੀਆਂ ਵਿਚ ਸ਼ਗਨ ਘੱਟ ਦਿੰਦੇ ਹਨ ਪ੍ਰੰਤੂ ਖਾਣੇ 'ਤੇ ਟੁੱਟ ਕੇ ਪੈ ਜਾਂਦੇ ਹਨ, ਖਾਣਿਆਂ ਵਿਚ ਵੀ ਨਵੇਂ-ਨਵੇਂ ਢੰਗ ਆ ਗਏ ਹਨ। ਪੁਰਾਣੇ ਸਮੇਂ ਵਿਚ ਪਿੰਡ ਦੇ ਲੋਕ ਹੀ ਆਪਸ ਵਿਚ ਮਿਲ ਕੇ ਕੰਮ ਕਰ ਲੈਂਦੇ ਸਨ। ਖਿਲਾਰਾ ਸਿੰਘ ਵਾਲੇ ਲੇਖ ਵਿਚ ਸਲੀਕੇ 'ਤੇ ਜ਼ੋਰ ਦਿੱਤਾ ਗਿਆ ਹੈ। ਖਿਲਾਰਾ ਲਾਪ੍ਰਵਾਹੀ ਕਰਕੇ ਪੈਂਦਾ ਹੈ। ਬਿਮਾਰੀਆਂ ਦਾ ਵੀ ਡਰ ਰਹਿੰਦਾ ਹੈ। ਇਕ ਗਰਮ ਚਾਏ ਕੀ ਪਿਆਲੀ ਹੋ, ਲੇਖ ਵਿਚ ਕਿਸੇ ਹੋਰ ਦੇਸ਼ ਵਿਚ ਮੰਤਰੀ ਵੱਲੋਂ ਦੇਸ਼ ਦੀ ਕਰੰਸੀ ਬਚਾਉਂਦਾ ਨਹੀਂ, ਚਾਹ ਘੱਟ ਪੀਣ ਦੀ ਅਪੀਲ 'ਤੇ ਬਾਵਰੋਲਾ ਖੜ੍ਹਾ ਹੋ ਗਿਆ ਪ੍ਰੰਤੂ ਸਾਡੇ ਦੇਸ਼ ਵਿਚ ਚਾਹ ਪੀਣ ਨਾਲ ਹੀ ਸੰਬੰਧ ਬਣਦੇ ਹਨ। ਮਹਿਮਾਨਾਂ ਨੂੰ ਧੱਕੇ ਨਾਲ ਚਾਹ ਪਿਲਾਈ ਜਾਂਦੀ ਹੈ। ਸਾਡੇ ਵਿਖਾਵੇ ਕਰਕੇ ਕਈ ਕਿਸਮ ਦੀਆਂ ਚਾਹ ਪੀਂਦੇ ਹਨ। ਪਸ਼ੂ ਵਾੜਾ ਵਿਚ ਸਿਆਸਤਦਾਨਾਂ ਵੱਲੋਂ ਆਪਣੇ ਵਿਰੋਧੀਆਂ ਦੀ ਤੁਲਨਾ ਪਸ਼ੂਆਂ ਨਾਲ ਕੀਤੀ ਜਾਂਦੀ ਹੈ। ਸਲੀਕੇ ਦੀ ਘਾਟ ਹੈ। ਨਿੰਬੂਆਂ ਦੀ ਮਹਿੰਗਾਈ ਨੇ ਤਾਂ ਗ਼ਰੀਬਾਂ ਦੇ ਵੱਟ ਕੱਢ ਦਿੱਤੇ। ਸਰਕਾਰਾਂ ਆਮ ਵਰਤੋਂ ਵਿਚ ਆਉਣ ਵਾਲੀਆਂ ਚੀਜ਼ਾਂ ਦੀਆਂ ਕੀਮਤਾਂ 'ਤੇ ਵੀ ਕਾਬੂ ਨਹੀਂ ਰੱਖ ਸਕਦੀਆਂ। ਮੁਨਾਫ਼ਾਖੋਰ ਸਰਕਾਰਾਂ ਨਾਲ ਮਿਲਕੇ ਮੁਨਾਫਾ ਕਮਾਉਂਦੇ ਹਨ। ਖਾਣ ਵਾਲੀਆਂ ਚੀਜ਼ਾਂ 'ਤੇ ਟੈਕਸ ਲਗਾਉਣ ਦਾ ਵਿਰੋਧ ਕੀਤਾ ਗਿਆ ਹੈ। ਪੰਜਾਬੀਆਂ 'ਤੇ ਵਿਅੰਗ ਹੈ ਕਿ ਉਹ ਪਰੌਂਠੇ ਬਹੁਤ ਖਾਂਦੇ ਹਨ, ਜਿਹੜੇ ਸਿਹਤ ਲਈ ਹਾਨੀਕਾਰਕ ਹੁੰਦੇ ਹਨ। ਸਾਦਾ ਖਾਣਾ, ਖਾਣ ਦੀ ਨਸੀਹਤ ਹੈ। ਕਲਫ ਲਗਾਉਣ ਨਾਲ ਕੋਈ ਜਵਾਨ ਨਹੀਂ ਹੋ ਜਾਂਦਾ, ਸਿਹਤ ਲਈ ਨੁਕਸਾਨਦਾਇਕ। ਸ਼ਰਾਬ ਦੇ ਨਸ਼ੇ ਦੇ ਮੁਕਾਬਲੇ ਸਿੰਥੈਟਿਕ ਨਸ਼ਿਆਂ ਦਾ ਦੌਰ ਹੋ ਗਿਆ। ਮਹਿੰਗਾਈ ਨੇ ਲੋਕਾਂ ਦਾ ਜੀਣਾ ਦੁੱਭਰ ਕਰ ਦਿੱਤਾ। ਖਾਮਖਾਹ ਦੀਆਂ ਇਛਾਵਾਂ ਫੜ੍ਹਾਂ ਮਾਰਨ ਵਾਲੇ ਕਰਦੇ ਹਨ।

176 ਪੰਨਿਆਂ, 200 ਰੁਪਏ ਕੀਮਤ ਵਾਲੀ ਇਹ ਪੁਸਤਕ ਪੰਜਾਬੀ ਵਿਰਸਾ ਟਰੱਸਟ ਫਗਵਾੜਾ (ਰਜਿ.) ਨੇ ਪ੍ਰਕਾਸ਼ਤ ਕੀਤੀ ਹੈ।








ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ
e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# ਕੁਝ ਗੱਲਾਂ ਕੈਲੀਫੋਰਨੀਆ ਵਿਖੇ ਹੋਈਆਂ ਸਿੱਖ ਵੋਟਾਂ ਦੀਆਂ

ਸ਼ਿੰਦਰ ਸਿੰਘ ਮੀਰਪੁਰੀ
ਫਰਿਜ਼ਨੋ, ਕੈਲੀਫੋਰਨੀਆ, ਅਮਰੀਕਾ
559-285-0841
(Punjab Mail USA)





ਪਿਛਲੇ ਲੰਬੇ ਸਮੇਂ ਤੋਂ ਵਿਦੇਸ਼ਾਂ ਵਿਚ ਵੱਸਦੇ ਸਿੱਖਾਂ ਵੱਲੋਂ ਖਾਲਿਸਤਾਨ ਸਬੰਧੀ ਵੱਖੋ-ਵੱਖਰੇ ਪ੍ਰਤੀਕਰਮ ਸਾਹਮਣੇ ਆ ਰਹੇ ਹਨ। ਇਸੇ ਤਰ੍ਹਾਂ ਪੰਜਾਬ ਵਿਚ ਵੀ ਕੁਝ ਖਾਲਿਸਤਾਨ ਪੱਖੀ ਧਿਰਾਂ ਆਪੋ-ਆਪਣੇ ਸਟੈਂਡ 'ਤੇ ਅਜੇ ਵੀ ਕਾਇਮ ਹਨ ਤੇ ਕੁਝ ਇੱਕ ਧਿਰਾਂ ਇਸ ਦਾ ਵਿਰੋਧ ਵੀ ਕਰ ਰਹੀਆਂ ਹਨ। ਇਸ ਮਸਲੇ 'ਤੇ ਬਹੁਤ ਸਾਰੇ ਲੋਕਾਂ ਦੀ ਰਾਏ ਵੱਖੋ-ਵੱਖਰੀ ਹੈ। ਹਰ ਕਿਸੇ ਦੇ ਆਪੋ-ਆਪਣੇ ਵਿਚਾਰ ਹਨ। ਕੋਈ ਇਸ ਨੂੰ ਸਹੀ ਆਖ ਰਿਹਾ ਹੈ ਤੇ ਕੋਈ ਇਸ ਨੂੰ ਗਲਤ ਆਖ ਕੇ ਇਸ ਨੂੰ ਸਹੀ ਨਾ ਠਹਿਰਾਉਣ ਦੀ ਕੋਸ਼ਿਸ਼ ਕਰਦਾ ਹੋਇਆ ਦੂਜੀਆਂ ਧਿਰਾਂ 'ਤੇ ਕਿੰਤੂ-ਪ੍ਰੰਤੂ ਕਰਦਾ ਹੈ। ਹਰ ਇੱਕ ਨੂੰ ਆਜ਼ਾਦੀ ਹੈ। ਹਰ ਇੱਕ ਦੀ ਆਪਣੀ ਸੋਚ ਵੱਖਰੀ ਹੈ ਕਿ ਉਸਨੇ ਕੀ ਕਰਨਾ ਹੈ। ਕਿਸੇ ਨੂੰ ਵੀ ਇਸ ਮਸਲੇ 'ਤੇ ਧੱਕੇ ਨਾਲ ਨਹੀਂ ਮਨਾਇਆ ਜਾ ਸਕਦਾ।

ਲੰਘੇ ਦਿਨੀਂ ਅਮਰੀਕਾ ਦੇ ਕੈਲੀਫੋਰਨੀਆ ਵਿਖੇ ਖਾਲਿਸਤਾਨ ਸਬੰਧੀ ਵੋਟਾਂ ਦਾ ਆਯੋਜਨ ਕੀਤਾ ਗਿਆ ਕਿਉਂਕਿ ਪਿਛਲੇ ਲੰਬੇ ਸਮੇਂ ਤੋਂ ਆਖਿਆ ਜਾ ਰਿਹਾ ਸੀ ਕਿ ਇਸ ਮਸਲੇ 'ਤੇ ਵੋਟਾਂ ਪੈਣੀਆਂ ਚਾਹੀਦੀਆਂ ਹਨ। ਇੱਕ ਖਾਸ ਧਿਰ ਵੱਲੋਂ ਖਾਲਿਸਤਾਨ ਦੀ ਮੰਗ ਕਰਦੇ ਆ ਰਹੇ ਗੁਰਪਤਵੰਤ ਸਿੰਘ ਪੰਨੂ ਵੀ ਸੁਰੱਖਿਆ ਘੇਰੇ ਵਿਚ ਉੱਥੇ ਵੇਖੇ ਗਏ। ਭਾਵੇਂ ਕਿ ਵੱਡੀ ਗਿਣਤੀ ਵਿਚ ਲੋਕਾਂ ਨੇ ਖਾਲਿਸਤਾਨ ਸਬੰਧੀ ਵੋਟਾਂ ਪਾ ਕੇ ਆਪਣੀ ਸੋਚ ਦਾ ਪ੍ਰਗਟਾਵਾ ਕੀਤਾ ਪਰ ਇਸ ਸਬੰਧੀ ਬਹੁਤ ਸਾਰੇ ਲੋਕਾਂ ਵੱਲੋਂ ਇਹ ਵੀ ਆਖਿਆ ਜਾ ਰਿਹਾ ਹੈ ਕਿ ਜੋ ਲੋਕ ਵੋਟ ਪਾਉਣ ਤੋਂ ਵਾਂਝੇ ਰਹਿ ਗਏ, ਉਨ੍ਹਾਂ ਦੀ ਚੋਣ ਪ੍ਰਕਿਰਿਆ ਹੁਣ 31 ਮਾਰਚ ਨੂੰ ਸੈਕਰਾਮੈਂਟੋ ਵਿਖੇ ਹੋਵੇਗੀ। ਉੱਥੇ ਵੀ ਪ੍ਰਬੰਧਕਾਂ ਵੱਲੋਂ ਆਸ ਕੀਤੀ ਜਾ ਰਹੀ ਹੈ ਕਿ ਵੱਡੀ ਗਿਣਤੀ ਵਿਚ ਲੋਕ ਪਹੁੰਚ ਕੇ ਵੋਟਾਂ ਪਾਉਣਗੇ।

ਜਿਹੜੀ ਇਹ ਪਹਿਲੀ ਚੋਣ ਪ੍ਰਕਿਰਿਆ ਸੀ ਇਹ ਕੈਲੀਫੋਰਨੀਆ ਵਿਖੇ ਨੇਪਰੇ ਚੜ੍ਹੀ। ਔਰ ਬਹੁਤ ਸਾਰੇ ਹਜ਼ਾਰਾਂ ਦੀ ਤਾਦਾਦ ਵਿਚ ਲੋਕਾਂ ਨੇ ਆਪਣੀਆਂ ਵੋਟਾਂ ਰਾਹੀਂ ਖਾਲਿਸਤਾਨ ਸਬੰਧੀ ਹੰਗਾਰਾ ਦਿੱਤਾ। ਇਹ ਮੁੱਦਾ ਪਿਛਲੇ ਲੰਬੇ ਸਮੇਂ ਤੋਂ ਚਰਚਾ ਵਿਚ ਸੀ। ਕੁਝ ਧਿਰਾਂ ਇਸ ਨੂੰ ਸਿੱਖਾਂ ਦੀ ਆਜ਼ਾਦੀ ਦਾ ਨਾਂ ਦੇ ਕੇ ਖਾਲਿਸਤਾਨ ਬਣਾਉਣ ਸਬੰਧੀ ਵਕਾਲਤ ਕਰ ਰਹੀਆਂ ਹਨ ਪਰ ਕੁਝ ਧਿਰਾਂ ਇਸ ਦਾ ਨਾਲ ਦੀ ਨਾਲ ਵਿਰੋਧ ਵੀ ਕਰ ਰਹੀਆਂ ਹਨ। ਜਿਵੇਂ ਅਸੀਂ ਪਹਿਲਾਂ ਵੀ ਕਹਿ ਚੁੱਕੇ ਹਾਂ ਕਿ ਸੋਚ ਸਾਰਿਆਂ ਦੀ ਆਪੋ-ਆਪਣੀ ਵੱਖਰੀ ਹੈ, ਕੀ ਸਹੀ ਹੈ, ਕੀ ਗਲਤ ਇਸ ਸਬੰਧੀ ਕੋਈ ਵੀ ਕਿਸੇ ਦੀ ਗੱਲ ਮੰਨਣ ਨੂੰ ਤਿਆਰ ਨਹੀਂ ਹੈ। ਪਿਛਲੇ ਸਮੇਂ ਵੀ ਇਸ ਮਸਲੇ ਨੂੰ ਲੈ ਕੇ ਵੱਖਰੀ ਤਰ੍ਹਾਂ ਦਾ ਪ੍ਰਗਟਾਵਾ ਸਾਹਮਣੇ ਆਉਂਦਾ ਰਿਹਾ ਹੈ ਅਤੇ ਵੱਡੇ ਪੱਧਰ 'ਤੇ ਚਰਚਾ ਵੀ ਹੋਈ ਹੈ।

ਮੈਂ ਇੱਥੇ ਇੱਕ ਇਸ ਖਾਸ ਗੱਲ ਦਾ ਜ਼ਿਕਰ ਜ਼ਰੂਰ ਕਰਨਾ ਚਾਹਾਂਗਾ ਕਿ ਜਿਹੜੇ ਸੱਜਣ ਕੈਲੀਫੋਰਨੀਆ ਵਿਖੇ ਵੋਟਰ ਬਣ ਕੇ ਆਏ ਸਨ, ਉਨ੍ਹਾਂ ਵਿਚ ਇੱਕ ਬਜ਼ੁਰਗ ਅਜਿਹਾ ਵੀ ਸੀ, ਜਿਸ ਨੂੰ ਸਾਹ ਲੈਣ ਦੇ ਲਈ ਦਿੱਕਤ ਆਉਣ ਕਰਕੇ ਉਸਦੇ ਆਕਸੀਜਨ ਲੱਗੀ ਹੋਈ ਸੀ ਪ੍ਰੰਤੂ ਉਸਨੇ ਵੀ ਵੋਟਾਂ ਵਿਚ ਹਿੱਸਾ ਲੈ ਕੇ ਬੜਾ ਉਤਸ਼ਾਹ ਦਿਖਾਇਆ। ਇਸ ਗੱਲ ਦੀ ਭਾਵੇਂ ਵੱਡੇ ਪੱਧਰ 'ਤੇ ਚਰਚਾ ਵੀ ਕੀਤੀ ਗਈ ਪਰ ਆਪਣੇ ਆਪ ਵਿਚ ਇੱਕ ਇਹ ਵੱਖਰੀ ਤਰ੍ਹਾਂ ਦੀ ਘਟਨਾ ਹੈ ਕਿ ਕਿਸੇ ਵੀ ਚੋਣ ਪ੍ਰਕਿਰਿਆ ਦੇ ਵਿਚ ਇਸ ਹੱਦ ਤੱਕ ਲੋਕਾਂ ਨੇ ਪਹੁੰਚ ਕੇ ਹਿੱਸਾ ਲਿਆ ਅਤੇ ਇੱਕ ਸਾਹ ਲੈਣ ਵਿਚ ਤਕਲੀਫ ਆਲੇ ਬਜ਼ੁਰਗ ਨੂੰ ਵੀ ਵੇਖਿਆ ਗਿਆ। ਇਹ ਆਪਣੇ ਆਪ ਵਿਚ ਇੱਕ ਵੱਡੀ ਘਟਨਾ ਹੈ, ਜਿਸ ਨੂੰ ਚੋਣ ਪ੍ਰਣਾਲੀ ਵਿਚ ਯਾਦ ਰੱਖਿਆ ਜਾਵੇਗ। ਵਿਦੇਸ਼ਾਂ ਵਿਚ ਸਿਖਾਂ ਦੀ ਜਿਹੜੀ ਸੋਚ ਹੈ, ਉਹ ਵੱਖਰੀ ਤਰ੍ਹਾਂ ਦਾ ਪ੍ਰਗਟਾਵਾ ਕਰਦੀ ਹੈ। ਪਿਛਲੇ ਸਮੇਂ ਵੀ ਅਸੀਂ ਇਸ ਮਸਲੇ 'ਤੇ ਕਾਫੀ ਕੁਝ ਵੇਖਿਆ ਹੈ।

ਸੰਗਤਾਂ ਵੱਲੋਂ ਇਸ ਸਾਰੇ ਵਰਤਾਰੇ ਵਿਚ ਪਹੁੰਚ ਕੇ ਵੱਡੇ ਪੱਧਰ 'ਤੇ ਲੰਗਰ ਪਾਣੀ ਦੀ ਸੇਵਾ ਵੀ ਕੀਤੀ ਗਈ ਅਤੇ ਬਹੁਤ ਸਾਰੇ ਲੋਕਾਂ ਨੂੰ ਲੰਗਰ ਛਕਾਇਆ ਗਿਆ, ਜੋ ਕਿ ਆਪਣੇ ਆਪ ਵਿਚ ਇੱਕ ਵੱਖਰੀ ਤਰ੍ਹਾਂ ਦਾ ਮੈਸੇਜ ਪਹੁੰਚਦਾ ਹੈ ਕਿ ਸਿੱਖ ਕੌਮ ਜਿੱਥੇ ਹੋਰਨਾਂ ਦੇਸ਼ਾਂ ਵਿਚ ਜਾ ਕੇ ਮਦਦ ਕਰਦੀ ਹੈ, ਉੱਥੇ ਹੀ ਇਸ ਤਰ੍ਹਾਂ ਦੀਆਂ ਵਰਤਾਰੇ ਦੌਰਾਨ ਵੀ ਅੱਗੇ ਹੋ ਕੇ ਮਦਦ ਕਰਨਾ ਵੀ ਆਪਣੇ ਆਪ ਵਿਚ ਵੱਖਰੀ ਤਰ੍ਹਾਂ ਦੀ ਗੱਲ ਭਾਵੇਂ ਹੈ ਪਰ ਖਾਲਿਸਤਾਨ ਸਬੰਧੀ ਵੋਟਾਂ ਵਾਲੇ ਮਤੇ ਵਿਚ ਆਮ ਲੋਕਾਂ ਵੱਲੋਂ ਵਿਖਾਇਆ ਗਿਆ। ਉਤਸ਼ਾਹ ਇਸ ਗੱਲ ਦੀ ਗਵਾਹੀ ਹੈ, ਕੋਈ ਨਾ ਕੋਈ ਤਾਂ ਗੱਲਬਾਤ ਚੱਲ ਰਹੀ ਕਿਉਂਕਿ ਇਸ ਤਰ੍ਹਾਂ ਦੇ ਇਕੱਠਾਂ ਵਿਚ ਵੱਡੀ ਗਿਣਤੀ ਵਿਚ ਲੋਕਾਂ ਦਾ ਪਹੁੰਚਣਾ ਕਿਸੇ ਸੋਚ ਦਾ ਪ੍ਰਗਟਾਵਾ ਹੈ।

ਪਰ ਇੱਥੇ ਇਹ ਵੀ ਕਹਿਣਾ ਵਾਜਿਬ ਹੋਵੇਗਾ ਕਿ ਖਾਲਿਸਤਾਨ ਸਬੰਧੀ ਵੋਟਾਂ ਵਿਚ ਵੱਡੇ ਪੱਧਰ 'ਤੇ ਸਿੱਖਾਂ ਵੱਲੋਂ ਸ਼ਾਮਲ ਹੋ ਕੇ ਮਤਦਾਨ ਕਰਨਾ ਆਪਣੇ ਆਪ ਵਿਚ ਇੱਕ ਵੱਖਰੀ ਤਰ੍ਹਾਂ ਦਾ ਸੁਨੇਹਾ ਹੈ। ਬਜ਼ੁਰਗ ਅਤੇ ਬਜ਼ੁਰਗ ਬੀਬੀਆਂ ਵੱਲੋਂ ਵੀ ਵੋਟਾਂ ਰਾਹੀਂ ਆਪਣੀ ਇੱਛਾ ਜੱਗ-ਜ਼ਾਹਿਰ ਕੀਤੀ ਗਈ। ਭਾਵੇਂ ਉਸ ਸਬੰਧੀ ਅਗਲੀ ਗੱਲਬਾਤ ਨੂੰ ਸਮਝਣਾ ਜਾਂ ਜੱਗ-ਜ਼ਾਹਿਰ ਕਰਨਾ ਕਿਸੇ ਤਰ੍ਹਾਂ ਵੀ ਉਚਿਤ ਨਹੀਂ ਹੋਵੇਗਾ ਕਿ ਅਗਲੇ ਸਮੇਂ ਨੂੰ ਕੀ ਹੋਵੇਗਾ ਪਰ ਲੰਘੇ ਸਮੇਂ ਸਿੱਖਾਂ ਵੱਲੋਂ ਵੋਟਾਂ ਪਾ ਕੇ ਇੱਕ ਵੱਖਰਾ ਸੁਨੇਹਾ ਜ਼ਰੂਰ ਦਿੱਤਾ ਗਿਆ ਹੈ। ਸਾਰਿਆਂ ਦੀ ਸੋਚ ਵੱਖੋ-ਵੱਖਰੀ ਹੈ। ਪ੍ਰਬੰਧਕਾਂ ਵੱਲੋਂ ਉੱਥੇ ਪਹੁੰਚੇ ਲੋਕਾਂ ਦਾ ਧੰਨਵਾਦ ਵੀ ਕੀਤਾ ਗਿਆ।

## ਹਾਸ਼ਿਮ ਫ਼ਤਹਿ ਨਸੀਬ ਉਨ੍ਹਾਂ ਨੂੰ

# ਸਰਕਾਰੀ ਸਕੂਲ ਤੋਂ ਪੜ੍ਹਕੇ ਪੇਂਡੂ ਕੁੜੀ ਬਣੀ ਜੱਜ

ਮੁਲਾਕਾਤੀ: ਸਤਵੀਰ ਸਿੰਘ ਚਾਨੀਆਂ
92569-73526
(Punjab Mail USA)








ਅਖਾਣ ਹੈ 'ਪਿਓ ਰਿਹਾ ਨਾ ਬਾਬਾ-ਵਲੈਤ ਨੇ ਪੱਟਿਆ ਦੁਆਬਾ', ਇਹ ਅਖਾਣ ਦੁਆਬੇ ਦੀ ਹੱਦਬੰਦੀ ਟੱਪ ਕੇ ਪੂਰੇ ਪੰਜਾਬ 'ਤੇ ਹੀ ਲਾਗੂ ਹੋ ਗਿਐ। ਜਾਂ ਹੁਣ ਇਉਂ ਕਹਿ ਲਉ ਬਈ 'ਪਿਓ ਰਿਹਾ ਨਾ ਬਾਬਾ-ਵਲੈਤ ਨੇ ਪੱਟਿਆ ਪੰਜਾਬਾ' ਪਰ, 'ਹਾਸ਼ਿਮ ਫ਼ਤਹਿ ਨਸੀਬ ਉਨ੍ਹਾਂ ਨੂੰ-ਜਿਨ੍ਹਾਂ ਹਿੰਮਤ ਯਾਰ ਬਣਾਈ' ਤਹਿਤ ਪੰਜਾਬ ਨਾਲ ਦਰਦ ਰੱਖਣ ਵਾਲੇ ਨੌਜਵਾਨ ਹਾਲਾਂ ਬਰਕਰਾਰ ਨੇ ਜੋ ਪੰਜਾਬ ਨੂੰ ਛੱਡਣਾ ਨਹੀਂ ਲੋਚਦੇ। 'ਜਿਹੀ ਹੀ ਮਿਸਾਲ 'ਚ ਹਾਲ ਹੀ ਵਿਚ ਪੰਜਾਬ ਸਰਕਾਰ ਵੱਲੋਂ **PCS Judiciary Exams** ਜ਼ਰੀਏ ਚੁਣੇ ਗਏ ਜੱਜਾਂ ਵਿਚੋਂ, ਪਿੰਡ ਖੁਣ-ਖੁਣ ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਦੀ ਮਾਣਮੱਤੀ ਧੀ ਬੀਬਾ ਪਾਲਿਕਾ ਜੱਸਲ ਪੁੱਤਰੀ ਸ਼੍ਰੀ ਹੁਸਨ ਲਾਲ ਐਡਵੋਕੇਟ/ਸ਼੍ਰੀਮਤੀ ਸੁਦੇਸ਼ ਰਾਣੀ ਦਾ ਨਾਮ ਵੀ ਸ਼ੁਮਾਰ ਹੈ। ਜੋ ਨਿਰਾਸ਼ਾ ਵਿਚ, ਵਿਦੇਸ਼ ਪ੍ਰਵਾਸ ਕਰ ਰਹੇ ਨੌਜਵਾਨਾਂ ਲਈ ਮਿਸਾਲ ਬਣੇ। ਨਿਰੋਲ ਦੂਰ ਦੁਰਾਡੇ ਦਾ ਪੇਂਡੂ ਖਿੱਤਾ ਜਿਥੇ ਆਵਾਜਾਈ ਦੇ ਸਾਧਨਾਂ ਦੀ ਤੋਟ ਹੋਣ ਦੇ ਬਾਵਜੂਦ ਬੀਬਾ ਪਾਲਿਕਾ ਜੱਸਲ ਨੇ ਮਾਰਚ 2012 'ਚ +2 ਸਸਸਸ (ਕੰ) ਨਕੋਦਰ ਤੋਂ ਸਾਇੰਸ ਵਿਸ਼ੇ 'ਚੋਂ ਅੱਵਲ ਦਰਜੇ 'ਚ ਪਾਸ ਕਰਨ ਉਪਰੰਤ **BSC, BEd.** ਖਾਲਸਾ ਕਾਲਜ਼ ਜਲੰਧਰ ਤੋਂ ਕੀਤੀ। ਕਿਉਂ ਜੋ ਉਹ ਟੀਚਰ ਬਣਨਾ ਲੋਚਦੀ ਸੀ। ਇਸੇ ਦੌਰਾਨ ਉਨ੍ਹਾਂ ਦਾ ਭਰਾ ਕਾਲਜ ਪੜ੍ਹ ਕੇ ਨਿਊਜ਼ੀਲੈਂਡ ਦਾ ਰੁੱਖ ਕਰ ਗਿਆ। ਲੰਮ-ਸਲੰਮੀ, ਹੁਸੀਨ ਅਤੇ ਜ਼ਹੀਨ ਸ਼ਖ਼ਸੀਅਤ ਦੀ ਮਲਿਕਾ, ਪਾਲਿਕਾ ਜੱਸਲ ਨੂੰ ਵੀ ਵਿਦੇਸ਼ੋਂ ਰਿਸ਼ਤੇ ਆਉਣ ਲੱਗੇ। ਘਰਦਿਆਂ ਵੀ ਦਬਾਅ ਬਣਾਇਆ ਕਿ ਉਹ ਵਿਆਹ ਕਰਵਾ ਕੇ ਵਿਦੇਸ਼ ਵੱਸ ਜਾਏ। ਪਰ,

'ਰਹਿਣਦੇ ਕੈਨੇਡਾ ਜਾਣ ਨੂੰ,
ਸਾਨੂੰ ਇਥੇ ਹੀ ਰਿਜ਼ਕ ਬਥੇਰਾ'

ਤਹਿਤ ਪਾਲਿਕਾ ਦੇ ਅੰਦਰ ਤਾਂ ਉਮੀਦਾਂ ਦਾ ਇਕ ਭਰ ਵਗਦਾ ਦਰਿਆ ਅਠਖੇਲੀਆਂ ਖਾ ਰਿਹਾ ਸੀ। ਉਹ ਆਪਣੇ ਵਕੀਲ ਪਿਤਾ ਜੀ ਦੇ ਨਾਲ ਜਲੰਧਰ ਕਚਹਿਰੀਆਂ ਵਿਚ ਹਰ ਰੋਜ਼ ਕੰਮ ਵਿਚ ਹੱਥ ਵਟਾਉਂਦੀ। ਇਥੋਂ ਹੀ ਉਸ ਨੂੰ ਵਕੀਲ ਬਣਨ ਦੀ ਲਗਨ ਲੱਗੀ। ਇਸੇ ਹੀ ਜਜ਼ਬੇ ਦੇ ਵੇਗ ਤਹਿਤ ਉਸ ਨੇ ਬੀਕਾਨੇਰ ਯੂਨੀਵਰਸਿਟੀ ਤੋਂ 2017 'ਚ LLB ਕਰਕੇ ਇਕ ਸਾਲ ਦੀ ਕੋਚਿੰਗ ਉਪਰੰਤ 2019 ਵਿਚ ਪਹਿਲੀ ਵਾਰ ਪੰਜਾਬ ਸਿਵਲ ਸਰਵਿਸਿਜ਼ (ਜੁ) ਦਾ ਇਮਤਿਹਾਨ ਦਿੱਤਾ। ਪਹਿਲੀ ਕੋਸ਼ਿਸ਼ ਅਸਫ਼ਲ ਰਹੀ, ਪਰ ਉਸ ਹਿੰਮਤ ਨਾ ਹਾਰੀ। ਪਾਲਿਕਾ ਨੇ ਆਪਣੀ ਮਾਤਾ ਵਲੋਂ ਹਰ ਰੋਜ ਦਿੱਤੀਆਂ ਅਸੀਸਾਂ, ਹੱਲਾਸ਼ੇਰੀ ਅਤੇ ਆਪਣੇ ਵਕੀਲ ਪਿਤਾ ਜੀ ਦੀ ਯੋਗ ਅਗਵਾਈ ਵਿਚ ਕਰੋਨਾ ਕਾਲ ਸਮੇਂ ਫਿਰ ਜੋਸ਼ੋ-ਖਰੋਸ਼ ਨਾਲ ਸਖ਼ਤ ਮਿਹਨਤ ਕੀਤੀ। ਯੂ ਟਿਊਬ ਚੈਨਲ ਤੋਂ ਸੈਂਕੜੇ ਵੀਡੀਓਜ਼ ਦੇਖ ਕੇ ਅਗਵਾਈ ਲਈ। ਸੱਚ ਤਾਂ ਇਹ ਹੈ ਕਿ ਯੂ ਟਿਊਬ ਚੈਨਲ ਹੀ ਉਸ ਦਾ ਵੱਡਾ ਉਸਤਾਦ ਹੋ ਨਿੱਬੜਿਆ। ਤਿੰਨ ਸਾਲ ਇੰਤਜ਼ਾਰ ਉਪਰੰਤ ਪੰਜਾਬ ਸਿਵਲ ਸਰਵਿਸਿਜ਼ (ਜੁ) ਦਾ ਇਮਤਿਹਾਨ 2022 ਵਿਚ ਫਿਰ ਦਿੱਤਾ। ਮਿਹਨਤ ਅਤੇ ਲਗਨ ਰੰਗ ਲਿਆਈ। ਹੁਣ ਉਸ ਨੇ ਇੰਟਰਵਿਊ ਲਈ ਤਿਆਰੀ ਆਰੰਭੀ। ਨਕੋਦਰ ਦੇ ਸ. ਜਗਤਾਰ ਸਿੰਘ ਹੁਰਾਂ ਤੋਂ ਤਾਲੀਮ ਗ੍ਰਹਿਣ ਕਰਕੇ ਇੰਟਰਵਿਊ ਦਿੱਤੀ। ਉਸ ਦੀ ਖੁਸ਼ੀ ਦਾ ਕੋਈ ਟਿਕਾਣਾ ਨਾ ਰਿਹਾ, ਜਦ ਨਸ਼ਰ ਨਤੀਜੇ ਵਿਚ, ਪਹਿਲੇ ਪੰਜ ਉਮੀਦਵਾਰਾਂ ਵਿਚ ਉਸ ਆਪਣਾ ਨਾਮ ਸ਼ੁਮਾਰ ਪਾਇਆ। ਉਨ੍ਹਾਂ ਯੁਵਾ ਪੀੜ੍ਹੀ ਨੂੰ ਮੁਖ਼ਾਤਿਬ ਹੁੰਦਿਆਂ ਕਿਹਾ, "ਥੋੜੇ ਦੁਆਰਾ ਲਗਨ ਨਾਲ ਕੀਤੀ ਸਖ਼ਤ ਮਿਹਨਤ ਕਦੇ ਵੀ ਵਿਅਰਥ ਨਹੀਂ ਜਾਂਦੀ। ਵਿਦੇਸ਼ਾਂ ਵੱਲ ਭੱਜਣ ਦੀ ਬਜਾਏ ਇਥੇ ਹੀ ਆਪਣੇ ਆਪ ਨੂੰ ਕਿਸੇ ਵੀ ਆਪਣੀ ਮੁਹਾਰਤ ਅਤੇ ਚਾਹਤ ਵਾਲੇ ਫ਼ੀਲਡ ਵਿਚ ਸਥਾਪਤ ਕਰੋ। ਪਰ ਇਹ ਮੁਬਾਰਕ ਕਰਨ ਲਈ ਪਹਿਰਾ ਦੇਣਾ ਹੋਵੇਗਾ, ਕਿ:-

'ਰੁੱਖਾਂ ਬਾਝ ਨਾ ਧਰਤੀ ਸੋਂਹਦੀ-ਹੁੰਨਰ ਬਾਝ ਨਾ ਬੰਦਾ।

ਹੱਥੀਂ ਕਿਸਮਤ ਘੜਦਾ ਕਾਮਾ-ਗ਼ਾਫ਼ਿਲ ਰੋਸ ਕਰੇਂਦਾ।"

# ਮਣੀਪੁਰ ਦੀ ਫਿਰਕੂ ਹਿੰਸਾ ਨੇ ਮੁੜ ਭੜਕਾ ਦਿੱਤੀ ਹੈ ਅੱਤਵਾਦ ਦੀ ਅੱਗ

ਬਲਰਾਜ ਸਿੰਘ ਸਿੱਧੂ ਕਮਾਂਡੈਂਟ
ਪੰਡੋਰੀ ਸਿੱਧਵਾਂ 95011-00062
(Punjab Mail USA)



ਅੱਠ ਮਹੀਨੇ ਤੋਂ ਮਣੀਪੁਰ ਭਰਾ ਮਾਰੂ ਲੜਾਈ ਦੀ ਅੱਗ ਵਿਚ ਝੁਲਸ ਰਿਹਾ ਹੈ। 3 ਮਈ 2023 ਨੂੰ ਸ਼ੁਰੂ ਹੋਈ ਕਤਲੋਗਾਰਤ ਪਹਿਲਾਂ ਸਿਰਫ ਇੰਫਾਲ ਘਾਟੀ ਵਿਚ ਰਹਿਣ ਵਾਲੇ ਮੈਤਈ ਅਤੇ ਪਹਾੜਾਂ ਦੇ ਵਾਸੀ ਕੂਕੀ ਕਬੀਲੇ ਤੱਕ ਮਹਿਦੂਦ ਸੀ। ਇੱਛਾ ਸ਼ਕਤੀ ਦੀ ਘਾਟ ਕਾਰਨ ਸੂਬਾ ਸਰਕਾਰ ਇਸ ਹਿੰਸਾ 'ਤੇ ਕਾਬੂ ਪਾਉਣ ਵਿਚ ਬੁਰੀ ਤਰ੍ਹਾਂ ਅਸਫਲ ਰਹੀ, ਜਿਸ ਕਾਰਨ ਹੁਣ ਤੱਕ 200 ਦੇ ਕਰੀਬ ਦੋਵਾਂ ਫਿਰਕਿਆਂ ਦੇ ਲੋਕ ਤੇ ਸੁਰੱਖਿਆ ਕਰਮੀ ਮਾਰੇ ਜਾ ਚੁੱਕੇ ਹਨ ਤੇ 50000 ਤੋਂ ਵੱਧ ਬੇਘਰ ਹੋ ਗਏ ਹਨ। ਕੁਝ ਮਹੀਨੇ ਪਹਿਲਾਂ ਵਾਇਰਲ ਹੋਈ ਇੱਕ ਵੀਡੀਉ ਤੋਂ ਪਤਾ ਲੱਗਾ ਕਿ ਸੈਂਕੜੇ ਔਰਤਾਂ ਦੀ ਇੱਜ਼ਤ ਵੀ ਰੋਲੀ ਜਾ ਚੁੱਕੀ ਹੈ। ਇਸ ਫਿਰਕੂ ਹਿੰਸਾ ਨੇ ਹੁਣ ਇੱਕ ਨਵਾਂ ਰੂਪ ਅਖਤਿਆਰ ਕਰ ਲਿਆ ਹੈ। ਕਈ ਸਾਲਾਂ ਤੋਂ ਚੁੱਪ ਬੈਠੇ ਮਣੀਪੁਰੀ ਅੱਤਵਾਦੀ ਗ੍ਰੋਹ ਜੋ ਕਿ ਜਨਤਾ ਦੀ ਹਮਦਰਦੀ ਗਵਾ ਚੁੱਕੇ ਸਨ, ਦੁਬਾਰਾ ਸਰਗਰਮ ਹੋ ਗਏ ਹਨ। ਉਹ ਕਥਿਤ ਤੌਰ 'ਤੇ ਚੀਨ ਅਤੇ ਬਰਮਾ ਦੀ ਸਹਾਇਤਾ ਨਾਲ ਮੁੜ ਹਥਿਆਰਬੰਦ ਹੋ ਕੇ ਸੁਰੱਖਿਆ ਦਸਤਿਆਂ 'ਤੇ ਹਮਲੇ ਕਰ ਰਹੇ ਹਨ ਤੇ ਫਿਰੌਤੀਆਂ ਉਗਰਾਹੁਣ ਲੱਗ ਪਏ ਹਨ।

ਸੂਬੇ ਦਾ ਸਰਕਾਰੀ ਤੰਤਰ ਬੁਰੀ ਤਰ੍ਹਾਂ ਛਿੰਨ-ਭਿੰਨ ਹੋ ਗਿਆ ਹੈ ਤੇ ਦੋਵਾਂ ਫਿਰਕਿਆਂ ਦੀਆਂ ਨਿੱਜੀ ਮਿਲਸ਼ੀਆ ਆਪੋ-ਆਪਣੀ ਬਹੁਗਿਣਤੀ ਵਾਲੇ ਖੇਤਰਾਂ ਵਿਚ ਬਰਾਬਰ ਦੀ ਸਰਕਾਰ ਚਲਾ ਰਹੀਆਂ ਹਨ। ਉਨ੍ਹਾਂ ਦੀ ਛਤਰ-ਛਾਇਆ ਹੇਠ ਹਥਿਆਰਾਂ ਅਤੇ ਨਸ਼ਿਆਂ ਦੀ ਤਸਕਰੀ ਬਿਨਾਂ ਕਿਸੇ ਡਰ-ਭੈਅ ਦੇ ਵੱਡੇ ਪੱਧਰ 'ਤੇ ਚੱਲ ਪਈ ਹੈ। ਲੱਗਦਾ ਹੈ ਕਿ ਜਲਦੀ ਹੀ ਮਣੀਪੁਰ ਭਾਰਤ ਭਰ ਦੇ ਗੈਂਗਸਟਰਾਂ ਅਤੇ ਮਾਉਵਾਦੀਆਂ ਨੂੰ ਹਥਿਆਰ ਸਪਲਾਈ ਕਰਨ ਦਾ ਨਵਾਂ ਕੇਂਦਰ ਬਣ ਜਾਵੇਗਾ। ਫਿਰੌਤੀਆਂ ਤੋਂ ਹੋਣ ਵਾਲੀ ਅਥਾਹ ਕਮਾਈ ਕਾਰਨ ਅੱਤਵਾਦੀ ਗ੍ਰੋਹ ਦਿਨ-ਬ-ਦਿਨ ਤਾਕਤਵਰ ਹੁੰਦੇ ਜਾ ਰਹੇ ਹਨ। ਉਹ ਵਪਾਰੀਆਂ, ਆਮ ਲੋਕਾਂ ਤੇ ਇਥੋਂ ਤੱਕ ਕਿ ਥਰੀ ਵਹੀਲਰ ਚਲਾਉਣ ਵਾਲਿਆਂ ਤੋਂ ਵੀ ਪੈਸਾ, ਰਾਸ਼ਨ ਅਤੇ ਗੱਡੀਆਂ ਤੱਕ ਭੋਟ ਰਹੇ ਹਨ। ਚੂੜਾਚਾਂਦਪੁਰ ਦੇ ਇੱਕ ਕਾਰ ਡੀਲਰ ਨੇ ਬਲੈਰੋ ਗੱਡੀ ਦੇਣ ਤੋਂ ਇਨਕਾਰ ਕਰਨ ਦੀ ਹਿੰਮਤ ਕੀਤੀ, ਤਾਂ ਅੱਤਵਾਦੀਆਂ ਨੇ ਬੰਦੂਕ ਦੀ ਨੋਕ 'ਤੇ ਉਸ ਤੋਂ ਤਿੰਨ ਗੱਡੀਆਂ ਖੋਹ ਲਈਆਂ ਤੇ ਕੁੱਟਮਾਰ ਕੇ ਅਧਮੋਇਆ ਕਰ ਦਿੱਤਾ। ਅਜਿਹੇ ਹਾਲਾਤ ਵਿਚ ਆਮ ਆਦਮੀ ਕੋਲ ਅੱਤਵਾਦੀਆਂ ਦੀਆਂ ਨਾਜਾਇਜ਼ ਮੰਗਾਂ ਮੰਨਣ ਤੋਂ ਇਲਾਵਾ ਹੋਰ ਕੋਈ ਚਾਰਾ ਬਾਕੀ ਨਹੀਂ ਰਿਹਾ।

ਅੱਤਵਾਦੀਆਂ ਦਾ ਐਨਾ ਡਰ ਬੈਠ ਚੁੱਕਾ ਹੈ ਕਿ ਲੋਕ ਪੁਲਿਸ ਕੋਲ ਜਾਣ ਤੋਂ ਕਤਰਾਉਂਦੇ ਹਨ। ਪੈਸੇ ਦੀ ਭੁੱਖ ਵਿਚ ਅੰਨ੍ਹੇ ਹੋ ਚੁੱਕੇ ਇਹ ਅੱਤਵਾਦੀ ਹੁਣ ਆਪਣੇ ਬਿਗਾਨੇ ਵਿਚ ਕੋਈ ਫਰਕ ਨਹੀਂ ਕਰਦੇ। ਪਿਛਲੇ ਸਾਲ 8 ਦਸੰਬਰ ਨੂੰ ਇੰਫਾਲ ਦੇ ਇੱਕ ਮੈਤਈ ਵਪਾਰੀ ਨੇ ਪੁਲਿਸ ਕੋਲ ਦਰਖਾਸਤ ਦਿੱਤੀ ਸੀ ਕਿ ਡੀ.ਐੱਮ. ਕਾਲਜ ਆਫ ਸਾਇੰਸ (ਇੰਫਾਲ) ਦੇ ਹੋਸਟਲ ਤੋਂ ਉਸ ਦੇ 21 ਸਾਲਾ ਲੜਕੇ ਨੂੰ ਅਗਵਾ ਕਰ ਲਿਆ ਗਿਆ ਹੈ ਤੇ ਛੱਡਣ ਦੇ ਇਵਜ਼ 15 ਲੱਖ ਦੀ ਫਿਰੌਤੀ ਮੰਗੀ ਗਈ ਹੈ। ਪੁਲਿਸ ਨੇ ਕਾਰਵਾਈ ਕਰਕੇ ਲੜਕੇ ਨੂੰ ਛੁਡਵਾ ਲਿਆ ਤੇ ਅੱਤਵਾਦੀ ਗਰੁੱਪ ਕੰਗਲੀਪਾਲ ਕਮਿਊਨਿਸਟ ਪਾਰਟੀ (ਪੀਪਲਜ਼ ਵਾਰ ਗਰੁੱਪ) ਦੇ ਅੱਠ ਮੈਂਬਰਾਂ ਨੂੰ ਗ੍ਰਿਫਤਾਰ ਕਰ ਲਿਆ। ਹੈਰਾਨੀਜਨਕ ਗੱਲ ਇਹ ਹੈ ਕਿ ਇਹ ਗਰੁੱਪ ਫਿਰਕੂ ਹਿੰਸਾ ਸ਼ੁਰੂ ਹੋਣ ਦੇ ਸਮੇਂ ਤੋਂ ਹੀ ਮੈਤਈਆਂ ਦੀ ਕੂਕੀਆਂ ਦੇ ਖਿਲਾਫ ਮਦਦ ਕਰ ਰਿਹਾ ਹੈ। ਸਿਰਫ ਜਨਵਰੀ ਮਹੀਨੇ ਵਿਚ ਹੀ ਪੁਲਿਸ ਨੇ ਅੱਤਵਾਦੀ ਜਥੇਬੰਦੀਆਂ ਕੇ.ਸੀ.ਪੀ. (ਨੋਵੋਨ ਗਰੁੱਪ), ਪੀਪਲਜ਼ ਲਿਬਰੇਸ਼ਨਜ਼ ਆਰਮੀ (ਪੀ.ਐੱਲ.ਏ.), ਪੀਪਲਜ਼ ਰੈਵੋਲਿਊਸ਼ਨਰੀ ਪਾਰਟੀ (ਕਾਂਗਲੀਪਾਕ ਗਰੁੱਪ) ਅਤੇ ਨੈਸ਼ਨਲ ਰੈਵੋਲਿਊਸ਼ਨਰੀ ਫਰੰਟ ਆਫ ਮਨੀਪੁਰ ਵਰਗੀਆਂ ਅੱਤਵਾਦੀ ਜਥੇਬੰਦੀਆਂ ਦੇ 49 ਮੈਂਬਰ ਫਿਰੌਤੀਆਂ ਲਈ ਧਮਕੀਆਂ ਦੇਣ ਦੇ ਜ਼ੁਰਮ ਹੇਠ ਗ੍ਰਿਫਤਾਰ ਕੀਤੇ ਹਨ।



ਪੁਲਿਸ ਅਤੇ ਅਰਧ ਸੈਨਿਕ ਬਲਾਂ ਦੇ ਲੁੱਟੇ ਹੋਏ ਆਧੁਨਿਕ ਹਥਿਆਰਾਂ ਕਾਰਨ ਇਹ ਗ੍ਰੋਹ ਪਹਿਲਾਂ ਨਾਲੋਂ ਕਿਤੇ ਵੱਧ ਤਾਕਤਵਰ ਹੋ ਗਏ ਹਨ। ਵਰਨਣਯੋਗ ਹੈ ਕਿ ਮਣੀਪੁਰ ਹਿੰਸਾ ਦੇ ਸ਼ੁਰੂਆਤੀ ਦਿਨਾਂ ਵਿਚ ਪੁਲਿਸ ਅਤੇ ਹੋਰ ਸੁਰੱਖਿਆ ਫੋਰਸਾਂ ਦੇ ਅਸਲ੍ਹਾਖਾਨਿਆਂ ਤੋਂ 5682 ਅਸਾਲਟਾਂ, ਇਨਸਾਸ ਅਤੇ ਐੱਲ.ਐੱਮ.ਜੀ. ਆਦਿ ਵਰਗੇ ਮਾਰੂ ਹਥਿਆਰਾਂ ਸਮੇਤ 650000 ਗੋਲੀਆਂ ਲੁੱਟੀਆਂ ਗਈਆਂ ਸਨ, ਜਿਨ੍ਹਾਂ ਵਿਚੋਂ ਹੁਣ ਤੱਕ ਸਿਰਫ 1647 ਰਾਈਫਲਾਂ ਅਤੇ 23000 ਗੋਲੀਆਂ ਹੀ ਬਰਾਮਦ ਹੋ ਸਕੀਆਂ ਹਨ। ਇਸ ਦਾ ਕਾਰਨ ਇਹ ਹੈ ਕਿ ਜ਼ਿਆਦਾਤਰ ਲੁੱਟੇ ਹੋਏ ਹਥਿਆਰ ਅੱਤਵਾਦੀਆਂ ਕੋਲ ਪਹੁੰਚ ਗਏ ਹਨ। 12 ਜਨਵਰੀ ਨੂੰ ਕੂਕੀ ਬਹੁਲ ਮੋਰੇਹ ਸ਼ਹਿਰ ਦੇ ਨਜ਼ਦੀਕ ਅੱਤਵਾਦੀਆਂ ਨੇ ਤਿੰਨ ਘਟਨਾਵਾਂ ਵਿਚ ਸੁਰੱਖਿਆ ਦਸਤਿਆਂ 'ਤੇ ਹਮਲੇ ਕਰਨ ਲਈ ਇਨ੍ਹਾਂ ਲੁੱਟੇ ਹੋਏ ਹਥਿਆਰਾਂ ਦੀ ਵਰਤੋਂ ਕੀਤੀ ਹੈ। ਇਹ ਅੱਤਵਾਦੀ ਗਰੁੱਪ ਸੁਰੱਖਿਆ ਦਸਤਿਆਂ ਦੇ ਦਬਾਅ ਕਾਰਨ ਕਈ ਸਾਲਾਂ ਤੋਂ ਬਰਮਾ ਵਿਚ ਲੁਕੇ ਬੈਠੇ ਸਨ ਤੇ ਹੁਣ ਸੁਨਿਹਰੀ ਮੌਕਾ ਵੇਖ ਵਗਦੀ ਗੰਗਾ ਵਿਚ ਹੱਥ ਧੋ ਰਹੇ ਹਨ।

ਮਣੀਪੁਰ ਸਰਕਾਰ ਦੇ ਸੁਰੱਖਿਆ ਸਲਾਹਕਾਰ ਕੁਲਦੀਪ ਸਿੰਘ ਨੇ 19 ਜਨਵਰੀ ਨੂੰ ਪੱਤਰਕਾਰਾਂ ਨੂੰ ਦੱਸਿਆ ਕਿ 12 ਜਨਵਰੀ ਨੂੰ ਸੁਰੱਖਿਆ ਦਸਤਿਆਂ 'ਤੇ ਹੋਏ ਹਮਲੇ ਬਰਮਾ ਤੋਂ ਆਏ ਕੂਕੀ ਅੱਤਵਾਦੀਆਂ ਨੇ ਕੀਤੇ ਸਨ, ਜਿਨ੍ਹਾਂ ਵਿਚ 2 ਜਵਾਨ ਮਾਰੇ ਗਏ ਤੇ 20 ਦੇ ਕਰੀਬ ਜ਼ਖਮੀ ਹੋਏ ਸਨ। ਅਸਾਮ ਰਾਈਫਲਜ਼ ਦੇ ਇੱਕ ਬੁਲਾਰੇ ਅਨੁਸਾਰ 4 ਜਨਵਰੀ ਨੂੰ ਬਿਸ਼ਨਪੁਰ ਇਲਾਕੇ ਵਿਚ ਮੈਤਈ ਫਿਰਕੇ ਦੇ ਚਾਰ ਵਿਅਕਤੀਆਂ ਨੂੰ ਮਾਰਨ ਲਈ ਸਨਾਈਪਰ ਗੰਨਾਂ ਦੀ ਵਰਤੋਂ ਕੀਤੀ ਗਈ ਸੀ। ਇਹ ਵਿਅਕਤੀ ਦੰਗਿਆਂ ਕਾਰਨ ਉੱਜੜੇ ਹੋਏ ਇੱਕ ਕੂਕੀ ਪਿੰਡ ਤੋਂ ਲੱਕੜ ਅਤੇ ਹੋਰ ਸਮਾਨ ਚੋਰੀ ਕਰਨ ਵਾਸਤੇ ਗਏ ਸਨ। 2008 ਵਿਚ ਕੇਂਦਰ, ਮਣੀਪੁਰ ਅਤੇ ਉਪਰੋਕਤ ਅੱਤਵਾਦੀ ਜਥੇਬੰਦੀਆਂ ਦਰਮਿਆਨ ਜੰਗਬੰਦੀ ਲਈ ਇੱਕ ਸਮਝੌਤਾ ਹੋਇਆ ਸੀ, ਜਿਸ ਅਨੁਸਾਰ ਇਨ੍ਹਾਂ ਜਥੇਬੰਦੀਆਂ ਨੇ ਹਥਿਆਰ ਸੁੱਟ ਦਿੱਤੇ ਸਨ ਤੇ ਆਪਣੇ ਕੈਂਪਾਂ ਤੋਂ ਬਾਹਰ ਨਾ ਜਾਣਾ ਮਨਜ਼ੂਰ ਕਰ ਲਿਆ ਸੀ। ਇਨ੍ਹਾਂ ਕੈਂਪਾਂ ਜਾਂ ਖੁੱਲ੍ਹੀਆਂ ਜੇਲ੍ਹਾਂ ਦੀ ਨਿਗਰਾਨੀ ਅਸਾਮ ਰਾਈਫਲਜ਼ ਦੇ ਅਧੀਨ ਸੀ। ਪਰ 7 ਨਵੰਬਰ 2023 ਨੂੰ ਪੁਲਿਸ ਨੇ ਦੋ ਵਿਅਕਤੀਆਂ, ਲਹੁਨਖੋਸ਼ੀ ਚੋਂਗਲੋਈ ਅਤੇ ਸਾਤਗਿਨ ਹੈਂਗਸਿੰਗ ਨੂੰ ਦੋ ਮੈਤਈ ਲੜਕਿਆਂ ਦੇ ਕਤਲ ਕੇਸ ਵਿਚ ਗ੍ਰਿਫਤਾਰ ਕੀਤਾ ਹੈ। ਇਹ ਦੋਵੇਂ ਕੂਕੀ ਰੈਵੋਲਿਊਸ਼ਨਰੀ ਆਰਮੀ ਦੇ ਮੈਂਬਰ ਹਨ, ਜਿਸ ਨੇ ਇਸ ਸਮਝੌਤੇ ਅਧੀਨ ਹਥਿਆਰ ਸੁੱਟੇ ਸਨ। ਵੈਸੇ ਸੂਬਾ ਸਰਕਾਰ 10 ਮਾਰਚ 2023 ਨੂੰ ਇੱਕ ਤਰਫਾ ਤੌਰ 'ਤੇ ਇਸ ਸਮਝੌਤੇ ਨੂੰ ਰੱਦ ਕਰ ਚੁੱਕੀ ਹੈ।

ਮਣੀਪੁਰ ਸਰਕਾਰ ਵੱਲੋਂ ਸ਼ਾਂਤੀ ਸਥਾਪਿਤ ਕਰਨ ਵਿਚ ਨਾਕਾਮ ਰਹਿਣ ਕਾਰਨ ਦੋਵਾਂ ਭਾਈਚਾਰਿਆਂ (ਮੈਤਈ ਅਤੇ ਕੂਕੀ) ਦਾ ਆਪਣੀ ਸੁਰੱਖਿਆ ਲਈ ਅੱਤਵਾਦੀ ਜਥੇਬੰਦੀਆਂ ਵੱਲ ਝੁਕਾਅ ਵੱਧਦਾ ਜਾ ਰਿਹਾ ਹੈ। ਮਿਸਾਲ ਦੇ ਤੌਰ 'ਤੇ 24 ਜਨਵਰੀ ਨੂੰ ਮਣੀਪੁਰ ਦੀ ਸਭ ਤੋਂ ਪ੍ਰਭਾਵਸ਼ਾਲੀ ਮੈਤਈ ਹਥਿਆਰਬੰਦ ਜਥੇਬੰਦੀ ਅਰਾਬਾਈ ਟੈਂਗੋਲ ਨੇ ਸਾਰੀਆਂ ਰਾਜਨੀਤਿਕ ਪਾਰਟੀਆਂ ਦੇ ਮੈਤਈ ਵਿਧਾਇਕਾਂ (ਕੁੱਲ 37) ਦੀ ਇੱਕ ਮੀਟਿੰਗ ਬੁਲਾਈ ਸੀ, ਜਿਸ ਵਿਚ ਸਿਰਫ ਮੁੱਖ ਮੰਤਰੀ ਨੂੰ ਛੱਡ ਕੇ ਬਾਕੀ ਸਾਰੇ 36 ਮੈਤਈ ਵਿਧਾਇਕਾਂ ਨੇ ਭਾਗ ਲਿਆ ਸੀ। ਮੀਟਿੰਗ ਤੋਂ ਬਾਅਦ ਜਥੇਬੰਦੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਸਾਰੇ ਵਿਧਾਇਕਾਂ ਨੇ ਸਰਵਸੰਮਤੀ ਨਾਲ ਉਨ੍ਹਾਂ ਦੇ ਮੰਗ ਪੱਤਰ 'ਤੇ ਦਸਤਖਤ ਕਰ ਦਿੱਤੇ ਹਨ। ਉਨ੍ਹਾਂ ਦੀਆਂ ਮੁੱਖ ਮੰਗਾਂ ਵਿਚ ਬਰਮੀ ਰਫਿਊਜੀਆਂ ਨੂੰ ਮਣੀਪੁਰ ਤੋਂ ਬਾਹਰ ਕੱਢਣਾ, ਬਰਮਾ ਦੀ ਹੱਦ 'ਤੇ ਤਾਰ ਲਗਾਉਣੀ, ਅਸਾਮ ਰਾਈਫਲਜ਼ (ਅਰਧ ਸੈਨਿਕ ਬਲ) ਦੀ ਥਾਂ 'ਤੇ ਕਿਸੇ ਹੋਰ ਫੋਰਸ ਨੂੰ ਤਾਇਨਾਤ ਕਰਨਾ ਅਤੇ ਬਰਮਾ ਤੋਂ ਆਏ ਕੂਕੀ ਰਫਿਊਜ਼ੀਆਂ ਨੂੰ ਅਣਸੂਚਿਤ ਕਬੀਲਿਆਂ ਦੀ ਲਿਸਟ ਵਿਚੋਂ ਬਾਹਰ ਕਰਨਾ ਆਦਿ ਸ਼ਾਮਲ ਹਨ। ਅਰਾਬਾਈ ਟੈਂਗੋਲ ਜਥੇਬੰਦੀ ਐਨੀ ਤਾਕਤਵਰ ਹੈ ਕਿ ਪੁਲਿਸ ਦੀ ਬਜਾਏ ਇਸ ਦੇ ਹਥਿਆਰਬੰਦ ਵਲੰਟੀਅਰ ਮੈਤਈ ਪਿੰਡਾਂ ਦੀ ਰਖਵਾਲੀ ਕਰਦੇ ਹਨ। ਸੁਰੱਖਿਆ ਦਸਤੇ ਵੀ ਫਿਰਕੂ ਨਫਰਤ ਦੀ ਲਪੇਟ ਵਿਚ ਆ ਗਏ ਹਨ। ਕੂਕੀ ਅੱਤਵਾਦੀ ਮਣੀਪੁਰ ਪੁਲਿਸ ਕਮਾਂਡੋਜ਼ 'ਤੇ ਮੈਤਈ ਪੱਖੀ ਹੋਣ ਦਾ ਇਲਜ਼ਾਮ ਲਗਾ ਕੇ ਹਮਲੇ ਕਰ ਰਹੇ ਹਨ ਤੇ ਮੈਤਈ ਅਸਾਮ ਰਾਈਫਲਜ਼ 'ਤੇ ਕੂਕੀ ਪੱਖੀ ਹੋਣ ਦਾ ਇਲਜ਼ਾਮ ਲਗਾ ਕੇ।

ਸਥਿਤੀ ਐਨੀ ਭਿਆਨਕ ਹੋ ਗਈ ਹੈ ਕਿ 17 ਜਨਵਰੀ ਨੂੰ ਮਣੀਪੁਰ ਸਰਕਾਰ ਨੇ ਕੇਂਦਰੀ ਗ੍ਰਹਿ ਵਿਭਾਗ ਕੋਲੋਂ ਹੈਲੀਕਾਪਟਰਾਂ ਦੀ ਮੰਗ ਕੀਤੀ ਸੀ, ਤਾਂ ਜੋ ਕੂਕੀ ਬਹੁਲ ਮੋਰੇਹ ਸ਼ਹਿਰ ਵਿਖੇ ਅੱਤਵਾਦੀਆਂ ਦੇ ਘੇਰੇ ਵਿਚ ਫਸੇ ਪੁਲਿਸ ਕਮਾਂਡੋਜ਼ ਨੂੰ ਬਾਹਰ ਕੱਢਿਆ ਜਾ ਸਕੇ। ਇਸ ਗੜਬੜ ਨੇ ਅੱਤਵਾਦ ਦੇ ਨਾਲ-ਨਾਲ ਨਸ਼ਿਆਂ ਦੀ ਤਸਕਰੀ ਨੂੰ ਵੀ ਰੱਜ ਕੇ ਉਤਸ਼ਾਹ ਦਿੱਤਾ ਹੈ। ਦਸੰਬਰ ਮਹੀਨੇ ਵਿਚ ਪੁਲਿਸ ਨੇ 250 ਏਕੜ ਦੇ ਕਰੀਬ ਅਫੀਮ ਦੀ ਖੇਤੀ ਨੂੰ ਨਸ਼ਟ ਕੀਤਾ ਹੈ ਤੇ 15 ਜਨਵਰੀ ਨੂੰ ਪੰਜ ਪੁਲਿਸ ਵਾਲੇ ਸਰਕਾਰੀ ਗੱਡੀ ਵਿਚ ਬਰਮਾ ਤੋਂ ਨਸ਼ਿਆਂ ਦੀ ਖੇਪ ਲਿਆਉਂਦੇ ਪਕੜੇ ਗਏ ਹਨ। ਅੱਜ ਹਾਲਾਤ ਅੱਠ ਮਹੀਨੇ ਪਹਿਲਾਂ ਨਾਲੋਂ ਬਹੁਤ ਜ਼ਿਆਦਾ ਉਲਝ ਗਏ ਹਨ। ਹਾਲਾਤ ਨੂੰ ਕਾਬੂ ਹੇਠ ਕਰਨ ਲਈ ਕੇਂਦਰ ਸਰਕਾਰ ਨੂੰ ਪਹਿਲਾਂ ਨਾਲੋਂ ਕਈ ਗੁਣਾ ਵੱਧ ਯਤਨ ਕਰਨੇ ਪੈਣੇ ਹਨ। ਇਸ ਕੰਮ ਲਈ ਸੂਬਾ ਸਰਕਾਰ 'ਤੇ ਕੋਈ ਖਾਸ ਆਸ ਨਹੀਂ ਰੱਖੀ ਜਾ ਸਕਦੀ ਕਿਉਂਕਿ ਉਹ ਪੂਰੀ ਤਰ੍ਹਾਂ ਇੱਕ ਪਾਸੜ, ਅਸਮਰਥ ਅਤੇ ਵਿਕਲਾਂਗ ਹੋਈ ਪਈ ਹੈ।

# ਮਾਹਿਲਪੁਰ ਵਿਖੇ ਫੁੱਟਬਾਲ ਦਾ ਮਹਾਕੁੰਭ

## 15 ਤੋਂ 22 ਫਰਵਰੀ ਤੱਕ ਕਰਵਾਏ ਜਾ ਰਹੇ 61ਵੇਂ ਆਲ ਇੰਡੀਆ ਫੁੱਟਬਾਲ ਟੂਰਨਾਮੈਂਟ 'ਤੇ ਵਿਸ਼ੇਸ਼

ਜਗਜੀਤ ਸਿੰਘ ਗਣੇਸ਼ਪੁਰ
ਪਿੰਡ ਤੇ ਡਾਕ: ਗਣੇਸ਼ਪੁਰ ਭਾਰਟਾ,
ਸੰਪਰਕ : 94655-76022
(Punjab Mail USA)



ਜਿਵੇਂ ਸੰਸਾਰਪੁਰ ਨੂੰ ਹਾਕੀ ਦੀ ਨਰਸਰੀ ਕਰਕੇ ਜਾਣਿਆਂ ਜਾਂਦਾ ਹੈ, ਉਵੇਂ ਹੀ ਮਾਹਿਲਪੁਰ ਦੀ ਪਹਿਚਾਣ ਫੁੱਟਬਾਲ ਹੈ। ਜੇਕਰ ਮਾਹਿਲਪੁਰ ਨੂੰ ਪੰਜਾਬੀ ਫੁੱਟਬਾਲ ਦੀ ਰਾਜਧਾਨੀ ਆਖ ਲਿਆ ਜਾਵੇ, ਤਾਂ ਇਹ ਕੋਈ ਅਤਿਕਥਨੀ ਨਹੀਂ ਹੋਵੇਗੀ। ਮਾਹਿਲਪੁਰ ਅਤੇ ਇਸ ਦੇ ਨਾਲ ਲੱਗਦੇ ਪਿੰਡਾਂ ਦੀਆਂ ਸੱਥਾਂ ਵਿਚ ਫੁੱਟਬਾਲ ਦੀ ਚਰਚਾ ਹੋਣੀ ਇੱਕ ਆਮ ਗੱਲ ਹੈ। ਸੰਧੂਰੀ ਅੰਬਾਂ ਦੀ ਮਹਿਕ ਨਾਲ ਲਬਰੇਜ਼ ਇਹ ਧਰਤੀ ਫੁੱਟਬਾਲ ਦੇ ਕਈ ਬਾਬੇ ਬੋਹੜ ਵੀ ਫੁੱਟਬਾਲ ਜਗਤ ਦੀ ਝੋਲੀ ਪਾ ਚੁੱਕੀ ਹੈ, ਜਿਨ੍ਹਾਂ ਵਿਚ ਅਰਜਨ ਅਵਾਰਡੀ ਜਰਨੈਲ ਸਿੰਘ ਅਤੇ ਗੁਰਦੇਵ ਸਿੰਘ ਗਿੱਲ ਪ੍ਰਮੁੱਖ ਹਨ। ਮੌਜੂਦਾ ਚਰਚਿਤ ਮਹਿਲਾ ਫੁੱਟਬਾਲਰ ਸਨਸਨੀ ਮਨੀਸ਼ਾ ਕਲਿਆਣ ਵੀ ਮਾਹਿਲਪੁਰ ਦੀ ਹੀ ਦੇਣ ਹੈ, ਜੋ ਭਾਰਤੀ ਟੀਮ ਵਿਚ ਖੇਡ ਕੇ ਇਲਾਕੇ ਦਾ ਨਾਮ ਰੋਸ਼ਨ ਕਰ ਰਹੀ ਹੈ। ਮਾਹਿਲਪੁਰ ਦੇ ਫੁੱਟਬਾਲ ਦਾ ਆਪਣਾ ਇੱਕ ਸ਼ਾਨਮੱਤਾ ਇਤਿਹਾਸ ਹੈ।

ਪ੍ਰਿੰਸੀਪਲ ਹਰਭਜਨ ਸਿੰਘ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਪਹਿਲੇ ਪ੍ਰਿੰਸੀਪਲ ਸਨ, ਜਿਨ੍ਹਾਂ ਦੀ ਵਿੱਦਿਅਕ ਅਤੇ ਖੇਡਾਂ ਦੇ ਖੇਤਰ ਵਿਚ ਪਾਏ ਗਏ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਮਾਹਿਲਪੁਰ ਨੂੰ ਫੁੱਟਬਾਲ ਕੇਂਦਰ ਦੇ ਨਾਲ-ਨਾਲ ਉੱਚ ਸਿੱਖਿਆ ਦਾ ਕੇਂਦਰ ਬਣਾਉਣ ਵਿਚ ਉਨ੍ਹਾਂ ਨੇ ਅਹਿਮ ਭੂਮਿਕਾ ਨਿਭਾਈ। ਇਸ ਹੀ ਯੋਗਦਾਨ ਨੂੰ ਸਿਜਦਾ ਕਰਨ ਲਈ ਪ੍ਰਿੰਸੀਪਲ ਹਰਭਜਨ ਸਿੰਘ ਦੀ ਯਾਦਗਾਰੀ ਆਲ ਇੰਡੀਆ ਫੁੱਟਬਾਲ ਟੂਰਨਾਮੈਂਟ ਹਰ ਸਾਲ ਫਰਵਰੀ ਮਹੀਨੇ ਬੜੇ ਹੀ ਜੋਸ਼ੋ-ਖਰੋਸ਼ ਨਾਲ ਕਰਵਾਇਆ ਜਾਂਦਾ ਹੈ, ਜਿਸ ਵਿਚ ਚੋਟੀ ਦੇ ਫੁੱਟਬਾਲ ਕਲੱਬ, ਅਕੈਡਮੀਆਂ ਅਤੇ ਕਾਲਜ ਸ਼ਮੂਲੀਅਤ ਕਰਦੇ ਹਨ। ਇਸ ਵਾਰ 15 ਫਰਵਰੀ ਤੋਂ 22 ਫਰਵਰੀ ਕਰਵਾਏ ਜਾ ਰਹੇ 61ਵੇਂ ਫੁੱਟਬਾਲ ਟੂਰਨਾਮੈਂਟ ਵਿਚ ਨਾਮੀ 12 ਫੁੱਟਬਾਲ ਕਲੱਬ, 10 ਕਾਲਜ ਅਤੇ 8 ਫੁੱਟਬਾਲ ਐਕਡਮੀਆਂ ਹਿੱਸਾ ਲੈ ਰਹੀਆਂ ਹਨ। ਟੂਰਨਾਮੈਂਟ ਦੀ ਲੋਕਪ੍ਰਿਅਤਾ ਦਾ ਇਸ ਗੱਲ ਤੋਂ ਹੀ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਇਸ ਪ੍ਰਸਿੱਧ ਫੁੱਟਬਾਲ ਟੂਰਨਾਮੈਂਟ ਨੂੰ ਵੇਖਣ ਲਈ ਖਾਸ ਤੌਰ 'ਤੇ ਪ੍ਰਵਾਸੀ ਪੰਜਾਬੀ ਵਿਦੇਸ਼ ਤੋਂ ਆ ਕੇ ਆਪਣੀ ਹਾਜ਼ਰੀ ਲਗਾਉਂਦੇ ਹਨ। ਮਾਹਿਲਪੁਰ ਇਨ੍ਹਾਂ ਦਿਨਾਂ ਵਿਚ ਫੁੱਟਬਾਲ ਦੇ ਰੰਗ ਵਿਚ ਰੰਗਿਆ ਨਜ਼ਰ ਆਉਂਦਾ ਹੈ ਤੇ ਖਿਡਾਰੀ ਵੀ ਇਸ ਮਾਣਮੱਤੇ ਟੂਰਨਾਮੈਂਟ ਲਈ ਆਪਣੀ ਖਾਸ ਤਿਆਰੀ ਕਰਦੇ ਹੋਏ ਇਸ ਵਿਚ ਭਾਗ ਲੈਣਾ ਆਪਣੀ ਖੁਸ਼ਕਿਸਮਤੀ ਸਮਝਦੇ ਹਨ। ਮਾਹਿਲਪੁਰ ਦੇ ਇਸ ਖਿੱਤੇ ਤੋਂ ਉਠਿਆ ਫੁੱਟਬਾਲ ਦਾ ਜਨੂੰਨ ਆਲੇ-ਦੁਆਲੇ ਦੇ ਪਿੰਡਾਂ, ਕਸਬਿਆਂ, ਸ਼ਹਿਰਾਂ ਜਿਵੇਂ ਚੱਬੇਵਾਲ, ਹੁਸ਼ਿਆਰਪੁਰ, ਬੰਗਾ, ਗੜ੍ਹਸ਼ੰਕਰ ਅਤੇ ਫਗਵਾੜੇ ਆਦਿ ਤੱਕ ਖਿਡਾਰੀਆਂ ਅਤੇ ਫੁੱਟਬਾਲ ਪ੍ਰੇਮੀਆਂ ਦੇ ਸਿਰ ਚੜ੍ਹ ਕੇ ਬੋਲਦਾ ਹੈ।





ਜ਼ਿਕਰਯੋਗ ਹੈ ਕਿ 1962 ਵਿਚ ਪ੍ਰਿੰਸੀਪਲ ਹਰਭਜਨ ਸਿੰਘ ਦੀ ਨਿੱਘੀ ਯਾਦ ਨੂੰ ਤਾਜ਼ਾ ਰੱਖਣ ਲਈ ਪਹਿਲੀ ਵਾਰ ਇਹ ਟੂਰਨਾਮੈਂਟ ਕਰਵਾਇਆ ਗਿਆ ਸੀ, ਜਿਸ ਦੀ ਫੁੱਟਬਾਲ ਖੇਤਰ ਵਿਚ ਮੌਜੂਦਾ ਸਮੇਂ ਆਪਣੀ ਇਕ ਵਿਲੱਖਣ ਪਹਿਚਾਣ ਬਣ ਚੁੱਕੀ ਹੈ। ਸਵਰਗੀ ਡਾ: ਨਰਿੰਦਰ ਪਾਲ (1962-1971) ਪ੍ਰਿੰਸੀਪਲ ਹਰਭਜਨ ਸਿੰਘ ਸਪੋਰਟਿੰਗ ਕਲੱਬ ਦੇ ਪਹਿਲੇ ਪ੍ਰਧਾਨ ਸਨ। ਇਸ ਸਮੇਂ ਸ: ਕੁਲਵੰਤ ਸਿੰਘ ਸੰਘਾ ਇਸ ਕਲੱਬ ਦੇ ਛੇਵੇਂ ਪ੍ਰਧਾਨ ਵਜੋਂ ਸੇਵਾ ਨਿਭਾ ਰਹੇ ਹਨ। ਇਹ ਟੂਰਨਾਮੈਂਟ ਹਰ ਸਾਲ ਵੱਖ-ਵੱਖ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਟਰੱਸਟਾਂ, ਕਲੱਬਾਂ ਅਤੇ ਫੁੱਟਬਾਲ ਪ੍ਰਮੋਟਰਾਂ ਦੇ ਸਹਿਯੋਗ ਨਾਲ ਸਫਲਤਾਪੂਰਵਕ ਕਰਵਾਇਆ ਜਾਂਦਾ ਹੈ। ਇਸ ਵਾਰ ਕਲੱਬ ਵਰਗ ਵਿਚ ਜੇਤੂ ਟੀਮ ਨੂੰ 2 ਲੱਖ ਅਤੇ ਉਪ ਜੇਤੂ ਟੀਮ ਨੂੰ 1.5 ਲੱਖ ਇਵੇਂ ਹੀ ਕਾਲਜ ਵਰਗ ਵਿਚ 75,000 ਅਤੇ 50,000 ਅਤੇ ਐਕਡਮੀ ਵਰਗ ਅੰਦਰ 31,000 ਅਤੇ 21,000 ਨਗਦ ਇਨਾਮ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਦਿੱਤੇ ਜਾਣਗੇ। ਇਸ ਦੇ ਨਾਲ ਹੀ ਹੋਰ ਬਹੁਤ ਸਾਰੇ ਵਰਗਾ ਵਿਚ ਖਿਡਾਰੀਆਂ ਨੂੰ ਨਗਦ ਇਨਾਮਾਂ ਨਾਲ ਨਿਵਾਜਿਆ ਜਾਵੇਗਾ। ਕਲੱਬ, ਖਾਲਸਾ ਕਾਲਜ ਮਾਹਿਲਪੁਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕਿਆਂ ਦੇ ਦੋ ਵਿਦਿਆਰਥੀਆਂ ਅਤੇ ਕੰਨਿਆ ਸਕੂਲ ਦੀਆਂ ਦੋ ਵਿਦਿਆਰਥਣਾਂ ਲਈ ਹਰ ਸਾਲ ਵਜ਼ੀਫੇ ਦਾ ਵੀ ਪ੍ਰਬੰਧ ਕਰਦਾ ਹੈ। ਕਲੱਬ ਦੇ ਪ੍ਰਧਾਨ ਕੁਲਵੰਤ ਸਿੰਘ ਸੰਘਾ, ਸਕੱਤਰ ਡਾ. ਪਰਮਪ੍ਰੀਤ ਸਿੰਘ ਅਤੇ ਸਮੂਹ ਪ੍ਰਬੰਧਕਾਂ ਵਲੋਂ ਖੇਡ ਪ੍ਰੇਮੀਆਂ ਨੂੰ ਇਸ ਵਾਰ ਵੀ ਖਿਡਾਰੀਆਂ ਦੀ ਹੌਂਸਲਾ ਅਫਜ਼ਾਈ ਕਰਨ ਅਤੇ ਟੂਰਨਾਮੈਂਟ ਦੀ ਰੌਣਕ ਵਧਾਉਣ ਲਈ ਹੁੰਮ-ਹੁੰਮਾ ਕੇ ਪਹੁੰਚਣ ਦਾ ਖੁੱਲ੍ਹਾ ਸੱਦਾ ਹੈ।

# ਇਜ਼ਰਾਈਲ-ਫਿਲਸਤੀਨ ਸੰਘਰਸ਼ ਬਾਰੇ ਕਹਾਣੀ

# ਉਮੀਦ ਦੀ ਆਵਾਜ਼

-ਡਾ. ਡੀ.ਪੀ. ਸਿੰਘ
ਕੈਨੇਡਾ
email: drdpsn@hotmail.com
(Punjab Mail USA)



ਬਹੁਤੀ ਪੁਰਾਣੀ ਗੱਲ ਨਹੀਂ। ਮੱਧ ਪੂਰਬ ਦੇ ਧੁਰ ਅੰਦਰ, ਪ੍ਰਾਚੀਨ ਇਤਿਹਾਸ ਅਤੇ ਨਵੇਂ ਜ਼ਮਾਨੇ ਦੀ ਸੋਚ ਟਕਰਾ ਰਹੇ ਸਨ। ਪਿਛਲੇ ਕਈ ਦਹਾਕਿਆਂ ਤੋਂ ਚੱਲ ਰਹੇ ਲੰਬੇ ਸੰਘਰਸ਼ ਦੀਆਂ ਤਿੰਨ ਪ੍ਰਮੁੱਖ ਧਿਰਾਂ ਸਨ - ਹਮਾਸ, ਇਜ਼ਰਾਈਲ ਅਤੇ ਪੀ.ਐੱਲ.ਓ.। ਇਸ ਇਜ਼ਰਾਈਲੀ-ਫਿਲਸਤੀਨੀ ਸੰਘਰਸ਼ ਵਿਚ ਉਲਝੇ ਖੇਤਰ ਵਿਖੇ ਸੱਬਬੀ ਤਿੰਨ ਵਿਅਕਤੀਆਂ ਦਾ ਮੇਲ ਹੋ ਗਿਆ। ਇਤਫਾਕ ਹੀ ਸੀ ਕਿ ਇਹ ਤਿੰਨੋਂ ਵਿਅਕਤੀ ਇਨ੍ਹਾਂ ਤਿੰਨ ਧਿਰਾਂ ਦੀ ਨੁਮਾਇੰਦਗੀ ਕਰ ਰਹੇ ਸਨ।

ਯੂਸਫ਼ ਇੱਕ ਫਿਲਸਤੀਨੀ ਨੌਜਵਾਨ ਸੀ, ਜੋ ਹਮਾਸ ਦਾ ਮੈਂਬਰ ਸੀ। ਉਹ ਗਾਜ਼ਾ ਪੱਟੀ ਵਿਚ ਵੱਡਾ ਹੋਇਆ ਸੀ ਅਤੇ ਉਸ ਨੇ ਆਪਣੇ ਪਰਿਵਾਰ ਅਤੇ ਦੋਸਤਾਂ ਨੂੰ ਇਜ਼ਰਾਈਲੀ ਨਾਕਾਬੰਦੀ ਦੀਆਂ ਮੁਸ਼ਕਲਾਂ ਨੂੰ ਸਹਿਣ ਕਰਦਿਆਂ ਦੇਖਿਆ ਸੀ। ਉਹ ਮੌਜੂਦਾ ਹਾਲਾਤਾਂ ਦੇ ਮੁਕਾਬਲੇ ਦਾ ਮੁੱਦਈ ਸੀ, ਅਤੇ 'ਵਿਰੋਧ' ਇੱਕ ਅਜਿਹਾ ਸ਼ਬਦ ਜੋ ਅਕਸਰ ਉਸਦੇ ਦਿਮਾਗ ਵਿਚ ਗੂੰਜਦਾ ਰਹਿੰਦਾ ਸੀ। ਉਸ ਦੇ ਦੋਸਤ ਉਸ ਨੂੰ 'ਸਿਰੜੀ ਯੂਸਫ' ਕਹਿੰਦੇ ਸਨ ਕਿਉਂਕਿ ਉਹ ਹਮੇਸ਼ਾ ਪੱਕੇ ਇਰਾਦੇ ਦਾ ਮਾਲਕ ਸੀ।

ਤੀਹ ਕੁ ਸਾਲਾਂ ਸਾਰਾਹ ਇੱਕ ਇਜ਼ਰਾਈਲੀ ਔਰਤ ਸੀ। ਉਹ ਤੇਲਾਵੀਵ ਸ਼ਹਿਰ ਦੀ ਜੰਮਪਲ ਸੀ। ਉਹ ਇਜ਼ਰਾਈਲੀ ਫੌਜ ਵਿਚ ਨੌਕਰੀ ਕਰ ਚੁੱਕੀ ਸੀ ਅਤੇ ਇਸ ਖੇਤਰ ਵਿਚ ਫੈਲੇ ਤਣਾਅ ਨੂੰ ਉਸ ਹੱਡੀ ਨਿਭਾਇਆ ਸੀ। ਉਸ ਦਾ ਪਰਿਵਾਰ ਤੇ ਦੋਸਤ, ਗਾਜ਼ਾ ਪੱਟੀ ਤੋਂ ਅਕਸਰ ਹੁੰਦੇ ਰਾਕੇਟੀ ਹਮਲਿਆਂ ਦੇ ਪਰਛਾਵਿਆਂ ਹੇਠ ਜੀਵਨ ਬਸਰ ਕਰ ਰਹੇ ਸਨ। ਸਾਰਾਹ ਆਪਣੇ ਲੋਕਾਂ ਦੀ ਸੁਰੱਖਿਆ ਬਾਰੇ ਬਹੁਤ ਹੀ ਭਾਵੁਕ ਸੀ। ਉਹ ਖੁਸ਼ਹਾਲ ਤੇ ਸੁਰੱਖਿਅਤ ਇਜ਼ਰਾਈਲ ਦੀ ਸਾਕਾਰਤਾ ਲਈ ਵਚਨਬੱਧ ਸੀ।

ਅਹਿਮਦ, ਇੱਕ ਤਜ਼ਰਬੇਕਾਰ ਡਿਪਲੋਮੈਟ ਸੀ। ਉਸ ਨੇ ਪੀ.ਐੱਲ.ਓ. ਦੇ ਪ੍ਰਤੀਨਿਧੀ ਵਜੋਂ ਅੰਤਰਰਾਸ਼ਟਰੀ ਸਬੰਧਾਂ ਦੀਆ ਗੁੰਝਲਾਂ ਨੂੰ ਹੱਲ ਕਰਨ ਵਿਚ ਕਈ ਸਾਲ ਬਿਤਾਏ ਸਨ। ਉਹ ਇਸ ਖਿੱਤੇ ਵਿਖੇ ਜੰਗਬੰਦੀ ਦੀ ਹਰ ਕੋਸ਼ਿਸ਼ ਅਤੇ ਸ਼ਾਂਤੀ ਪ੍ਰਕਿਰਿਆ ਵਿਚ ਮੌਜੂਦ ਹਰ ਮੁਸ਼ਕਲ ਬਾਰੇ ਬਾਖੂਬੀ ਜਾਣਦਾ ਸੀ। ਉਹ ਇੱਕ ਸ਼ਾਂਤ-ਸੁਭਾਅ ਵਾਲਾ ਵਿਚਾਰਵਾਨ ਵਿਅਕਤੀ ਸੀ, ਜੋ ਆਪਸੀ ਗੱਲਬਾਤ ਦੀ ਸ਼ਕਤੀ ਵਿਚ ਵਿਸ਼ਵਾਸ ਰੱਖਦਾ ਸੀ।

ਮੱਧ ਪੂਰਬ ਵਿਖੇ ਆਯੋਜਿਤ ਇੱਕ ਅੰਤਰਰਾਸ਼ਟਰੀ ਕਾਨਫਰੰਸ ਦੀ ਇੱਕ ਸ਼ਾਮ ਉਨ੍ਹਾਂ ਦੀ ਮੁਲਾਕਾਤ ਹੋ ਗਈ। ਕਾਨਫਰੰਸ ਦਾ ਇਹ ਤੀਸਰਾ ਦਿਨ ਸੀ, ਜਦ ਉਹ ਤਿੰਨੋਂ ਇਕ ਕੈਫੇ ਵਿਖੇ ਅਚਾਨਕ ਮਿਲ ਗਏ। ਸਾਰਾਹ ਮਨ ਆਈ ਗੱਲ ਕਹਿਣ ਤੋਂ ਕਦੇ ਝਿਜਕਦੀ ਨਹੀਂ ਸੀ। ਮਿਲਣੀ ਦੌਰਾਨ ਪਸਰੀ ਚੁੱਪ ਨੂੰ ਤੋੜਦਿਆਂ ਉਹ ਬੋਲੀ, "ਯੂਸਫ! "ਮੈਨੂੰ ਸਮਝ ਨਹੀਂ ਆਉਂਦੀ ਕਿ ਹਮਾਸ ਹਿੰਸਾ ਦੀ ਵਰਤੋਂ ਕਰਨ ਉੱਤੇ ਜ਼ੋਰ ਕਿਉਂ ਦਿੰਦਾ ਹੈ। ਜੇਕਰ ਤੁਸੀਂ ਇਨ੍ਹਾਂ ਹਮਲਿਆਂ ਨੂੰ ਛੱਡ ਦਿਓ, ਤਾਂ ਅਸੀਂ ਰਲ-ਮਿਲ ਕੇ ਸ਼ਾਂਤੀ ਨਾਲ ਰਹਿਣ ਦਾ ਰਸਤਾ ਲੱਭ ਸਕਦੇ ਹਾਂ।"


ਯੂਸਫ਼ ਨੇ ਨਿਰਾਸ਼ਾ ਅਤੇ ਪਰ ਦ੍ਰਿੜ੍ਹਤਾ ਭਰੀ ਨਜ਼ਰ ਨਾਲ ਉਸ ਵੱਲ ਦੇਖਿਆ। "ਸਾਰਾਹ! ਅਸੀਂ ਕਈ ਪੀੜ੍ਹੀਆਂ ਤੋਂ ਵਿਦੇਸ਼ੀ ਕਬਜ਼ੇ ਹੇਠ ਜੀ ਰਹੇ ਹਾਂ। ਅਸੀਂ ਸ਼ਾਂਤੀ ਭਰੇ ਢੰਗ ਨਾਲ ਗੱਲਬਾਤ ਦੀ ਕੋਸ਼ਿਸ਼ ਕੀਤੀ, ਪਰ ਅਜਿਹੀ ਗੱਲਬਾਤ ਹਮੇਸ਼ਾਂ ਹੋਰ ਪਾਬੰਦੀਆਂ ਤੇ ਬੰਦੋਬਸਤਾਂ ਨੂੰ ਜਨਮ ਦਿੰਦੀ ਹੈ। ਵਿਰੋਧ ਤੋਂ ਬਿਨ੍ਹਾਂ ਸਾਨੂੰ ਆਜ਼ਾਦੀ ਪ੍ਰਾਪਤ ਕਰਨ ਦਾ ਕੋਈ ਹੋਰ ਤਰੀਕਾ ਨਜ਼ਰ ਹੀ ਨਹੀਂ ਆਉਂਦਾ।"

ਅਹਿਮਦ, ਕੌਫੀ ਦਾ ਘੁੱਟ ਭਰਦਿਆਂ ਸਹਿਜ ਨਾਲ ਬੋਲਿਆ "ਸਾਰਾਹ! ਯੂਸਫ! ਤੁਹਾਡੇ ਦੋਵਾਂ ਦੇ ਵਿਚਾਰਾਂ ਦਾ ਅਧਾਰ ਤੁਹਾਡੇ ਲੋਕਾਂ ਦੇ ਆਪੋ ਆਪਣੇ ਇਤਿਹਾਸ ਨਾਲ ਜੁੜਿਆ ਹੋਇਆ ਹੈ। ਅਸੀਂ ਪੀ.ਐੱਲ.ਓ. ਵਿਖੇ ਰਾਜਨੀਤਕ ਕੂਟਨੀਤੀ ਵਿਚ ਵਿਸ਼ਵਾਸ ਰੱਖਦੇ ਹਾਂ, ਪਰ ਇਹ ਆਸਾਨ ਕੰਮ ਨਹੀਂ ਹੈ। ਅਸੀਂ ਗੱਲਬਾਤ ਦੇ ਸਾਂਝਾ ਆਧਾਰ ਨੂੰ ਲੱਭਣ ਦੇ ਮਹੱਤਵ ਨੂੰ ਸਮਝਦੇ ਹਾਂ। ਸ਼ਾਂਤੀ ਸੰਭਵ ਤਾਂ ਹੈ, ਪਰ ਇਸ ਲਈ ਆਪਸੀ ਸਹਿਮਤੀ ਦੀ ਲੋੜ ਹੈ।"

ਸਾਰਾਹ ਨੇ ਡੂੰਘਾ ਸਾਹ ਲੈਂਦਿਆ ਕਿਹਾ, "ਮੈਂ ਜਾਣਦੀ ਹਾਂ ਕਿ ਕੋਈ ਸੌਖਾ ਹੱਲ ਨਹੀਂ ਹੈ। ਪਰ ਹਿੰਸਾ ਸਿਰਫ ਹੋਰ ਹਿੰਸਾ ਨੂੰ ਹੀ ਜਨਮ ਦਿੰਦੀ ਹੈ। ਯੂਸਫ! ਮੈਂ ਇਸ ਮਸਲੇ ਬਾਰੇ ਸੋਚ-ਸੋਚ ਆਪਣੇ ਪਰਿਵਾਰ ਦੀ ਸੁਰੱਖਿਆ ਬਾਰੇ ਚਿੰਤਾ ਵਿਚ ਹਾਂ।"

ਯੂਸਫ਼ ਨੇ ਦੋਹਾਂ ਪੱਖਾਂ ਦੇ ਦਰਦ ਨੂੰ ਮਹਿਸੂਸ ਕਰਦੇ ਹੋਏ ਸਿਰ ਹਿਲਾਇਆ। "ਸਾਰਾਹ! ਤੇਰੀ ਚਿੰਤਾ ਸਹੀ ਹੈ। ਅਸੀਂ ਵੀ ਅਜਿਹੇ ਹੀ ਡਰ ਅਤੇ ਅਸੁਰੱਖਿਆ ਦਾ ਸ਼ਿਕਾਰ ਹਾਂ। ਪਰ ਸਵੈ-ਨਿਰਣੇ ਦਾ ਹੱਕ ਵੀ ਤਾਂ ਸਾਡਾ ਜਨਮ-ਸਿੱਧ ਅਧਿਕਾਰ ਹੈ। ਸੱਚ ਹੀ ਇਹ ਇੱਕ ਬਹੁਤ ਮੁਸ਼ਕਲ ਹਾਲਤ ਹੈ।"

ਹਲਕੀ ਜਿਹੀ ਮੁਸਕਰਾਹਟ ਨਾਲ ਅਹਿਮਦ ਬੋਲਿਆ, "ਅਸਲ ਵਿਚ, ਇਸ ਖਿੱਤੇ ਦਾ ਇਹ ਮਸਲਾ ਦੁਨੀਆਂ ਦੇ ਸਭ ਤੋਂ ਜਟਿਲ ਸੰਘਰਸ਼ਾਂ ਵਿਚੋਂ ਇੱਕ ਹੈ। ਪਰ ਇਸ ਤਰ੍ਹਾਂ ਆਪਸ ਵਿਚ ਗੱਲ ਕਰਨਾ, ਇੱਕ ਦੂਜੇ ਦੇ ਪੱਖਾਂ ਨੂੰ ਸਮਝਣਾ, ਉੱਜਲ ਭਵਿੱਖ ਵੱਲ ਇੱਕ ਚੰਗਾ ਕਦਮ ਹੈ।"





ਉਸ ਪਲ ਦੌਰਾਨ, ਉਨ੍ਹਾਂ ਮਹਿਸੂਸ ਕੀਤਾ ਕਿ ਉਨ੍ਹਾਂ ਦੇ ਵਿਚਾਰ, ਉਨ੍ਹਾਂ ਦੇ ਆਪਣੇ ਲੋਕਾਂ ਦੁਆਰਾ ਰਚੇ ਪੱਖਪਾਤੀ ਇਤਿਹਾਸ ਉੱਤੇ ਅਧਾਰਿਤ ਹਨ। ਤਦ ਹੀ ਉਨ੍ਹਾਂ ਸਾਰਿਆਂ ਨੇ ਧਰਤੀ ਦੇ ਇਸ ਖਿੱਤੇ ਵਿਚ ਸ਼ਾਂਤੀ ਦੀ ਅਹਿਮ ਲੋੜ ਮਹਿਸੂਸ ਕੀਤੀ। ਬੇਸ਼ੱਕ ਇਜ਼ਰਾਈਲ-ਫਿਲਸਤੀਨੀ ਸੰਘਰਸ਼ ਦੇ ਹਾਲਾਤ ਹਮੇਸ਼ਾ ਵਾਂਗ ਹੀ ਚੁਣੌਤੀਪੂਰਣ ਬਣੇ ਹੋਏ ਸਨ, ਪਰ ਸ਼ਾਂਤੀ ਲਈ ਬੇਤਾਬ ਇਸ ਖੇਤਰ ਵਿਚ, ਇਨ੍ਹਾਂ ਤਿੰਨਾਂ ਵਿਅਕਤੀਆਂ ਦੀ ਆਪਸੀ ਗੱਲਬਾਤ ਉਮੀਦ ਦੀ ਇਕ ਹਲਕੀ ਜਿਹੀ ਕਿਰਨ ਵਾਂਗ ਨਜ਼ਰ ਆ ਰਹੀ ਸੀ।

ਕਾਨਫਰੰਸ ਦੇ ਅਗਲੇ ਦਿਨ੍ਹਾਂ ਦੌਰਾਨ ਵੀ, ਯੂਸਫ਼, ਸਾਰਾਹ ਅਤੇ ਅਹਿਮਦ ਦੀ ਆਪਸੀ ਗੱਲਬਾਤ ਜਾਰੀ ਰਹੀ। ਉਨ੍ਹਾਂ ਇੱਕ ਦੂਜੇ ਨਾਲ ਖੁੱਲ੍ਹ ਕੇ ਵਿਚਾਰ ਸਾਂਝੇ ਕੀਤੇ। ਅਜਿਹੇ ਵਿਚਾਰ-ਵਟਾਂਦਰੇ ਦੌਰਾਨ ਉਨ੍ਹਾਂ ਨਾ ਸਿਰਫ਼ ਆਪੋ-ਆਪਣੇ ਪੱਖਾਂ ਦੀ ਗੱਲਾਂ 'ਤੇ ਤੱਥ ਸਾਂਝੇ ਕੀਤੇ, ਸਗੋਂ ਇੱਕ ਚੰਗੇਰੇ ਭਵਿੱਖ ਲਈ ਸ਼ੁੱਭਇੱਛਾਵਾਂ ਦੀ ਸਾਂਝ ਵੀ ਪਾਈ।

ਇੱਕ ਸ਼ਾਮ, ਭੂਮੱਧ ਸਾਗਰ ਦੇ ਸ਼ਾਂਤ ਪਾਣੀਆ ਵਾਲੀ ਬੀਚ ਦੇ ਕਿਨਾਰੇ ਬੈਠ, ਉਨ੍ਹਾਂ ਨੇ ਨਾ ਸਿਰਫ਼ ਸਹੀ ਇਤਹਾਸਿਕ ਜਾਣਕਾਰੀ ਦੇ ਮਹੱਤਵ ਬਾਰੇ ਚਰਚਾ ਕੀਤੀ, ਸਗੋਂ ਆਪਣੇ ਪਰਿਵਾਰਾਂ ਬਾਰੇ ਵੀ ਗੱਲਾਂ ਸਾਂਝੀਆਂ ਕੀਤੀਆਂ। ਸਾਰਾਹ ਨੇ ਆਪਣੇ ਛੋਟੇ ਭਤੀਜਿਆਂ ਤੇ ਭਤੀਜੀਆਂ ਬਾਰੇ ਗੱਲਾਂ ਕਰਦਿਆਂ, ਉਨ੍ਹਾਂ ਦੀ ਅਜਿਹੇ ਭਵਿੱਖਮਈ ਸੰਸਾਰ ਦੀ ਖ਼ਾਹਸ਼, ਜਿਥੇ ਖ਼ਤਰੇ ਤੇ ਡਰ ਵਾਲੇ ਹਾਲਾਤਾਂ ਤੋਂ ਮੁਕਤੀ ਹੋਵੇ, ਬਾਰੇ ਦੱਸ ਪਾਈ। ਯੂਸਫ਼ ਨੇ ਇੱਕ ਆਜ਼ਾਦ ਅਤੇ ਖੁਸ਼ਹਾਲ ਫਿਲਸਤੀਨ ਬਾਰੇ ਆਪਣੇ ਸੁਪਨਿਆਂ ਦੀ ਚਰਚਾ ਕੀਤੀ। ਇਕ ਅਜਿਹਾ ਫਿਲਸਤੀਨ ਜਿੱਥੇ ਉਹ ਲੜਾਈ ਦੇ ਦਾਨਵ ਦੇ ਖੌਫ਼ ਤੋਂ ਮੁਕਤ ਆਪਣੇ ਪਰਿਵਾਰ ਨੂੰ ਪਾਲ ਸਕਦਾ ਹੋਵੇ। ਅਹਿਮਦ ਨੇ ਆਪਣੇ ਪਿਤਾ ਤੋਂ ਸਿੱਖੇ ਉਹ ਸਬਕ ਸਾਂਝੇ ਕੀਤੇ, ਜੋ ਉਸ ਦੇ ਪਿਤਾ ਨੇ ਯੁੱਧ ਦੇ ਔਕੜ੍ਹਾਂ ਵਿਚ ਅਨੁਭਵ ਕੀਤੇ ਸਨ ਅਤੇ ਇਨ੍ਹਾਂ ਸਬਕਾਂ ਨੇ ਹੀ ਉਸ ਨੂੰ ਸੰਵਾਦ ਦੀ ਕੀਮਤ ਸਮਝਾਈ ਸੀ।

ਜਿਵੇਂ-ਜਿਵੇਂ ਉਨ੍ਹਾਂ ਵਿਚ ਗੱਲਬਾਤਾਂ ਦੀ ਸਾਂਝ ਵਧਦੀ ਗਈ, ਉਨ੍ਹਾਂ ਦੇ ਮਨ ਵਿਚ ਅਜਿਹੀ ਦੁਨੀਆਂ ਦਾ ਸੁਪਨਾ ਸਾਕਾਰ ਹੋਣ ਲੱਗਾ, ਜਿਥੇ ਹਰ ਰੋਜ਼ ਦੇ ਜੰਗ ਦੇ ਡਰ ਦੀ ਥਾਂ ਸ਼ਾਂਤਮਈ ਤੇ ਸਹਿਹੋਂਦ ਭਰਪੂਰ ਸੰਸਾਰ ਹੋਂਦਮਈ ਸੀ। ਹੁਣ ਸਾਰਾਹ ਉਨ੍ਹਾਂ ਕਾਰਣਾਂ ਨੂੰ ਚੰਗੀ ਤਰ੍ਹਾਂ ਸਮਝ ਚੁੱਕੀ ਸੀ, ਜਿਨ੍ਹਾਂ ਨੇ ਨੌਜਵਾਨ ਫਿਲਸਤੀਨੀਆਂ ਨੂੰ ਹਮਾਸ ਦਾ ਸਮਰਥਨ ਕਰਨ ਲਈ ਪ੍ਰੇਰਿਤ ਕੀਤਾ ਸੀ। ਹੁਣ ਤਾਂ ਯੂਸਫ਼ ਨੂੰ ਵੀ ਬਹੁਗਿਣਤੀ ਇਜ਼ਰਾਈਲੀਆਂ ਦੀ ਸੁਰੱਖਿਅਤ ਅਤੇ ਸਥਾਈ ਭਵਿੱਖ ਲਈ ਮੂਲ ਚਾਹਤ ਦੀ ਸਮਝ ਆ ਚੁੱਕੀ ਸੀ। ਉਨ੍ਹਾਂ ਸਾਰਿਆਂ ਦੇ ਮਨਾਂ ਵਿਚ ਜਨਮ ਲੈ ਰਹੇ ਸ਼ਾਂਤਮਈ ਭਵਿੱਖ ਦੇ ਅਕੁੰਰ ਨੂੰ ਮੌਲਣ ਵਾਸਤੇ ਲੋੜੀਂਦੇ ਹਾਲਾਤਾਂ ਦੇ ਨਿਰਮਾਣ ਲਈ ਅਹਿਮਦ ਨੇ ਕੂਟਨੀਤੀ ਦੀ ਸੰਭਾਵਨਾ ਭਾਂਪ ਲਈ।

ਕਾਨਫਰੰਸ ਦੀ ਆਖ਼ਰੀ ਸ਼ਾਮ, ਜਦ ਉਹ ਆਪਣੇ ਹੋਟਲ ਦੀ ਛੱਤ 'ਤੇ ਖੜ੍ਹੇ, ਸ਼ਹਿਰ ਨੂੰ ਦੇਖ ਰਹੇ ਸਨ, ਤਾਂ ਉਨ੍ਹਾਂ ਨੇ ਇਕ ਨਿਰਣਾ ਕਰ ਲਿਆ। ਉਨ੍ਹਾਂ ਅਹਿਦ ਕੀਤਾ ਕਿ ਉਹ ਆਪਣੇ-ਆਪਣੇ ਭਾਈਚਾਰਿਆਂ ਵਿਚ ਸਹੀ ਜਾਣਕਾਰੀ ਦੇ ਪ੍ਰਸਾਰ ਅਤੇ ਵਿਭਿੰਨ ਭਾਈਚਾਰਿਆਂ ਵਿਚ ਸੰਵਾਦ ਸਥਾਪਤੀ ਲਈ ਦ੍ਰਿੜ੍ਹਤਾ ਨਾਲ ਕੰਮ ਕਰਨਗੇ। ਉਨ੍ਹਾਂ ਦਾ ਯਕੀਨ ਸੀ ਅਜਿਹੇ ਸੰਵਾਦ ਭਾਵੇਂ ਛੋਟੇ-ਛੋਟੇ ਵੀ ਹੋਣ ਪਰ ਸ਼ਾਂਤੀ ਦੇ ਰਾਹ ਉੱਤੇ ਅੱਗੇ ਵੱਧਣ ਲਈ ਬੀਜ ਦਾ ਰੋਲ ਅਦਾ ਕਰ ਸਕਦੇ ਹਨ।

ਇਸ ਦਿਸ਼ਾ ਵਿਚ, ਉਨ੍ਹਾਂ ਦੇ ਸਿਰਤੋੜ ਯਤਨਾਂ ਸਦਕਾ, ਆਪੋ-ਆਪਣੇ ਭਾਈਚਾਰਿਆਂ ਵਿਚ ਉਨ੍ਹਾਂ ਦੇ ਕੰਮ ਨੂੰ ਚੰਗਾ ਹੁੰਗਾਰਾ ਮਿਲਣਾ ਸ਼ੁਰੂ ਹੋ ਗਿਆ। ਉਨ੍ਹਾਂ ਨੇ ਸਾਂਝੇ ਸਮਾਗਮਾਂ ਦਾ ਆਯੋਜਨ ਕੀਤਾ,




ਇਜ਼ਰਾਈਲ ਅਤੇ ਫਿਲਸਤੀਨੀਆਂ ਨੂੰ ਉਨ੍ਹਾਂ ਦੇ ਤਜ਼ਰਬਿਆਂ, ਡਰਾਂ ਅਤੇ ਉਮੀਦਾਂ 'ਤੇ ਚਰਚਾ ਕਰਨ ਲਈ ਇਕੱਠੇ ਕੀਤਾ। ਬੇਸ਼ੱਕ ਉਨ੍ਹਾਂ ਦੀਆਂ ਕੋਸ਼ਿਸ਼ਾਂ ਚੁਣੌਤੀਆਂ ਭਰਪੂਰ ਸਨ, ਕਿਉਂਕਿ ਉਨ੍ਹਾਂ ਨੂੰ ਆਪਣੇ ਭਾਈਚਾਰਿਆਂ ਦੇ ਬਹੁਤ ਸਾਰੇ ਲੋਕਾਂ ਦੇ ਸ਼ੱਕਾਂ ਅਤੇ ਵਿਰੋਧ ਦਾ ਸਾਹਮਣਾ ਕਰਨਾ ਪਿਆ। ਪਰ ਫਿਰ ਵੀ, ਉਹ ਦ੍ਰਿੜ੍ਹ ਰਹੇ। ਉਨ੍ਹਾਂ ਦੋਨਾਂ ਪੱਖਾਂ ਦੇ ਲੋਕਾਂ ਨੂੰ ਯਕੀਨ ਦਿਵਾਇਆ ਕਿ ਆਪਸੀ ਗੱਲਬਾਤ ਹੀ ਸ਼ਾਂਤੀ ਪ੍ਰਾਪਤੀ ਦਾ ਸਹੀ ਰਸਤਾ ਹੈ।

ਸਮੇਂ ਦੇ ਗੁਜ਼ਰਣ ਨਾਲ, ਯੂਸਫ਼, ਸਾਰਾਹ ਅਤੇ ਅਹਿਮਦ ਇਜ਼ਰਾਈਲ ਅਤੇ ਫਿਲਸਤੀਨੀਆਂ ਦੀ ਆਪਸੀ ਸਾਂਝ ਦੇ ਚਿੰਨ ਬਣ ਗਏ। ਉਹ ਇਹ ਸਾਬਤ ਕਰਨ ਲਈ ਦ੍ਰਿੜ੍ਹ ਸਨ ਕਿ ਹਾਲਤਾਂ ਤੇ ਇਤਿਹਾਸ ਦੀ ਸਹੀ ਸਮਝ, ਮਾਨਵੀ ਹਮਦਰਦੀ ਅਤੇ ਹੋਰਨਾਂ ਲਈ ਆਦਰ ਡੂੰਘੇ ਪਾੜਿਆਂ ਨੂੰ ਵੀ ਪੂਰ ਸਕਦੇ ਹਨ। ਬੇਸ਼ੱਕ ਇਜ਼ਰਾਈਲ-ਫਿਲਸਤੀਨੀ ਸੰਘਰਸ਼ ਇੱਕ ਮੁਸ਼ਕਲ ਤੇ ਸਥਾਈ ਚੁਣੌਤੀ ਸੀ, ਪਰ ਉਨ੍ਹਾਂ ਦੇ ਸੁਲਝੇ ਹੋਏ ਵਿਚਾਰ ਅਤੇ ਆਪਸੀ ਸਹਿਯੋਗ ਦੀਆਂ ਕਹਾਣੀਆਂ ਨੇ ਹੋਰਨਾਂ ਨੂੰ ਇੱਕ ਨਿਆਂਪੂਰਨ ਅਤੇ ਸਥਾਈ ਸ਼ਾਂਤੀ ਦੀ ਪ੍ਰਾਪਤੀ ਦੀਆਂ ਕੋਸ਼ਿਸ਼ਾਂ ਵਿਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ, ਜਿਸ ਨੇ ਉਨ੍ਹਾਂ ਦੇ ਵਿਸ਼ਵਾਸ 'ਤੇ ਉਮੀਦ ਨੂੰ ਹੋਰ ਪੱਕਾ ਕਰ ਦਿੱਤਾ ਕਿ ਕਿਸੇ ਨਾ ਕਿਸੇ ਦਿਨ, ਉਨ੍ਹਾਂ ਦੇ ਵਿਚਾਰ ਉਨ੍ਹਾਂ ਦੇ ਖਿੱਤੇ ਦੇ ਮਸਲਿਆਂ ਦੇ ਸ਼ਾਂਤੀਪੂਰਨ ਹੱਲ ਦਾ ਅਧਾਰ ਬਣ ਸਕਦੇ ਹਨ, ਤਦ ਉਨ੍ਹਾਂ ਦੇ ਇਸ ਦੇਸ਼, ਜਿਸ ਨੂੰ ਉਹ ਆਪਣੀ ਮਾਤ-ਭੂਮੀ ਮੰਨਦੇ ਹਨ, ਦੇ ਸਮੂਹ ਲੋਕਾਂ ਦੇ ਆਪਸੀ ਸੰਘਰਸ਼ ਅਤੇ ਦੁੱਖਾਂ ਦਾ ਅੰਤ ਹੋ ਜਾਵੇਗਾ।

ਜਿਵੇਂ ਹੀ ਯੂਸਫ਼, ਸਾਰਾਹ ਅਤੇ ਅਹਿਮਦ ਨੇ ਸਹੀ ਜਾਣਕਾਰੀ, ਇਤਿਹਾਸ ਦੀ ਸਹੀ ਸਮਝ ਅਤੇ ਸ਼ਾਂਤੀ ਨੂੰ ਵਧਾਉਣ ਲਈ ਆਪਣੇ ਸਾਂਝੇ ਯਤਨ ਜਾਰੀ ਰੱਖੇ, ਉਨ੍ਹਾਂ ਦੇ ਯਤਨਾਂ ਦੀ ਚਰਚਾ ਉਨ੍ਹਾਂ ਦੇ ਨਿੱਜੀ ਇਕੱਠਾਂ ਦੀਆਂ ਸੀਮਾਵਾਂ ਤੋਂ ਪਾਰ ਫੈਲਣ ਲੱਗੀ। ਉਹ, ਇਸ ਖਿੱਤੇ ਵਿਖੇ "ਉਮੀਦ ਦੀ ਆਵਾਜ਼" ਵਜੋਂ ਜਾਣੇ ਜਾਣ ਲੱਗ ਪਏ। ਸਮੇਂ ਨਾਲ ਉਨ੍ਹਾਂ ਦੇ ਮਾਨਵੀ ਏਕਤਾ ਅਤੇ ਸ਼ਾਂਤਮਈ ਸੰਵਾਦ ਦਾ ਸੁਨੇਹਾ ਅੰਤਰਰਾਸ਼ਟਰੀ ਪੱਧਰ ਤੱਕ ਗੂੰਜਣ ਲੱਗਾ।

ਇੱਕ ਦਿਨ ਉਨ੍ਹਾਂ ਦੀ ਕੋਸ਼ਿਸ਼ਾਂ ਨੂੰ ਇਕ ਵੱਡੀ ਸਫਲਤਾ ਦਾ ਮੌਕਾ ਮਿਲ ਹੀ ਗਿਆ। ਇੱਕ ਪ੍ਰਮੁੱਖ ਗਲੋਬਲ ਸੰਸਥਾ ਨੇ ਉਨ੍ਹਾਂ ਨੂੰ ਇੱਕ ਅੰਤਰਰਾਸ਼ਟਰੀ ਸ਼ਾਂਤੀ ਸੰਮੇਲਨ ਵਿਚ ਬੋਲਣ ਲਈ ਸੱਦਾ ਦਿੱਤਾ। ਉਨ੍ਹਾਂ ਨੇ ਇਸ ਮੌਕੇ ਨਾ ਸਿਰਫ਼ ਆਪਣੇ ਨਿੱਜੀ ਤਜ਼ਰਬਿਆਂ ਅਤੇ ਵਿਚਾਰਾਂ ਨੂੰ ਸਾਂਝਾ ਕਰਨ, ਸਗੋਂ ਇਜ਼ਰਾਈਲ-ਫਿਲਸਤੀਨੀ ਖਿੱਤੇ ਵਿਚ ਸ਼ਾਂਤੀ ਦੀ ਸਥਾਪਨਾ ਬਾਰੇ ਦੁਨੀਆਂ ਨੂੰ ਇੱਕ ਸ਼ਕਤੀਸ਼ਾਲੀ ਸੰਦੇਸ਼ ਭੇਜਣ ਦੇ ਮਹੱਤਵਪੂਰਵ ਮੌਕੇ ਵਜੋਂ ਵਰਤਣ ਦਾ ਨਿਰਣਾ ਕੀਤਾ।

ਸਿਖਰ ਸੰਮੇਲਨ ਦੇ ਅਹਿਮ ਮੰਚ 'ਤੇ ਖੜ੍ਹ ਕੇ, 'ਉਮੀਦ ਦੀ ਆਵਾਜ਼' ਦੇ ਤਿੰਨੋਂ ਪ੍ਰਮੁੱਖ ਮੈਂਬਰਾਂ ਨੇ ਵਾਰੀ-ਵਾਰੀ ਬੋਲਦਿਆਂ ਸਰੋਤਿਆਂ ਨੂੰ ਬਹੁਤ ਹੀ ਸੰਵੇਦਨਾ ਭਰਪੂਰ ਢੰਗ ਨਾਲ ਸੰਬੋਧਿਤ ਕੀਤਾ।

ਇਸ ਮੰਚ ਉੱਤੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਯੂਸਫ਼ ਨੇ ਕਿਹਾ, "ਗਾਜ਼ਾ ਵਿਚ, ਅਸੀਂ ਕਈ ਪੀੜ੍ਹੀਆਂ ਤੋਂ ਜੰਗੀ ਹਾਲਾਤਾਂ ਦੇ ਦੁਖਾਂਤ ਅਤੇ ਗੰਭੀਰ ਮਾਨਵੀ ਸੰਕਟ ਨੂੰ ਭੁਗਤ ਰਹੇ ਹਾਂ। ਪਰ ਮੇਰੀ ਧਾਰਨਾ ਹੈ ਕਿ ਤਬਦੀਲੀ ਸੰਭਵ ਹੈ। ਅਸੀਂ ਸੱਭ ਇਸ ਖਿੱਤੇ ਵਿਚ ਸ਼ਾਂਤੀ ਅਤੇ ਖੁਸ਼ਹਾਲੀ ਦੇ ਚਾਹਵਾਨ ਹਾਂ। ਸਾਡੇ ਬੱਚੇ ਤੇ ਅਗਲੇਰੀਆਂ ਪੀੜ੍ਹੀਆਂ ਹਿੰਸਾ ਤੋਂ ਮੁਕਤ ਭਵਿੱਖ ਦੇ ਹੱਕਦਾਰ ਹਨ।"

ਆਪਣੀ ਪੇਸ਼ਕਾਰੀ ਦੌਰਾਨ ਸਾਰਾਹ ਦੇ ਬੋਲ ਸਨ, "ਇਕ ਇਜ਼ਰਾਈਲੀ ਹੋਣ ਦੇ ਨਾਤੇ, ਮੈਂ ਦੋਵਾਂ ਪਾਸਿਆਂ ਉੱਤੇ ਜੰਗੀ ਹਾਲਾਤਾਂ ਦੇ ਵਿਨਾਸ਼ਕਾਰੀ ਪ੍ਰਭਾਵ ਨੂੰ ਦੇਖਿਆ ਹੈ। ਸਾਨੂੰ ਬਿਨਾਂ ਕਿਸੇ ਡਰ ਦੇ ਸ਼ਾਂਤੀ ਨਾਲ ਇਕੱਠੇ ਰਹਿਣ ਦਾ ਤਰੀਕਾ ਲੱਭਣਾ ਚਾਹੀਦਾ ਹੈ। ਇਜ਼ਰਾਈਲੀਆਂ ਦੀ ਬਹੁਗਿਣਤੀ ਸ਼ਾਂਤਮਈ ਜੀਵਨ ਲਈ ਖਾਹਸ਼ਮੰਦ ਹੈ।"

'ਉਮੀਦ ਦੀ ਆਵਾਜ਼' ਦੇ ਸੁਨੇਹੇ ਦੇ ਕੇਂਦਰੀ ਭਾਵ ਨੂੰ ਪ੍ਰਗਟ ਕਰਦੇ ਅਹਿਮਦ ਦੇ ਬੋਲ ਸਨ, "ਆਪਸੀ ਗੱਲਬਾਤ ਅਤੇ ਇਕ ਦੂਜੇ ਦੀਆਂ ਚਿੰਤਾਵਾਂ ਦੀ ਸਹੀ ਸਮਝ ਦੇ ਜ਼ਰੀਏ, ਅਸੀਂ ਭਰੋਸੇ ਦਾ ਅਧਾਰ ਕਾਇਮ ਕਰ ਸਕਦੇ ਹਾਂ। ਸ਼ਾਂਤੀ ਦਾ ਰਸਤਾ ਮੁਸ਼ਕਲਾਂ ਭਰਪੂਰ ਤਾਂ ਹੋ ਸਕਦਾ ਹੈ, ਪਰ ਇਹ ਅਸੰਭਵ ਨਹੀਂ ਹੈ। ਇਜ਼ਰਾਈਲੀ -ਫਿਲਸਤੀਨ ਖਿੱਤੇ ਵਿਖੇ ਰਹਿਣ ਵਾਲੇ ਸਾਰੇ ਲੋਕਾਂ ਦੇ ਮਾਨਵੀ ਅਧਿਕਾਰਾਂ ਦੀ ਪਛਾਣ ਇਸ ਰਸਤੇ ਦਾ ਮੁੱਢ ਬੰਨਦੀ ਹੈ।"

ਉਨ੍ਹਾਂ ਦੇ ਸੰਵੇਦਨਾ ਭਰਪੂਰ ਸ਼ਬਦਾਂ ਨੇ ਸਰੋਤਿਆਂ ਦੇ ਮਨਾਂ ਨੂੰ ਛੂੰਹ ਲਿਆ। ਸਮੂਹ ਸਰੋਤਿਆਂ ਨੇ ਖੜ੍ਹੇ ਹੋ ਕੇ ਤਾੜੀਆਂ ਦੀ ਆਵਾਜ਼ ਨਾਲ 'ਉਮੀਦ ਦੀ ਆਵਾਜ਼' ਦੇ ਬੁਲਾਰਿਆਂ ਨਾਲ ਸਹਿਮਤੀ ਪ੍ਰਗਟਾਈ। ਉਨ੍ਹਾਂ ਦੇ ਸੰਦੇਸ਼ ਤੋਂ ਪ੍ਰੇਰਿਤ ਹੋ ਕੇ, ਅੰਤਰਰਾਸ਼ਟਰੀ ਨੇਤਾਵਾਂ ਅਤੇ ਡਿਪਲੋਮੈਟਾਂ ਨੇ, ਉਹ ਕਾਰਜ, ਤਰਜ਼ੀਹੀ ਤੌਰ ਉੱਤੇ ਕਰਨ ਦਾ ਵਾਅਦਾ ਕੀਤਾ, ਜੋ ਇਸ ਖੇਤਰ ਵਿਖੇ ਆਪਸੀ ਸੰਵਾਦ ਅਤੇ ਸ਼ਾਂਤੀ ਬਹਾਲੀ ਲਈ ਤੁਰੰਤ ਧਿਆਨ ਮੰਗਦੇ ਸਨ।

ਸਮੇਂ ਨਾਲ ਸਰਕਾਰੀ ਤੇ ਗੈਰਸਰਕਾਰੀ ਸੰਸਥਾਵਾਂ ਦੀਆਂ ਕੋਸ਼ਿਸ਼ਾਂ ਨੂੰ ਬੂਰ ਪਿਆ। ਇਜ਼ਰਾਈਲੀ ਅਤੇ ਫਿਲਸਤੀਨੀ ਸਰਕਾਰਾਂ ਵਿਚਕਾਰ ਆਪਸੀ ਸੰਵਾਦ ਅਤੇ ਸੱਭਿਆਚਾਰਕ ਅਦਾਨ-ਪ੍ਰਦਾਨ ਦੇ ਕਾਰਜ ਆਰੰਭ ਹੋਣ ਨਾਲ ਆਮ ਲੋਕਾਂ ਵਿਚ ਸ਼ਾਂਤੀ ਬਹਾਲੀ ਦੀਆਂ ਕੋਸ਼ਿਸ਼ਾਂ ਨੂੰ ਨਵਾਂ ਉਤਸ਼ਾਹ ਮਿਲਿਆ। ਦੋਵਾਂ ਪਾਸਿਆਂ ਦੇ ਸਕੂਲਾਂ ਵਿਖੇ ਸਾਂਝੇ ਵਿਦਿਅਕ ਪ੍ਰੋਗਰਾਮਾਂ ਦੀ ਸ਼ੁਰੂਆਤ ਕੀਤੀ ਗਈ, ਜਿਸ ਨੇ ਨੌਜਵਾਨ ਪੀੜ੍ਹੀ ਵਿਚ ਆਪਸੀ ਸਾਂਝ ਤੇ ਸਮਝ ਨੂੰ ਉਤਸ਼ਾਹਿਤ ਕੀਤਾ। ਸੱਭਿਆਚਾਰਕ ਆਦਾਨ-ਪ੍ਰਦਾਨ ਕਾਰਜਾਂ ਨੇ ਆਪਸੀ ਵਿੱਥ ਨੂੰ ਭਰਨ ਅਤੇ ਦੋਵਾਂ ਭਾਈਚਾਰਿਆਂ ਵਿਚਕਾਰ ਪਿਆਰ ਤੇ ਵਿਸ਼ਵਾਸ ਭਰਪੂਰ ਸਬੰਧ ਕਾਇਮ ਕਰਨ ਵਿਚ ਅਹਿਮ ਆਧਾਰ ਪ੍ਰਦਾਨ ਕੀਤਾ।

ਬੇਸ਼ੱਕ, ਚੁਣੌਤੀਆਂ ਦਾ ਦੌਰ ਅਜੇ ਵੀ ਕਾਇਮ ਸੀ। ਦੋਵਾਂ ਪਾਸਿਆਂ ਦੀਆਂ ਕੱਟੜਪੰਥੀ ਆਵਾਜ਼ਾਂ ਨੇ ਸ਼ਾਂਤੀ ਸਥਾਪਤੀ ਦੇ ਸਮੂਹ ਯਤਨਾਂ ਦਾ ਜ਼ੋਰਦਾਰ ਵਿਰੋਧ ਕੀਤਾ ਅਤੇ ਜੰਗੀ ਹਾਲਾਤਾਂ ਨੂੰ ਕਾਇਮ ਰੱਖਣ ਦੀ ਜੀ ਤੋੜ ਕੋਸ਼ਿਸ਼ ਕੀਤੀ। ਪਰ ਯੂਸਫ਼, ਸਾਰਾਹ ਅਤੇ ਅਹਿਮਦ ਦੇ ਵਿਚਾਰਾਂ ਦੀ ਸਾਂਝ ਅਤੇ ਨਿਰੰਤਰ ਵਚਨਬੱਧਤਾ ਨੇ 'ਉਮੀਦ ਦੀ ਆਵਾਜ਼' ਕਾਇਮ ਰੱਖੀ।

ਉਨ੍ਹਾਂ ਦੇ ਯਤਨ ਬੇਸ਼ੱਕ ਤੱਤਕਾਲ ਹੀ ਵੱਡੀਆਂ ਤਬਦੀਲੀਆਂ ਦਾ ਲਿਆ ਸਕਣ ਦੇ ਸਮਰਥ ਤਾਂ ਨਹੀਂ ਸਨ, ਪਰ ਇਹ ਯਤਨ ਉਨ੍ਹਾਂ ਵਿਅਕਤੀਆਂ ਦੀ ਸ਼ਕਤੀ ਦਾ ਸਬੂਤ ਸਨ, ਜਿਨ੍ਹਾਂ ਨੇ ਦੋ ਕੌਮਾਂ ਵਿਚਕਾਰਲੀਆਂ ਵੰਡੀਆਂ ਨੂੰ ਘੱਟ ਕਰਣ ਅਤੇ ਨਫ਼ਰਤਾਂ ਦੇ ਮਾਹੌਲ ਨੂੰ ਬਦਲਣ ਦੀ ਹਿੰਮਤ ਕੀਤੀ ਸੀ। 'ਉਮੀਦ ਦੀ ਆਵਾਜ਼' ਕਾਰਕੁੰਨ ਪਰਪੱਕ ਸਨ ਕਿ ਉਨ੍ਹਾਂ ਦੀ ਮੰਜ਼ਿਲ ਦਾ ਸਫ਼ਰ ਬੇਸ਼ੱਕ ਕਾਫ਼ੀ ਲੰਮਾ ਹੈ, ਪਰ ਉਨ੍ਹਾਂ ਨੂੰ ਭਰੋਸਾ ਸੀ ਕਿ ਉਨ੍ਹਾਂ ਦੁਆਰਾ ਲਗਾਤਾਰ ਕੀਤੇ ਜਾ ਰਹੇ ਯਤਨਾਂ ਸਦਕਾ ਧਰਤੀ ਦੇ ਇਸ ਖਿੱਤੇ ਵਿਚ ਇਕ ਦਿਨ ਜ਼ਰੂਰ ਸੰਘਰਸ਼ ਦਾ ਖਾਤਮਾ ਹੋ, ਆਪਸੀ ਭਾਈਚਾਰੇ ਤੇ ਸ਼ਾਂਤੀ ਦੀ ਸਥਾਪਤੀ ਹੋ ਸਕੇਗੀ।

ਸਮੇਂ ਨਾਲ, "ਉਮੀਦ ਦੀ ਆਵਾਜ਼" ਅਤੇ ਕਈ ਹੋਰ ਸੰਸਥਾਵਾਂ ਦੇ ਯਤਨਾਂ ਨੇ ਇਜ਼ਰਾਈਲੀ-ਫਿਲਸਤੀਨੀ ਖੇਤਰ ਵਿਚ ਇੱਕ ਖਾਸ ਫਰਕ ਲਿਆਉਣਾ ਸ਼ੁਰੂ ਕਰ ਦਿੱਤਾ ਸੀ। ਬੇਸ਼ੱਕ ਆਪਸੀ ਵਿਵਾਦ ਦਾ ਹੱਲ ਅਜੇ ਵੀ ਸਪੱਸ਼ਟ ਨਜ਼ਰ ਨਹੀਂ ਸੀ ਆ ਰਿਹਾ, ਪਰ ਸ਼ਾਂਤੀ ਬਹਾਲੀ ਦੀ ਦਿਸ਼ਾ ਵੱਲ ਕਈ ਕਦਮ ਪੁੱਟੇ ਜਾ ਰਹੇ ਸਨ ਅਤੇ ਚੇਤਨ ਆਸ਼ਾਵਾਦ ਦੀ ਭਾਵਨਾ ਦਾ ਬੋਲਬਾਲਾ ਹਰ ਪਾਸੇ ਹੋਣ ਲੱਗ ਪਿਆ ਸੀ।

ਆਪਸੀ ਸੰਵਾਦ ਅਤੇ ਸ਼ਾਂਤੀ ਬਹਾਲੀ ਲਈ ਸੁਯੋਗ ਕਾਰਜਾਂ ਵਾਸਤੇ ਅੰਤਰਰਾਸ਼ਟਰੀ ਸਮਰਥਨ ਵੱਧਣ ਲੱਗ ਪਿਆ ਸੀ। ਇਜ਼ਰਾਈਲੀ ਅਤੇ ਫਿਲਸਤੀਨੀ ਨੇਤਾਵਾਂ ਵਿਚਕਾਰ ਗੱਲਬਾਤ ਫਿਰ ਸ਼ੁਰੂ ਹੋ ਗਈ। ਦੋਵਾਂ ਪਾਸਿਆਂ ਤੋਂ ਸ਼ਾਂਤੀ ਬਹਾਲੀ ਅਤੇ ਲੜਾਈ-ਝਗੜੇ ਦੇ ਕੰਮਾਂ ਸੰਬੰਧੀ ਸੰਜਮ ਵਰਤਣ ਦੀਆਂ ਆਵਾਜ਼ਾਂ ਤੇਜ਼ ਹੋਣ ਲੱਗ ਪਈਆਂ ਸਨ। ਲੰਬੇ ਸਮੇਂ ਤੋਂ ਹਿੰਸਾ ਦੇ ਚੱਕਰ ਨੂੰ ਜਾਰੀ ਰੱਖ ਰਹੇ ਕੱਟੜਪੰਥੀ ਬਿਰਤਾਂਤ ਹੌਲੇ-ਹੌਲੇ ਪੇਤਲੇ ਹੁੰਦੇ ਜਾ ਰਹੇ ਸਨ।

ਆਪਸੀ ਮਿਲਵਰਤਣ ਵੱਲ-ਵੱਲ ਛੋਟੇ-ਛੋਟੇ ਕਦਮ ਚੁੱਕੇ ਜਾਣ ਲੱਗ ਪਏ ਸਨ। ਦਹਾਕਿਆਂ ਦੇ ਸੰਘਰਸ਼ ਕਾਰਨ ਵਿਛੜੇ ਪਰਿਵਾਰ ਮੁੜ ਹੁਣ ਇਕੱਠੇ ਹੋਣੇ ਸ਼ੁਰੂ ਹੋ ਗਏ ਸਨ। ਇਜ਼ਰਾਈਲੀ ਅਤੇ ਫਿਲਸਤੀਨੀ ਬੱਚੇ ਨਾ ਸਿਰਫ਼ ਸਾਂਝੇ ਸਕੂਲਾਂ ਵਿਚ ਸਗੋਂ ਪੂਰੇ ਖੇਤਰ ਦੀਆਂ ਪਾਰਕਾਂ ਅਤੇ ਖੇਡ ਦੇ ਮੈਦਾਨਾਂ ਵਿਚ ਇਕੱਠੇ ਖੇਡਣ ਲੱਗ ਪਏ ਸਨ। ਸਾਂਝੇ ਆਰਥਿਕ ਉਦਮਾਂ ਦੇ ਵਾਧੇ ਨੇ ਆਪਸੀ ਸਹਿਯੋਗ ਅਤੇ ਅੰਤਰ-ਨਿਰਭਰਤਾ ਨੂੰ ਉਤਸ਼ਾਹ ਬਖ਼ਸ਼ਿਆ ਸੀ।

ਨੌਜਵਾਨ ਪੀੜ੍ਹੀ, ਸ਼ਾਂਤੀਪੂਰਨ ਸਹਿ-ਹੋਂਦ ਦੇ ਵਿਚਾਰ ਦੀ ਧਾਰਣਾ ਨਾਲ, ਇੱਕ ਵੱਖਰੇ ਮਾਹੌਲ ਵਿਚ ਵਧ-ਫੁੱਲ ਰਹੀ ਸੀ। ਹੁਣ ਉਹ ਪੁਰਾਣੀਆਂ ਦੁਸ਼ਮਣੀਆਂ ਨੂੰ ਖਤਮ ਕਰਦੇ ਹੋਏ, ਅਜਿਹੇ ਭਵਿੱਖ ਦਾ ਸੁਪਨਾ ਸਾਕਾਰ ਕਰਣ ਲਈ ਤੱਤਪਰ ਸਨ, ਜਿੱਥੇ ਉਨ੍ਹਾਂ ਦੇ ਭਾਈਚਾਰਿਆਂ ਨੂੰ ਵੰਡਣ ਵਾਲੀਆਂ ਲਕੀਰਾਂ ਹਮੇਸ਼ਾਂ ਲਈ ਮਿਟ ਜਾਣਗੀਆਂ।

ਇਹ ਜਾਣਦੇ ਹੋਏ ਕਿ ਅੱਗੇ ਦਾ ਰਸਤਾ ਲੰਬਾ ਅਤੇ ਅਨਿਸ਼ਚਿਤ ਹੈ, ਫਿਰ ਵੀ ਯੂਸਫ਼, ਸਾਰਾਹ ਅਤੇ ਅਹਿਮਦ ਦੀ ਰਹਿਨੁਮਾਈ ਵਿਚ 'ਉਮੀਦ ਦੀ ਆਵਾਜ਼' ਸੰਸਥਾ ਦੇ ਅਣਥੱਕ ਕਾਰਜ ਨਿਰੰਤਰ ਜਾਰੀ ਰਹੇ। ਇੰਝ ਉਨ੍ਹਾਂ ਦੀ ਕਹਾਣੀ ਸ਼ਾਤਮਈ ਭਵਿੱਖ ਦੀ ਆਸ਼ ਦਾ ਚਿੰਨ ਬਣ ਗਈ, ਜੋ ਇਸ ਵਿਚਾਰ ਦਾ ਪ੍ਰਤੱਖ ਸਬੂਤ ਸੀ ਕਿ ਆਪਸੀ ਸੰਵਾਦ, ਹਮਦਰਦੀ ਅਤੇ ਸੰਵੇਦਨਾਸਮਕ ਸਮਝ ਅਹਿਮ ਤਬਦੀਲੀ ਲਿਆ ਸਕਣ ਦੇ ਸਮਰਥ ਹਨ।

ਸਮੇਂ ਨਾਲ ਇਜ਼ਰਾਈਲ-ਫਿਲਸਤੀਨੀ ਸੰਘਰਸ਼ ਹੁਣ ਉਨ੍ਹਾਂ ਗੁੰਝਲਦਾਰ ਮੁੱਦਾ ਨਹੀਂ ਸੀ ਰਿਹਾ, ਜੋ ਪਹਿਲਾਂ ਜਾਪਦਾ ਸੀ। ਅਜਿਹਾ ਸਪੱਸ਼ਟ ਨਜ਼ਰ ਆਉਣ ਲੱਗ ਪਿਆ ਸੀ ਕਿ ਚੁਣੌਤੀਆਂ ਦੇ ਬਾਵਜੂਦ, ਇੱਕ ਉੱਜਲ ਤੇ ਸ਼ਾਂਤੀ ਭਰਪੂਰ ਭਵਿੱਖ ਵਧੇਰੇ ਦੂਰ ਨਹੀਂ। "ਉਮੀਦ ਦੀ ਆਵਾਜ਼" ਅਤੇ ਉਸ ਵਰਗੇ ਉਦੇਸ਼ ਵਾਲੀਆਂ ਹੋਰ ਅਨੇਕ ਸੰਸਥਾਵਾਂ, ਸ਼ਾਂਤੀਪੂਰਨ ਭਵਿੱਖ ਦੇ ਸੰਕਲਪ ਲਈ ਦ੍ਰਿੜ੍ਹ ਸਨ ਅਤੇ ਉਹ ਅਜਿਹੇ ਰਾਹਾਂ ਦੇ ਨਿਰਮਾਣ ਵਿਚ ਲਗਾਤਾਰ ਯਤਨਸ਼ੀਲ ਸਨ, ਜੋ ਰਾਹ ਜਟਿਲ ਹੋਣ ਦੇ ਬਾਵਜੂਦ, ਸੁਲ੍ਹਾ-ਸਫਾਈ ਅਤੇ ਆਪਸੀ ਭਾਈਚਾਰਕ ਪਿਆਰ ਨਾਲ ਭਰੇ ਹੋਏ ਸਨ।

## ਆਜ਼ਾਦੀ ਦੇ ਛੁੱਲੇ

# ਪੀਰ ਬਨਾਮ ਨਵਾਬ


ਮੁਲਾਕਾਤੀ: ਸਤਵੀਰ ਸਿੰਘ ਚਾਨੀਆਂ

92569-73526

(Punjab Mail USA)









ਮਹਾਰਾਜਾ ਯਾਦਵਿੰਦਰ ਸਿੰਘ ਪਟਿਆਲਾ, ਰਾਜ ਮਾਤਾ ਮਹਾਰਾਣੀ ਮਹਿੰਦਰ ਕੌਰ ਪਟਿਆਲਾ ਅਤੇ ਗਿਆਨੀ ਸੋਹਣ ਸਿੰਘ ਸੀਤਲ।

1947 ਦੇ ਹਿਜ਼ਰਤਨਾਮਾ ਤਹਿਤ ਲੇਖ ਲੜੀ ਲਈ ਬਹੁਤ ਬਜ਼ੁਰਗਾਂ ਨਾਲ ਮੁਲਾਕਾਤ ਦਾ ਸੁਭਾਗ ਪ੍ਰਾਪਤ ਹੋਇਆ। ਉਜਾੜਿਆਂ ਸਮੇਂ ਕਿਤੇ-ਕਿਤੇ ਕਈ ਇਨਸਾਨਾਂ ਨੇ ਨੇਕ ਨਾਮੀ ਦਿਖਾਉਂਦਿਆਂ ਇਨਸਾਨੀਅਤ ਨੂੰ ਜ਼ਿੰਦਾ ਰੱਖਿਆ। ਪਰ ਬਹੁਤੇ ਥਾਈਂ ਇਨਸਾਨ ਤੋਂ ਬਣੇ ਹੈਵਾਨਾਂ ਨੇ ਇਨਸਾਨੀਅਤ ਨੂੰ ਸ਼ਰਮਸਾਰ ਕੀਤਾ। ਈਰਾਨ ਦੇ ਦਾਰਸ਼ਨਿਕ ਲਿਖਾਰੀ ਜਨਾਬ ਸ਼ੇਖ ਸਾਅਦੀ ਆਪਣੀ ਕਿਤਾਬ ਗੁਲਿਸਤਾਂ ਦੇ ਸਫ਼ਾ 14 'ਤੇ ਲਿਖਦੇ ਹਨ, "ਇਕ ਰੋਟੀ ਵਿਚੋਂ ਜੇ ਇਕ ਧਰਮੀ ਵਿਅਕਤੀ ਅੱਧੀ ਖਾਵੇ, ਤਾਂ ਦੂਜੀ ਅੱਧੀ ਉਹ ਕਿਸੇ ਦਰਵੇਸ਼ ਨੂੰ ਦੇ ਦੇਵੇਗਾ। ਪਰ ਜੇ ਇਕ ਬਾਦਸ਼ਾਹ ਇਕ ਦੇਸ਼ ਜਿੱਤ ਲਵੇ, ਤਾਂ ਉਹ ਦੂਜੇ ਦੇਸ਼ ਨੂੰ ਜਿੱਤਣ ਦੀ ਚਿੰਤਾ ਵਿਚ ਫਸ ਜਾਏਗਾ।"

ਦੂਜੇ ਪਾਸੇ '47 ਦੀ ਵੰਡ ਸਮੇਂ ਸਭ ਕੁੱਝ ਉਥਲ-ਪੁਥਲ ਹੋ ਗਿਆ। ਕਿਧਰੇ ਧਾਰਮਿਕ ਡੇਰੇ ਜਾਂ ਨਵਾਬਾਂ ਨੇ ਆਪਣੀ ਜ਼ਿੰਮੇਵਾਰੀ ਨੂੰ ਬਾਖ਼ੂਬੀ ਨਿਭਾਇਆ ਪਰ ਕਿਧਰੇ ਵਿਰੋਧ ਭਾਸ ਵੀ।

ਪੋਠੋਹਾਰ ਦਾ ਇਲਾਕਾ ਖੇਤੀਬਾੜੀ ਪੱਖੋਂ ਤਾਂ ਬਹੁਤਾ ਜਰਖੇਜ਼ ਨਹੀਂ ਸੀ ਪਰ ਇਲਮੋਂ ਹੁਸਨ ਪੱਖੋਂ ਚੰਗਾ ਜਾਣਿਆ-ਪਛਾਣਿਆ ਸੀ। ਕਲਕੱਤਾ ਅਤੇ ਨਵਾਖਲੀ ਕਤਲੇਆਮ ਤੋਂ ਪ੍ਰਭਾਵੀ ਕੁੱਝ ਲੀਗੀਆਂ ਹਜ਼ਾਰੇ ਪਹੁੰਚ ਕੇ ਦੂਰ-ਦਰਾਜ਼ ਹਿੰਦੂ-ਸਿੱਖਾਂ ਦੇ ਪਿੰਡ, ਕਲਕੱਤਾ ਕਤਲੇਆਮ ਕਾਂਡ ਦੁਹਰਾਉਂਦਿਆਂ, ਉਕਤ ਧਰਮ ਦੇ ਠੇਕੇਦਾਰਾਂ ਵਲੋਂ ਭੜਕਾਈ ਭੀੜ ਨੇ ਨੇਸਤੋ-ਨਾਬੂਦ ਕਰ ਦਿੱਤੇ। ਹਿੰਦੂ ਸਿੱਖਾਂ ਨੂੰ ਕੋਹ-ਕੋਹ ਕੇ ਸ਼ਹੀਦ ਕੀਤਾ ਗਿਆ। ਬਹੂ-ਬੇਟੀਆਂ ਤਾਈਂ ਨਗਨ ਕਰਕੇ ਸ਼ਰੇ-ਬਾਜ਼ਾਰ ਘੁਮਾਇਆ। ਉਨ੍ਹਾਂ ਦੀਆਂ ਛਾਤੀਆਂ ਤਾਈਂ ਕੱਟ ਦਿੱਤਾ ਗਿਆ। ਕਈ ਜੰਗਜੂ ਸਰਦਾਰਾਂ ਆਪਣੀਆਂ ਮੁਟਿਆਰ ਬਹੂ-ਬੇਟੀਆਂ ਨੂੰ ਅਣਖ ਖ਼ਾਤਰ ਖ਼ੁਦ ਸਿਰ ਕਲਮ ਕਰਕੇ ਧਾੜਵੀਆਂ ਨਾਲ ਲੜਦਿਆਂ ਸ਼ਹੀਦੀ ਪਾਈ। ਉਜਾੜਿਆਂ ਦਾ ਲਹੂ ਭਿੱਜਾ ਦਿਲ ਸੋਜ਼ ਇਤਿਹਾਸ ਹੈ, ਸਾਡਾ।

ਸਿੱਖ ਬੁੱਧੀਜੀਵੀ ਗਿਆਨੀ ਰਵੇਲ ਸਿੰਘ ਐਡਵੋਕੇਟ ਜਿਨ੍ਹਾਂ ਲੰਮਾ ਸਮਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਚ ਮੁਲਾਜ਼ਮਤ ਕੀਤੀ, ਆਪਣੇ ਲੇਖ ਵਿਚ ਲਿਖਦੇ ਹਨ, "4 ਮਾਰਚ ਨੂੰ ਲਾਹੌਰ ਵਿਚ ਹੋਏ ਹਿੰਦੂ ਸਿੱਖ ਬਨਾਮ ਮੁਸਲਿਮ ਟਕਰਾਅ ਦੇ ਵਿਰੋਧ ਵਿਚ ਰਾਵਲਪਿੰਡੀ ਵਿਖੇ ਹਿੰਦੂ ਸਿੱਖ ਵਿਦਿਆਰਥੀਆਂ ਰੋਸ ਮਾਰਚ ਕੱਢਿਆ, ਤਾਂ ਲੀਗੀਆਂ ਨੇ ਮਾਰਚ ਉਪਰ ਹਮਲਾ ਕੀਤਾ, ਤਾਂ ਉਸ ਵੇਲੇ ਲੀਗੀਆਂ ਦਾ ਵੱਧ ਨੁਕਸਾਨ ਹੋਇਆ। ਗੋਲੜੇ (ਪੋਠੋਹਾਰ-ਰਾਵਲਪਿੰਡੀ) ਦੇ ਮੁਸਲਿਮ ਪੀਰ ਵਲੋਂ ਤੈਸ਼ ਵਿਚ ਆ ਕੇ ਦੰਗਈਆਂ ਨੂੰ ਰਾਵਲਪਿੰਡੀ ਸ਼ਹਿਰ ਅਤੇ ਨੇੜਲੇ ਪਿੰਡਾਂ ਉਪਰ ਹਿੰਦੂ-ਸਿੱਖਾਂ ਦਾ ਕਤਲੇਆਮ ਕਰਨ ਲਈ ਉਕਸਾਇਆ ਹੀ ਨਹੀਂ, ਸਗੋਂ ਕਈ ਥਾਈਂ ਮਾਰੂ ਭੀੜ ਦੀ ਅਗਵਾਈ ਵੀ ਕੀਤੀ।"

ਹੁਜਰਾ ਸ਼ਾਹ ਮੁਕੀਮ (ਉਕਾੜਾ) ਦੇ ਬਾਰੇ ਗਿਆਨੀ ਸੋਹਣ ਸਿੰਘ ਸੀਤਲ ਆਪਣੀ ਕਿਤਾਬ 'ਪੰਜਾਬ ਦਾ ਉਜਾੜਾ' ਵਿਚ ਸਫ਼ਾ 87 'ਤੇ ਲਿਖਦੇ ਹਨ, "ਪੀਰ ਦੇ ਪੁੱਤਰ ਆਗਾ ਨੇ ਮੁਸਲਿਮ ਨੈਸ਼ਨਲ ਗਾਰਡ ਅਤੇ ਮੁਸਲਿਮ ਪੁਲੀਸ ਦੀ ਸਹਾਇਤਾ ਨਾਲ ਧਾੜਵੀਆਂ ਦੀ ਭਾਰੀ ਭੀੜ 'ਕੱਠੀ ਕਰਕੇ ਹਿੰਦੂ ਸਿੱਖਾਂ ਉਪਰ 25 ਅਗਸਤ ਨੂੰ ਹਮਲਾ ਕਰਤਾ। ਕਈ ਸਿੱਖ ਸਰਦਾਰ ਆਪਣੀਆਂ ਬਹੂ-ਬੇਟੀਆਂ ਨੂੰ ਹੱਥੀਂ ਕਤਲ ਕਰਕੇ ਮੁਕਾਬਲੇ ਲਈ ਨਿਕਲੇ ਪਰ ਉਨ੍ਹਾਂ ਦੀ ਕੋਈ ਵਾਹ ਨਾ ਗਈ। ਕੋਈ ਡੇਢ ਹਜ਼ਾਰ ਹਿੰਦੂ ਸਿੱਖ ਉਥੇ ਕਤਲ ਹੋਏ। ਮੁਟਿਆਰਾਂ ਦੀ ਸ਼ਰੇਬਾਜ਼ਾਰ ਬੇਪਤੀ ਕੀਤੀ। ਪਾਕਪਟਨ ਦੇ ਰਈਸ ਸ਼ਹੁਕਮ ਸਿੰਘ ਜੋ ਪਿੱਛੋਂ ਸਪੀਕਰ ਲੋਕ ਸਭਾ ਬਣੇ, ਦੇ ਬੇਟੇ ਅਤੇ ਸ. ਦਾਤਾਰ ਸਿੰਘ ਰਈਸ ਦੇ ਛੋਟੇ ਭਰਾ ਸ. ਕਰਤਾਰ ਸਿੰਘ ਰਈਸ ਨੂੰ ਆਗੇ ਨੇ ਆਪਣੇ ਹੱਥੀਂ ਗੋਲੀ ਮਾਰੀ। ਉਸ ਦੀ ਪਤਨੀ ਅਤੇ ਇੱਕ ਬੇਟੀ ਵੀ ਕਤਲੇਆਮ ਦਾ ਸ਼ਿਕਾਰ ਹੋਈਆਂ। ਜਦਕਿ ਛੋਟੀ ਬੇਟੀ ਲਾਸ਼ਾਂ ਦੇ ਢੇਰ ਥੱਲੇ ਆ ਕੇ ਬਚ ਰਹੀ। (ਹਾਲ ਆਬਾਦ ਕਲਵਹੈਰੀ-ਕਰਨਾਲ) ਆਲੇ-ਦੁਆਲੇ ਦੇ ਪਿੰਡਾਂ ਵਿਚ ਵੀ ਇਹੋ ਪ੍ਰਕਿਰਿਆ ਦੁਹਰਾਈ ਗਈ।"

ਦੂਜੇ ਪਾਸੇ ਗਿਆਨੀ ਜੀ ਸਫ਼ਾ 116 'ਤੇ ਲਿਖਦੇ ਹਨ, "ਬੱਦੋ ਮੱਲ੍ਹੀ (ਪਸਰੂਰ-ਸਿਆਲਕੋਟ) ਵਿਚ ਵੀ 26 ਅਗਸਤ ਨੂੰ ਨੈਸ਼ਨਲ ਗਾਰਡ ਅਤੇ ਬਲੋਚ ਰੈਜੀਮੈਂਟ ਦੇ ਸਹਿਯੋਗ ਨਾਲ ਆਲੇ-ਦੁਆਲਿਓਂ 'ਕੱਠੇ ਧਾੜਵੀਆਂ ਦੀ 5-6 ਹਜ਼ਾਰ ਭੀੜ ਨੇ ਹਮਲਾ ਕਰਤਾ। ਦੋਹੀਂ ਪਾਸੀਂ ਟਾਕਰਾ ਹੋਇਆ। ਅੰਤ ਫੌਜੀ ਬ੍ਰੇਨ ਗੰਨ੍ਹਾ ਸਾਹਮਣੇ ਪਿੰਡ ਵਾਲਿਆਂ ਦੀ ਕੋਈ ਪੇਸ਼ ਨਾ ਗਈ। ਦੋ ਕੁ ਸੌ ਧਾੜਵੀ ਅਤੇ ਕਰੀਬ ਦੋ ਹਜ਼ਾਰ ਹਿੰਦੂ-ਸਿੱਖਾਂ ਦਾ ਕਤਲ ਹੋਇਆ।" ਇਸ ਉਪਰੰਤ ਉਥੋਂ ਦੇ ਨਵਾਬ ਰਹਿਬਰ ਖਾਂ ਜਿਸ ਦਾ ਡੇਰਾ ਪਿੰਡੋਂ ਕੁੱਝ ਹੱਟਵਾਂ ਸੀ, ਵਲੋਂ ਆਪਣੇ ਇਲਾਕੇ ਦੇ ਬਚੇ-ਖੁਚੇ ਹਿੰਦੂ-ਸਿੱਖਾਂ ਨੂੰ ਆਪਣੀ ਹਵੇਲੀ 'ਚ ਮਹੀਨਿਆਂ ਬੱਧੀ ਆਸਰਾ ਹਿਫ਼ਾਜ਼ਤ ਅਤੇ ਰਸਦ ਪਾਣੀ ਦਿੱਤਾ। ਇਹੀ ਨਹੀਂ ਲਵਾਰਿਸ ਬੱਚਿਆਂ ਦੇ ਰਿਸ਼ਤੇਦਾਰਾਂ ਨੂੰ ਲੱਭਣ ਲਈ ਸੰਭਾਵਿਤ ਥਾਵਾਂ 'ਤੇ ਆਪਣੇ ਬੰਦੇ ਭੇਜੇ। ਹਨ੍ਹੇਰੀ 'ਚੋਂ ਬਚ ਗਿਆਂ ਨੂੰ ਬਾਇੱਜ਼ਤ ਭਾਰਤ ਭੇਜਣ ਲਈ, ਸਿੱਖ/ਡੋਗਰਾ ਮਿਲਟਰੀ ਦਾ ਇੰਤਜ਼ਾਮ ਕੀਤਾ। ਪ੍ਰੋ. ਮਦਨ ਬੱਬਰ ਆਪਣੀ ਕਿਤਾਬ 'ਨਿੱਕੀਆਂ ਡੰਡੀਆਂ ਨਿੱਕੇ ਪੜਾਓ' ਦੇ ਸਫ਼ਾ 40 'ਤੇ ਲਿਖਦੇ ਹਨ, "ਬਦੋਮੱਲ੍ਹੀ ਤਦੋਂ ਤਹਿਸੀਲ ਪਸਰੂਰ ਵਿਚ ਹਥਿਆਰਬੰਦ ਇੱਕ ਵੱਡੀ ਭੀੜ ਨੇ ਸਪੀਕਰ ਰਾਹੀਂ ਹਿੰਦੂ-ਸਿੱਖਾਂ ਨੂੰ ਖ਼ਾਲੀ ਹੱਥ ਬਾਹਰ ਖੁੱਲ੍ਹੇ ਵਿਚ ਆਉਣ ਲਈ ਕਿਹਾ। ਉਨ੍ਹਾਂ ਬੱਚਿਆਂ, ਨੌਜਵਾਨਾਂ, ਮੁਟਿਆਰਾਂ ਅਤੇ ਬਜ਼ੁਰਗਾਂ ਦੀਆਂ ਵੱਖਰੀਆਂ-ਵੱਖਰੀਆਂ ਲਾਈਨਾਂ ਬਣਾ ਕੇ ਸਭ ਤਾਈਂ ਮੂਲੀਆਂ ਗਾਜਰਾਂ ਦੀ ਤਰ੍ਹਾਂ ਕੱਟ ਕੇ ਮੁਟਿਆਰਾਂ ਤਾਈਂ ਉਠਾ ਕੇ ਲੈ ਗਏ। ਬਦੋਮੱਲ੍ਹੀ ਤੋਂ ਪਹਿਲੇ ਪੈਂਦੇ ਸਟੇਸ਼ਨ ਨਾਰੰਗਮੰਡੀ ਵਿਚ ਵੀ ਦੰਗੱਈਆਂ ਵਲੋਂ ਇਹੀ ਕਹਿਰ ਵਰਤਾਇਆ ਗਿਆ। ਬਦੋਮੱਲ੍ਹੀ ਤੋਂ ਕੁੱਝ ਹੱਟਵੇਂ ਪਿੰਡ ਤਲਵੰਡੀ ਦੀ ਸਰਕਾਰੀ ਡਿਸਪੈਂਸਰੀ ਦੇ ਚੌਕੀਦਾਰ ਮੁਹੰਮਦ ਮਸੀਹ ਹੱਲਿਆਂ ਵੇਲੇ ਬੋਲਦਾ ਹੈ, "ਸੁਣਿਆਂ ਹੈ ਬਦੋਮੱਲ੍ਹੀ ਦੇ ਹਿੰਦੂ ਸਿੱਖਾਂ ਨੂੰ ਹਮਲਾਵਰ ਬੜੀ ਬੇਰਹਿਮੀ ਨਾਲ ਕਤਲ ਕਰਕੇ ਉਨ੍ਹਾਂ ਦੀਆਂ ਧੀਆਂ ਭੈਣਾਂ ਨੂੰ ਚੁੱਕ ਕੇ ਲੈ ਗਏ।"

ਫਾਜ਼ਿਲਕਾ ਦੇ ਨਵਾਬ ਮਮਦੋਟ ਜੋ ਮੁਸਲਿਮ ਲੀਗ ਦਾ ਉੱਘਾ ਨੇਤਾ ਸੀ, ਨੇ ਜਿਥੇ ਮੁਸਲਮਾਨਾਂ ਨੂੰ ਬਚਾ ਕੇ ਪਾਕਿਸਤਾਨ ਭੇਜਣ ਲਈ ਬੜੀ ਵਾਹ ਲਾਈ, ਉਥੇ ਮਹਾਰਾਜਾ ਯਾਦਵਿੰਦਰ ਸਿੰਘ ਪਟਿਆਲਾ ਅਤੇ ਰਾਜ ਮਾਤਾ ਮਹਾਰਾਣੀ ਮਹਿੰਦਰ ਕੌਰ ਪਟਿਆਲਾ ਨੇ ਆਪਣੀ ਰਿਆਸਤ ਵਿਚ ਅਮਨ ਬਣਾਈ ਰੱਖਣ ਲਈ ਵੀ ਪੂਰੀ ਵਾਹ ਲਾਈ। ਮੁਸਲਮਾਨਾਂ ਨੂੰ ਬਚਾ ਕੇ ਪਾਕਿਸਤਾਨ ਪਹੁੰਚਾਉਣ ਦੇ ਪ੍ਰਬੰਧ ਕੀਤੇ। ਪਾਕਿਸਤਾਨ ਵਲੋਂ ਆਏ ਹਜ਼ਾਰਾਂ ਰਫਿਊਜੀਆਂ ਨੂੰ ਆਪਣੀ ਰਿਆਸਤ ਵਿਚ ਸਾਲਾਂਬੱਧੀ ਆਸਰਾ ਦਿੱਤਾ। ਰੋਟੀ, ਕੱਪੜਾ, ਮਕਾਨ ਅਤੇ ਰੁਜ਼ਗਾਰ ਦੇ ਵੀ ਬੰਦੋਬਸਤ ਕਰਕੇ, ਸਮੁੱਚੇ ਰਫਿਊਜੀਆਂ ਦੇ ਦਿਲ ਜਿੱਤ ਲਏ।

ਕਤਲੇਆਮ ਬੇਸ਼ੱਕ ਚੜ੍ਹਦੇ ਪੰਜਾਬ ਪਾਸੇ ਵੀ ਹੋਇਆ ਪਰ ਜ਼ੁਲਮ ਅਤੇ ਨਿਰਦਈਪੁਣੇ ਦੀ ਇੰਤਹਾ ਜੋ ਲਹਿੰਦੇ ਪਾਸੇ ਦੁਹਰਾਈ ਗਈ, ਦੀ ਮਿਸਾਲ ਹੋਰ ਕਿਧਰੇ ਘੱਟ ਹੀ ਮਿਲਦੀ ਹੈ।

---


ਅਨਿਲ ਧੀਰ

ਬਰੈਂਟਪਨ, ਕੈਨੇਡਾ

647-853-5800

healthmedia1@hotmail.com

(Punjab Mail USA)



# ਕੈਂਸਰ ਦਾ ਹਰ ਉਮਰ ਵਿਚ ਵੱਧ ਰਿਹਾ ਹੈ ਅੰਕੜਾ

*"ਵਿਸ਼ਵ ਕੈਂਸਰ ਦਿਵਸ-2024 ਦਾ ਥੀਮ ਹੈ- ਕੇਅਰ ਗੈਪ ਨੂੰ ਬੰਦ ਕਰੋ: ਹਰ ਆਦਮੀ ਕੈਂਸਰ ਕੇਅਰ ਤੱਕ ਪਹੁੰਚ ਦਾ ਹੱਕਦਾਰ ਹੈ। ਲਾਈਫ ਸਟਾਈਲ ਨਾਲ ਜੁੜੀ ਆਮ ਬਣ ਚੁੱਕੀ ਬਿਮਾਰੀ ਕੈਂਸਰ ਦਾ ਵੱਧ ਰਿਹਾ ਅੰਕੜਾ ਵਿਸ਼ਵ ਪੱਧਰ 'ਤੇ ਚਿੰਤਾ ਬਣ ਚੁੱਕਾ ਹੈ। ਡਰੱਗਜ਼, ਵੀਡ, ਵੇਪਸ, ਤੰਬਾਕੂ, ਜੰਕ-ਫੂਡ ਤੇ ਪ੍ਰੈਗਨੈਂਸੀ ਦੌਰਾਣ ਅਲਕੋਹਲ ਦੀ ਵਰਤੋਂ ਪ੍ਰਤੀ ਜਾਗਰੂਕ ਹੋਣ ਦੇ ਨਾਲ-ਨਾਲ ਕੰਟਰੋਲ ਕਰਨਾ ਵੀ ਜ਼ਰੂਰੀ ਹੋ ਗਿਆ ਹੈ"- ਅਨਿਲ ਧੀਰ ਕਾਲਮਨਿਸਟ*

4 ਫਰਵਰੀ 2024 ਵਾਲੇ ਦਿਨ ਰਾਸ਼ਟਰੀ-ਅੰਤਰਰਾਸ਼ਟਰੀ ਪੱਧਰ 'ਤੇ ਵਿਸ਼ਵ ਕੈਂਸਰ ਦਿਵਸ ਮਨਾ ਕੇ ਹਰ ਆਦਮੀ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਵਿਸ਼ਵ ਸਿਹਤ ਸੰਸਥਾ ਦੇ ਮੁਤਾਬਿਕ, ਸਾਲ 2022 'ਚ ਅੰਦਾਜ਼ਨ 20 ਮਿਲੀਅਨ ਨਵੇਂ ਕੈਂਸਰ ਦੇ ਕੇਸ ਅਤੇ 9.7 ਮਿਲੀਅਨ ਮੌਤ ਦੇ ਸ਼ਿਕਾਰ ਹੋਏ ਹਨ। ਕੈਂਸਰ ਦੀ ਜਾਂਚ ਤੋਂ ਬਾਅਦ 5 ਸਾਲ ਦੇ ਅੰਦਰ ਜ਼ਿੰਦਾ ਰਹਿਣ ਵਾਲਿਆਂ ਦਾ ਅੰਕੜਾ ਕਰੀਬਨ 53.5 ਮਿਲੀਅਨ ਸੀ। ਲਗਭਗ 5 ਵਿਚੋਂ 1 ਵਿਅਕਤੀ ਆਪਣੇ ਜੀਵਨ ਕਾਲ 'ਚ ਕੈਂਸਰ ਦਾ ਵਿਕਾਸ ਕਰਦਾ ਹੈ, ਲਗਭਗ 9 ਵਿਚੋਂ 1 ਪੁਰਸ਼ ਅਤੇ 12 ਵਿਚੋਂ 1 ਔਰਤ ਇਸ ਬਿਮਾਰੀ ਮੌਤ ਦਾ ਸ਼ਿਕਾਰ ਹੋ ਜਾਂਦੀ ਹੈ।

ਹਰ ਸਾਲ, ਇਸ ਦਿਨ ਵਿਸ਼ਵ ਭਰ 'ਚ ਹਰ ਪੱਧਰ 'ਤੇ ਆਨਲਾਈਨ ਅਤੇ ਔਫਲਾਈਨ ਕੈਂਸਰ ਪ੍ਰਤੀ ਗਤੀਵਿਧੀਆਂ, ਜਾਗਰੂਕਤਾ ਇੱਕ ਸ਼ਕਤੀਸ਼ਾਲੀ ਰੀਮਾਈਂਡਰ ਵੱਜੋਂ ਕੰਮ ਕਰਦੀਆਂ ਹਨ ਕਿ ਹਰ ਆਦਮੀ ਕੈਂਸਰ ਦੇ ਬੋਝ ਨੂੰ ਘਟਾਉਣ ਅਤੇ ਜਾਗਰੂਕਤਾ ਪੈਦਾ ਕਰਨ 'ਚ ਆਪਣੀ ਭੂਮਿਕਾ ਨਿਭਾਉਂਦਾ ਹੈ। ਵਿਸ਼ਵ ਭਰ ਵਿਚ ਜਾਨਲੇਵਾ ਬਿਮਾਰੀ ਕੈਂਸਰ, ਬੱਚੇ, ਨੌਜਵਾਨ, ਮੱਧ ਉਮਰ ਅਤੇ ਸੀਨੀਅਰਜ਼ ਵਿਚ ਤੇਜ਼ੀ ਨਾਲ ਵੱਧ ਰਹੀ ਹੈ। ਕੈਂਸਰ ਦੁਨੀਆਂ ਭਰ ਵਿਚ ਮੌਤ ਦਾ ਦੂਜਾ ਕਾਰਨ ਬਣ ਗਈ ਹੈ। ਹਰ ਸਾਲ ਘੱਟ ਅਤੇ ਦਰਮਿਆਨੀ ਆਮਦਨੀ ਵਾਲੇ ਦੇਸ਼ਾਂ ਵਿਚ ਲਗਭਗ 83% ਅਤੇ ਅੰਦਾਜ਼ਨ 11 ਮਿਲੀਅਨ ਲੋਕ ਕੈਂਸਰ ਦੇ ਕਾਰਨ ਮੌਤ ਦਾ ਸ਼ਿਕਾਰ ਹੋ ਜਾਂਦੇ ਹਨ। ਹਰ ਸਾਲ ਵਿਸ਼ਵ ਭਰ ਵਿਚ ਅੰਦਾਜ਼ਨ 300,000 ਤੋਂ ਵੱਧ ਬੱਚੇ ਕੈਂਸਰ ਦਾ ਸ਼ਿਕਾਰ ਹੋ ਰਹੇ ਹਨ। ਡਬਲਯੂ.ਐੱਚ.ਓ. ਨੇ ਕਿਹਾ ਹੈ ਕਿ ਬਚਪਨ ਦੇ ਕੈਂਸਰ ਪ੍ਰਤੀ ਵਚਨਬੱਧਤਾ ਅਤੇ ਕੈਂਸਰ ਅਵੇਅਰਨੈਸ ਪ੍ਰੋਗਰਾਮਾਂ ਨੂੰ ਤਰਜੀਹ ਵੀ ਦੇ ਰਿਹਾ ਹੈ। ਗਲੋਬਲ ਅਤੇ ਰਾਸ਼ਟਰੀ, ਖੇਤਰੀ ਪੱਧਰ 'ਤੇ ਵੱਖਰੀ ਰਣਨੀਤੀ ਅਤੇ ਗਤੀਵਿਧੀਆਂ ਨਾਲ ਕੈਂਸਰ ਨਾਲ ਪੀੜਤ ਬੱਚਿਆਂ ਲਈ ਮਿਆਰੀ ਸੇਵਾਵਾਂ ਪ੍ਰਦਾਨ ਕਰਨ ਲਈ ਠੋਸ ਉਪਰਾਲੇ ਕਰ ਰਹੇ ਹਾਂ।

ਕੈਂਸਰ ਦਾ ਭਾਰ ਵਿਸ਼ਵਵਿਆਪੀ ਪੱਧਰ 'ਤੇ ਵੱਧਦਾ ਜਾ ਰਿਹਾ ਹੈ। ਸਿਰਫ ਅਮਰੀਕਾ ਵਿਚ ਕੈਂਸਰ ਦੀ ਕੁੱਲ ਸਾਲਾਨਾ ਆਰਥਿਕ ਲਾਗਤ 1.16 ਟ੍ਰਿਲੀਅਨ ਦਾ ਅਨੁਮਾਨ ਹੈ ਪਰ ਦੁਨੀਆਂ ਭਰ ਵਿਚ ਕੈਂਸਰ ਕਾਰਨ ਹੋਣ ਵਾਲਾ ਖਰਚ ਵੀ ਕਈ ਟ੍ਰਿਲੀਅਨ ਤੋਂ ਵੱਧ ਹੈ। ਬਿਮਾਰੀ ਦਾ ਛੇਤੀ ਪਤਾ ਲਗਾਉਣ ਅਤੇ ਇਲਾਜ ਦੇ ਸਾਧਨਾਂ ਦੀ ਨਵੀਂ ਰਣਨੀਤੀ ਨਾਲ ਹਰ ਸਾਲ ਕਰੀਬਨ 3.7 ਮਿਲੀਅਨ ਲੋਕਾਂ ਦੀ ਜ਼ਿੰਦਗੀ ਬਚਾਈ ਜਾ ਸਕਦੀ ਹੈ। ਕੈਂਸਰ ਦੇ ਬੋਝ ਨੂੰ ਘੱਟ ਕਰਨ ਵਿਚ ਹਰ ਆਦਮੀ ਨੂੰ "ਮੈਂ ਕਰ ਸਕਦਾ ਹਾਂ, ਯਾਨਿ ਅਸੀਂ ਕਰ ਸਕਦੇ ਹਾਂ" ਵਰਗੀ ਸੋਚ ਨੂੰ ਬਰਕਰਾਰ ਰੱਖਣ ਦੀ ਲੋੜ ਹੈ, ਤਾਂਕਿ ਕੈਂਸਰ ਨਾਲ ਹੋਣ ਵਾਲੀ ਮੌਤਾਂ ਨੂੰ ਘੱਟ ਕਰਨ ਲਈ ਰੱਲ-ਮਿਲ ਕੇ ਗਲੋਬਲ ਟੀਚਿਆਂ ਨੂੰ ਹਾਸਿਲ ਕੀਤਾ ਜਾ ਸਕੇ।




ਕੈਂਸਰ ਇਕ ਜੈਨੇਟਿਕ ਬਿਮਾਰੀ ਹੈ- ਯਾਨਿ ਕੈਂਸਰ ਜੀਨਾਂ ਵਿਚ ਕੱਝ ਤਬਦੀਲੀਆਂ ਕਰਕੇ ਹੋ ਜਾਂਦਾ ਹੈ, ਜੋ ਸਾਡੇ ਸੈੱਲਾਂ ਦੇ ਕੰਮ ਨੂੰ ਕੰਟਰੋਲ ਕਰਦੇ ਹਨ। ਕੈਂਸਰ ਬਿਮਾਰੀਆਂ ਦਾ ਇੱਕ ਵੱਡਾ ਸਮੂਹ ਹੁੰਦਾ ਹੈ, ਜੋ ਸਰੀਰ ਦੇ ਲਗਭਗ ਕਿਸੇ ਵੀ ਅੰਗ ਜਾਂ ਟਿਸ਼ੂ ਵਿਚ ਸ਼ੁਰੂ ਹੋ ਸਕਦਾ ਹੈ, ਜਦੋਂ ਅਸਾਧਾਰਨ ਸੈੱਲ ਬੇਕਾਬੂ ਹੋ ਜਾਂਦੇ ਹਨ। ਸਰੀਰ ਦੇ ਨਾਲ ਲੱਗਦੇ ਅੰਗਾਂ ਜਾਂ ਹਿੱਸਿਆਂ ਉੱਤੇ ਅਟੈਕ ਅਤੇ ਅੰਗਾਂ ਵਿਚ ਫੈਲਣ ਦੀਆਂ ਸੀਮਾਵਾਂ ਪਾਰ ਕਰ ਜਾਂਦੇ ਹਨ। ਬਾਅਦ ਦੀ ਪ੍ਰਕਿਰਿਆ ਨੂੰ ਮੈਟਾਸਟਾਸਾਈਜ਼ਿੰਗ ਕਿਹਾ ਜਾਂਦਾ ਹੈ ਅਤੇ ਇਹ ਕੈਂਸਰ ਤੋਂ ਮੌਤ ਦਾ ਕਾਰਨ ਬਣਦਾ ਹੈ। ਫੇਫੜੇ, ਪ੍ਰੌਸਟੇਟ, ਕੋਲੋਰੇਕਟਲ, ਪੇਟ ਅਤੇ ਜ਼ਿਗਰ ਦਾ ਕੈਂਸਰ ਮਰਦਾਂ ਵਿਚ ਅਤੇ ਔਰਤਾਂ ਵਿਚ ਛਾਤੀ, ਬੱਚੇਦਾਨੀ, ਥਾਇਰਾਈਡ, ਫੇਫੜੇ ਅਤੇ ਕੋਲੋਰਟਲ ਦਾ ਕੈਂਸਰ ਆਮ ਦੇਖਣ ਨੂੰ ਮਿਲ ਰਿਹਾ ਹੈ। 30-50% ਕੈਂਸਰ ਨਾਲ ਹੋਣ ਵਾਲੀਆਂ ਮੌਤਾਂ ਦੇ ਮੁੱਖ ਜ਼ੋਖਮ ਕਾਰਕਾਂ ਨੂੰ ਕੰਟਰੋਲ ਜਾਂ ਪਰਹੇਜ਼ ਕਰਕੇ ਅਤੇ ਰੋਕਥਾਮ ਰਣਨੀਤੀਆਂ ਨੂੰ ਲਾਗੂ ਕਰਕੇ ਮੌਤ ਦਾ ਆਂਕੜਾ ਘਟਾਇਆ ਜਾ ਸਕਦਾ ਹੈ। ਕੈਂਸਰ ਦੀ ਸ਼ੁਰੂਆਤ ਦਾ ਪਤਾ ਲਗਾਉਣ ਲਈ ਸਟੀਕ ਅਡਵਾਂਸ ਜਾਂਚ ਪ੍ਰਕ੍ਰਿਆ ਨਾਲ ਬਿਮਾਰੀ ਨੂੰ ਨਿਯੰਤਰਣ ਕੀਤਾ ਜਾ ਸਕਦਾ ਹੈ।

### ਕਾਰਨ:

- **ਉਮਰ:** ਉਮਰ ਦੇ ਮੁਤਾਬਿਕ 61 ਸਾਲ ਦੀ ਉਮਰ ਵਿਚ ਛਾਤੀ ਦਾ ਕੈਂਸਰ, 66 ਸਾਲ ਵਿਚ ਪ੍ਰੋਸਟੇਟ, 68 ਦੀ ਉਮਰ ਵਿਚ ਕੋਲੋਰੇਟਲ ਕੈਂਸਰ, 70 ਦੀ ਉਮਰ ਵਿਚ ਫੇਫੜਿਆਂ ਦਾ ਕੈਂਸਰ ਜ਼ਿਆਦਾ ਦੇਖਿਆ ਜਾ ਰਿਹਾ ਹੈ।
- **ਅਲਕੋਹਲ:** ਅਲਕੋਹਲ ਦੀ ਬੇਹਿਸਾਬ ਵਰਤੋਂ ਮੂੰਹ, ਠੋਡੀ, ਵੌਇਸ ਬਾਕਸ, ਜਿਗਰ ਅਤੇ ਛਾਤੀ ਦੇ ਕੈਂਸਰ ਦੇ ਖਤਰੇ ਨੂੰ ਵਧਾ ਰਹੀ ਹੈ।
- **ਸੋਜ਼ਿਸ਼:** ਇੱਕ ਸਾਧਾਰਣ ਸਰੀਰਕ ਪ੍ਰਤੀਕਰਮ ਹੈ, ਜੋ ਟਿਸ਼ੂ ਨੂੰ ਠੀਕ ਕਰਨ ਦਾ ਕਾਰਨ ਬਣਦਾ ਹੈ। ਇਹ ਪ੍ਰਕਿਰਿਆ ਉਦੋਂ ਸ਼ੁਰੂ ਹੁੰਦੀ ਹੈ, ਜਦੋਂ ਖਰਾਬ ਹੋਏ ਟਿਸ਼ੂ ਦੁਆਰਾ ਰਸਾਇਣ ਜਾਰੀ ਕੀਤੇ ਜਾਂਦੇ ਹਨ। ਇਸਦੇ ਜਵਾਬ ਵਿਚ ਚਿੱਟੇ ਖ਼ੂਨ ਦੇ ਸੈੱਲ ਉਹ ਪਦਾਰਥ ਬਣਾਉਂਦੇ ਹਨ, ਜੋ ਸੈੱਲਾਂ ਵਿਚ ਵੰਡ ਪਾਉਂਦੇ ਹਨ ਅਤੇ ਸੱਟ ਨੂੰ ਠੀਕ ਕਰਨ ਵਿਚ ਮਦਦ ਕਰਨ ਲਈ ਟਿਸ਼ੂ ਦੁਬਾਰਾ ਬਣਾਉਣ ਵਿਚ ਵਾਧਾ ਕਰਦੇ ਹਨ।
- **ਹਾਰਮੋਨਜ਼:** ਫੀਮੇਲ ਸੈਕਸ ਹਾਰਮੋਨਜ਼ ਐਸਟਰੋਜਨਜ਼ ਗਰੁੱਪ ਨੂੰ ਕਾਰਸਿਨਜ ਦੇ ਤੌਰ ਲਈ ਜਾਣਿਆ ਜਾਂਦਾ ਹੈ। ਹਾਲਾਂਕਿ ਇਨ੍ਹਾਂ ਦੀ ਔਰਤ-ਮਰਦਾਂ ਵਿਚ ਖਾਸ ਸਰੀਰਕ ਭੂਮਿਕਾ ਹੈ। ਮੇਨੋਪੌਜਲ ਹਾਰਮੋਨ ਥੈਰੇਪੀ (ਐਸਟ੍ਰੋਜਨ ਪਲੱਸ ਪ੍ਰੋਜੈਸਟਿਨ, ਜੋ ਕਿ ਫੀਮੇਲ ਹਾਰਮੋਨ ਪ੍ਰੋਜੇਸਟੀਰੋਨ ਦਾ ਸਿੰਥੈਟਿਕ ਸੰਸਕਰਣ ਹੈ, ਲੈਣ ਨਾਲ ਛਾਤੀ ਦੇ ਕੈਂਸਰ ਦਾ ਖਤਰਾ ਵਧਾ ਸਕਦਾ ਹੈ।
- **ਇਮਯੂਨੋਸਪਰੈਸਿਵ:** ਦਵਾਈਆਂ ਦੀ ਵਰਤੋਂ ਕੈਂਸਰ ਦਾ ਕਾਰਨ ਬਣਨ ਵਾਲੀ ਇਨਫੈਕਸ਼ਨ ਨਾਲ ਲੜਨ ਲਈ ਕੀਤੀ ਜਾਂਦੀ ਹੈ।
- **ਵਾਇਰਸ:** ਬੈਕਟਰੀਆ ਅਤੇ ਪਰਜੀਵੀ ਸਮੇਤ ਕੁੱਝ ਛੂਤਕਾਰੀ ਏਜੰਟ ਕੈਂਸਰ ਦੇ ਖਤਰੇ ਨੂੰ ਵਧਾ ਸਕਦੇ ਹਨ। ਕੁੱਝ ਵਾਇਰਸ, ਬੈਕਟਰੀਆ ਅਤੇ ਪਰਜੀਵੀ ਵੀ ਗੰਭੀਰ ਸੋਜ਼ਿਸ਼ ਦਾ ਕਾਰਨ ਬਣਦੇ ਹਨ, ਜਿਸ ਨਾਲ ਕੈਂਸਰ ਹੋ ਸਕਦਾ ਹੈ।
- ਮੋਟਾਪਾ: ਔਰਤਾਂ ਵਿਚ ਛਾਤੀ, ਕੋਲਨ, ਗੁਦਾ, ਐਂਡੋਮੇਟ੍ਰੀਅਮ (ਬੱਚੇਦਾਨੀ), ਕਿਡਨੀ ਅਤੇ ਪੈਨਕ੍ਰੀਅਸ ਦੇ ਕੈਂਸਰ ਦਾ ਖਤਰਾ ਵਧਾ ਸਕਦਾ ਹੈ।
- ਰੇਡੀਏਸ਼ਨ: ਡੀ.ਐੱਨ.ਏ. ਨੂੰ ਨੁਕਸਾਨ ਪਹੁੰਚਾਉਣ ਅਤੇ ਕੈਂਸਰ ਦਾ ਕਾਰਨ ਬਣਨ 'ਚ ਆਇਓਨਾਈਜ਼ਿੰਗ ਰੇਡੀਏਸ਼ਨ ਵਿਚ ਰੇਡਨ, ਐਕਸ-ਰੇ, ਗਾਮਾ ਕਿਰਨਾਂ ਵੀ ਕੈਂਸਰ ਦੀ ਸੰਭਾਵਨਾ ਵਧਾ ਦਿੰਦੀ ਹੈ।
- ਸੂਰਜ ਦੀ ਕਿਰਣਾਂ: ਸੂਰਜ, ਸਨਲੈਂਪਸ ਅਤੇ ਟੈਨਿੰਗ, ਯੂ.ਵੀ. ਰੇਡੀਏਸ਼ਨ ਦੇ ਐਕਸਪੋਜ਼ਰ ਹੋਣ ਨਾਲ ਚਮੜੀ ਦਾ ਕੈਂਸਰ ਹੋ ਸਕਦਾ ਹੈ।
- ਇੰਡਸਟਰੀਅਲ, ਸਿਗਰੇਟ ਅਤੇ ਘਰੇਲੂ ਧੂੰਆ ਵੀ ਕਾਰਨ ਬਣ ਸਕਦਾ ਹੈ।
- ਫੇਫੜਿਆਂ ਦੇ ਕੈਂਸਰ ਨਾਲ ਹੋਣ ਵਾਲੀ ਮੌਤ ਦਾ ਕਾਰਨ ਸਿਗਰੇਟ-ਤੰਬਾਕੂ ਪੀਣ ਵਾਲੇ ਲੋਕ ਹਨ। ਕਦੇ-ਕਦੇ ਸਿਗਰੇਟ ਪੀਣ ਵਾਲੇ ਵੀ 15-30% ਜ਼ਿਆਦਾ ਲੰਗ ਕੈਂਸਰ ਦੇ ਸ਼ਿਕਾਰ ਹੋ ਸਕਦੇ ਹਨ। 10 ਵਿਚੋਂ 9 ਫੇਫੜਿਆਂ ਦੇ ਕੈਂਸਰ ਦੀਆਂ ਮੌਤਾਂ ਸਿਗਰੇਟ ਪੀਣ ਜਾਂ ਦੂਜੀ ਧੂੰਏ ਦੇ ਐਕਸਪੋਜ਼ਰ ਕਾਰਨ ਹੁੰਦੀਆਂ ਹਨ।

### ਲੋੜ ਹੈ ਧਿਆਨ ਰੱਖਣ ਦੀ :

- ਵੀਡ, ਵੇਪਸ, ਤੰਬਾਕੂ ਦੀ ਲਗਾਤਾਰ ਵੱਧ ਰਹੀ ਵਰਤੋਂ ਜਾਨਲੇਵਾ ਸਾਬਿਤ ਹੋ ਰਹੀ ਹੈ, ਅੱਜ ਇਸਤੇਮਾਲ ਤੋਂ ਬਚਣ ਦੀ ਲੋੜ ਹੈ।
- ਪ੍ਰੋਸੈਸ ਕੀਤੇ ਮੀਟ ਘੱਟ ਵਰਤੋ।
- ਸਰੀਰ ਦੇ ਵਜ਼ਨ ਨੂੰ ਮੇਨਟੇਨ ਕਰਕੇ ਰੱਖੋ।
- ਖ਼ੁਰਾਕ ਵਿਚ ਤਾਜ਼ੇ ਫਲ-ਸਬਜ਼ੀਆਂ ਨੂੰ ਸ਼ਾਮਿਲ ਕਰੋ।
- ਰੋਜ਼ਾਨਾ ਵਰਕ-ਆਊਟ, ਯੋਗਾ, ਸੈਰ ਕਰਨ ਦੀ ਆਦਤ ਪਾ ਲਵੋ।
- ਸ਼ਰਾਬ ਦੀ ਵਰਤੋਂ ਨੂੰ ਲਿਮਿਟ ਵਿਚ ਰੱਖੋ।
- ਸ਼ਾਦੀਸ਼ੁਦਾ ਔਰਤ-ਮਰਦ ਸੈਕਸ ਰਿਸ਼ਤਿਆਂ ਪ੍ਰਤੀ ਇਮਾਨਦਾਰੀ ਵਰਤਣ।
- ਇੰਡਸਟਰੀਅਲ, ਸਿਗਰੇਟ ਅਤੇ ਘਰੇਲੂ ਧੂੰਏ ਦੇ ਮਾਹੌਲ ਤੋਂ ਬਚੋ।
- ਹਰ 6 ਮਹੀਨੇ ਬਾਅਦ ਆਪਣਾ ਬਲੱਡ-ਵਰਕ ਜ਼ਰੂਰ ਕਰਾਓ। ਗੰਭੀਰ ਕਿਸਮ ਦੀ ਇਨਫੈਕਸ਼ਨ ਨਾਲ ਵੀ ਕੈਂਸਰ ਹੋ ਸਕਦਾ ਹੈ।

ਨੋਟ: ਸਰੀਰ ਅੰਦਰ ਕਿਸੇ ਵੀ ਬਿਮਾਰੀ ਦੇ ਲੱਛਣ ਜ਼ਿਆਦਾ ਦੇਰ ਰਹਿਣ ਦੀ ਹਾਲਤ ਵਿਚ ਸਮਾਂ ਬਰਬਾਦ ਕੀਤੇ ਬਿਨਾਂ ਆਪਣੇ ਫੈਮਿਲੀ ਡਾਕਟਰ ਜਾਂ ਹਸਪਤਾਲ ਨਾਲ ਸੰਪਰਕ ਕਰੋ। ਕਿਉਂਕਿ ਸ਼ੁਰੂ ਵਿਚ ਹੀ ਜਾਂਚ ਰਾਹੀਂ ਅਤੇ ਥੈਰੇਪੀ ਨਾਲ ਉਮਰ ਵਧਾਈ ਜਾ ਸਕਦੀ ਹੈ। ਜ਼ਿੰਦਗੀ 'ਚ ਅਸਲੀ ਧਨ ਤੰਦਰੁਸਤੀ ਹੀ ਹੈ।


# ਰੱਤੀਆ ਰਹਿਤਵਾਨ ਭਾਈਚਾਰੇ ਦੇ ਪਿਛੋਕੜ ਬਾਰੇ ਚਾਨਣਾ ਪਾਉਂਦੀ ਪੁਸਤਕ

ਮਾ ਇਹ ਪੁਸਤਕ ਰੱਤੀਆ ਰਹਿਤਵਾਨ ਸਿੱਖ ਭਾਈਚਾਰੇ ਦੇ ਸਮਾਜਿਕ, ਇਤਿਹਾਸਕ, ਧਾਰਮਿਕ ਤੇ ਸੱਭਿਆਚਾਰਕ ਪਿਛੋਕੜ ਬਾਰੇ ਚਾਨਣਾ ਪਾਉਂਦੀ ਅਤੇ ਬਾਬਾ ਗੋਦੜੀਆ ਸਿੰਘ ਜੀ (1640 ਈ.-1710 ਈ.) ਦਾ ਜੀਵਨ ਬਿਰਤਾਂਤ ਪੇਸ਼ ਕਰਦੀ ਖੋਜ ਭਰਪੂਰ ਪੁਸਤਕ ਹੈ। ਅਕਾਦਮਿਕ ਹਲਕਿਆਂ ਵਿਚ ਡਾ. ਪਰਮਜੀਤ ਕੌਰ ਇਕ ਜਾਣਿਆ-ਪਛਾਣਿਆ ਨਾਂ ਹੈ। ਉਹ ਪੰਜਾਬ ਦੇ ਸਰਕਾਰੀ ਕਾਲਜਾਂ ਵਿਚ ਅੰਗਰੇਜ਼ੀ ਦੇ ਪ੍ਰਾਧਿਆਪਕ ਅਤੇ ਫਿਰ ਸਰਕਾਰੀ ਕਾਲਜਾਂ ਦੇ ਪ੍ਰਿੰਸੀਪਲ ਰਹੇ ਹਨ। ਉਪਰੰਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਇਕ ਕਾਲਜ ਵਿਚ ਪ੍ਰਿੰਸੀਪਲ ਦੀ ਜ਼ਿੰਮੇਵਾਰੀ ਨਿਭਾ ਰਹੇ ਹਨ। ਪੰਜਾਬੀ ਵਿਚ ਲਿਖਣ ਕਾਰਜ ਵਿੱਢਣ ਦਾ ਇਹ ਉਨ੍ਹਾਂ ਦਾ ਪਹਿਲਾ ਉਪਰਾਲਾ ਹੈ। ਡਾ. ਪਰਮਜੀਤ ਕੌਰ ਨੇ ਕਈ ਪੁਸਤਕਾਂ, ਹੱਥ ਲਿਖਤ ਖਰੜਿਆਂ, ਕਈ ਅਸਥਾਨਾਂ ਦੀ ਯਾਤਰਾ ਕਰਕੇ ਇਕੱਠੀ ਕੀਤੀ ਜਾਣਕਾਰੀ ਅਤੇ ਕਈ ਵਿਦਵਾਨਾਂ ਨਾਲ ਸੰਵਾਦ ਰਚਾ ਕੇ ਜੁਟਾਏ ਗਏ ਸਰੋਤਾਂ ਤੋਂ ਜਾਣਕਾਰੀ ਹਾਸਲ ਕਰਕੇ ਇਸ ਪੁਸਤਕ ਦੀ ਰਚਨਾ ਕਰਨ ਦੇ ਕਠਿਨ ਕਾਰਜ ਨੂੰ ਕਰ ਵਿਖਾਇਆ ਹੈ। ਸ਼ਹੀਦ ਬਾਬਾ ਗੋਦੜੀਆ ਸਿੰਘ ਜੀ ਦੇ ਜੀਵਨ ਬਿਰਤਾਂਤ ਬਾਰੇ, ਉਨ੍ਹਾਂ ਦੀ ਪਵਿੱਤਰ ਯਾਦ ਵਿਚ ਉਸਾਰੇ ਗਏ ਗੁਰਦੁਆਰਾ ਸਾਹਿਬਾਨ ਬਾਰੇ, ਬਾਬਾ ਜੀ ਦੀ ਯਾਦ ਵਿਚ ਬਹੁਤ ਸ਼ਰਧਾ ਨਾਲ ਲਗਾਏ ਜਾਂਦੇ ਮੇਲਿਆਂ ਬਾਰੇ, ਰੱਤੀਆ ਤੋਂ ਰਹਿਤਵਾਨ ਸਿੱਖ ਬਣਨ ਦੇ ਸਫ਼ਰ ਬਾਰੇ, ਰੱਤੀਆ ਰਹਿਤਵਾਨ ਭਾਈਚਾਰੇ ਨੂੰ ਦਰਪੇਸ਼ ਉਨ੍ਹਾਂ ਦੀ ਪਛਾਣ ਦੇ ਸੰਕਟ ਆਦਿ ਬਾਰੇ ਜਾਣਕਾਰੀ ਪ੍ਰਦਾਨ ਕਰਾਉਂਦੀ ਇਹ ਪੁਸਤਕ ਮੁੱਲਵਾਨ ਦਸਤਾਵੇਜ਼ ਬਣ ਕੇ ਪ੍ਰਗਟ ਹੁੰਦੀ ਹੈ।

ਡਾ. ਪਰਮਜੀਤ ਕੌਰ ਨੇ ਆਪਣੇ ਖੋਜ ਕਾਰਜ ਦੇ ਪੰਜ ਅਧਿਆਇ ਬਣਾਏ ਹਨ ਤੇ ਇਸਨੂੰ ਪੁਸਤਕ ਦਾ ਆਕਾਰ ਪ੍ਰਦਾਨ ਕੀਤਾ ਹੈ। ਲੇਖਿਕਾ ਨੇ ਦੱਸਿਆ ਹੈ ਕਿ ਬਾਬਾ ਗੋਦੜੀਆ ਸਿੰਘ ਗੁਰੂ ਘਰ ਦੇ ਸੱਚੇ ਪ੍ਰੇਮੀ ਸਨ। ਉਨ੍ਹਾਂ ਨੂੰ ਦਸਮ ਪਾਤਸ਼ਾਹ ਦੀ ਸ਼ਰਨ ਵਿਚ ਰਹਿਣ ਦਾ ਮੌਕਾ ਵੀ ਮਿਲਦਾ ਰਿਹਾ। ਉਹ ਗੁਰਬਾਣੀ ਤੋਂ ਸੇਧ ਪ੍ਰਾਪਤ ਕਰਨ ਵਾਲੇ ਬ੍ਰਹਮ ਗਿਆਨੀ ਤੇ ਗੁਰਬਾਣੀ ਦਾ ਓਟ ਆਸਰਾ ਲੈ ਕੇ ਗੁਰੂ ਦੀ ਆਸ਼ੀਰਵਾਦ ਪ੍ਰਾਪਤ ਕਰਨ ਵਾਲੇ ਸਾਧਕ ਸਨ। ਬਾਬਾ ਜੀ ਜੰਗਜੂ ਬਿਰਤੀ ਦੇ ਮਾਲਕ ਸਨ। ਉਹ ਬੇਬੱਸ ਤੇ ਲੋੜਵੰਦ ਲੋਕਾਂ ਦੀ ਮਦਦ ਕਰਨ ਲਈ ਹਮੇਸ਼ਾ ਤਤਪਰ ਰਹਿੰਦੇ ਸਨ। ਉਨ੍ਹਾਂ ਸਮਿਆਂ ਵਿਚ ਮੁਗਲ ਹਾਕਮ ਤੇ ਉਨ੍ਹਾਂ ਦੇ ਪਿੱਠੂ ਲੋਕਾਂ ਉਪਰ ਜ਼ੁਲਮ ਕਰਦੇ ਸਨ। ਦੁਲਹਨਾਂ ਦੀਆਂ ਡੋਲੀਆਂ ਲੁੱਟ ਲਈਆਂ ਜਾਂਦੀਆਂ ਸਨ। ਬਾਬਾ ਜੀ ਨੇ ਕਈ ਬੀਬੀਆਂ ਨੂੰ ਜ਼ਾਲਮਾਂ ਦੇ ਜ਼ੁਲਮ ਤੋਂ ਬਚਾਇਆ, ਉਨ੍ਹਾਂ ਨੂੰ ਸੁਰੱਖਿਆ ਪ੍ਰਦਾਨ ਕੀਤੀ ਅਤੇ ਉਨ੍ਹਾਂ ਦੇ ਵਿਆਹ ਕਾਰਜ ਵੀ ਕਰਵਾਏ। ਬੀਬੀਆਂ ਨੂੰ ਜੁਝਾਰੂ ਬਣਾਉਣ ਲਈ ਉਹ ਸਿਖਲਾਈ ਵੀ ਦਿੰਦੇ ਸਨ ਅਤੇ ਆਪਣੇ ਧਰਮ 'ਤੇ ਡਟੇ ਰਹਿਣ ਦਾ ਸੁਨੇਹਾ ਵੀ ਦਿੰਦੇ ਸਨ। ਬਾਬਾ ਗੋਦੜੀਆ ਸਿੰਘ ਜੀ ਇਨਸਾਫ਼ ਪਸੰਦ ਸ਼ਖ਼ਸੀਅਤ ਦੇ ਮਾਲਕ ਸਨ, ਨਾਮ ਸਿਮਰਨ ਕਰਦੇ ਰਹਿੰਦੇ ਸਨ ਅਤੇ ਸੰਤ ਵਜੋਂ ਪੂਜੇ ਜਾਂਦੇ ਸਨ। ਲੋਕ ਬਾਬਾ ਜੀ ਪ੍ਰਤੀ ਅਪਾਰ ਸ਼ਰਧਾ ਰੱਖਦੇ ਸਨ। ਬਾਬਾ ਜੀ ਕਮਾਨ, ਨੋਕੀਲੇ ਤੀਰ, ਤਲਵਾਰ, ਕਟਾਰ, ਬਰਛਾ, ਖੰਡਾ, ਬਾਰੂਦ ਆਦਿ ਆਪਣੇ ਕੋਲ ਰੱਖਦੇ ਸਨ। ਉਹ ਯੋਧਿਆਂ ਵਾਂਗ ਤਿਆਰ-ਬਰ-ਤਿਆਰ ਰਹਿੰਦੇ ਸਨ। ਲੋਕਾਂ ਨੂੰ ਏਕਤਾ ਤੇ ਸਦਭਾਵਨਾ ਬਣਾਈ ਰੱਖਣ ਲਈ ਕਹਿੰਦੇ ਸਨ।

ਲੇਖਿਕਾ ਨੇ ਇਸ ਪੁਸਤਕ ਵਿਚ ਸ਼ਹੀਦ ਬਾਬਾ ਗੋਦੜੀਆ ਸਿੰਘ ਜੀ, ਵੱਖ-ਵੱਖ ਅਸਥਾਨਾਂ 'ਤੇ ਬਾਬਾ ਗੋਦੜੀਆ ਸਿੰਘ ਜੀ ਦੀ ਯਾਦ ਵਿਚ ਉਸਾਰੇ ਗਏ ਗੁਰਦੁਆਰਾ ਸਾਹਿਬਾਨ, ਗੁਰਦੁਆਰਾ ਸਾਹਿਬਾਨ ਵਿਚ ਸ਼ਰਧਾਪੂਰਵਕ ਕਰਵਾਏ ਜਾਂਦੇ ਸਮਾਗਮਾਂ, ਗੁਰਦੁਆਰਾ ਸ਼ਹੀਦ ਬੀਬੀ ਰੂਪ ਕੌਰ ਜੀ ਆਦਿ ਦੀਆਂ ਤਸਵੀਰਾਂ ਸ਼ਾਮਲ ਕਰਕੇ ਇਸ ਦਸਤਾਵੇਜ਼ ਨੂੰ ਸ਼ਿੰਗਰਿਆ ਵੀ ਹੈ ਤੇ ਇਸਨੂੰ ਮੁੱਲਵਾਨ ਵੀ ਬਣਾਇਆ ਹੈ। ਬਾਬਾ ਜੀ ਦੀ ਯਾਦ ਵਿਚ ਲਗਾਏ ਜਾਂਦੇ ਮੇਲਿਆਂ ਵਿਚ ਸੰਗਤਾਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਜੁੜਦੀਆਂ ਹਨ ਤੇ ਬਾਬਾ ਜੀ ਦੀ ਅਸ਼ੀਰਵਾਦ ਪ੍ਰਾਪਤ ਕਰਦੀਆਂ ਹਨ।

**ਪੁਸਤਕ ਚਰਚਾ**




ਰੀਵਿਊ ਕਰਤਾ : ਡਾ. ਪ੍ਰਿਤਪਾਲ ਸਿੰਘ ਮਹਿਰੋਕ
98885-10185
(Punjab Mail USA)



**ਪੁਸਤਕ : ਰੱਤੀਆ ਰਹਿਤਵਾਨ ਸਿੱਖ ਇੱਕ ਅਧਿਐਨ**
**ਲੇਖਿਕਾ : ਡਾ. ਪਰਮਜੀਤ ਕੌਰ**
**ਸਹਿ ਲੇਖਿਕਾ : ਡਾ. ਨਯਨ**
**ਪੰਨੇ : 94, ਮੁੱਲ : ਅੰਕਿਤ ਨਹੀਂ**
**ਪ੍ਰਕਾਸ਼ਕ : ਲੇਖਿਕਾ ਖੁਦ, 141, ਸ਼ਹੀਦ ਭਗਤ ਸਿੰਘ ਨਗਰ, ਸਕੀਮ ਨੰ. 3, ਫਗਵਾੜਾ**

ਲੇਖਿਕਾ ਨੇ ਵਿਭਿੰਨ ਸਰੋਤਾਂ ਤੋਂ ਇਕੱਠੀ ਕੀਤੀ ਜਾਣਕਾਰੀ ਦੇ ਆਧਾਰ 'ਤੇ ਰੱਤੀਆ ਸਮਾਜ ਦੇ ਰੱਤੀਆ ਤੋਂ ਰਹਿਤਵਾਨ ਸਿੱਖ ਬਣਨ ਦੇ ਸਫ਼ਰ ਦਾ ਬਿਰਤਾਂਤ ਬਾਖ਼ੂਬੀ ਪੇਸ਼ ਕੀਤਾ ਹੈ। ਹਰੇਕ ਸਮੁਦਾਇ ਆਪਣੀ ਵੱਖਰੀ ਪਛਾਣ ਬਣਾਉਣਾ ਚਾਹੁੰਦਾ ਹੈ। ਲੇਖਿਕਾ ਨੇ ਰੱਤੀਆ ਅਰਥਾਤ ਰਹਿਤਵਾਨ ਸਿੱਖ ਸਮਾਜ ਦੀ ਪਛਾਣ ਦੇ ਸੰਕਟ ਬਾਰੇ ਕੁਝ ਤਰਕਸੰਗਤ ਨੁਕਤਿਆਂ ਦੇ ਆਧਾਰ 'ਤੇ ਆਪਣੇ ਵਿਚਾਰਾਂ ਨੂੰ ਨਿਰਣੇਦਾਇਕ ਬਿੰਦੂਆਂ ਤੱਕ ਪਹੁੰਚਾਇਆ ਹੈ। ਲੇਖਿਕਾ ਨੂੰ ਇਸ ਗੱਲ ਦਾ ਮਲਾਲ ਹੈ ਕਿ ਬਹੁਤ ਪੱਖਾਂ ਤੋਂ ਸਮਰੱਥ ਹੋਣ ਅਤੇ ਜੰਗਜੂ ਸਮਾਜ ਨਾਲ ਸਬੰਧਿਤ ਹੋਣ ਦੇ ਬਾਵਜੂਦ ਵੀ ਘੱਟ ਗਿਣਤੀ ਵਾਲਾ ਇਹ ਸਿੱਖ ਰਹਿਤਵਾਨ ਸਮੁਦਾਇ ਆਪਣੀ ਕੋਈ ਵੱਖਰੀ ਪਛਾਣ ਨਹੀਂ ਬਣਾ ਸਕਿਆ। ਗੁਰੂ ਮਰਿਆਦਾ ਵਿਚ ਰਹਿਣ ਵਾਲਾ ਇਹ ਸਮੁਦਾਇ ਵਿਭਿੰਨ ਕਿੱਤਿਆਂ ਨਾਲ ਜੁੜ ਕੇ ਉਪਜੀਵਕਾ ਕਮਾਉਂਦਾ ਹੈ। ਉਪਜੀਵਕਾ ਖਾਤਰ ਇਹ ਸਮਾਜ ਦੇਸ਼/ਵਿਦੇਸ਼ ਦੇ ਵੱਖ-ਵੱਖ ਖਿੱਤਿਆਂ ਵਿਚ ਖਿੰਡਦਾ ਗਿਆ ਤੇ ਇਕਜੁੱਟ ਨਾ ਹੋ ਸਕਿਆ। ਫਿਰ ਵੀ ਇਸ ਸਮਾਜ ਦੇ ਆਪਸੀ ਰਿਸ਼ਤੇ ਬਹੁਤ ਗੂੜ੍ਹੇ ਹਨ। ਲੇਖਿਕਾ ਤੌਖਲਾ ਪ੍ਰਗਟ ਕਰਦੀ ਹੈ ਕਿ ਹੁਣ ਕੁਝ ਹਾਲਤਾਂ ਵਿਚ ਰੱਤੀਆ ਸਮਾਜ ਆਪਣੇ ਪੁਰਖਿਆਂ ਦੇ ਗੌਰਵਸ਼ਾਲੀ ਤੇ ਸ਼ਾਨਾਮੱਤੇ ਵਿਰਸੇ ਤੋਂ ਬੇਮੁੱਖ ਹੁੰਦਾ ਚਲਾ ਜਾ ਰਿਹਾ ਹੈ, ਜਿਸ 'ਤੇ ਇਹ ਸਮਾਜ ਚਿੰਤਾ ਪ੍ਰਗਟ ਕਰ ਰਿਹਾ ਹੈ। ਰਾਜਨੀਤਿਕ ਖੇਤਰ ਤੋਂ ਵਿਛੋਹ ਹੋਣਾ ਤੇ ਇਸ ਭਾਈਚਾਰੇ ਦਾ ਸਰਗਰਮ ਰਾਜਨੀਤੀ ਵਿਚ ਸ਼ਮੂਲੀਅਤ ਤੋਂ ਪਾਸਾ ਵੱਟੀ ਰੱਖਣਾ ਵੀ ਇਸਨੂੰ ਸੰਕੁਚਿਤ ਕਰ ਦੇਣ ਦਾ ਇੱਕ ਕਾਰਨ ਬਣਦਾ ਹੈ। ਅਜਿਹੇ ਕਾਰਨਾਂ ਕਰਕੇ ਇਸ ਸਮੁਦਾਇ ਦੀ ਪਛਾਣ ਨੂੰ ਖੋਰਾ ਲੱਗਣਾ ਜਾਂ ਇਸਦੀ ਪਛਾਣ ਦਾ ਵਿਸਥਾਰ ਨਾ ਹੋ ਸਕਣਾ ਸੁਭਾਵਿਕ ਹੈ।

ਮੈਂ ਸਮਝਦਾ ਹਾਂ ਕਿ ਪੁਸਤਕ ਦੇ ਅੰਤ ਵਿਚ ਇਸ ਖੋਜ ਕਾਰਜ ਦੇ ਸਰੋਤਾਂ ਨੂੰ ਜੇ ਅੰਤਿਕਾ ਦੇ ਰੂਪ ਵਿਚ ਕੇ ਸੂਚੀ ਬਣਾ ਕੇ ਦਰਜ ਕਰ ਦਿੱਤਾ ਜਾਂਦਾ ਅਤੇ ਸਹਾਇਕ ਪੁਸਤਕ ਸੂਚੀ ਦੇ ਦਿੱਤੀ ਜਾਂਦੀ, ਤਾਂ ਇਸ ਪੁਸਤਕ ਦਾ ਮਹੱਤਵ ਹੋਰ ਵਧ ਜਾਣਾ ਸੀ।

ਪੁਸਤਕ ਦੀ ਰਚਨਾਤਮਕ ਖ਼ੂਬਸੂਰਤੀ ਇਸ ਗੱਲ ਵਿਚੋਂ ਨਜ਼ਰ ਆਉਂਦੀ ਹੈ ਕਿ ਲੇਖਿਕਾ ਨੇ ਪ੍ਰਵਚਨਾਂ ਦੀ ਉਸਾਰੀ ਬਹੁਤ ਸਰਲ, ਠੇਠ ਤੇ ਸਪੱਸ਼ਟ ਵਾਰਤਕ ਵਿਚ ਕੀਤੀ ਹੈ। ਪੁਸਤਕ ਪੜ੍ਹਦਿਆਂ ਵਾਰਤਕ ਦੀ ਭਾਸ਼ਾ ਤੇ ਸ਼ੈਲੀ ਵਿਚਲੀ ਸਹਿਜਤਾ ਤੇ ਰਵਾਨੀ ਨਾਲ ਪਾਠਕ ਇਕਸੁਰ ਹੋਇਆ ਰਹਿੰਦਾ ਹੈ। ਇਸਨੂੰ ਇਸ ਪੁਸਤਕ ਦਾ ਹਾਸਲ ਸਮਝਿਆ ਜਾਣਾ ਚਾਹੀਦਾ ਹੈ। ਅੰਗਰੇਜ਼ੀ ਸਾਹਿਤ ਦੇ ਪ੍ਰਾਧਿਆਪਕ ਰਹੇ ਹੋਣ ਅਤੇ ਕਾਲਜ ਦੀਆਂ ਪ੍ਰਬੰਧਕੀ ਜ਼ਿੰਮੇਵਾਰੀਆਂ ਨਿਭਾਉਣ ਦੇ ਨਾਲ-ਨਾਲ ਡਾ. ਪਰਮਜੀਤ ਕੌਰ ਨੇ ਇਹ ਖੋਜ ਕਾਰਜ ਕਰ ਵਿਖਾਇਆ ਹੈ, ਉਨ੍ਹਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਜਾਣੀ ਚਾਹੀਦੀ ਹੈ। ਇਤਿਹਾਸਕਾਰ ਤੇ ਖੋਜੀ ਵਿਦਵਾਨ ਅਕਸਰ ਬੀਤੇ ਸਮਿਆਂ ਵਿਚ ਹੋਏ ਮਹਾਨ ਵਿਅਕਤੀਆਂ, ਘਟਨਾਵਾਂ, ਅਸਥਾਨਾਂ ਆਦਿ ਨੂੰ ਹੋਰ ਸਰੋਕਾਰਾਂ ਦੇ ਨਾਲ-ਨਾਲ ਇਤਿਹਾਸਮੁੱਖਤਾ ਦੇ ਪੱਖ ਤੋਂ ਵੇਖਣ, ਪਰਖਣ ਅਤੇ ਉਨ੍ਹਾਂ ਦਾ ਮੁਲਾਂਕਣ ਕਰਨ 'ਤੇ ਵੀ ਬਲ ਦਿੰਦੇ ਆਏ ਹਨ। ਇਹ ਪੁਸਤਕ ਤਾਂ ਇਤਿਹਾਸਮੁੱਖਤਾ ਦੀ ਲੋੜ ਦੇ ਆਧਾਰ ਉੱਤੇ ਹੀ ਉਸਰਦੀ ਹੈ। ਇਹ ਪਹਿਲੂ ਇਸ ਪੁਸਤਕ ਦੀ ਵਿਸ਼ੇਸ਼ ਪ੍ਰਾਪਤੀ ਬਣਦਾ ਹੈ। ਇਸ ਪੁਸਤਕ ਦੀ ਰਚਨਾ ਕਰਨ 'ਤੇ ਮੈਂ ਡਾ. ਪਰਮਜੀਤ ਕੌਰ ਅਤੇ ਸਹਿ ਲੇਖਿਕਾ ਡਾ. ਨਯਨ ਨੂੰ ਦਿਲੀ ਮੁਬਾਰਕਬਾਦ ਭੇਂਟ ਕਰਦਾ ਹਾਂ। ਇਸ ਖੋਜ ਕਾਰਜ ਨੂੰ ਪੁਸਤਕ ਰੂਪ ਵਿਚ ਸਾਂਭਣ ਦੇ ਉੱਦਮ ਦਾ ਮੈਂ ਹਾਰਦਿਕ ਸਵਾਗਤ ਕਰਦਾ ਹਾਂ।

# ਟਰੂਡੋ ਨੇ ਭਾਰਤ ਨੂੰ ਚੋਣਾਂ ਲਈ 'ਵਿਦੇਸ਼ੀ ਦਖਲ ਦਾ ਖ਼ਤਰਾ' ਦੱਸਿਆ

ਕੈਨੇਡਾ ਦੇ ਇੱਕ ਤਾਜ਼ਾ ਖੁਲਾਸੇ ਵਿਚ, ਕੈਨੇਡਾ ਦੇ ਖੁਫੀਆ ਭਾਈਚਾਰੇ ਨੇ ਭਾਰਤ ਦੀ ਪਛਾਣ ਚੀਨ ਦੇ ਨਾਲ-ਨਾਲ ਲੋਕਤੰਤਰੀ ਪ੍ਰਕਿਰਿਆਵਾਂ ਲਈ ਇੱਕ ਸੰਭਾਵੀ ਖਤਰੇ ਵਜੋਂ ਕੀਤੀ ਹੈ। ਇਹ ਨਤੀਜੇ 24 ਫਰਵਰੀ, 2023 ਦੀ ਕੈਨੇਡੀਅਨ ਸਕਿਓਰਿਟੀ ਇੰਟੈਲੀਜੈਂਸ ਸਰਵਿਸ (ਸੀ.ਐੱਸ.ਆਈ.ਐੱਸ.) ਦੀ ਇੱਕ ਘੋਸ਼ਿਤ ਟਾਪ-ਸੀਕ੍ਰੇਟ ਬ੍ਰੀਫਿੰਗ ਰਿਪੋਰਟ 'ਤੇ ਆਧਾਰਿਤ ਹਨ। ਰਿਪੋਰਟ ਕੈਨੇਡੀਅਨ ਸਰਕਾਰ ਨੂੰ ਵਿਦੇਸ਼ੀ ਦਖਲਅੰਦਾਜ਼ੀ ਨੂੰ ਸਰਗਰਮੀ ਨਾਲ ਹੱਲ ਕਰਨ ਲਈ, "ਵਿਦੇਸ਼ੀ ਦਖਲਅੰਦਾਜ਼ੀ 'ਤੇ ਲੋਕਤੰਤਰੀ ਸੰਸਥਾਵਾਂ ਦੇ ਮੰਤਰੀ ਨੂੰ ਬ੍ਰੀਫਿੰਗ" ਸਿਰਲੇਖ ਦੀ ਤੁਰੰਤ ਲੋੜ 'ਤੇ ਜ਼ੋਰ ਦਿੰਦੀ ਹੈ।

ਰਿਪੋਰਟ ਦੇ ਅਨੁਸਾਰ, ਕੈਨੇਡਾ ਵਿਚ ਵਿਦੇਸ਼ੀ ਦਖਲਅੰਦਾਜ਼ੀ ਦੇ ਮਾਮਲੇ ਵਿਚ ਚੀਨ ਨੂੰ "ਹੁਣ ਤੱਕ ਸਭ ਤੋਂ ਮਹੱਤਵਪੂਰਨ ਖਤਰੇ" ਵਜੋਂ ਦਰਸਾਇਆ ਗਿਆ ਹੈ। ਇਹ ਸਪੱਸ਼ਟ ਤੌਰ 'ਤੇ ਕਹਿੰਦਾ ਹੈ ਕਿ ਚੀਨ ਨੇ 2019 ਅਤੇ 2021 ਦੀਆਂ ਫੈਡਰਲ ਚੋਣਾਂ ਨੂੰ ਗੁਪਤ ਅਤੇ ਧੋਖੇ ਨਾਲ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕੀਤੀ ਹੈ। ਇਹ ਖੁਲਾਸਾ ਸਥਿਤੀ ਦੀ ਗੰਭੀਰਤਾ ਅਤੇ ਕੈਨੇਡੀਅਨ ਮਾਮਲਿਆਂ ਵਿਚ ਚੀਨ ਦੀ ਸ਼ਮੂਲੀਅਤ ਦੀ ਹੱਦ ਨੂੰ ਉਜਾਗਰ ਕਰਦਾ ਹੈ।

ਜਿਥੇ ਕਿ ਰਿਪੋਰਟ ਵਿਚ ਵਿਦੇਸ਼ੀ ਦਖਲਅੰਦਾਜ਼ੀ ਦੀਆਂ ਗਤੀਵਿਧੀਆਂ ਵਿਚ ਭਾਰਤ ਦੀ ਸ਼ਮੂਲੀਅਤ ਨੂੰ ਵੀ ਦਰਸਾਇਆ ਗਿਆ ਹੈ, ਜਿਸ ਨਾਲ ਸਮੱਸਿਆ ਦੇ ਵਧਣ ਦੇ ਸੰਬੰਧ ਵਿਚ ਸੰਕੇਤ ਕੀਤਾ ਗਿਆ ਹੈ। ਹਾਲਾਂਕਿ ਰਿਪੋਰਟ ਵਿਚ ਭਾਰਤ ਦੇ ਬਾਰੇ ਵਿਚ ਬਹੁਤ ਸਾਰੀਆਂ ਜਾਣਕਾਰੀਆਂ ਨੂੰ ਸੋਧਿਆ ਗਿਆ ਹੈ, ਪਰ ਧਿਆਨ ਦੇਣ ਯੋਗ ਹੈ ਕਿ ਇਸ ਸੰਦਰਭ ਵਿਚ ਚੀਨ ਦੇ ਨਾਲ-ਨਾਲ ਭਾਰਤ ਹੀ ਇੱਕ ਅਜਿਹਾ ਦੇਸ਼ ਹੈ, ਜਿਸ ਦਾ ਸਪੱਸ਼ਟ ਰੂਪ ਵਿਚ ਨਾਮ ਲਿਆ ਗਿਆ ਹੈ।

ਇਨ੍ਹਾਂ ਖਤਰਿਆਂ ਦੇ ਜਵਾਬ ਵਿਚ, ਰਿਪੋਰਟ ਵਿਦੇਸ਼ੀ ਦਖਲਅੰਦਾਜ਼ੀ ਦਾ ਮੁਕਾਬਲਾ ਕਰਨ ਲਈ "ਸਪੱਸ਼ਟ ਤੌਰ 'ਤੇ ਸਪੱਸ਼ਟ ਰਣਨੀਤੀਆਂ" ਦੇ ਵਿਕਾਸ ਦੀ ਮੰਗ ਕਰਦੀ ਹੈ। ਇਹ ਦਖਲਅੰਦਾਜ਼ੀ ਦੀਆਂ ਗਤੀਵਿਧੀਆਂ ਨੂੰ "ਖੋਜਣ, ਵਿਘਨ ਪਾਉਣ ਅਤੇ ਪ੍ਰਚਾਰਿਤ" ਕਰਨ ਲਈ ਸੂਬਾਈ ਅਤੇ ਮਿਉਂਸਪਲ ਭਾਈਵਾਲਾਂ ਸਮੇਤ ਸਾਰੀਆਂ ਸਰਕਾਰੀ ਏਜੰਸੀਆਂ ਵਿਚਕਾਰ ਸਹਿਯੋਗ ਦੀ ਅਪੀਲ ਕਰਦੇ ਹੋਏ ਅਧਿਕਾਰੀਆਂ ਅਤੇ ਸਿਆਸਤਦਾਨਾਂ ਵਿਚ ਜਾਗਰੂਕਤਾ ਪੈਦਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੰਦਾ ਹੈ।

ਇਹ ਜਾਣਕਾਰੀ ਜਾਰੀ ਕਰਨਾ ਕੈਨੇਡਾ ਦੀਆਂ ਹਾਲੀਆ ਚੋਣਾਂ ਵਿਚ ਵਿਦੇਸ਼ੀ ਦਖਲਅੰਦਾਜ਼ੀ ਦੀ ਜਾਂਚ ਕਮਿਸ਼ਨ ਦੇ ਨਾਲ ਮੇਲ ਖਾਂਦਾ ਹੈ, ਜੋ ਇਸ ਵੇਲੇ ਉਟਵਾ ਵਿਚ ਚੱਲ ਰਹੀਆਂ ਹਨ। ਕੈਨੇਡਾ ਦੀ ਰਾਜਨੀਤੀ ਵਿਚ ਚੀਨੀ ਦਖਲਅੰਦਾਜ਼ੀ ਬਾਰੇ ਮੀਡੀਆ ਆਊਟਲੈਟਸ ਵੱਲੋਂ ਉਠਾਈਆਂ ਗਈਆਂ ਚਿੰਤਾਵਾਂ ਤੋਂ ਬਾਅਦ ਇਹ ਜਾਂਚ ਸ਼ੁਰੂ ਕੀਤੀ ਗਈ ਸੀ।



ਰਿਪੋਰਟ ਦੱਸਦੀ ਹੈ ਕਿ "ਵਿਦੇਸ਼ੀ ਰਾਜ ਜਨਤਕ ਨੀਤੀ ਦੇ ਫੈਸਲੇ ਲੈਣ ਦੀ ਪ੍ਰਕਿਰਿਆ 'ਤੇ ਪ੍ਰਭਾਵ ਵਾਲੇ ਚੁਣੇ ਹੋਏ ਅਤੇ ਜਨਤਕ ਅਧਿਕਾਰੀਆਂ ਅਤੇ ਹੋਰਾਂ ਨੂੰ ਨਿਸ਼ਾਨਾ ਬਣਾਉਂਦੇ ਹਨ।" ਇਸ ਵਿਚ ਵਿਅਕਤੀਆਂ ਦੀ ਇੱਕ ਵਿਸ਼ਾਲ ਸ਼੍ਰੇਣੀ ਸ਼ਾਮਲ ਹੈ, ਜਿਵੇਂ ਕਿ ਮੌਜੂਦਾ ਅਤੇ ਸਾਬਕਾ ਸੰਸਦ ਮੈਂਬਰ, ਸੂਬਾਈ ਵਿਧਾਨ ਸਭਾਵਾਂ ਦੇ ਮੈਂਬਰ, ਮਿਉਂਸਪਲ ਅਧਿਕਾਰੀ, ਸਵਦੇਸ਼ੀ ਸਰਕਾਰਾਂ ਦੇ ਪ੍ਰਤੀਨਿਧ, ਮੰਤਰੀ ਅਤੇ ਰਾਜਨੀਤਿਕ ਸਟਾਫ ਅਤੇ ਜਨਤਕ ਸੇਵਕ।

-ਸੁਰਜੀਤ ਸਿੰਘ ਫਲੋਰਾ
ਬਰੈਂਪਟਨ, ਕੈਨੇਡਾ
647-829-9397
(Punjab Mail USA)



ਇਥੇ ਬ੍ਰੀਫਿੰਗ ਰਿਪੋਰਟ ਇਹ ਵੀ ਦੱਸਦੀ ਹੈ ਕਿ ਕੈਨੇਡਾ ਵਿਚ ਚੀਨ ਦੀਆਂ ਦਖਲਅੰਦਾਜ਼ੀ ਦੀਆਂ ਗਤੀਵਿਧੀਆਂ ਵਿਆਪਕ ਅਤੇ ਬਹੁਪੱਖੀ ਹਨ। ਉਨ੍ਹਾਂ ਵਿਚ ਯੂਨਾਈਟਿਡ ਫਰੰਟ ਵਰਕ ਡਿਪਾਰਟਮੈਂਟ, ਇਸਦੀ ਡਿਪਲੋਮੈਟਿਕ ਕੋਰ ਅਤੇ ਗੈਰ-ਸਰਕਾਰੀ ਸੰਪਤੀਆਂ ਜਿਵੇਂ ਕਿ ਕਮਿਊਨਿਟੀ ਗਰੁੱਪ ਅਤੇ ਭਰੋਸੇਯੋਗ ਸੰਪਰਕ ਸ਼ਾਮਲ ਹਨ। ਇਨ੍ਹਾਂ ਗਤੀਵਿਧੀਆਂ ਦਾ ਉਦੇਸ਼ ਕੈਨੇਡਾ ਭਰ ਵਿਚ ਸਰਕਾਰ ਅਤੇ ਸਿਵਲ ਸੁਸਾਇਟੀ ਦੇ ਸਾਰੇ ਪੱਧਰਾਂ ਨੂੰ ਪ੍ਰਭਾਵਿਤ ਕਰਨਾ ਹੈ।

ਖਾਸ ਤੌਰ 'ਤੇ ਅਕਤੂਬਰ 2022 ਦੀ ਇੱਕ ਰਿਪੋਰਟ ਵਿਚ ਪਹਿਲਾਂ ਜ਼ਿਕਰ ਕੀਤਾ ਗਿਆ ਸੀ ਕਿ "ਭਾਰਤ ਸਰਕਾਰ ਦੇ ਏਜੰਟਾਂ" ਨੇ ਕੰਜ਼ਰਵੇਟਿਵ ਦੀ 2022 ਦੀ ਲੀਡਰਸ਼ਿਪ ਦੌੜ ਵਿਚ ਦਖਲਅੰਦਾਜ਼ੀ ਕੀਤੀ ਜਾਪਦੀ ਹੈ। ਇਸ ਦਖਲਅੰਦਾਜ਼ੀ ਵਿਚ ਕਥਿਤ ਤੌਰ 'ਤੇ ਇੱਕ ਉਮੀਦਵਾਰ ਲਈ ਮੈਂਬਰਸ਼ਿਪ ਖਰੀਦਣਾ ਸ਼ਾਮਲ ਹੈ, ਜਦਕਿ ਦੂਜੇ ਨੂੰ ਕਮਜ਼ੋਰ ਕਰਨਾ ਅਤੇ ਸਰਕਾਰ ਦੇ ਵੱਖ-ਵੱਖ ਪੱਧਰਾਂ 'ਤੇ ਕਈ ਸਿਆਸਤਦਾਨਾਂ ਨੂੰ ਫੰਡ ਦੇਣਾ ਸ਼ਾਮਲ ਹੈ। ਰਿਪੋਰਟ ਵਿਚ ਜ਼ੋਰ ਦਿੱਤਾ ਗਿਆ ਹੈ ਕਿ ਭਾਰਤ ਬੀਜਿੰਗ ਦੁਆਰਾ ਵਰਤੀਆਂ ਜਾਂਦੀਆਂ 'ਖਰਾਬ ਕਰਨ ਵਾਲੀਆਂ ਚਾਲਾਂ' ਦੀ ਵਰਤੋਂ ਕਰ ਰਿਹਾ ਹੈ।

ਕੈਨੇਡੀਅਨ ਖੁਫੀਆ ਰਿਪੋਰਟ ਦੇਸ਼ ਦੀਆਂ ਜਮਹੂਰੀ ਪ੍ਰਕਿਰਿਆਵਾਂ ਵਿਚ ਵਿਦੇਸ਼ੀ ਦਖਲਅੰਦਾਜ਼ੀ ਦੇ ਆਲੇ-ਦੁਆਲੇ ਵਧ ਰਹੀਆਂ ਚਿੰਤਾਵਾਂ ਦੀ ਇੱਕ ਸਪੱਸ਼ਟ ਯਾਦ ਦਿਵਾਉਂਦੀ ਹੈ। ਹਾਲਾਂਕਿ ਚੀਨ ਆਪਣੀ ਸ਼ਮੂਲੀਅਤ ਦੀ ਹੱਦ ਦੇ ਕਾਰਨ ਮੁੱਖ ਫੋਕਸ ਬਣਿਆ ਹੋਇਆ ਹੈ, ਭਾਰਤ ਦਾ ਇੱਕ ਨਾਮਿਤ ਭਾਗੀਦਾਰ ਵਜੋਂ ਉਭਰਨਾ ਕੈਨੇਡਾ ਦੇ ਲੋਕਤੰਤਰੀ ਸੰਸਥਾਵਾਂ ਅਤੇ ਜਨਤਕ ਨੀਤੀ ਦੇ ਫੈਸਲੇ ਲੈਣ ਨੂੰ ਬਾਹਰੀ ਪ੍ਰਭਾਵਾਂ ਤੋਂ ਸੁਰੱਖਿਅਤ ਰੱਖਣ ਲਈ ਕਿਰਿਆਸ਼ੀਲ ਉਪਾਵਾਂ ਦੀ ਲੋੜ ਨੂੰ ਰੇਖਾਂਕਿਤ ਕਰਦਾ ਹੈ। ਜਾਂਚ ਦਾ ਚੱਲ ਰਿਹਾ ਕਮਿਸ਼ਨ ਇਨ੍ਹਾਂ ਚੁਣੌਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਦੀ ਲੋੜ ਨੂੰ ਹੋਰ ਉਜਾਗਰ ਕਰਦਾ ਹੈ।

## ਲਿਖੀਆਂ ਲੇਖਾਂ ਦੀਆਂ

ਲੇਖਾਂ ਦੀਆਂ ਲਿਖੀਆਂ ਨੂੰ ,
ਕਦਾਚਿਤ ਜਾਵੇ ਨਾ ਮਿਟਾਇਆ।
ਹੋਣਾ ਤਾਂ ਓਹੀ ਹੈ,
ਜੋ ਧੁਰ ਤੋਂ ਲਿਖਿਆ ਆਇਆ।
ਇਹ ਅਰਸ਼ੀ ਗੱਲਾਂ ਨੇ,
ਸਾਨੂੰ ਸਮਝ ਕਦੇ ਨਾ ਆਈਆਂ।
ਕੁਝ ਅਫ਼ਸਰ ਬਣ ਬੈਠੇ,
ਕੁਝ ਨੇ ਫਿਰਦੇ ਵਾਂਗ ਸ਼ੁਦਾਈਆਂ।
ਦਰਗਾਹ ਕੰਮ ਆਵਣਗੇ,
ਚੰਗੇ ਅਮਲ ਜੇ ਏਥੇ ਕਰੀਏ।
ਦਿਲ ਰੱਬ ਦਾ ਘਰ ਹੁੰਦੈ,
ਸੱਚੇ ਮਾਲਕ ਕੋਲੋਂ ਡਰੀਏ।
ਪੜ੍ਹ ਕੇ ਕੁਝ ਨਾ ਬਣਿਆ,
ਪੱਲੇ ਪਈ ਹੈ ਬੇਰੁਜ਼ਗਾਰੀ।
ਕਿਸਮਤ ਵਿਚ ਲਿਖਿਆ ਹੈ,
ਝੱਲਣੀ ਪੈਣੀ ਏਦਾਂ ਖੁਆਰੀ।
ਹੁਣ ਤੋਂ ਹੀ ਪ੍ਰਣ ਕਰੀਏ,
ਹੱਕ-ਸੱਚ ਦਾ ਖਾਵਾਂਗੇ।
ਨਿੰਦਾ-ਚੁਗਲੀ ਛੱਡ ਕੇ ਤੇ,
ਕਿਸਮਤ ਚਮਕਾਵਾਂਗੇ।

ਅਕਾਲ ਯੂਨੀਵਰਸਿਟੀ,
ਤਲਵੰਡੀ ਸਾਬੋ (ਬਠਿੰਡਾ)
94176-92015
(Punjab Mail USA)



## ਬਸੰਤ ਬਹਾਰ

ਮੌਲੀ ਰੁੱਤ ਠੰਢ ਹੈ ਛਟ ਗਈ,
ਜੀਵਨ ਧਾਰਾ ਬੇਪ੍ਰਵਾਹ ਹੈ।
ਪੱਤਝੜ ਜਾਪੇ ਪਿੱਛੇ ਰਹਿ ਗਈ,
ਨਵੀਂ ਉਮੰਗ ਨਵਾਂ ਰਾਹ ਹੈ।
ਡਾਹਲੀ ਦੀ ਹਰ ਅੱਖ ਫੁੱਟੀ ਹੈ,
ਫੁੱਲ ਫ਼ਲ ਲੱਗਾ ਅਥਾਹ ਹੈ।
ਲੈਂਦਾ ਅੰਗ ਅੰਗ ਅੰਗੜਾਈ ਹੈ,
ਦਿਲ ਨੂੰ ਦਿਲ ਦੀ ਚਾਹ ਹੈ।

ਵਿਚ ਬਗੀਚੇ ਫੁੱਲ ਖਿੜ੍ਹੇ ਹਨ,
ਤਿੱਤਲੀਆਂ ਹੈ ਮਹਿਫ਼ਲ ਲਾਈ।
ਮਹਿਕਦੇ-ਟਹਿਕਦੇ ਡਾਲ੍ਹੀ ਉੱਤੇ,
ਚੱਲਦੀ ਹੈ ਠੰਢੀ ਪੁਰਬਾਈ।
ਰੰਗ ਬਰੰਗੀ ਬਸਾਤ ਵਿਛੀ ਹੈ,
ਭੰਬਰਿਆਂ ਨੇ ਹੈ ਭੀਂ-ਭੀਂ ਲਾਈ।
ਬੂਰ ਅੰਬੀ ਦਾ ਉੱਡੇ ਖੁਸ਼ਬੋਈ,
ਕੋਇਲਾਂ ਨੂੰ ਹੈ ਖਿੱਚ ਲਿਆਈ।

ਹਰਿਆਲੀ ਛਾਈ ਚਾਰ ਚੁਫ਼ੇਰੇ,
ਕਾਦਰ ਨੇ ਹੈ ਲਾ ਆਏ ਡੇਰੇ।
ਬੂਰ ਪਏ ਲਹਿਰਾਵਣ ਕਣਕਾਂ,
ਹਰਾ ਛੋਲੀਆ ਬੋਲਣ ਬਟੇਰੇ।
ਗਿੱਦੜਾਂ ਦੇ ਝੁੰਡ ਵਿਚ ਕਮਾਦਾਂ,
ਉਡਾਰੀ ਮਾਰਦੇ ਤਿੱਤਰ ਬਥੇਰੇ।
ਵਾਹ ਰੇ! ਕੁਦਰਤ ਵਾਰੀ ਜਾਵਾਂ,
ਤੇਰਾ ਜਲਵਾ ਦੂਰ ਦਿਸੇਰੇ!

-ਸੇਵਾ ਸਿੰਘ "ਨੂਰਪੁਰੀ"
(Punjab Mail USA)



## ਭਾਨਾ ਸਿੱਧੂ

ਪਿੰਡ ਕੋਟ ਦੁਨੇ ਦਾ ਜੰਮਿਆ ਮੁੰਡਾ ਭਾਨਾ ਦੁਨੀਆਂ ਕਹਿੰਦੀ
ਡਰਦੀ ਹੈ ਸਰਕਾਰ ਵੀ ਉਸ ਤੋਂ ਉੱਚਾ ਸਾਹ ਨਾ ਲੈਂਦੀ,
ਭੇਤ ਖੋਲ੍ਹਦਾ ਏਜੰਟਾਂ ਦੇ ਤਾਂ ਹੀ ਮਸਲੇ ਬਣ ਗਏ ਭਾਰੇ
ਕੀ ਮਾੜਾ ਕਰਤਾ ਭਾਨੇ ਨੇ ਕਿਉਂ ਦੁਸ਼ਮਣ ਬਣ ਗਏ ਸਾਰੇ

ਸੱਚੀ ਗੱਲ ਦਾ ਦੁੱਖ ਲੱਗਦਾ ਉਹ ਰਹਿਣ ਦੁਹਾਈਆਂ ਪਾਉਂਦੇ
ਪਰਖ ਲੈਂਦੀ ਫਿਰ ਦੁਨੀਆਂ ਤੇ ਜਿਹੜੇ ਝੂਠੇ ਲਾਰੇ ਲਾਉਂਦੇ
ਠੱਗੀ ਠੋਰੀ ਕਰਦਾ ਜਿਹੜਾ ਉਹਨੂੰ ਦਿਨੇ ਦਿਖਾਉਂਦਾ ਤਾਰੇ
ਕੀ ਮਾੜਾ ਕਰਤਾ ਭਾਨੇ ਨੇ ਕਿਉਂ ਦੁਸ਼ਮਣ .... .... ....।

ਕਿਵੇਂ ਸ਼ਾਮ ਸਵੇਰੇ ਦਾਅ ਲਾਉਂਦੇ ਨਿੱਤ ਏਜੰਟ ਮਾਰਦੇ ਠੱਗੀ
ਦਿਲ ਪੁੱਛਿਆ ਫਿਰ ਜਾਣੇ ਉਨ੍ਹਾਂ ਦਾ ਠੱਗੀ ਜੀਹਦੇ ਨਾਲ ਵੱਜੀ
ਫਿਰ ਹੱਥ ਪੈਰ ਉਹ ਮਾਰਦਾ ਤੇ ਉਹਨੂੰ ਝੂਠੇ ਲਾਉਂਦੇ ਲਾਰੇ
ਕੀ ਮਾੜਾ ਕਰਤਾ ਭਾਨੇ ਨੇ ਕਿਉਂ ਦੁਸ਼ਮਣ .... .... ....।

ਕੋਈ ਨੀਂ ਸੁਣਦਾ ਕੀ ਇਥੇ ਕਰਦਾ ਲੋਕੀ ਢੋਲ ਵਜਾਉਂਦੇ
ਜਦ ਧੱਬਾ ਲੱਗਦਾ ਸਿਰ ਸਰਕਾਰਾਂ ਫਿਰ ਝੂਠੇ ਕੇਸ ਬਣਾਉਂਦੇ
ਅੱਕੇ ਸਤੇ ਫਿਰ ਬਦਲਾ ਲੈਂਦੇ ਉਹ ਮੌਤੋਂ ਮੂਲ ਨਾ ਹਾਰੇ
ਕੀ ਮਾੜਾ ਕਰਤਾ ਭਾਨੇ ਨੇ ਕਿਉਂ ਦੁਸ਼ਮਣ .... .... ....।

ਆਈਆਂ ਤੇ ਕਈ ਸਰਕਾਰਾਂ ਗਈਆਂ ਕੀ ਆਸ ਕਿਸੇ ਨੇ ਰੱਖਣੀ
ਲਾਰੇ ਸਦੀਆਂ ਤੋਂ ਇਹ ਲਾਉਂਦੇ ਝੋਲੀ ਭਰ ਦਿੰਦੇ ਨੇ ਸੱਖਣੀ
ਤਾਂ ਹੀ "ਦੇਵ ਘੋਲੀਆ" ਦੇਵੇ ਦੁਹਾਈਆਂ ਕਰਦੇ ਪੁੱਠੇ ਕਾਰੇ
ਕੀ ਮਾੜਾ ਕਰਤਾ ਭਾਨੇ ਨੇ ਕਿਉਂ ਦੁਸ਼ਮਣ ਬਣ ਗਏ ਸਾਰੇ।

ਗੀਤਕਾਰ
ਦੇਵ ਘੋਲੀਆ ਖੁਰਦ
559-232-7764
(Punjab Mail USA)



## "ਅਸਮਾਨ 'ਚ ਉਡਦੇ ਪਤੰਗ"

### (ਬਸੰਤ ਰੁੱਤ)

ਫੁੱਲ ਬਸੰਤੀ ਖਿੜੇ ਰੁੱਤ ਬਸੰਤ ਹੈ ਆਈ।
ਰੁੱਖਾਂ ਉੱਤੇ ਪੰਛੀਆਂ ਨੇ ਹੈ ਛਹਿਬਰ ਲਾਈ।
ਪੱਤਝੜ ਝੜੇ ਪੁਰਾਣੇ, ਨਿਕਲੇ ਨਵੇਂ ਨੇ ਪੱਤੇ
ਹਰ ਪਾਸੇ ਹਰਿਆਲੀ ਹੈ ਧਰਤੀ 'ਤੇ ਛਾਈ।

ਖੇਤਾਂ ਵਿਚ ਅੱਜ ਸਰ੍ਹੋਂ ਫੁੱਲੇ ਨੇ ਫੁੱਲ ਟਹਿਕਦੇ
ਇਉਂ ਜਾਪੇ ਕੋਈ ਦੁਲਹਨ ਚਾਦਰ ਓੜ ਬਿਠਾਈ।
ਵੇਖ-ਵੇਖ ਕੇ ਫਸਲਾਂ ਵੱਲ ਦਿਲ ਵੀ ਖਿੜ ਜਾਵੇ
ਕਿਸਾਨਾਂ ਦੀ ਵੀ ਕੀਤੀ ਮੇਹਨਤ ਰੰਗ ਲਿਆਈ।

ਗੁਰੂ ਘਰਾਂ ਵਿਚ ਰਾਗੀ, ਰਾਗ ਬਸੰਤ ਨੇ ਗਾਉਂਦੇ
ਤਬਲਾ ਵਾਦਕ ਤਿੰਨ ਤਾਲ ਅੱਜ ਜਾਵੇ ਲਾਈ।
ਚਿੜੀਆਂ ਘੁੱਗੀਆਂ ਤੋਤੇ ਵੀ ਟਾਹਣੀ 'ਤੇ ਬੈਠੇ
ਬੁਲਬੁਲ ਵੀ ਅੱਜ ਖੁਸ਼ੀਆਂ ਵਿਚ ਚਹਿ-ਚਹਾਈ।

ਉਡਦੇ ਪਏ ਪਤੰਗ ਅਨੇਕਾਂ ਰੰਗਾਂ ਵਾਲੇ
ਅਸਮਾਨਾਂ ਵਿਚ ਡੋਰਾਂ ਦੇ ਨਾਲ ਕਾਟੀ ਪਾਈ
ਆਈ ਰੁੱਤ ਬਸੰਤ ਪਾਲਾ ਉਡੰਤ ਹੋਇਆ
ਧੁੰਦ ਨੇ ਧਰਤੀ ਉੱਤੋਂ ਅਪਣੀ ਕੰਬਲੀ ਲਾਹੀ

ਭਾਂਤ-ਭਾਂਤ ਦੇ ਫੁੱਲਾਂ 'ਤੇ ਮੰਡਰਾਉਂਦੇ ਭੌਰੇ
ਰੰਗ-ਬਰੰਗੀਆਂ ਤਿਤਲੀਆਂ ਵੀ ਮੜਕ ਵਿਖਾਈ।
ਮਧੂ ਮੱਖੀਆਂ ਰਸ ਲੈਕੇ ਅੱਜ ਫੁੱਲਾਂ ਕੋਲੋਂ
ਮਿੱਠੇ ਸ਼ਹਿਦ ਦੀ ਪਿੱਪਲਾਂ 'ਤੇ ਛਬੀਲ ਲਗਾਈ।

ਭਗਤ ਸਿੰਘ ਕਰਤਾਰ ਸਰਾਭੇ ਰਾਜਗੁਰੂ ਨੇ
ਬੰਨ੍ਹ ਬਸੰਤੀ ਪੱਗ ਆਜ਼ਾਦੀ ਹੂਰ ਵਿਆਹੀ।
"ਗਿੱਲ ਮਲਕੀਤ" ਸਮੇਂ ਸਿਰ ਰੁੱਤਾਂ ਬਦਲਦੀਆਂ
ਝੜ ਗਏ ਪਤ ਪੁਰਾਣੇ ਰੁੱਤ ਨਵਿਆਂ ਦੀ ਆਈ।

-ਮਲਕੀਤ ਸਿੰਘ ਗਿੱਲ (ਭੱਠਲਾਂ)
ਸੰਪਰਕ : 79865-28225
(Punjab Mail USA)



## ਬੰਨ੍ਹ ਸਬਰ ਦਾ

ਬੰਨ੍ਹ ਸਬਰ ਦਾ ਜਦੋਂ ਕਿਸੇ ਦਾ ਟੁੱਟਦਾ ਏ।
ਦਿਲ 'ਚੋਂ ਇੱਕ ਤੂਫ਼ਾਨ ਜਿਹਾ ਫਿਰ ਉੱਠਦਾ ਏ।

ਹੱਕ ਕਿਸੇ ਦਾ ਖਾ ਕੇ ਸ਼ੋਹਰਤ ਖੱਟੇ ਜੋ,
ਇੱਕ ਨ ਇੱਕ ਦਿਨ ਸਭ ਕੁੱਝ ਉਸਦਾ ਲੁੱਟਦਾ ਏ।

ਜਿੱਥੇ ਜਾ ਕੇ ਕਦਰ ਨਾ ਹੋਵੇ ਬੰਦੇ ਦੀ,
ਉੱਥੇ ਮੱਲੋ-ਮੱਲੀ ਹੀ ਦਮ ਘੁੱਟਦਾ ਏ।

ਭਰੀ ਜਵਾਨੀ ਦੇ ਵਿਚ ਜੀਹਦਾ ਪੁੱਤ ਮਰੇ,
ਚਾਅ ਜ਼ਿੰਦਗੀ ਨੂੰ ਜੀਉਣ ਦਾ ਉਹਦਾ ਮੁੱਕਦਾ ਏ।

ਬੰਦਾ ਉਹੀ ਲੋਕਾਂ ਵਿਚ ਪ੍ਰਵਾਨ ਚੜ੍ਹੇ,
ਜੋ ਲੋਕਾਂ ਦੇ ਸੁੱਖ-ਦੁੱਖ ਦੇ ਵਿਚ ਢੁੱਕਦਾ ਏ।

ਔਖਾ-ਸੌਖਾ ਵਕਤ ਹਿੱਸਾ ਹੈ ਜ਼ਿੰਦਗੀ ਦਾ,
ਲੱਖ ਉਪਰਾਲੇ ਕਰਿਆਂ ਵੀ ਨਾ ਰੁੱਕਦਾ ਏ।

ਵਾਰ-ਵਾਰ ਜੀਅ ਕਰਦਾ ਉੱਥੇ ਜਾਵਣ ਨੂੰ,
ਘਰ ਆਇਆਂ ਨੂੰ ਹੱਥਾਂ 'ਤੇ ਜੋ ਚੁੱਕਦਾ ਏ।

ਉਹਦੀ ਕਿਸਮਤ ਰੰਗ ਨਾ ਕਦੇ ਲਿਆ ਸਕਦੀ,
ਜੋ ਵੀ 'ਨਾਗਰਾ' ਮਿਹਨਤ ਕਰਨੋਂ ਉੱਕਦਾ ਏ।

-ਜਸਪਾਲ ਸਿੰਘ ਨਾਗਰਾ 'ਮਹਿੰਦਪੁਰੀ'
ਯੂਬਾ ਸਿਟੀ, ਕੈਲੀਫੋਰਨੀਆ (ਅਮਰੀਕਾ)
ਫੋਨ:+1-360-448-1989
(Punjab Mail USA)



# ਜਦ 'ਲਵ ਗਿੱਲ' ਨੇ ਗੁੱਸੇ ਨਾਲ ਕਿਹਾ...ਵੇਖੀ ਜਾ ਛੇੜੀ ਨਾ

-ਸੁਰਜੀਤ ਜੱਸਲ
98146-07737
(Punjab Mail USA)







ਲਵ ਗਿੱਲ ਪੰਜਾਬੀ ਸਿਨਮੇ ਦੀ ਸਰਗਰਮ ਅਦਾਕਾਰਾ ਹੈ, ਜਿਸਨੇ ਛੋਟੇ ਪਰਦੇ ਤੋਂ ਵੱਡੇ ਪਰਦੇ ਵੱਲ ਕਦਮ ਵਧਾਇਆ ਹੈ। 'ਕੁੜੀਆਂ ਜਵਾਨ ਬਾਪੂ ਪ੍ਰੇਸ਼ਾਨ', 'ਸ਼ੱਕਰਪਾਰੇ' ਤੇ 'ਕੁਲਚੇ ਛੋਲੇ' ਫ਼ਿਲਮਾਂ ਨਾਲ ਲੱਖਾਂ ਦਰਸ਼ਕਾਂ ਦਾ ਪਿਆਰ ਬਟੋਰਣ ਵਾਲੀ ਖ਼ੂਬਸੂਰਤ ਤੇ ਚੁਲਬੁਲੀ ਅਦਾਕਾਰਾ ਲਵ ਗਿੱਲ ਇਸ ਸਾਲ ਕਈ ਨਵੀਆਂ ਫ਼ਿਲਮਾਂ ਨਾਲ ਪੰਜਾਬੀ ਸਿਨਮੇ ਲਈ ਸਰਗਰਮ ਰਹੇਗੀ। ਜ਼ਿਕਰਯੋਗ ਹੈ ਕਿ ਜਲਦ ਹੀ ਲਵ ਗਿੱਲ ਨਿਰਦੇਸ਼ਕ ਮਨਜੀਤ ਸਿੰਘ ਟੋਨੀ ਦੀ ਫ਼ਿਲਮ 'ਵੇਖੀ ਜਾ ਛੇੜੀ ਨਾ' ਵਿਚ ਨਵੇਂ ਅਦਾਕਾਰ ਸਿਮਰ ਖਹਿਰਾ ਨਾਲ ਨਜ਼ਰ ਆਵੇਗੀ। ਆਪਣੇ ਕਿਰਦਾਰ ਬਾਰੇ ਲਵ ਗਿੱਲ ਨੇ ਦੱਸਿਆ ਕਿ ਇਹ ਪਿੰਡਾਂ ਦੇ ਕਲਚਰ ਨਾਲ ਜੁੜੀ ਇਕ ਲਵ ਸਟੋਰੀ ਹੈ, ਜਿਸ ਵਿਚ ਕਾਮੇਡੀ ਦੇ ਨਾਲ-ਨਾਲ ਪਰਿਵਾਰਕ ਰਿਸ਼ਤਿਆਂ ਦੀ ਸਾਂਝ ਵੀ ਵਿਖਾਈ ਗਈ ਹੈ। ਫ਼ਿਲਮ ਦੀ ਕਹਾਣੀ ਦੋ ਭਰਾਵਾਂ ਦੁਆਲੇ ਘੁੰਮਦੀ ਹੈ, ਜਿਨ੍ਹਾਂ ਦੇ ਵਿਆਹ ਨੂੰ ਲੈ ਕੇ ਪਈ ਉਲਝਣ ਫ਼ਿਲਮ ਨੂੰ ਵਧੇਰੇ ਦਿਲਚਸਪ ਬਣਾਉਂਦੀ ਹੈ। ਉਸਦਾ ਕਿਰਦਾਰ ਵਿਆਹ ਸਮੇਂ ਵਾਪਰੇ ਅਜੀਬੋ ਗਰੀਬ ਹਾਦਸੇ ਕਰਕੇ ਦੋ ਕਿਸ਼ਤੀਆਂ ਵਿਚ ਪੈਰ ਰੱਖਣ ਵਾਲੇ ਵਰਗਾ ਹੈ, ਜੋ ਦਰਸ਼ਕਾਂ ਨੂੰ ਪਸੰਦ ਆਵੇਗਾ। ਉਸਦਾ ਕਿਰਦਾਰ ਕਰਮਜੀਤ ਅਨਮੋਲ ਨਾਲ ਵੀ ਹੈ ਤੇ ਸਿਮਰ ਖਹਿਰਾ ਨਾਲ ਵੀ। ਜਿੱਥੇ ਸਿਮਰ ਨਾਲ ਉਸਦੇ ਰੁਮਾਂਟਿਕ ਟਰੈਕ ਹੈ, ਉੱਥੇ ਕਰਮਜੀਤ ਅਨਮੋਲ ਵਾਲਾ ਕਾਮੇਡੀ ਮਾਹੌਲ ਵੀ ਦਰਸ਼ਕਾਂ ਨੂੰ ਖ਼ੂਬ ਹਸਾਏਗਾ।

ਵਿੰਨਰਜ਼ ਫ਼ਿਲਮਜ ਦੇ ਬੈਨਰ ਹੇਠ ਰਿਲੀਜ਼ ਹੋ ਰਹੀ ਇਸ ਫ਼ਿਲਮ ਵਿਚ ਕਰਮਜੀਤ ਅਨਮੋਲ, ਸਿਮਰ ਖਹਿਰਾ, ਲਵ ਗਿੱਲ, ਗੁਰਮੀਤ ਸਾਜਨ, ਮਹਾਂਵੀਰ ਭੁੱਲਰ, ਪ੍ਰਕਾਸ਼ ਗਾਧੂ, ਜਤਿੰਦਰ ਕੌਰ, ਪਰਮਿੰਦਰ ਗਿੱਲ, ਰੁਪਿੰਦਰ ਕੌਰ, ਦਲਵੀਰ ਬਬਲੀ, ਨੀਟਾ ਤੰਬੜਭਾਨ ਤੇ ਮਿੰਨੀ ਮੇਹਰ ਮਿੱਤਲ ਨੇ ਅਹਿਮ ਕਿਰਦਾਰ ਨਿਭਾਏ ਹਨ। ਫ਼ਿਲਮ ਦਾ ਨਿਰਦੇਸ਼ਨ ਮਨਜੀਤ ਸਿੰਘ ਟੋਨੀ ਤੇ ਗੁਰਮੀਤ ਸਾਜਨ ਨੇ ਦਿੱਤਾ ਹੈ। ਫ਼ਿਲਮ ਦੇ ਨਿਰਮਾਤਾ ਗੁਰਮੀਤ ਸਾਜਨ ਹਨ ਤੇ ਸਹਿ ਨਿਰਮਾਤਾ ਬਾਗੀ ਸੰਧੂ ਰੁੜਕਾ ਕਲਾਂ (ਯੂ.ਕੇ.) ਹਨ। ਇਸ ਤੋਂ ਇਲਾਵਾ ਕਾਰਜਕਾਰੀ ਨਿਰਮਾਤਾ ਰਜਤ ਮਲਹੋਤਰਾ, ਐਸੋਸੀਏਟ ਨਿਰਦੇਸ਼ਕ ਬਿਕਰਮਜੀਤ ਗਿੱਲ, ਫੋਟੋਜਨਿਕ ਗੁਰਮੀਤ ਅਤੇ ਕਰੇਟਿਵ ਡਾਇਰੈਕਟਰ ਸੁਜਾਲ ਫ਼ਿਰੋਜ਼ਪੁਰੀਆ ਹਨ, ਜਿਨ੍ਹਾਂ ਵੱਲੋਂ ਇਸ ਫ਼ਿਲਮ ਨੂੰ ਬੇਹਤਰ ਬਣਾਉਣ ਵਿਚ ਅਹਿਮ ਭੂਮਿਕਾ ਨਿਭਾਈ ਹੈ। ਫ਼ਿਲਮ ਦੇ ਸਿਨਮੈਟੋਗ੍ਰਾਫਰ ਬਰਿੰਦਰ ਸਿੱਧੂ ਹਨ। ਜ਼ਿਕਰਯੋਗ ਹੈ ਕਿ ਜਿੱਥੇ ਇਸ ਫ਼ਿਲਮ ਦੀ ਕਹਾਣੀ ਤੇ ਡਾਇਲਾਗ ਦਰਸ਼ਕਾਂ ਨੂੰ ਪ੍ਰਭਾਵਤ ਕਰਨਗੇ, ਉੱਥੇ ਫ਼ਿਲਮ ਦਾ ਗੀਤ-ਸੰਗੀਤ ਵੀ ਦਿਲ-ਟੁੰਬਵਾਂ ਹੋਵੇਗਾ। ਫ਼ਿਲਮ ਦੀ ਕਹਾਣੀ ਤੇ ਸਕਰੀਨ ਪਲੇਅ ਮਨਜੀਤ ਸਿੰਘ ਟੋਨੀ ਤੇ ਗੁਰਮੀਤ ਸਾਜਨ ਨੇ ਲਿਖਿਆ ਹੈ। ਡਾਇਲਾਗ ਗਗਨਦੀਪ ਸਿੰਘ ਨੇ ਲਿਖੇ ਹਨ। ਇਹ ਫ਼ਿਲਮ 23 ਫਰਵਰੀ ਨੂੰ ਵਾਈਟ ਹਿੱਲ ਵਲੋਂ ਵੱਡੇ ਪੱਧਰ 'ਤੇ ਰਿਲੀਜ਼ ਕੀਤੀ ਜਾਵੇਗੀ। ਤਰਨਤਾਰਨ ਸ਼ਹਿਰ ਦੀ ਜੰਮਪਲ ਲਵ ਗਿੱਲ ਨੇ ਦੱਸਿਆ ਕਿ ਐਕਟਿੰਗ ਦਾ ਸ਼ੌਂਕ ਉਸ ਨੂੰ ਸਕੂਲ ਕਾਲਜ ਦੇ ਦਿਨਾਂ ਤੋਂ ਹੀ ਪੈ ਗਿਆ ਸੀ। ਪਹਿਲਾਂ ਉਸ ਨੇ ਛੋਟੇ ਪਰਦੇ ਲਈ ਕੰਮ ਕੀਤਾ, ਫ਼ਿਰ ਗਾਇਕਾਂ ਦੇ ਗੀਤਾਂ ਵਿਚ ਮਾਡਲਿੰਗ ਵੀ ਕੀਤੀ। ਮਾਡਲਿੰਗ 'ਚ ਮਿਲੀ ਪਛਾਣ ਨੇ ਹੀ ਉਸ ਲਈ ਫ਼ਿਲਮਾਂ ਦੇ ਦਰਵਾਜ਼ੇ ਖੋਲ੍ਹੇ। ਹੁਣ ਤੱਕ ਲਵ ਗਿੱਲ ਅੱਧੀ ਦਰਜਨ ਦੇ ਕਰੀਬ ਫ਼ਿਲਮਾਂ ਤੇ ਦੋ ਦਰਜਨ ਗੀਤਾਂ ਵਿਚ ਕੰਮ ਕਰ ਚੁੱਕੀ ਹੈ। ਇਸ ਸਾਲ 'ਵੇਖੀ ਜਾ ਛੇੜੀ ਨਾ, ਰਿਸ਼ਤੇ-ਨਾਤੇ ਤੇ ਇਕ ਵੈੱਬਸ਼ੀਰਿਜ਼ ਨਾਲ ਦਰਸ਼ਕਾਂ ਦੇ ਰੂਬਰੂ ਹੋਵੇਗੀ।

# REALTY ONE GROUP

## FOR SALE & PURCHASE OF ANY KIND OF PROPERTY

## *Recently Sold Properties*


Caravaggio, Sacramento


Stroman, Sacramento


Mason Ct, Tracy


Windsong Dr, Tracy


Oak Valley Way, Stockton


Van Eych, Sacramento


Valenda Ct, Elk Grove


Rodfo Ct, Sacramento


Masters St, Elk Grove


Little Harbor Ct, Elk Grove


Bond Road, Elk Grove


Bond Road, Elk Grove



**Gurjatinder S. Randhawa**
REALTOR CA DRE licence # 01490567

## *New Listings*



Bradshaw Road, Elk Grove


Neutra Way, Elk Grove


Pawcatuck Way, Rancho Cordova

# Gurjatinder S. Randhawa

web: www.RealtorRandhawa.com

**916-320-9444**

garysingh123@yahoo.com